ਸ਼ੁੱਕਰਵਾਰ, 21 ਜੂਨ, 2024
8 ਹਾੜ੍ਹ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 20

# ਨਵਾਂ ਜ਼ਮਾਨਾ

DAILY NAWAN ZAMANA • FRIDAY, 21 JUNE, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12

# ਸਿੱਖਿਆ ਸਿਸਟਮ 'ਤੇ ਸੰਘ ਦਾ ਕਬਜ਼ਾ ਹੀ ਪੇਪਰ ਲੀਕ ਹੋਣ ਦੀ ਜੜ੍ਹ : ਰਾਹੁਲ



**ਨਵੀਂ ਦਿੱਲੀ** : ਰਾਹੁਲ ਗਾਂਧੀ ਨੇ ਵੀਰਵਾਰ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੇਪਰ ਲੀਕ ਨੂੰ ਰੋਕਣ ਦੇ ਸਮਰੱਥ ਨਹੀਂ ਹਨ। ਨੀਟ-ਯੂ ਜੀ ਦਾ ਪੇਪਰ ਲੀਕ ਹੋਣ ਤੋਂ ਬਾਅਦ ਯੂ ਜੀ ਸੀ—ਨੈੱਟ ਦਾ ਪੇਪਰ ਰੱਦ ਕਰ ਦਿੱਤਾ ਗਿਆ ਹੈ।

ਰਾਹੁਲ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ—ਭਾਰਤ ਜੋੜੋ ਨਿਆਏ ਯਾਤਰਾ ਦੌਰਾਨ ਪੇਪਰ ਲੀਕ ਹੋਣ ਬਾਰੇ ਮੈਨੂੰ ਹਜ਼ਾਰਾਂ ਸ਼ਿਕਾਇਤਾਂ ਮਿਲੀਆਂ। ਇਹ ਕਿਹਾ ਗਿਆ ਕਿ ਨਰਿੰਦਰ ਮੋਦੀ ਨੇ ਰੂਸ ਅਤੇ ਯੂਕਰੇਨ ਵਿਚਾਲੇ ਜੰਗ ਨੂੰ ਰੋਕ ਦਿੱਤਾ। ਇਜ਼ਰਾਈਲ ਅਤੇ ਗਾਜ਼ਾ ਵਿਚਾਲੇ ਜੰਗ ਵੀ ਰੁਕਵਾ ਦਿੱਤੀ, ਪਰ ਕੁਝ ਕਾਰਨਾਂ ਕਰਕੇ ਨਰਿੰਦਰ ਮੋਦੀ ਭਾਰਤ 'ਚ ਪੇਪਰ ਲੀਕ ਹੋਣ ਨੂੰ ਨਹੀਂ ਰੋਕ ਸਕੇ ਅਤੇ ਨਾ ਹੀ ਰੋਕਣਾ ਚਾਹੁੰਦੇ ਹਨ। ਇਸ ਦੇ ਪਿੱਛੇ ਕਾਰਨ ਇਹ ਹੈ ਕਿ ਸਿੱਖਿਆ ਸਿਸਟਮ 'ਤੇ ਭਾਜਪਾ ਦੀ ਪਿਤਰੀ ਜਥੇਬੰਦੀ (ਆਰ ਐੱਸ ਐੱਸ) ਨੇ ਕਬਜ਼ਾ ਕਰ ਲਿਆ ਹੈ। ਜਦੋਂ ਤੱਕ ਇਹ ਕਬਜ਼ਾ ਨਹੀਂ ਛੁਡਵਾਇਆ ਜਾਂਦਾ, ਪੇਪਰ ਲੀਕ ਹੁੰਦੇ ਰਹਿਣਗੇ। ਕਬਜ਼ਾ ਮੋਦੀ ਜੀ ਨੇ ਹੀ ਕਰਵਾਇਆ ਹੈ। ਇਹ ਕੌਮ-ਵਿਰੋਧੀ ਕਾਰਵਾਈ ਹੈ। ਪੇਪਰ ਲੀਕ ਇਸ ਕਰਕੇ ਹੋ ਰਹੇ ਹਨ ਕਿ ਸਾਡੇ ਸਾਰੇ ਅਦਾਰਿਆਂ 'ਤੇ ਕਬਜ਼ੇ ਕਰ ਲਏ ਗਏ ਹਨ। ਵਾਈਸ ਚਾਂਸਲਰ ਯੋਗਤਾ ਦੇ ਆਧਾਰ 'ਤੇ ਨਿਯੁਕਤ ਨਹੀਂ ਕੀਤੇ ਜਾਂਦੇ, ਇਹ ਇਕ ਖਾਸ ਜਥੇਬੰਦੀ ਨਾਲ ਸੰਬੰਧਤ ਹੁੰਦੇ ਹਨ। ਇਸ ਜਥੇਬੰਦੀ ਤੇ ਭਾਜਪਾ ਨੇ ਸਿੱਖਿਆ ਸਿਸਟਮ ਵਿਚ ਘੁਸਪੈਠ ਕਰਕੇ ਇਸ ਨੂੰ ਤਬਾਹ ਕਰ ਦਿੱਤਾ ਹੈ। ਪ੍ਰੀਖਿਆ ਵਿਚ ਧਾਂਦਲੀ ਦਾ ਸਿਲਸਿਲਾ ਆਰ ਐੱਸ ਐੱਸ ਦੀ ਪ੍ਰਯੋਗਸ਼ਾਲਾ ਮੱਧ ਪ੍ਰਦੇਸ਼ ਤੋਂ ਸ਼ੁਰੂ ਹੋਇਆ ਸੀ ਤੇ ਇਹ ਵਧਦਾ ਹੀ ਜਾ ਰਿਹਾ ਹੈ।

ਰਾਹੁਲ ਨੇ ਅੱਗੇ ਕਿਹਾ—ਨਰਿੰਦਰ ਮੋਦੀ ਨੇ ਨੋਟਬੰਦੀ ਕਰਕੇ ਅਰਥਚਾਰੇ ਦੀ ਮਾੜੀ ਹਾਲਤ ਕੀਤੀ ਤੇ ਉਹੀ ਹੁਣ ਸਿੱਖਿਆ ਸਿਸਟਮ ਦੀ ਕਰ ਰਹੇ ਹਨ। ਆਜ਼ਾਦ ਸਿਸਟਮ ਨੂੰ ਤਬਾਹ ਕਰ ਦਿੱਤੇ ਜਾਣ ਕਾਰਨ ਵਿਦਿਆਰਥੀ ਨੁਕਸਾਨ ਉਠਾ ਰਹੇ ਹਨ। ਕਸੂਰਵਾਰਾਂ ਨੂੰ ਸਜ਼ਾ ਮਿਲਣੀ ਚਾਹੀਦੀ ਹੈ।

ਉਨ੍ਹਾ ਕਿਹਾ ਕਿ ਰੁਜ਼ਗਾਰ ਦੇ ਮੌਕੇ ਪਹਿਲਾਂ ਹੀ ਖਤਮ ਹੋ ਗਏ ਸਨ, ਹੁਣ ਇਮਤਿਹਾਨਾਂ 'ਚ ਧਾਂਦਲੀ ਕੀਤੀ ਜਾ ਰਹੀ ਹੈ। ਨੌਜਵਾਨਾਂ ਲਈ ਕੋਈ ਰਾਹ ਨਹੀਂ ਬਚਿਆ। ਸਾਰੇ ਰਾਹ ਬੰਦ ਕਰ ਦਿੱਤੇ ਗਏ ਹਨ। ਕਾਂਗਰਸ 24 ਜੂਨ ਨੂੰ ਸ਼ੁਰੂ ਹੋ ਰਹੇ ਸੰਸਦ ਦੇ ਮੌਨਸੂਨ ਸੈਸ਼ਨ ਵਿਚ ਇਸ ਮੁੱਦੇ ਨੂੰ ਜ਼ੋਰਦਾਰ ਢੰਗ ਨਾਲ ਉਠਾਏਗੀ।

ਰਾਹੁਲ ਨੇ ਇਹ ਵੀ ਕਿਹਾ ਕਿ ਮੋਦੀ ਸਰਕਾਰ ਪੇਪਰ ਲੀਕ ਮਾਮਲੇ ਵਿਚ ਇਸ ਕਰਕੇ ਸਖਤ ਕਦਮ ਨਹੀਂ ਚੁੱਕ ਰਹੀ ਕਿ ਉਹ ਫੌਹੜੀਆਂ ਦੇ ਸਹਾਰੇ ਹੈ। ਪ੍ਰਧਾਨ ਮੰਤਰੀ ਲਈ ਵੱਡਾ ਮੁੱਦਾ ਸਪੀਕਰ ਭਾਜਪਾ ਦਾ ਬਣਾਉਣਾ ਹੈ। ਉਨ੍ਹਾ ਦੀ ਚਿੰਤਾ ਸਰਕਾਰ ਬਚਾਉਣ ਦੀ ਹੈ। ਮੋਦੀ ਮਾਨਸਕ ਤੌਰ 'ਤੇ ਟੁੱਟ ਚੁੱਕੇ ਹਨ। ਉਹ ਡਰ ਪੈਦਾ ਕਰਕੇ ਸਰਕਾਰ ਚਲਾਉਂਦੇ ਸਨ, ਪਰ ਹੁਣ ਲੋਕ ਉਨ੍ਹਾ ਤੋਂ ਡਰਦੇ ਨਹੀਂ। ਇਨ੍ਹਾਂ ਚੋਣਾਂ ਵਿਚ ਲੋਕਾਂ ਵਿਚ ਡਰ ਖਤਮ ਹੋ ਗਿਆ। ਬੀਤੇ ਦਿਨੀਂ ਵਾਰਾਨਸੀ ਦੌਰੇ ਦੌਰਾਨ ਉਨ੍ਹਾ ਦੇ ਕਾਫਲੇ 'ਤੇ ਚੱਪਲ ਸੁੱਟੀ ਗਈ। ਮੋਦੀ ਦੀ 56 ਇੰਚ ਵਾਲੀ ਛਾਤੀ ਹੁਣ 32-35 ਇੰਚ ਦੀ ਹੋ ਗਈ ਹੈ। ਵਾਜਪਾਈ ਜੀ ਤੇ ਮਨਮੋਹਨ ਸਿੰਘ ਜੀ ਨੇ ਵਿਦਿਆਰਥੀਆਂ ਪ੍ਰਤੀ ਹਲੀਮੀ ਨਾਲ ਪੇਸ਼ ਆਉਣਾ ਸੀ, ਪਰ ਮੋਦੀ ਜੀ ਨੂੰ ਇਸ ਦੀ ਪ੍ਰਵਾਹ ਨਹੀਂ ਕਿ ਵਿਦਿਆਰਥੀਆਂ ਤੇ ਨੌਜਵਾਨਾਂ ਨਾਲ ਕੀ ਬੀਤ ਰਹੀ ਹੈ। ਇਸ ਤੋਂ ਪਹਿਲਾਂ ਨੈਸ਼ਨਲ ਸਟੂਡੈਂਟਸ ਯੂਨੀਅਨ ਆਫ ਇੰਡੀਆ ਦੇ ਸਮਰਥਕਾਂ ਨੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੀ ਰਿਹਾਇਸ਼ ਦੇ ਬਾਹਰ ਪ੍ਰਦਰਸ਼ਨ ਕੀਤਾ। ਐੱਨ ਐੱਸ ਯੂ ਆਈ ਨੇ ਕਿਹਾ ਕਿ ਲਗਾਤਾਰ ਪੇਪਰ ਲੀਕ ਹੋ ਰਹੇ ਹਨ। ਪਹਿਲਾਂ ਜਿੱਥੇ ਨੀਟ-ਯੂ ਜੀ ਦਾ ਪੇਪਰ ਲੀਕ ਹੋਣ ਕਾਰਨ ਲੱਖਾਂ ਵਿਦਿਆਰਥੀਆਂ ਦਾ ਭਵਿੱਖ ਦਾਅ 'ਤੇ ਲੱਗਾ ਸੀ, ਉੱਥੇ ਹੁਣ ਯੂ ਜੀ ਸੀ-ਨੈੱਟ ਪ੍ਰੀਖਿਆ ਵੀ ਰੱਦ ਕਰ ਦਿੱਤੀ ਗਈ ਹੈ।

ਇਸੇ ਦੌਰਾਨ ਕਾਂਗਰਸ ਨੇ ਯੂ ਜੀ ਸੀ-ਨੈੱਟ ਰੱਦ ਕੀਤੇ ਜਾਣ ਤੋਂ ਬਾਅਦ ਵੀਰਵਾਰ ਕੇਂਦਰ ਸਰਕਾਰ ਦੀ ਆਲੋਚਨਾ ਕਰਦਿਆਂ ਦੋਸ਼ ਲਾਇਆ ਕਿ ਮੋਦੀ ਸਰਕਾਰ 'ਲੀਕ ਅਤੇ ਧੋਖਾਧੜੀ' ਤੋਂ ਬਿਨਾਂ ਕੋਈ ਪ੍ਰੀਖਿਆ ਨਹੀਂ ਕਰਵਾ ਸਕਦੀ। ਸਿੱਖਿਆ ਮੰਤਰਾਲੇ ਨੇ ਬੁੱਧਵਾਰ ਨੈਸ਼ਨਲ ਟੈਸਟਿੰਗ ਏਜੰਸੀ (ਐੱਨ ਟੀ ਏ) ਵੱਲੋਂ ਕਰਵਾਈ ਯੂ ਜੀ ਸੀ-ਨੈੱਟ ਨੂੰ ਰੱਦ ਕਰਨ ਦੇ ਆਦੇਸ਼ ਦੇਣ ਤੋਂ ਬਾਅਦ ਮਾਮਲਾ ਪੂਰੀ ਜਾਂਚ ਲਈ ਸੀ ਬੀ ਆਈ ਨੂੰ ਸੌਂਪ ਦਿੱਤਾ ਸੀ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਪੋਸਟ ਕੀਤਾ—ਪ੍ਰਧਾਨ ਮੰਤਰੀ ਹਰ ਸਾਲ 'ਪਰੀਕਸ਼ਾ ਪੇ ਚਰਚਾ' ਨਾਮਕ ਸ਼ਾਨਦਾਰ ਤਮਾਸ਼ਾ ਕਰਦੇ ਹਨ ਪਰ ਉਨ੍ਹਾ ਦੀ ਸਰਕਾਰ ਲੀਕ ਅਤੇ ਧੋਖਾਧੜੀ ਤੋਂ ਬਿਨਾਂ ਕੋਈ ਪ੍ਰੀਖਿਆ ਨਹੀਂ ਕਰਵਾ ਸਕਦੀ ਹੈ। ਐੱਨ ਈ ਈ ਟੀ-ਗ੍ਰੈਜੂਏਟ 2024 'ਤੇ ਬਹੁਤ ਗੰਭੀਰ ਸਵਾਲ ਉਠਾਏ ਗਏ ਹਨ। ਸਿੱਖਿਆ ਮੰਤਰੀ ਵੀ ਇਹ ਮੰਨਣ ਲਈ ਮਜਬੂਰ ਹੋ ਗਏ ਹਨ। ਐੱਨ ਟੀ ਏ ਦੀ ਇਮਾਨਦਾਰੀ ਘੋਰ ਸ਼ੱਕ ਦੇ ਘੇਰੇ ਵਿੱਚ ਹੈ।

## ਐੱਨ ਟੀ ਏ ਨੂੰ ਨੋਟਿਸ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਨੀਟ-ਯੂ ਜੀ 2024 ਨੂੰ ਰੱਦ ਕਰਨ ਦੀ ਮੰਗ ਕਰਨ ਵਾਲੀ ਪਟੀਸ਼ਨ ਸਮੇਤ ਹੋਰ ਪਟੀਸ਼ਨਾਂ 'ਤੇ ਕੌਮੀ ਪ੍ਰੀਖਿਆ ਏਜੰਸੀ (ਐੱਨ ਟੀ ਏ), ਕੇਂਦਰ ਅਤੇ ਹੋਰਾਂ ਤੋਂ ਜਵਾਬ ਮੰਗਿਆ ਹੈ। ਅਦਾਲਤ ਨੇ ਐੱਨ ਟੀ ਏ ਦੀਆਂ ਉਨ੍ਹਾਂ ਪਟੀਸ਼ਨਾਂ 'ਤੇ ਵੀ ਸੰਬੰਧਤ ਧਿਰਾਂ ਨੂੰ ਨੋਟਿਸ ਜਾਰੀ ਕੀਤਾ ਹੈ, ਜਿਨ੍ਹਾਂ 'ਚ ਨੀਟ-ਯੂ ਜੀ ਵਿਵਾਦ ਵਾਲੀਆਂ ਪਟੀਸ਼ਨਾਂ ਹਾਈਕੋਰਟਾਂ ਤੋਂ ਸੁਪਰੀਮ ਕੋਰਟ 'ਚ ਤਬਦੀਲ ਕਰਨ ਦੀ ਬੇਨਤੀ ਕੀਤੀ ਗਈ ਹੈ। ਅਦਾਲਤ ਨੇ ਕਿਹਾ ਕਿ ਐੱਨ ਟੀ ਏ ਤੇ ਹੋਰ ਪਟੀਸ਼ਨਰਾਂ ਵੱਲੋਂ ਦਾਇਰ ਪਟੀਸ਼ਨਾਂ 'ਤੇ 8 ਜੁਲਾਈ ਨੂੰ ਸੁਣਵਾਈ ਹੋਵੇਗੀ।

## ਬਿਨਾਂ ਸ਼ਿਕਾਇਤ ਤੋਂ ਪੇਪਰ ਰੱਦ

**ਨਵੀਂ ਦਿੱਲੀ** : ਕੌਮੀ ਪ੍ਰੀਖਿਆ ਏਜੰਸੀ (ਐੱਨ ਟੀ ਏ) ਵੱਲੋਂ ਕਰਵਾਈ ਯੂ ਜੀ ਸੀ-ਨੈੱਟ ਰੱਦ ਹੋਣ ਤੋਂ ਇਕ ਦਿਨ ਬਾਅਦ ਸਿੱਖਿਆ ਮੰਤਰਾਲੇ ਦੇ ਅਧਿਕਾਰੀ ਨੇ ਵੀਰਵਾਰ ਕਿਹਾ ਕਿ ਪ੍ਰੀਖਿਆ ਸੰਬੰਧੀ ਕੋਈ ਸ਼ਿਕਾਇਤ ਨਹੀਂ ਮਿਲੀ ਸੀ, ਪਰ ਪ੍ਰਾਪਤ ਸੂਚਨਾ ਦੇ ਆਧਾਰ 'ਤੇ ਮੰਤਰਾਲੇ ਨੇ ਵਿਦਿਆਰਥੀਆਂ ਦੇ ਹਿੱਤਾਂ ਨੂੰ ਧਿਆਨ ਵਿਚ ਰੱਖਦੇ ਹੋਏ ਖੁਦ ਇਸ ਨੂੰ ਰੱਦ ਕਰ ਦਿੱਤਾ। ਸਿੱਖਿਆ ਮੰਤਰਾਲੇ ਦੇ ਸੰਯੁਕਤ ਸਕੱਤਰ ਗੋਵਿੰਦ ਜੈਸਵਾਲ ਨੇ ਕਿਹਾ ਕਿ ਸੂਚਨਾ ਵੇਰਵੇ ਸਾਂਝੇ ਨਹੀਂ ਕੀਤੇ ਜਾ ਸਕਦੇ ਕਿਉਂਕਿ ਮਾਮਲਾ ਸੀ ਬੀ ਆਈ ਨੂੰ ਸੌਂਪ ਦਿੱਤਾ ਗਿਆ ਹੈ ਅਤੇ ਜਾਂਚ ਜਾਰੀ ਹੈ।

## 4.10 ਕਿਲੋ ਹੈਰੋਇਨ ਸਣੇ 8 ਗ੍ਰਿਫ਼ਤਾਰ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਸ਼ਿਆਂ ਵਿਰੁੱਧ ਵਿੱਢੀ ਜੰਗ ਤਹਿਤ ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ 10 ਦਿਨਾਂ ਤੱਕ ਚੱਲੇ ਅਪ੍ਰੇਸ਼ਨ ਦੌਰਾਨ ਸਰਹੱਦ ਪਾਰੋਂ ਚਲਾਏ ਜਾ ਰਹੇ ਗੈਰ-ਕਾਨੂੰਨੀ ਹਥਿਆਰਾਂ ਅਤੇ ਨਾਰਕੋ ਟੈਰਰਿਜ਼ਮ ਹਵਾਲਾ ਰੈਕੇਟ ਦਾ ਪਰਦਾ ਫਾਸ਼ ਕਰਦਿਆਂ ਮੁੱਖ ਸਾਜ਼ਿਸ਼ਕਰਤਾ, ਜਿਸ ਦੀ ਪਛਾਣ ਰਣਜੀਤ ਸਿੰਘ ਉਰਫ਼ ਕਾਕਾ ਵਜੋਂ ਹੋਈ ਹੈ, ਸਣੇ ਅੱਠ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ।ਇਹ ਜਾਣਕਾਰੀ ਵੀਰਵਾਰ ਨੂੰ ਪੁਲਸ ਡਾਇਰੈਕਟਰ ਜਨਰਲ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਮੁੱਖ ਸਾਜ਼ਿਸ਼ਕਰਤਾ ਤੋਂ ਇਲਾਵਾ ਗ੍ਰਿਫ਼ਤਾਰ ਕੀਤੇ ਗਏ ਹੋਰ ਵਿਅਕਤੀਆਂ ਦੀ ਪਛਾਣ ਰਜਿੰਦਰ ਉਰਫ਼ ਰਾਜਾ, ਅਭਿਸ਼ੇਕ ਉਰਫ਼ ਅਭੀ, ਵਿਸ਼ਾਲ ਉਰਫ਼ ਸ਼ਾਲੂ, ਲਵਪ੍ਰੀਤ ਉਰਫ਼ ਕਾਲੂ, ਗੁਰਭੇਜ ਉਰਫ਼ ਭੀਜਾ, ਗੁਰਜੰਟ ਅਤੇ ਜਸਪਾਲ ਸਾਰੇ ਵਾਸੀ ਘਰਿੰਡਾ (ਅੰਮ੍ਰਿਤਸਰ) ਵਜੋਂ ਹੋਈ ਹੈ।

ਉਨ੍ਹਾ ਦੱਸਿਆ ਕਿ ਪੁਲਸ ਟੀਮਾਂ ਨੇ ਉਕਤ ਮੁਲਜ਼ਮਾਂ ਕੋਲੋਂ 4.10 ਕਿਲੋ ਹੈਰੋਇਨ, ਦੋ ਪਿਸਤੌਲ, ਜਿਨ੍ਹਾਂ ਵਿੱਚ ਪਾਕਿਸਤਾਨ ਦਾ ਬਣਿਆ ਜ਼ਿਗਾਨਾ ਪਿਸਤੌਲ ਅਤੇ .32 ਬੋਰ ਦਾ ਪਿਸਤੌਲ ਸ਼ਾਮਲ ਹੈ, ਸਮੇਤ 45 ਜ਼ਿੰਦਾ ਕਾਰਤੂਸ ਅਤੇ 2.07 ਲੱਖ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਹੈ। ਇਸ ਤੋਂ ਇਲਾਵਾ ਦੋਸ਼ੀਆਂ ਕੋਲੋਂ ਸੱਤ ਵਾਹਨ ਹੁੰਡਈ ਵਰਨਾ, ਮਹਿੰਦਰਾ ਥਾਰ, ਹੁੰਡਈ ਆਈ-20, ਮਾਰੂਤੀ ਸਵਿਫਟ ਡਿਜ਼ਾਇਰ, ਮਾਰੂਤੀ ਜ਼ੈਨ, ਐਕਟਿਵਾ ਸਕੂਟਰ ਅਤੇ ਸਪਲੈਂਡਰ ਮੋਟਰਸਾਈਕਲ ਵੀ ਬਰਾਮਦ ਕੀਤੇ ਗਏ ਹਨ।ਡੀ ਜੀ ਪੀ ਨੇ ਕਿਹਾ ਕਿ ਸਰਹੱਦ ਪਾਰ ਸੰਬੰਧਾਂ ਅਤੇ ਹਵਾਲਾ ਗਤੀਵਿਧੀਆਂ ਵਿੱਚ ਸ਼ਾਮਲ ਹੋਰ ਗਰੋਹਾਂ ਨੂੰ ਫੜਨ ਲਈ ਮੁਹਿੰਮ ਅਜੇ ਵੀ ਜਾਰੀ ਹੈ।

ਇਹ ਕਾਰਵਾਈ ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਵੱਲੋਂ ਬਾਰੀਕੀ ਨਾਲ ਅਗਲੀਆਂ-ਪਿਛਲੀਆਂ ਕੜੀਆਂ ਫਰੋਲਣ ਤੋਂ ਬਾਅਦ ਇੱਕ ਸਥਾਨਕ ਨਸ਼ਾ ਤਸਕਰ ਰਜਿੰਦਰ ਉਰਫ਼ ਰਾਜਾ (22) ਵਾਸੀ ਪਿੰਡ ਘਰਿੰਡਾ (ਅੰਮ੍ਰਿਤਸਰ) ਦੀ ਗ੍ਰਿਫ਼ਤਾਰੀ ਤੋਂ ਬਾਅਦ ਸਾਹਮਣੇ ਆਈ ਹੈ। ● ਬਾਕੀ ਸਫ਼ਾ 2 'ਤੇ

## ਸ਼ਰਾਬ ਨਾਲ 34 ਮੌਤਾਂ

**ਚੇਨਈ** : ਤਾਮਿਲਨਾਡੂ ਦੇ ਕੱਲਾਕੁਰਿਚੀ ਜ਼ਿਲ੍ਹੇ 'ਚ ਜ਼ਹਿਰੀਲੀ ਦੇਸੀ ਸ਼ਰਾਬ ਪੀਣ ਕਾਰਨ 34 ਵਿਅਕਤੀਆਂ ਦੀ ਮੌਤ ਹੋ ਗਈ ਹੈ ਅਤੇ ਹਸਪਤਾਲਾਂ 'ਚ 100 ਦੇ ਕਰੀਬ ਭਰਤੀ ਹਨ। ਸਥਿਤੀ ਨਾਲ ਨਜਿੱਠਣ ਲਈ ਨੇੜਲੇ ਸਰਕਾਰੀ ਮੈਡੀਕਲ ਕਾਲਜਾਂ ਦੇ ਮਾਹਰਾਂ ਸਮੇਤ ਕਾਫੀ ਗਿਣਤੀ 'ਚ ਡਾਕਟਰਾਂ ਨੂੰ ਸੇਵਾ 'ਚ ਲਗਾਇਆ ਗਿਆ ਹੈ। ਇਸ ਤੋਂ ਇਲਾਵਾ ਜੀਵਨ ਸਹਾਇਤਾ ਪ੍ਰਣਾਲੀ ਵਾਲੀਆਂ ਕਈ ਐਂਬੂਲੈਂਸਾਂ ਵੀ ਉਥੇ ਮੌਜੂਦ ਹਨ।

# ਬਿਹਾਰ 'ਚ ਰਾਖਵਾਂਕਰਨ 65 ਫੀਸਦੀ ਤੱਕ ਵਧਾਉਣ ਦਾ ਫੈਸਲਾ ਰੱਦ



**ਪਟਨਾ** : ਬਿਹਾਰ 'ਚ ਸਰਕਾਰੀ ਨੌਕਰੀਆਂ ਅਤੇ ਵਿਦਿਅਕ ਅਦਾਰਿਆਂ 'ਚ ਅਨੁਸੂਚਿਤ ਜਾਤਾਂ, ਕਬੀਲਿਆਂ, ਪੱਛੜੀਆਂ ਸ਼੍ਰੇਣੀਆਂ ਅਤੇ ਅੱਤ ਪੱਛੜੀਆਂ ਸ਼੍ਰੇਣੀਆਂ ਲਈ ਰਾਖਵਾਂਕਰਨ 50 ਤੋਂ ਵਧਾ ਕੇ 65 ਫੀਸਦੀ ਕਰਨ ਦੇ ਫੈਸਲੇ ਨੂੰ ਪਟਨਾ ਹਾਈ ਕੋਰਟ ਨੇ ਵੀਰਵਾਰ ਰੱਦ ਕਰ ਦਿੱਤਾ। ਚੀਫ ਜਸਟਿਸ ਕੇ ਵਿਨੋਦ ਚੰਦਰਨ ਦੀ ਅਗਵਾਈ ਵਾਲੀ ਡਵੀਜ਼ਨ ਬੈਂਚ ਨੇ ਨਵੰਬਰ 2023 'ਚ ਨਿਤੀਸ਼ ਕੁਮਾਰ ਦੀ ਸਰਕਾਰ ਵੱਲੋਂ ਲਿਆਂਦੇ ਕਾਨੂੰਨ ਦਾ ਵਿਰੋਧ ਕਰਨ ਵਾਲੀਆਂ ਪਟੀਸ਼ਨਾਂ 'ਤੇ ਇਹ ਹੁਕਮ ਦਿੱਤਾ। ਪਟੀਸ਼ਨਰਾਂ ਦੇ ਵਕੀਲਾਂ ਵਿੱਚੋਂ ਇੱਕ ਰਿਤਿਕਾ ਰਾਣੀ ਨੇ ਕਿਹਾ—ਅਸੀਂ ਅਦਾਲਤ ਨੂੰ ਦੱਸਿਆ ਕਿ ਰਾਖਵਾਂਕਰਨ ਕਾਨੂੰਨਾਂ 'ਚ ਸੋਧਾਂ ਸੰਵਿਧਾਨ ਦੇ ਆਰਟੀਕਲ 14, 16 ਤੇ 20 ਦੀ ਉਲੰਘਣਾ ਹੈ। ਦੋਵਾਂ ਪੱਖਾਂ ਨੂੰ ਸੁਣਨ ਤੋਂ ਬਾਅਦ ਅਦਾਲਤ ਨੇ ਮਾਰਚ 'ਚ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ ਸੀ। ਹੁਣ ਅੰਤਿਮ ਆਦੇਸ਼ ਆ ਗਿਆ ਹੈ ਅਤੇ ਸਾਡੀਆਂ ਪਟੀਸ਼ਨਾਂ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ।

ਪਟੀਸ਼ਨਰਾਂ ਦੇ ਇੱਕ ਹੋਰ ਵਕੀਲ ਨਿਰਭੈ ਪ੍ਰਸ਼ਾਂਤ ਨੇ ਕਿਹਾ—ਸੂਬਾ ਸਰਕਾਰ ਨੇ ਆਪਣੇ ਫੈਸਲੇ ਨੂੰ ਜਾਇਜ਼ ਠਹਿਰਾਉਂਦਿਆਂ ਕਿਹਾ ਕਿ ਜਾਤੀ ਸਰਵੇਖਣ ਦੇ ਆਧਾਰ 'ਤੇ ਰਾਖਵਾਂਕਰਨ ਦੀ ਹੱਦ ਵਧਾਈ ਗਈ ਸੀ। ਅਸੀਂ ਸੁਪਰੀਮ ਕੋਰਟ ਦੇ ਇੰਦਰਾ ਸਾਹੀ ਕੇਸ ਅਤੇ ਹਾਲ ਹੀ ਵਿਚ ਮਰਾਠਾ ਰਾਖਵਾਂਕਰਨ ਮਾਮਲੇ ਦਾ ਹਵਾਲਾ ਦਿੱਤਾ। ਸੁਪਰੀਮ ਕੋਰਟ ਸਾਫ ਕਰ ਚੁੱਕੀ ਹੈ ਕਿ ਕੋਈ ਵੀ ਸੂਬਾ ਸਰਕਾਰ ਰਾਖਵਾਂਕਰਨ 50 ਫੀਸਦੀ ਤੋਂ ਵਧਾ ਨਹੀਂ ਸਕਦੀ।

ਕੇਂਦਰ ਸਰਕਾਰ ਵੱਲੋਂ ਅਨੁਸੂਚਿਤ ਜਾਤਾਂ ਤੇ ਕਬੀਲਿਆਂ ਤੋਂ ਵੱਖਰੇ ਸਮਾਜੀ ਗਰੁੱਪਾਂ ਦੀ ਮਰਦਮਸ਼ੁਮਾਰੀ ਨਾ ਕਰਾਉਣ ਤੋਂ ਬਾਅਦ ਸੂਬਾ ਸਰਕਾਰ ਨੇ ਪਿਛਲੇ ਸਾਲ 2 ਅਕਤੂਬਰ ਜਾਤੀ ਸਰਵੇਖਣ ਦੀ ਰਿਪੋਰਟ ਜਾਰੀ ਕੀਤੀ ਸੀ। ਸਰਵੇਖਣ ਮੁਤਾਬਕ ਹੋਰ ਪੱਛੜੀਆਂ ਜਾਤਾਂ ਤੇ ਆਰਥਿਕ ਤੌਰ 'ਤੇ ਪੱਛੜੀਆਂ ਜਾਤਾਂ ਸੂਬੇ ਦੀ ਕੁਲ ਆਬਾਦੀ ਦਾ 63 ਫੀਸਦੀ ਬਣਦੀਆਂ ਹਨ, ਜਦਕਿ ਅਨੁਸੂਚਿਤ ਜਾਤਾਂ ਤੇ ਕਬੀਲੇ 21 ਫੀਸਦੀ ਤੋਂ ਵੱਧ ਬਣਦੇ ਹਨ। ਸੂਬਾ ਸਰਕਾਰ ਨੇ ਦਲੀਲ ਦਿੱਤੀ ਕਿ ਕੇਂਦਰ ਸਰਕਾਰ ਵੱਲੋਂ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਲਈ 10 ਫੀਸਦੀ ਰਾਖਵਾਂਕਰਨ ਲਾਗੂ ਕਰਨ ਤੋਂ ਬਾਅਦ ਸੁਪਰੀਮ ਕੋਰਟ ਦੀ 50 ਫੀਸਦੀ ਦੀ ਸ਼ਰਤ ਤਾਂ ਪਹਿਲਾਂ ਹੀ ਉਲੰਘੀ ਜਾ ਚੁੱਕੀ ਹੈ। ਇਹ 10 ਫੀਸਦੀ ਰਾਖਵਾਂਕਰਨ ਬਿਹਾਰ ਵਿਚ ਵੀ ਲਾਗੂ ਹੋ ਚੁੱਕਾ ਹੈ। ਸੂਬਾ ਸਰਕਾਰ ਨੇ ਰਾਖਵਾਂਕਰਨ ਕਾਨੂੰਨਾਂ ਵਿਚ ਸੋਧ ਕਰਕੇ ਅਨੁਸੂਚਿਤ ਜਾਤਾਂ, ਕਬੀਲਿਆਂ, ਹੋਰਨਾਂ ਪੱਛੜੀਆਂ ਸ਼੍ਰੇਣੀਆਂ ਤੇ ਆਰਥਿਕ ਤੌਰ 'ਤੇ ਪੱਛੜੀਆਂ ਸ਼੍ਰੇਣੀਆਂ ਦਾ ਕੋਟਾ 50 ਫੀਸਦੀ ਤੋਂ ਵਧਾ ਕੇ 65 ਫੀਸਦੀ ਕਰ ਦਿੱਤਾ।

ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦਾ 10 ਫੀਸਦੀ ਕੋਟਾ ਜੋੜ ਕੇ ਕੁਲ ਰਾਖਵਾਂਕਰਨ 75 ਫੀਸਦੀ ਹੋ ਗਿਆ। ਸੂਬਾ ਸਰਕਾਰ ਨੇ ਕੇਂਦਰ ਸਰਕਾਰ ਨੂੰ ਵੀ ਬੇਨਤੀ ਕੀਤੀ ਕਿ ਉਹ ਸੋਧੇ ਰਾਖਵਾਂਕਰਨ ਕਾਨੂੰਨਾਂ ਨੂੰ ਸੰਵਿਧਾਨ ਦੇ ਨੌਂਵੇਂ ਸ਼ਡਿਊਲ ਵਿਚ ਸ਼ਾਮਲ ਕਰ ਦੇਵੇ। ਨੌਂਵੇਂ ਸ਼ਡਿਊਲ ਵਿਚ ਕੇਂਦਰ ਤੇ ਰਾਜਾਂ ਦੇ ਉਹ ਕਾਨੂੰਨ ਸ਼ਾਮਲ ਹੁੰਦੇ ਹਨ, ਜਿਨ੍ਹਾਂ ਨੂੰ ਅਦਾਲਤਾਂ ਵਿਚ ਚੈਲੰਜ ਨਹੀਂ ਕੀਤਾ ਜਾ ਸਕਦਾ। ਸੁਪਰੀਮ ਕੋਰਟ ਨੇ 1992 ਵਿਚ ਪੱਛੜੀਆਂ ਸ਼੍ਰੇਣੀਆਂ ਲਈ ਰਾਖਵਾਂਕਰਨ ਦੀ ਹੱਦ 50 ਫੀਸਦੀ ਨਿਰਧਾਰਤ ਕੀਤੀ ਸੀ।

ਬਿਹਾਰ ਅਸੈਂਬਲੀ ਵੱਲੋਂ ਪਾਸ ਕੀਤੇ ਕਾਨੂੰਨਾਂ ਦਾ ਦੇਸ਼ ਵਿਚ ਕਾਫੀ ਚਰਚਾ ਹੋਇਆ ਸੀ ਤੇ ਉਸ ਵੇਲੇ ਨਿਤੀਸ਼ ਕੁਮਾਰ ਦੀ ਸਰਕਾਰ ਵਿਚ ਸ਼ਾਮਲ ਕਾਂਗਰਸ ਨੇ ਵਾਅਦਾ ਕੀਤਾ ਸੀ ਕਿ ਜੇ ਕੇਂਦਰ ਵਿਚ ਉਸ ਦੀ ਸਰਕਾਰ ਬਣਦੀ ਹੈ ਤਾਂ ਉਹ ਪੂਰੇ ਦੇਸ਼ ਵਿਚ ਜਾਤੀ ਸਰਵੇਖਣ ਕਰਵਾਏਗੀ। ਭਾਜਪਾ, ਜਿਹੜੀ ਨਿਤੀਸ਼ ਕੁਮਾਰ ਦੀ ਪਲਟੀ ਤੋਂ ਬਾਅਦ ਉਸ ਨਾਲ ਸਰਕਾਰ ਸਾਂਝੀ ਕਰ ਰਹੀ ਹੈ, ਪਹਿਲਾਂ ਜਾਤੀ ਜਨਗਣਨਾ ਦਾ ਵਿਰੋਧ ਕਰਦੀ ਸੀ, ਪਰ ਫਿਰ ਕਹਿਣ ਲੱਗ ਪਈ ਸੀ ਕਿ ਜਾਤੀ ਸਰਵੇਖਣ ਦਾ ਹੁਕਮ 2022 ਵਿਚ ਦਿੱਤਾ ਗਿਆ ਸੀ, ਜਦੋਂ ਉਹ ਵੀ ਸਰਕਾਰ ਵਿਚ ਸ਼ਾਮਲ ਸੀ।

## ਇਮਰਾਨ ਦਾ ਸਿਆਸੀ ਸਲਾਹਕਾਰ ਅਗਵਾ

**ਲਾਹੌਰ** : ਪਾਕਿਸਤਾਨ ਦੇ ਜੇਲ੍ਹ ਵਿਚ ਬੰਦ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੇ ਸਿਆਸੀ ਸਲਾਹਕਾਰ ਨੂੰ ਪੰਜਾਬ ਸੂਬੇ ਦੀ ਰਾਜਧਾਨੀ ਲਾਹੌਰ ਤੋਂ ਅਣਪਛਾਤਿਆਂ ਨੇ ਕਥਿਤ ਤੌਰ 'ਤੇ ਅਗਵਾ ਕਰ ਲਿਆ। 'ਐੱਕਸਪ੍ਰੈੱਸ ਟ੍ਰਿਬਿਊਨ' ਅਖਬਾਰ ਨੇ ਖਬਰ ਦਿੱਤੀ ਹੈ ਕਿ ਪਾਕਿਸਤਾਨ ਤਹਿਰੀਕ-ਏ-ਇਨਸਾਫ ਦੇ ਆਗੂ ਸ਼ਾਹਬਾਜ਼ ਗਿੱਲ ਦੇ ਵੱਡੇ ਭਰਾ ਗੁਲਾਮ ਸ਼ਬੀਰ ਨੂੰ ਦੋ ਦਿਨ ਪਹਿਲਾਂ ਅਣਪਛਾਤਿਆਂ ਨੇ ਉਸ ਵੇਲੇ ਅਗਵਾ ਕਰ ਲਿਆ ਸੀ, ਜਦੋਂ ਉਹ ਇਸਲਾਮਾਬਾਦ ਜਾ ਰਿਹਾ ਸੀ। ਇਸ ਸੰਬੰਧੀ ਥਾਣਾ ਕਾਨ੍ਹ ਵਿਖੇ ਐੱਫ ਆਈ ਆਰ ਦਰਜ ਕੀਤੀ ਗਈ ਹੈ।

## ਓਲਾ ਨੂੰ ਆਈ ਪੀ ਓ ਜਾਰੀ ਕਰਨ ਦੀ ਮਨਜ਼ੂਰੀ

**ਨਵੀਂ ਦਿੱਲੀ** : ਭਾਵਿਸ਼ ਅਗਰਵਾਲ ਦੀ ਕੰਪਨੀ ਓਲਾ ਨੂੰ ਆਈ ਪੀ ਓ ਲਈ ਸੇਬੀ ਨੇ ਮਨਜ਼ੂਰੀ ਦੇ ਦਿੱਤੀ ਹੈ। ਇਹ ਭਾਰਤ 'ਚ ਕਿਸੇ ਇਲੈਕਟ੍ਰਿਕ ਵਾਹਨ ਸਟਾਰਟਅਪ ਵੱਲੋਂ ਜਾਰੀ ਪਹਿਲਾ ਆਈ ਪੀ ਓ ਹੋਵੇਗਾ। ਓਲਾ ਇਲੈਕਟ੍ਰਿਕ ਦੇ ਜਨਤਕ ਇਸ਼ੂ 'ਚ 5500 ਕਰੋੜ ਰੁਪਏ ਦਾ ਨਵਾਂ ਇਸ਼ੂ ਅਤੇ 9.51 ਕਰੋੜ ਦੇ ਇਕੁਇਟੀ ਸ਼ੇਅਰ ਵਿਕਰੀ ਲਈ ਸ਼ਾਮਲ ਹਨ। ਸਰਕਾਰ ਦੇ ਪੋਰਟਲ ਅਨੁਸਾਰ ਮਈ ਵਿਚ ਓਲਾ ਇਲੈਕਟ੍ਰਿਕ ਨੇ 37,191 ਰਜਿਸਟ੍ਰੇਸ਼ਨਾਂ ਨਾਲ ਮਾਰਕੀਟ 'ਚ 49 ਫ਼ੀਸਦੀ ਹਿੱਸੇਦਾਰੀ ਦਰਜ ਕੀਤੀ ਹੈ।

## ਰੇਲ ਡੱਬਿਆਂ ਨੂੰ ਅੱਗ

**ਹੈਦਰਾਬਾਦ** : ਤਿਲੰਗਾਨਾ ਦੇ ਸਿਕੰਦਰਾਬਾਦ ਵਿਚ ਨਿਲਾਯਮ ਨੇੜੇ ਓਵਰਬ੍ਰਿਜ 'ਤੇ ਰੇਲ ਦੇ ਖਾਲੀ ਡੱਬਿਆਂ ਨੂੰ ਅੱਗ ਲੱਗ ਗਈ। ਅਧਿਕਾਰੀਆਂ ਨੇ ਦੱਸਿਆ ਕਿ ਇਸ ਮੌਕੇ ਕਿਸੇ ਵੀ ਤਰ੍ਹਾਂ ਦਾ ਜਾਨੀ ਨੁਕਸਾਨ ਹੋਣ ਤੋਂ ਬਚਾਅ ਰਿਹਾ ਅਤੇ ਸੂਚਨਾ ਮਿਲਦਿਆਂ ਹੀ ਅੱਗ ਬੁਝਾਉਣ ਵਾਲੇ ਦੋ ਇੰਜਣ ਉੱਥੇ ਪੁੱਜ ਗਏ ਸਨ। ਅੱਗ ਲੱਗਣ ਦੇ ਕਾਰਨਾਂ ਪਤਾ ਨਹੀਂ ਲੱਗ ਸਕਿਆ ਹੈ।

## ਜਹਾਜ਼ ਦੇ ਇੰਜਣ 'ਚ ਖਰਾਬੀ

**ਹੈਦਰਾਬਾਦ** : ਮਲੇਸ਼ੀਆ ਏਅਰਲਾਈਨਜ਼ ਦੇ ਜਹਾਜ਼ ਨੇ ਬੁੱਧਵਾਰ ਰਾਤ ਪੌਣੇ ਇੱਕ ਵਜੇ ਹੈਦਰਾਬਾਦ ਦੇ ਰਾਜੀਵ ਗਾਂਧੀ ਕੌਮਾਂਤਰੀ ਹਵਾਈ ਅੱਡੇ ਤੋਂ ਕੁਆਲਾਲੰਪੁਰ ਲਈ ਉਡਾਣ ਭਰੀ, ਪਰ ਕੁਝ ਸਮੇਂ ਬਾਅਦ ਇੰਜਣ ਵਿਚ ਖਰਾਬੀ ਕਾਰਨ ਪਾਇਲਟ ਨੂੰ ਜਹਾਜ਼ ਇੱਥੇ ਵਾਪਸ ਲਿਆਉਣਾ ਪਿਆ। ਜਹਾਜ਼ 'ਚ 138 ਯਾਤਰੀ ਸਵਾਰ ਸਨ।

## ਮੋਦੀ ਕਸ਼ਮੀਰ ਪੁੱਜੇ

**ਸ੍ਰੀਨਗਰ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੀਸਰੀ ਵਾਰ ਅਹੁਦਾ ਸੰਭਾਲਣ ਬਾਅਦ ਵੀਰਵਾਰ ਪਹਿਲੀ ਵਾਰ ਜੰਮੂ-ਕਸ਼ਮੀਰ ਪੁੱਜੇ। ਉਹ 21 ਜੂਨ ਨੂੰ ਕੌਮਾਂਤਰੀ ਯੋਗ ਦਿਵਸ ਵਿਚ ਸ਼ਾਮਲ ਹੋਣਗੇ। ਪ੍ਰਧਾਨ ਮੰਤਰੀ ਸ੍ਰੀਨਗਰ 'ਚ ਸ਼ੇਰ-ਏ-ਕਸ਼ਮੀਰ ਇੰਟਰਨੈਸ਼ਨਲ ਕਾਨਫਰੰਸ ਸੈਂਟਰ 'ਚ ਸਮਾਗਮ ਵਿੱਚ ਹਿੱਸਾ ਲੈਣਗੇ ਤੇ ਰਾਜ 'ਚ 1,500 ਕਰੋੜ ਰੁਪਏ ਤੋਂ ਵੱਧ ਦੇ ਕਈ ਵਿਕਾਸ ਪ੍ਰਾਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਣਗੇ। ਉਹ 1,800 ਕਰੋੜ ਰੁਪਏ ਦੇ ਖੇਤੀਬਾੜੀ ਅਤੇ ਸਹਾਇਕ ਖੇਤਰਾਂ ਦੇ ਪ੍ਰਾਜੈਕਟ ਦੀ ਸ਼ੁਰੂਆਤ ਕਰਨਗੇ। 21 ਜੂਨ ਨੂੰ ਸਵੇਰੇ 6.30 ਵਜੇ ਪ੍ਰਧਾਨ ਮੰਤਰੀ ਸ਼ੇਰ-ਏ-ਕਸ਼ਮੀਰ ਇੰਟਰਨੈਸ਼ਨਲ ਕਾਨਫਰੰਸ ਸੈਂਟਰ ਵਿਖੇ 10ਵੇਂ ਕੌਮਾਂਤਰੀ ਯੋਗ ਦਿਵਸ ਸਮਾਗਮ 'ਚ ਹਿੱਸਾ ਲੈਣਗੇ। 7000 ਤੋਂ ਵੱਧ ਲੋਕ ਸ਼ੁੱਕਰਵਾਰ ਨੂੰ ਡਲ ਝੀਲ ਦੇ ਕੰਢੇ 'ਤੇ ਯੋਗ ਕਰਨ ਲਈ ਉਨ੍ਹਾਂ ਨਾਲ ਸ਼ਾਮਲ ਹੋਣਗੇ।

## ਅਕਾਲੀ ਦਲ ਨੇ ਬੀਬੀ ਸੁਰਜੀਤ ਕੌਰ ਨੂੰ ਉਮੀਦਵਾਰ ਐਲਾਨਿਆ



**ਜਲੰਧਰ** : ਸ਼੍ਰੋਮਣੀ ਅਕਾਲੀ ਦਲ ਨੇ ਜਲੰਧਰ ਪੱਛਮੀ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ ਮਰਹੂਮ ਜਥੇਦਾਰ ਪ੍ਰੀਤਮ ਸਿੰਘ ਦੀ ਧਰਮ ਪਤਨੀ ਬੀਬੀ ਸੁਰਜੀਤ ਕੌਰ ਨੂੰ ਆਪਣਾ ਉਮੀਦਵਾਰ ਐਲਾਨਿਆ ਹੈ। ਉਹ ਦੋ ਵਾਰ ਕੌਂਸਲਰ ਰਹਿ ਚੁੱਕੇ ਹਨ। ਸੀਨੀਅਰ ਆਗੂ ਬੀਬੀ ਜਗੀਰ ਕੌਰ ਨੇ ਦੱਸਿਆ ਕਿ ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਵੱਲੋਂ ਬਣਾਈ ਗਈ ਚਾਰ ਮੈਂਬਰੀ ਕਮੇਟੀ ਵੱਲੋਂ ਇਹ ਫੈਸਲਾ ਲਿਆ ਗਿਆ ਹੈ। ਉਨ੍ਹਾ ਤੋਂ ਇਲਾਵਾ ਕਮੇਟੀ ਦੇ ਹੋਰਨਾਂ ਮੈਂਬਰਾਂ ਵਿਚ ਗੁਰਪ੍ਰਤਾਪ ਸਿੰਘ ਵਡਾਲਾ, ਡਾ. ਸੁਖਵਿੰਦਰ ਸੁੱਖੀ ਅਤੇ ਮਹਿੰਦਰ ਸਿੰਘ ਕੇਪੀ ਸਨ। ਬੀਬੀ ਜਗੀਰ ਕੌਰ ਨੇ ਕਿਹਾ ਕਿ ਬੀਬੀ ਸੁਰਜੀਤ ਕੌਰ ਪੰਥਕ ਪਿਛੋਕੜ ਤੋਂ ਹਨ ਅਤੇ ਉਨ੍ਹਾ ਦੇ ਮਰਹੂਮ ਪਤੀ ਜਥੇਦਾਰ ਪ੍ਰੀਤਮ ਸਿੰਘ ਇੱਕ ਵਾਰ ਕੌਂਸਲਰ ਰਹਿ ਚੁੱਕੇ ਹਨ। ਉਨ੍ਹਾ ਕਿਹਾ ਕਿ ਸੁਰਜੀਤ ਕੌਰ ਖੁਦ ਆਪਣੇ ਸਮਾਜਿਕ ਕੰਮਾਂ ਅਤੇ ਸਮਾਜ ਦੀ ਸੇਵਾ ਲਈ ਜਾਣੇ ਜਾਂਦੀ ਹਨ।

## ਅੰਗੂਰਾਲ ਵੱਲੋਂ ਕਾਗਜ਼ ਦਾਖਲ



**ਜਲੰਧਰ** : ਭਾਜਪਾ ਉਮੀਦਵਾਰ ਸ਼ੀਤਲ ਅੰਗੂਰਾਲ ਨੇ ਵੀਰਵਾਰ ਜਲੰਧਰ ਪੱਛਮੀ ਵਿਧਾਨ ਸਭਾ ਦੀ ਜ਼ਿਮਨੀ ਚੋਣ ਲਈ ਨਾਮਜ਼ਦਗੀ ਕਾਗਜ਼ ਦਾਖਲ ਕੀਤੇ। ਅੰਗੂਰਾਲ ਦੇ ਨਾਲ ਸਾਬਕਾ ਐੱਮ ਪੀ ਸੁਸ਼ੀਲ ਕੁਮਾਰ ਰਿੰਕੂ, ਸਾਬਕਾ ਮੰਤਰੀ ਮਨੋਰੰਜਨ ਕਾਲੀਆ, ਸਾਬਕਾ ਵਿਧਾਇਕ ਕੇ ਡੀ ਭੰਡਾਰੀ ਅਤੇ ਭਾਜਪਾ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਸੁਸ਼ੀਲ ਕੁਮਾਰ ਸ਼ਰਮਾ ਵੀ ਸਨ। ਨੀਟੂ ਸ਼ਟਰਾਂ ਵਾਲੇ ਨੇ ਵੀ ਨਾਮਜ਼ਦਗੀ ਕਾਗਜ਼ ਦਾਖਲ ਕੀਤੇ। ਬਸਪਾ ਨੇ ਬਿੰਦਰ ਲਾਖਾ ਨੂੰ ਉਮੀਦਵਾਰ ਐਲਾਨਿਆ ਹੈ। ਆਪ ਦੇ ਉਮੀਦਵਾਰ ਮਹਿੰਦਰ ਭਗਤ ਤੇ ਕਾਂਗਰਸ ਦੇ ਸੁਰਿੰਦਰ ਕੌਰ ਹਨ।

## ਸਾਬਕਾ ਕ੍ਰਿਕਟਰ ਡੇਵਿਡ ਜੌਹਨਸਨ ਵੱਲੋਂ ਖੁਦਕੁਸ਼ੀ



**ਬੇਂਗਲੁਰੂ** : ਕਰਨਾਟਕ ਦੇ ਸਾਬਕਾ ਕੌਮਾਂਤਰੀ ਕ੍ਰਿਕਟਰ ਅਤੇ ਸੱਜੇ ਹੱਥ ਦੇ ਤੇਜ਼ ਗੇਂਦਬਾਜ਼ ਡੇਵਿਡ ਜੌਹਨਸਨ ਦਾ ਵੀਰਵਾਰ ਸਵੇਰੇ 52 ਸਾਲ ਦੀ ਉਮਰ 'ਚ ਇੱਥੇ ਦੇਹਾਂਤ ਹੋ ਗਿਆ। ਉਹ ਆਪਣੇ ਪਿੱਛੇ ਪਤਨੀ ਤੇ ਦੋ ਬੱਚੇ ਛੱਡ ਗਿਆ ਹੈ। ਸੂਤਰਾਂ ਮੁਤਾਬਕ ਉਸ ਨੇ ਇਮਾਰਤ ਦੀ ਚੌਥੀ ਮੰਜ਼ਿਲ ਤੋਂ ਛਾਲ ਮਾਰ ਕੇ ਖੁਦਕੁਸ਼ੀ ਕੀਤੀ ਹੈ। ਉਹ ਘਰ ਨੇੜੇ ਕ੍ਰਿਕਟ ਅਕੈਡਮੀ ਚਲਾਉਂਦਾ ਸੀ ਤੇ ਪਿੱਛੇ ਜਿਹੇ ਤੋਂ ਠੀਕ ਨਹੀਂ ਸੀ। 16 ਅਕਤੂਬਰ 1971 ਨੂੰ ਅਰਸੀਕੇਰੇ ਕਰਨਾਟਕ 'ਚ ਜਨਮੇ ਡੇਵਿਡ ਨੇ 1990 ਦੇ ਦਹਾਕੇ ਦੇ ਮੱਧ 'ਚ ਕੌਮਾਂਤਰੀ ਕ੍ਰਿਕਟ 'ਚ ਭਾਰਤ ਦੀ ਨੁਮਾਇੰਦਗੀ ਕੀਤੀ। ਉਸ ਨੇ ਅਕਤੂਬਰ 1996 'ਚ ਆਸਟਰੇਲੀਆ ਖਿਲਾਫ ਭਾਰਤ ਲਈ ਆਪਣਾ ਪਹਿਲਾ ਟੈਸਟ ਖੇਡਿਆ। ਉਸ ਨੇ ਕੁੱਲ ਦੋ ਟੈਸਟ ਮੈਚ ਖੇਡੇ। ਉਸਦੇ ਕਰੀਅਰ ਦੀ ਮੁੱਖ ਗੱਲ ਇਹ ਰਹੀ ਕਿ ਉਸ ਨੇ ਆਸਟਰੇਲੀਆ ਵਿਰੁੱਧ ਟੈਸਟ ਮੈਚ ਦੌਰਾਨ 157.8 ਕਿਲੋਮੀਟਰ ਪ੍ਰਤੀ ਘੰਟਾ ਦੀ ਰਫਤਾਰ ਨਾਲ ਗੇਂਦਬਾਜ਼ੀ ਕੀਤੀ। ਉਸ ਦਾ ਆਖਰੀ ਟੈਸਟ ਮੈਚ 1996 'ਚ ਡਰਬਨ 'ਚ ਦੱਖਣੀ ਅਫਰੀਕਾ ਵਿਰੁੱਧ ਸੀ। ਆਪਣੀ ਰਫਤਾਰ ਨਾਲ ਸਮਰੱਥਾ ਦਿਖਾਉਣ ਦੇ ਬਾਵਜੂਦ ਉਸ ਦਾ ਲੰਬਾ ਕੌਮਾਂਤਰੀ ਕਰੀਅਰ ਨਹੀਂ ਬਣਿਆ ਅਤੇ ਉਹ ਭਾਰਤ ਲਈ ਇੱਕ ਦਿਨਾ ਕੌਮਾਂਤਰੀ ਮੈਚ ਨਹੀਂ ਖੇਡਿਆ।

## ਕੇਜਰੀਵਾਲ ਦੀ ਜ਼ਮਾਨਤ 'ਤੇ ਫੈਸਲਾ ਰਾਖਵਾਂ

**ਨਵੀਂ ਦਿੱਲੀ** : ਇਥੋਂ ਦੀ ਅਦਾਲਤ ਨੇ ਕਥਿਤ ਆਬਕਾਰੀ ਘਪਲੇ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਵਿਚ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਜ਼ਮਾਨਤ ਅਰਜ਼ੀ 'ਤੇ ਵੀਰਵਾਰ ਫੈਸਲਾ ਰਾਖਵਾਂ ਰੱਖ ਲਿਆ।

ਵਿਸ਼ੇਸ਼ ਜੱਜ ਨਿਆਏ ਬਿੰਦੂ ਨੇ ਪਟੀਸ਼ਨ 'ਤੇ ਮੁਲਜ਼ਮ ਅਤੇ ਐਨਫੋਰਸਮੈਂਟ ਡਾਇਰੈਕਟੋਰੇਟ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਫੈਸਲਾ ਰਾਖਵਾਂ ਰੱਖਿਆ। ਬੁੱਧਵਾਰ ਨੂੰ ਅਦਾਲਤ ਨੇ ਇਸ ਮਾਮਲੇ 'ਚ ਕੇਜਰੀਵਾਲ ਦੀ ਨਿਆਂਇਕ ਹਿਰਾਸਤ 3 ਜੁਲਾਈ ਤੱਕ ਵਧਾ ਦਿੱਤੀ ਸੀ।

## ਸੰਵਿਧਾਨ ਬਚਾਉਣਾ ਦਹਿਸ਼ਤਗਰਦੀ ਹੈ ਤਾਂ ਮੈਂ ਦਹਿਸ਼ਤਗਰਦ ਹਾਂ : ਠਾਕਰੇ



**ਮੁੰਬਈ** : ਸ਼ਿਵ ਸੈਨਾ (ਊਧਵ ਬਾਲਾਸਾਹਿਬ ਠਾਕਰੇ) ਦੇ ਪ੍ਰਧਾਨ ਊਧਵ ਠਾਕਰੇ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਏਕਨਾਥ ਸ਼ਿੰਦੇ 'ਤੇ ਵਰ੍ਹਦਿਆਂ ਕਿਹਾ ਕਿ ਜੇ ਸੰਵਿਧਾਨ ਨੂੰ ਬਚਾਉਣਾ ਦਹਿਸ਼ਤਗਰਦੀ ਹੈ ਤਾਂ ਉਹ ਦਹਿਸ਼ਤਗਰਦ ਹਨ। ਸ਼ਿਵ ਸੈਨਾ ਦੇ 58ਵੇਂ ਸਥਾਪਨਾ ਦਿਨ 'ਤੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਊਧਵ ਨੇ ਕਿਹਾ—ਸ਼ਿੰਦੇ ਸ਼ਹਿਰੀ ਨਕਸਲਵਾਦ ਦੀ ਗੱਲ ਕਰਦੇ ਹਨ। ਕੀ ਡਿਕਟੇਟਰਸ਼ਿਪ ਦਾ ਵਿਰੋਧ ਕਰਨਾ ਤੇ ਜਮਹੂਰੀਅਤ ਨੂੰ ਬਚਾਉਣਾ ਤੁਹਾਡੇ ਲਈ ਨਕਸਲਵਾਦ ਤੇ ਦਹਿਸ਼ਤਗਰਦੀ ਹੈ? ਜੇ ਜਮਹੂਰੀਅਤ ਨੂੰ ਬਚਾਉਣਾ ਦਹਿਸ਼ਤਗਰਦੀ ਹੈ ਤਾਂ ਮੈਂ ਦਹਿਸ਼ਤਗਰਦ ਹਾਂ। ਜੇ ਸੰਵਿਧਾਨ ਤੇ ਦੇਸ਼ ਨੂੰ ਬਚਾਉਣਾ ਦਹਿਸ਼ਤਗਰਦੀ ਹੈ ਤਾਂ ਮੈਂ ਦਹਿਸ਼ਤਗਰਦ ਹਾਂ।

ਊਧਵ ਨੇ ਅੱਗੇ ਕਿਹਾ—ਕੇਂਦਰੀ ਏਜੰਸੀਆਂ ਨੂੰ ਆਪੋਜ਼ੀਸ਼ਨ ਆਗੂਆਂ ਖਿਲਾਫ ਵਰਤਣਾ ਸਰਕਾਰੀ ਨਕਸਲਵਾਦ ਹੈ। ਇਹ ਸ਼ਹਿਰੀ ਨਕਸਲਵਾਦ ਨਾਲੋਂ ਵੱਧ ਖਤਰਨਾਕ ਹੈ। ਕੇਂਦਰੀ ਏਜੰਸੀਆਂ ਨੂੰ ਆਪੋਜ਼ੀਸ਼ਨ ਪਾਰਟੀਆਂ ਨੂੰ ਤੋੜਨ, ਚੰਗੀਆਂ-ਭਲੀਆਂ ਸਰਕਾਰਾਂ ਨੂੰ ਤੋੜਨ ਤੇ ਆਪੋਜ਼ੀਸ਼ਨ ਆਗੂਆਂ ਨੂੰ ਡਰਾ ਕੇ ਆਪਣੀ ਪਾਰਟੀ ਵਿਚ ਸ਼ਾਮਲ ਕਰਾਉਣ ਲਈ ਵਰਤਣਾ ਹੀ ਨਕਸਲਵਾਦ ਹੈ, ਜੋ ਕਿ ਜਮਹੂਰੀਅਤ ਨੂੰ ਮਾਰ ਰਿਹਾ ਹੈ।

ਊਧਵ ਨੇ ਭਾਜਪਾ ਤੇ ਸ਼ਿਵ ਸੈਨਾ (ਸ਼ਿੰਦੇ) ਨੂੰ ਵੰਗਾਰਿਆ ਕਿ ਉਹ ਬਾਲਾ ਸਾਹਿਬ ਠਾਕਰੇ ਦੀ ਫੋਟੋ ਤੇ ਤੀਰ ਕਮਾਨ ਦਾ ਨਿਸ਼ਾਨ ਵਰਤੇ ਬਿਨਾਂ ਅਸੰਬਲੀ ਚੋਣਾਂ ਲੜ ਕੇ ਦਿਖਾਉਣ। ਉਨ੍ਹਾ ਪ੍ਰਧਾਨ ਮੰਤਰੀ ਮੋਦੀ ਨੂੰ ਵੰਗਾਰਿਆ ਕਿ ਉਹ ਅਸੰਬਲੀ ਚੋਣਾਂ ਲਈ ਪ੍ਰਚਾਰ ਸ਼ੁਰੂ ਕਰਨ, ਜਿਹੜੀਆਂ ਅਕਤੂਬਰ ਵਿਚ ਹੋਣੀਆਂ ਹਨ। ਮੋਦੀ ਆਂਧਰਾ ਜਾ ਕੇ ਕਹਿਣ ਕੇ ਮੁੱਖ ਮੰਤਰੀ ਚੰਦਰਬਾਬੂ ਨਾਇਡੂ ਨੇ ਆਪਣੇ ਮੈਨੀਫੈਸਟੋ ਵਿਚ ਜੋ ਕਿਹਾ ਹੈ, ਉਹ ਉਸਨੂੰ ਲਾਗੂ ਕਰਨਗੇ।

ਊਧਵ ਨੇ ਆਜ਼ਾਦ ਪੱਤਰਕਾਰਾਂ ਤੇ ਯੂਟਿਊਬਰ ਧਰੁਵ ਰਾਠੀ ਦਾ ਧੰਨਵਾਦ ਕੀਤਾ, ਜਿਨ੍ਹਾਂ ਜਮਹੂਰੀਅਤ ਨੂੰ ਬਚਾਉਣ ਲਈ 'ਇੰਡੀਆ' ਗੱਠਜੋੜ ਤੇ ਮਹਾਂ ਵਿਕਾਸ ਅਘਾੜੀ ਦੀ ਮਦਦ ਕੀਤੀ। ਭਾਜਪਾ ਨਾਲ ਮੁੜ ਰਲਣ ਦੀਆਂ ਕਿਆਸਅਰਾਈਆਂ ਬਾਰੇ ਠਾਕਰੇ ਨੇ ਕਿਹਾ ਕਿ ਉਹ ਉਨ੍ਹਾਂ ਨਾਲ ਕਦੇ ਨਹੀਂ ਰਲਣਗੇ, ਜਿਨ੍ਹਾਂ ਨੇ ਉਨ੍ਹਾ ਦੀ ਪਾਰਟੀ ਨੂੰ ਖਤਮ ਕਰਨ ਦੀ ਕੋਸ਼ਿਸ਼ ਕੀਤੀ।

## ਅੱਜ-ਨਾਮਾ

ਮੁਕਾਬਲਾ-ਟੈੱਸਟ ਦਾ ਮੁੱਕਦਾ ਨਹੀਂ ਰੌਲਾ,
ਧਾਂਦਲੀ ਸਿਖਰ ਦੀ ਬਹੁਤ ਆ ਹੋਈ ਬੇਲੀ।
ਅਫਸਰ ਬਣਨ ਕਾਕੇ ਮਾਇਆਧਾਰੀਆਂ ਦੇ,
ਸਾਜ਼ਿਸ਼ੀ ਹਰਕਤ ਨਾ ਜਾਏ ਲੁਕੋਈ ਬੇਲੀ।
ਲੀਕੇਜ ਪੇਪਰਾਂ ਦੀ ਜਿਸ ਤਰ੍ਹਾਂ ਗਈ ਕੀਤੀ,
ਲਾਹ ਕੇ ਜਿਸ ਤਰ੍ਹਾਂ ਸ਼ਰਮ ਦੀ ਲੋਈ ਬੇਲੀ।
ਹੋਏ ਫਿਰ ਨੰਗੇ ਆ ਦੌਲਤ ਕਮਾਉਣ ਵਾਲੇ,
ਜਾਣੀ ਕਰਤੂਤ ਨਾ ਕਿਸੇ ਤਰ੍ਹਾਂ ਧੋਈ ਬੇਲੀ।
ਬਣਿਆ ਕੇਸ ਤਾਂ ਪਹਿਲੀ ਨਾ ਵਾਰ ਬਣਿਆ,
ਏਦਾਂ ਦੇ ਕੇਸ ਤੋਂ ਨਹੀਂ ਘਬਰਾਉਣਗੇ ਉਹ।
ਜਿੱਦਾਂ ਅੱਗੇ ਸੀ ਮਾਇਆ ਨਾਲ ਰਹੇ ਬਚਦੇ,
ਓਹੋ ਫਿਰ ਪੈਸੇ ਦਾ ਮੀਂਹ ਵਰ੍ਹਾਉਣਗੇ ਉਹ।

-ਤੀਸ ਮਾਰ ਖਾਂ

## ਏਡਿਡ ਸੰਸਥਾਵਾਂ ਦੇ ਕਰਮਚਾਰੀਆਂ ਲਈ ਛੇਵਾਂ ਤਨਖਾਹ ਕਮਿਸ਼ਨ ਲਾਗੂ ਕਰਨ ਨੂੰ ਮਨਜ਼ੂਰੀ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਵੀਰਵਾਰ ਦੱਸਿਆ ਕਿ ਵਿੱਤ ਵਿਭਾਗ ਨੇ ਸੂਬੇ ਦੀਆਂ ਸਹਾਇਤਾ ਪ੍ਰਾਪਤ ਸੰਸਥਾਵਾਂ ਦੇ ਕਰਮਚਾਰੀਆਂ 'ਤੇ ਛੇਵੇਂ ਤਨਖਾਹ ਕਮਿਸ਼ਨ ਨੂੰ ਲਾਗੂ ਕਰਨ ਲਈ ਸਿਧਾਂਤਕ ਪ੍ਰਵਾਨਗੀ ਦੇ ਦਿੱਤੀ ਹੈ।

ਚੀਮਾ ਨੇ ਕਿਹਾ ਕਿ ਇਸ ਫੈਸਲੇ ਨਾਲ ਸਕੂਲ ਸਿੱਖਿਆ ਵਿਭਾਗ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਅਧੀਨ ਸਹਾਇਤਾ ਪ੍ਰਾਪਤ ਸਕੂਲਾਂ ਅਤੇ ਕਾਲਜਾਂ ਦੇ ਕਰਮਚਾਰੀਆਂ, ਉਚੇਰੀ ਸਿੱਖਿਆ ਵਿਭਾਗ ਅਧੀਨ ਇਨ੍ਹਾਂ ਸੰਸਥਾਵਾਂ ਦੇ ਗੈਰ-ਅਧਿਆਪਨ ਅਮਲੇ ਨੂੰ ਅਤੇ ਸਹਾਇਤਾ ਪ੍ਰਾਪਤ ਸਕੂਲਾਂ ਦੇ ਸੇਵਾਮੁਕਤ ਹੋਏ ਕਰਮਚਾਰੀਆਂ ਨੂੰ ਲਾਭ ਪਹੁੰਚੇਗਾ। ਉਨ੍ਹਾ ਕਿਹਾ ਕਿ ਸੰਬੰਧਤ ਪ੍ਰਸ਼ਾਸਨਿਕ ਵਿਭਾਗਾਂ ਨੂੰ ਸਹਾਇਤਾ ਪ੍ਰਾਪਤ ਸੰਸਥਾਵਾਂ ਦੇ ਇਨ੍ਹਾਂ ਕਰਮਚਾਰੀਆਂ ਅਤੇ ਸਹਾਇਤਾ ਪ੍ਰਾਪਤ ਸਕੂਲਾਂ ਦੇ ਸੇਵਾਮੁਕਤ ਵਿਅਕਤੀਆਂ 'ਤੇ ਛੇਵੇਂ ਤਨਖਾਹ ਕਮਿਸ਼ਨ ਨੂੰ ਲਾਗੂ ਕਰਨ ਲਈ ਨੋਟੀਫਿਕੇਸ਼ਨ ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਪ੍ਰਸ਼ਾਸਕੀ ਵਿਭਾਗ ਘਾਟੇ ਦੇ ਵਿਸ਼ਲੇਸ਼ਣ ਦਾ ਸਹੀ ਮੁਲਾਂਕਣ ਕਰਨ ਲਈ ਸਾਰੇ ਸਹਾਇਤਾ ਪ੍ਰਾਪਤ ਸਕੂਲਾਂ ਅਤੇ ਕਾਲਜਾਂ ਦੇ ਪਿਛਲੇ ਤਿੰਨ ਸਾਲਾਂ ਦੇ ਵਿੱਤੀ ਅੰਕੜਿਆਂ ਦੀ ਪੜਚੋਲ ਕਰਨਗੇ ਅਤੇ ਵਿੱਤੀ ਲੋੜਾਂ ਸਮੇਤ ਵਿਸਤ੍ਰਿਤ ਪ੍ਰਸਤਾਵ ਭੇਜਣਗੇ। ਵਿੱਤ ਮੰਤਰੀ ਨੇ ਕਿਹਾ ਕਿ ਪ੍ਰਸ਼ਾਸਕੀ ਵਿਭਾਗਾਂ ਦੇ ਪ੍ਰਸਤਾਵ 'ਤੇ ਵਿਚਾਰ ਕਰਨ ਤੋਂ ਬਾਅਦ ਵਿੱਤ ਵਿਭਾਗ ਇਨ੍ਹਾਂ ਸੰਸਥਾਵਾਂ ਨੂੰ ਵਿੱਤੀ ਮਨਜ਼ੂਰੀ ਦੇਵੇਗਾ।

ਵਿੱਤ ਮੰਤਰੀ ਚੀਮਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸਿੱਖਿਆ ਦੇ ਸੁਧਾਰ ਲਈ ਵਚਨਬੱਧਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਅਸੀਂ ਪਿਛਲੇ ਦੋ ਸਾਲਾਂ ਵਿੱਚ ਸੂਬੇ ਅੰਦਰ ਸਿੱਖਿਆ ਵਿੱਚ ਇੱਕ ਕ੍ਰਾਂਤੀ ਦੇਖੀ ਹੈ ਅਤੇ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਲਈ ਮਿਆਰੀ ਸਿੱਖਿਆ ਨੂੰ ਯਕੀਨੀ ਬਣਾਉਣ ਲਈ ਕਦਮ ਚੁੱਕਦੇ ਰਹਾਂਗੇ। ਉਨ੍ਹਾ ਕਿਹਾ ਕਿ ਸਿੱਖਿਆ ਖੇਤਰ ਦੇ ਵਿਕਾਸ ਲਈ ਲੋੜੀਂਦੇ ਫੰਡਾਂ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਫਰੀਦਾ ਦਰੀਆਵੈ ਕੰਨੈ ਬਗੁਲਾ ਬੈਠਾ ਕੇਲ ਕਰੇ॥ ਕੇਲ ਕਰੇਦੇ ਹੰਝ ਨੋ ਅਚਿੰਤੇ ਬਾਜ ਪਏ॥
ਬਾਜ ਪਏ ਤਿਸ ਰਬ ਦੇ ਕੇਲਾਂ ਵਿਸਰੀਆਂ। ਜੋ ਮਨਿ ਚਿਤਿ ਨ ਚੇਤੇ ਸਨਿ ਸੋ ਗਾਲੀ ਰਬ ਕੀਆਂ।

### ਪਾਠ ਦਾ ਭੋਗ ਅਤੇ ਅੰਤਿਮ ਅਰਦਾਸ



ਸਵ. ਸ. ਜਸਮੇਰ ਸਿੰਘ ਖਹਿਰਾ

ਆਪ ਜੀ ਨੂੰ ਬੜੇ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਹਰਮਨ ਪਿਆਰੇ

ਸ. ਜਸਮੇਰ ਸਿੰਘ ਖਹਿਰਾ
(ਸਪੁੱਤਰ ਸ. ਅਜਮੇਰ ਸਿੰਘ ਸ਼ੇਰੋਵਾਲੀਆ ਜੀ ਅਤੇ ਮੁਤਬੰਨਾ ਸਵ. ਉੱਜਲ ਸਿੰਘ ਖਾਲਸਾ)

ਮਿਤੀ 5 ਜੂਨ 2024, ਦਿਨ ਬੁੱਧਵਾਰ ਆਪਣੇ ਸਵਾਸਾਂ ਦੀ ਪੂੰਜੀ ਨੂੰ ਪੂਰਾ ਕਰਦੇ ਹੋਏ ਅਕਾਲਪੁਰਖ ਦੇ ਚਰਨਾ ਵਿੱਚ ਜਾ ਬਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰਖਾਏ ਗਏ

ਸ੍ਰੀ ਸਹਿਜ ਪਾਠ ਜੀ ਦਾ ਭੋਗ

ਮਿਤੀ 23 ਜੂਨ 2024, ਦਿਨ ਐਤਵਾਰ ਨੂੰ ਸਵੇਰੇ 11:30 ਵਜੇ ਸਾਡੇ ਨਿਵਾਸ ਅਸਥਾਨ ਖਾਲਸਾ ਫਾਰਮ, ਪੱਤੀ ਸ਼ਾਲਾ ਨਗਰ, ਮਲਸੀਆਂ (ਜਲੰਧਰ) ਵਿਖੇ ਪਵੇਗਾ।
ਉਪਰੰਤ 11-30 ਵਜੇ ਤੋਂ ਦੁਪਹਿਰ 1-00 ਵਜੇ ਤੱਕ ਸ਼ਬਦ ਕੀਰਤਨ ਅਤੇ ਅੰਤਿਮ ਅਰਦਾਸ ਹੋਵੇਗੀ।
ਆਪ ਜੀ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ।

ਗੁਰੂ ਦੇ ਭਾਣੇ ਵਿੱਚ :
ਸ. ਹਰਦੇਵ ਸਿੰਘ (ਲਾਡੀ ਸ਼ੇਰੋਵਾਲੀਆ) ਐਮ. ਐਲ. ਏ. ਹਲਕਾ ਸ਼ਾਹਕੋਟ
ਸਮੂਹ ਸ਼ੇਰੋਵਾਲੀਆ ਪਰਿਵਾਰ ਅਤੇ ਪੰਧੇਰ ਪਰਿਵਾਰ
ਸੰਪਰਕ ਨੰ. 98140-65988, 98144-65988

21-JUNE-PAGE-1.qxd 6/20/2024 10:24 PM Page 2



## ਠੰਢੇ ਨਿੰਬੂ ਪਾਣੀ ਦੀ ਛਬੀਲ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਅੱਤ ਦੀ ਪੈ ਰਹੀ ਗਰਮੀ ਦੇ ਚੱਲਦੇ ਜ਼ਿਲ੍ਹਾ ਪ੍ਰੀਸ਼ਦ ਸਵੀਮਿੰਗ ਪੂਲ ਜਿਥੇ ਬੱਚੇ ਅਤੇ ਨੌਜਵਾਨ ਸਵੀਮਿੰਗ ਸਿੱਖਣ ਅਤੇ ਅਭਿਆਸ ਕਰਦੇ ਹਨ, ਵਿੱਚ ਠੰਢਾ ਨਿੰਬੂ ਪਾਣੀ ਦੀ ਛਬੀਲ ਲਾਈ ਗਈ। ਇਸ ਛਬੀਲ ਦਾ ਆਯੋਜਨ ਗਗਨ ਮਾਟਾ ਸਵੀਮਿੰਗ ਕੋਚ ਦੇ ਨਿਰਦੇਸ਼ 'ਤੇ ਦਲੀਪ ਕੁਮਾਰ ਸਵੀਮਿੰਗ ਪੂਲ ਦੇ ਇੰਚਾਰਜ਼ ਵੱਲੋਂ ਕੀਤਾ ਗਿਆ। ਇਸ ਮੌਕੇ ਛੋਟੇ ਬੱਚਿਆਂ ਦੇ ਕੋਚ ਬਜਿੰਦਰ ਕੁਮਾਰ ਵੀ ਹਾਜ਼ਰ ਸਨ। ਇਸ ਛਬੀਲ ਦਾ ਆਨੰਦ ਪੂਲ ਦੇ ਨਾਲ ਲੱਗਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿਚ ਪ੍ਰੈਕਟਿਸ ਹਾਕੀ ਤੇ ਦੂਜੀਆਂ ਖੇਡਾਂ ਦੇ ਖਿਡਾਰੀਆਂ ਵੱਲੋਂ ਵੀ ਲਿਆ ਗਿਆ। ਇਸ ਮੌਕੇ ਖਿਡਾਰੀਆਂ ਦੀ ਵਿਸ਼ੇਸ਼ ਰੂਪ ਵਿਚ ਸੇਵਾ ਮਨੀਸ਼ ਬਹਿਲ, ਸੰਦੀਪ ਹਾਂਡਾ, ਪਿਆਰਾ ਸਿੰਘ ਮਠਾੜੂ ਆਦਿ ਵੱਲੋਂ ਕੀਤਾ ਗਿਆ। ਇਸ ਕਾਰਜ ਦੀ ਪ੍ਰੈਕਟਿਸ ਕਰਨ ਵਾਲੇ ਖਿਡਾਰੀਆਂ ਤੇ ਬੱਚਿਆਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ।

## ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਸਫ਼ਲਤਾ ਮਿਲਣੀ ਸ਼ੁਰੂ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਿੱਚੋਂ ਨਸ਼ਿਆਂ ਨੂੰ ਜੜ ਤੋਂ ਖਤਮ ਕਰਨ ਲਈ ਦਿੱਤੇ ਬਿਆਨ ਤੇ ਅਮਲ ਕਰਦਿਆਂ ਡੀ ਜੀ ਪੀ ਪੰਜਾਬ ਪੁਲਿਸ ਦੀ ਅਗਵਾਈ ਹੇਠ ਪੰਜਾਬ ਪੁਲਸ ਵੱਲੋਂ ਪੰਜਾਬ ਵਿੱਚੋਂ ਨਸ਼ਿਆਂ ਨੂੰ ਜੜ ਤੋਂ ਖ਼ਤਮ ਕਰਨ ਲਈ ਵਿੱਢੀ ਮੁਹਿੰਮ ਤਹਿਤ ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ ਦੇ ਨਿਰਦੇਸ਼ਾਂ ਤਹਿਤ ਡੀ ਐਸ ਪੀ ਨੇਹਾ ਅਗਰਵਾਲ ਦੀ ਅਗਵਾਈ ਹੇਠ ਅਵਤਾਰ ਸਿੰਘ ਇੰਚਾਰਜ ਥਾਣਾ ਸਦਰ ਸਮਾਣਾ ਦੀ ਨਿਗਰਾਨੀ 'ਚ ਸਦਰ ਪੁਲਸ ਨੇ ਇੱਕ ਵਿਅਕਤੀ ਨੂੰ 10 ਗ੍ਰਾਮ ਚਿੱਟੇ ਸਣੇ ਕਾਬੂ ਕਰਕੇ ਉਸ ਦੇ ਖਿਲਾਫ ਨਸ਼ਾ ਵਿਰੋਧੀ ਐਕਟ ਦੀਆਂ ਧਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ।ਮੁਲਜ਼ਮ ਦੀ ਪਛਾਣ ਸੋਨੀ ਸਿੰਘ ਨਿਵਾਸੀ ਪਿੰਡ ਬਿਜਲਪੁਰ ਵਜੋਂ ਹੋਈ।ਮਾਮਲੇ ਦੇ ਜਾਂਚ ਅਧਿਕਾਰੀ ਏ.ਐਸ.ਆਈ ਲਾਭ ਸਿੰਘ ਨੇ ਦੱਸਿਆ ਕਿ ਉਹਨਾਂ ਦੀ ਪੁਲਸ ਪਾਰਟੀ ਪਿੰਡ ਚੁਪਕੀ-ਬਿਜਲਪੁਰ ਰਾਸਤੇ 'ਤੇ ਗਸ਼ਤ ਕਰ ਰਹੀ ਸੀ ਤਾਂ ਉਨ੍ਹਾਂ ਨੂੰ ਮਿਲੀ ਗੁਪਤ ਸੂਚਨਾ ਦੇ ਆਧਾਰ 'ਤੇ ਉਨ੍ਹਾਂ ਦੀ ਪੁਲਸ ਪਾਰਟੀ ਨੇ ਨਾਕਾਬੰਦੀ ਕਰਕੇ ਇੱਕ ਵਿਅਕਤੀ ਨੂੰ ਸ਼ੱਕ ਦੇ ਆਧਾਰ ਤੇ ਰੋਕਿਆ ਤੇ ਚੈੱਕ ਕਰਨ ਤੇ ਉਸ ਪਾਸੋਂ 10 ਗ੍ਰਾਮ ਚਿੱਟਾ (ਹੈਰੋਇਨ) ਬਰਾਮਦ ਹੋਣ ਤੇ ਉਸ ਨੂੰ ਹਿਰਾਸਤ 'ਚ ਲੈ ਲਿਆ।ਪੁਲਸ ਅਧਿਕਾਰੀ ਅਨੁਸਾਰ ਮੁਲਜ਼ਮ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰ ਪੁੱਛਗਿੱਛ ਲਈ ਰਿਮਾਂਡ ਲਿਆ ਜਾਵੇਗਾ।ਉਨ੍ਹਾਂ ਦੱਸਿਆ ਕਿ ਮੁਲਜ਼ਮ ਤੇ ਪਹਿਲਾਂ ਵੀ ਨਸ਼ਾ ਵਿਰੋਧੀ ਐਕਟ ਦੀਆਂ ਧਾਰਾਵਾਂ ਤਹਿਤ ਮਾਮਲੇ ਦਰਜ ਹਨ।

## ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਰੋਪੜ ਰੋਡ 'ਤੇ ਸਥਿਤ ਬਰਫ਼ ਦਾ ਕਾਰਖਾਨਾ ਵਿਖੇ ਦੁਕਾਨਦਾਰਾਂ ਵੱਲੋਂ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਸੰਬੰਧੀ ਗੱਲ ਕਰਦਿਆਂ ਜੱਗੀ ਵਿਰਦੀ ਨੇ ਦੱਸਿਆ ਕਿ ਠੰਢੇ-ਮਿੱਠੇ ਜਲ ਦੀ ਛਬੀਲ ਪੰਜਵੇਂ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਤ ਸੀ। ਇਸ ਮੌਕੇ ਸੇਵਾ ਕਰਨ ਵਾਲਿਆਂ ਵਿੱਚ ਗਿਆਨ ਚੰਦ ਵਿਰਦੀ, ਜਗਦੀਪ ਸਿੰਘ ਵਿਰਦੀ, ਦਿਲਪ੍ਰੀਤ ਸਿੰਘ ਵਿਰਦੀ, ਅੰਗਰੇਜ਼ ਸਿੰਘ, ਪਰਮਜੀਤ ਸਿੰਘ ਪੰਮਾ, ਸੰਜੀਵ ਕੁਮਾਰ, ਗੁਰਪ੍ਰੀਤ ਸਿੰਘ ਆਦਿ ਮੌਜੂਦ ਸਨ।

## ਕਰਿਆਨਾ ਵਪਾਰੀਆਂ ਨੂੰ ਫੂਡ ਸੇਫਟੀ ਗਾਈਡਲਾਈਨ ਬਾਰੇ ਕੀਤਾ ਜਾਗਰੂਕ



**ਜਗਰਾਓਂ (ਅਮਿਤ ਖੰਨਾ)**-ਫੂਡ ਸੇਫਟੀ ਵਿਭਾਗ ਲੁਧਿਆਣਾ ਵੱਲੋਂ ਜਗਰਾਓਂ ਦੇ ਕਰਿਆਨਾ ਵਪਾਰੀਆਂ ਨੂੰ ਫੂਡ ਸੇਫਟੀ ਗਾਈਡਲਾਈਨ ਬਾਰੇ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਇਆ ਗਿਆ।ਇਸ ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਸਿਹਤ ਅਫਸਰ ਡਾ: ਰਿਪੁਦਮਨ, ਫੂਡ ਸੇਫਟੀ ਅਫਸਰ ਗੌਰਵ ਕੁਮਾਰ ਤੇ ਸਤਵਿੰਦਰ ਸਿੰਘ ਨੇ ਸ਼ਿਰਕਤ ਕੀਤੀ ਅਤੇ ਵਪਾਰੀਆਂ ਨੂੰ ਫੂਡ ਸੇਫਟੀ ਬਾਰੇ ਜਾਗਰੂਕ ਕਰਦੇ ਹੋਏ ਕਿਹਾ ਕਿ ਹਰ ਵਪਾਰੀ ਲਈ ਲਾਇਸੈਂਸ/ਰਜਿਸਟ੍ਰੇਸ਼ਨ ਹੋਣੀ ਬਹੁਤ ਜ਼ਰੂਰੀ ਹੈ।ਰਜਿਸਟ੍ਰੇਸ਼ਨ/ਲਾਇਸੈਂਸ ਬਿਨਾਂ ਕੋਈ ਵੀ ਦੁਕਾਨਦਾਰ ਖਾਣ-ਪੀਣ ਦਾ ਸਾਮਾਨ ਨਹੀਂ ਵੇਚ ਸਕਦਾ।ਅਧਿਕਾਰੀਆਂ ਵੱਲੋਂ ਦੁਕਾਨਦਾਰਾਂ ਨੂੰ ਕੋਈ ਵੀ ਮਿਲਾਵਟੀ ਸਾਮਾਨ ਨਾ ਵੇਚਣ ਦੀ ਹਦਾਇਤ ਵੀ ਜਾਰੀ ਕੀਤੀ ਗਈ।ਇਸ ਮੌਕੇ ਰਿਟੇਲ ਕਰਿਆਨਾ ਐਸੋਸੀਏਸ਼ਨ ਦੇ ਪ੍ਰਧਾਨ ਮਨੋਹਰ ਸਿੰਘ ਟੱਕਰ ਨੇ ਫੂਡ ਸੇਫਟੀ ਵਿਭਾਗ ਦੇ ਅਧਿਕਾਰੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਯੂਨੀਅਨ ਦਾ ਹਰ ਮੈਂਬਰ ਫੂਡ ਸੇਫਟੀ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਨ ਲਈ ਵਚਨਬੱਧ ਹੈ ਤੇ ਯੂਨੀਅਨ ਵੱਲੋਂ ਸਮੇਂ-ਸਮੇਂ 'ਤੇ ਦੁਕਾਨਦਾਰਾਂ ਨੂੰ ਮਿਲਾਵਟੀ ਸਾਮਾਨ ਨਾ ਵੇਚਣ ਦੇ ਨਿਰਦੇਸ਼ ਜਾਰੀ ਕੀਤੇ ਜਾਂਦੇ ਹਨ।ਇਸ ਮੌਕੇ ਯੂਨੀਅਨ ਦੇ ਵਾਈਸ ਪ੍ਰਧਾਨ ਇਕਬਾਲ ਸਿੰਘ ਤੇ ਪ੍ਰਵੀਨ ਜੈਨ, ਜਨਰਲ ਸਕੱਤਰ ਵਿਨੋਦ ਕੁਮਾਰ, ਕੈਸ਼ੀਅਰ ਸੰਜੀਵ ਕੁਮਾਰ ਬੌਬੀ, ਨਵਨੀਤ ਮੰਗਲਾ, ਹਰੀਸ਼ ਕੁਮਾਰ, ਕਸ਼ਿਸ਼ ਸਿੰਘਲਾ ਸਮੇਤ ਕਰਿਆਨਾ ਵਪਾਰੀ ਸੀ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਮੈਡੀਕਲ ਤੇ ਖ਼ੂਨਦਾਨ ਕੈਂਪ



**ਬੁਢਲਾਡਾ (ਅਸ਼ੋਕ ਲਾਕੜਾ)**-ਗੁਰਦੁਆਰਾ ਸਾਹਿਬ ਨੌਵੀਂ ਪਾਤਸ਼ਾਹੀ ਪਿੰਡ ਬਰ੍ਹੇ ਵਿਖੇ ਨਿਮਾਨੀ ਇਕਾਦਸ਼ੀ ਮੌਕੇ ਤਿੰਨ ਦਿਨਾਂ ਜੋੜ ਮੇਲੇ ਤੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਬੁਢਲਾਡਾ ਵੱਲੋਂ ਮੁਫ਼ਤ ਮੈਡੀਕਲ ਜਾਂਚ ਕੈਂਪ ਲਗਾਇਆ ਗਿਆ।ਮੇਲੇ ਦੇ ਤੀਸਰੇ ਦਿਨ ਸਰਾਂ ਹਸਪਤਾਲ ਮਾਨਸਾ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਵੀ ਲਗਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਪ੍ਰਧਾਨ ਗੁਰਜੀਤ ਸਿੰਘ ਬਰ੍ਹੇ ਤੇ ਖਜ਼ਾਨਚੀ ਨਾਇਬ ਸਿੰਘ ਅਹਿਮਦਪੁਰ ਨੇ ਦੱਸਿਆ ਕਿ ਮੈਡੀਕਲ ਕੈਂਪ ਦੌਰਾਨ ਜਿੱਥੇ ਸ਼ਰਧਾਲੂਆਂ ਨੂੰ ਸ਼ੂਗਰ, ਬਲੱਡ ਪਰੈਸ਼ਰ, ਦਰਦ ਤੇ ਹੋਰ ਅਨੇਕਾਂ ਬਿਮਾਰੀਆਂ ਦੀ ਜਾਂਚ ਕਰਕੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ।ਮੇਲੇ ਦੇ ਅਖੀਰਲੇ ਦਿਨ ਖ਼ੂਨਦਾਨ ਕੈਂਪ ਲਗਾ ਕੇ ਲੱਗਭਗ 25 ਖ਼ੂਨਦਾਨੀਆਂ ਨੌਜਵਾਨਾਂ ਵੱਲੋਂ ਖ਼ੂਨ ਦਾਨ ਕੀਤਾ ਗਿਆ।ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸੁਖਪਾਲ ਸਿੰਘ ਬਰ੍ਹੇ ਤੇ ਪਿੰਡ ਨਿਵਾਸੀਆਂ ਦਾ ਪੂਰਨ ਸਹਿਯੋਗ ਮਿਲਿਆ, ਉੱਥੇ ਹੀ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸੁਖਪਾਲ ਸਿੰਘ ਬਰ੍ਹੇ ਵੱਲੋਂ ਐਸੋਸੀਏਸ਼ਨ, ਸਮੁੱਚੀ ਟੀਮ ਤੇ ਸਰ੍ਹਾਂ ਹਸਪਤਾਲ ਦੇ ਪ੍ਰਬੰਧਕਾਂ ਦਾ ਵੀ ਧੰਨਵਾਦ ਕੀਤਾ।ਇਸ ਮੌਕੇ ਲੱਖਾ ਸਿੰਘ, ਹਰਜਿੰਦਰ ਸਿੰਘ, ਰਾਮ ਸਿੰਘ, ਗੁਰਪ੍ਰੀਤ ਸਿੰਘ, ਕਮਲਜੀਤ ਕੌਰ, ਜਗਦੇਵ ਖ਼ਾਨ, ਬੂਟਾ ਸਿੰਘ ਸਸਪਾਲੀ, ਸੁਖਚੈਨ ਸਿੰਘ, ਅਸ਼ੋਕ ਕੁਮਾਰ ਟਾਹਲੀਆਂ ਤੇ ਮਨਪ੍ਰੀਤ ਸਿੰਘ ਛੀਨਾ ਆਦਿ ਨੇ ਇਸ ਵਿੱਚ ਹਿੱਸਾ ਲਿਆ।

## ਜ਼ਿਲ੍ਹਾ ਸੈਸ਼ਨ ਜੱਜ ਵੱਲੋਂ ਬਿਰਧ ਆਸ਼ਰਮ ਦਾ ਦੌਰਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ (ਮੋਹਾਲੀ) ਦੀਆਂ ਹਦਾਇਤਾਂ ਅਨੁਸਾਰ ਸ੍ਰੀ ਰਾਜ ਕੁਮਾਰ, ਮਾਣਯੋਗ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਸਾਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਵੱਲੋਂ ਜਲਾਲਾਬਾਦ ਰੋਡ ਸਥਿਤ ਬਿਰਧ ਆਸ਼ਰਮ ਦਾ ਦੌਰਾ ਕੀਤਾ ਗਿਆ।ਇਸ ਮੌਕੇ ਗੀਤੂ ਗਰਗ ਪਤਨੀ ਸ੍ਰੀ ਰਾਜ ਕੁਮਾਰ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਸਾਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਦੌਰਾਨ ਉਨ੍ਹਾ ਉੱਥੇ ਰਹਿ ਰਹੇ ਬਜ਼ੁਰਗਾਂ ਨਾਲ ਨਿੱਜੀ ਤੌਰ 'ਤੇ ਗੱਲਬਾਤ ਕੀਤੀ ਤੇ ਉਨ੍ਹਾਂ ਦੀ ਤੰਦਰੁਸਤੀ ਦੀ ਕਾਮਨਾ ਕੀਤੀ।ਇਸ ਤੋਂ ਇਲਾਵਾ ਜੱਜ ਸਾਹਿਬ ਨੇ ਉਨ੍ਹਾਂ ਦੇ ਹੱਕਾਂ ਸਬੰਧੀ ਵੀ ਜਾਣਕਾਰੀ ਦਿੱਤੀ।ਇਸ ਦੌਰਾਨ ਬਜ਼ੁਰਗਾਂ ਨੂੰ ਦਿੱਤੀ ਜਾਣ ਵਾਲੀ ਮੈਡੀਕਲ ਸਹੂਲਤ ਤੇ ਖਾਣੇ ਦਾ ਵੀ ਨਰੀਖਣ ਕੀਤਾ ਗਿਆ।

# ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਨੇ ਸੌਂਪਿਆ ਐੱਸ ਡੀ ਐੱਮ ਨੂੰ ਮੰਗ ਪੱਤਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਇਫਟੂ ਸ੍ਰੀ ਮੁਕਤਸਰ ਸਾਹਿਬ ਵੱਲੋਂ ਇੱਕ ਮੰਗ ਪੱਤਰ ਐੱਸ ਡੀ ਐੱਮ ਬਲਜੀਤ ਕੌਰ ਸ੍ਰੀ ਮੁਕਤਸਰ ਸਾਹਿਬ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਮ ਸੌਂਪਿਆ ਗਿਆ।ਮੰਗ ਪੱਤਰ ਦੇਣ ਸਮੇਂ ਆਗੂਆਂ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਬਣਾਏ ਗਏ ਚਾਰ ਕਾਨੂੰਨ ਮਿਸਤਰੀ ਮਜ਼ਦੂਰਾਂ ਦੇ ਬਿਲਕੁੱਲ ਉਲਟ ਹਨ।ਉਨ੍ਹਾਂ ਕਿਹਾ ਕਿ ਮਜ਼ਦੂਰਾਂ ਦੀ ਆਰਥਿਕ ਹਾਲਤ ਪਹਿਲਾਂ ਹੀ ਮਾੜੀ ਹੈ, ਅਜਿਹੇ 'ਚ ਇਸ ਤਰ੍ਹਾਂ ਦੇ ਕਾਨੂੰਨ ਲਿਆ ਕੇ ਮਜ਼ਦੂਰਾਂ ਨੂੰ ਹੋਰ ਵੀ ਨਿਘਾਰ ਵੱਲ ਧੱਕਿਆ ਜਾ ਰਿਹਾ ਹੈ।ਉਨ੍ਹਾਂ ਮੰਗ ਕੀਤੀ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇੱਕ ਮਤਾ ਪਾ ਕੇ ਕੇਂਦਰ ਸਰਕਾਰ ਕੋਲ ਪਹੁੰਚ ਕਰਕੇ ਇਹ ਚਾਰ ਕਾਨੂੰਨ ਰੱਦ ਕਰਵਾਉਣ।ਉਨ੍ਹਾਂ ਇਹ ਵੀ ਮੰਗ ਕੀਤੀ ਕਿ ਉਸਾਰੀ ਕਿਰਤੀਆਂ ਦੇ ਲਾਭ ਪਾਤਰੀ ਕਾਰਡਾਂ ਦੀ ਬਕਾਇਆ ਪੈਨਸ਼ਨ, ਵਜ਼ੀਫ਼ਾ, ਐਕਸਗ੍ਰੇਸ਼ੀਆ ਗ੍ਰਾਂਟ ਤੇ ਸ਼ਗਨ ਸਕੀਮ ਦੀ ਬਕਾਇਆ ਰਾਸ਼ੀ ਖਾਤਿਆਂ 'ਚ ਪਾਈ ਜਾਵੇ।ਇਸ ਮੌਕੇ ਯੂਨੀਅਨ ਦੇ ਪ੍ਰਧਾਨ ਦਲਜੀਤ ਸਿੰਘ ਵਿਰਦੀ, ਕੁਲਵੰਤ ਸਿੰਘ ਕਾਲਾ, ਕੁਲਦੀਪ ਸਿੰਘ ਕਲਸੀ, ਮਨਮੋਹਨ ਸਿੰਘ, ਨਿਰਮਲ ਸਿੰਘ, ਜੱਜ ਸਿੰਘ, ਸ਼ਮਿੰਦਰ ਸਿੰਘ, ਨਿਸ਼ਾਨ ਸਿੰਘ, ਜਸਵੀਰ ਸਿੰਘ ਤੋਂ ਇਲਾਵਾ ਹੋਰ ਆਗੂ ਹਾਜ਼ਰ ਸਨ।

## ਬਿਜਲੀ ਦੇ ਅਣ-ਐਲਾਨੇ ਕੱਟਾਂ ਕਾਰਨ ਲੋਕ ਹੋ ਰਹੇ ਪ੍ਰੇਸ਼ਾਨ : ਤਿਵਾੜੀ



**ਕੋਟ ਈਸੇ ਖਾਂ (ਅਰੋੜਾ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਕ੍ਰਿਸ਼ਨ ਤਿਵਾੜੀ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇੱਕ ਪਾਸੇ ਤਾਂ ਤਪਦੀ ਗਰਮੀ ਕਾਰਨ ਲੋਕਾਂ ਦਾ ਜਿਉਣਾ ਮੁਹਾਲ ਹੋਇਆ ਪਿਆ ਹੈ ਅਤੇ ਲੋਕ ਗਰਮੀ ਤੇ ਵਰ੍ਹ ਰਹੀ ਲੂ ਕਾਰਨ ਪ੍ਰੇਸ਼ਾਨ ਹੋ ਰਹੇ ਹਨ, ਉਥੇ ਹੀ ਬਿਜਲੀ ਵਿਭਾਗ ਵੱਲੋਂ ਅਣ-ਐਲਾਨੇ ਕੱਟ ਲਗਾਏ ਜਾ ਰਹੇ ਹਨ, ਜਿਸ ਕਾਰਨ ਲੋਕਾਂ ਦੀਆਂ ਮੁਸ਼ਕਲਾਂ ਵਿੱਚ ਵਾਧਾ ਹੋ ਰਿਹਾ ਹੈ, ਕਿਉਂਕਿ ਬਿਜਲੀ ਵਿਭਾਗ ਵੱਲੋਂ ਲਗਾਏ ਜਾ ਰਹੇ ਕੱਟਾਂ ਕਾਰਨ ਲੋਕ ਘਰਾਂ ਵਿੱਚ ਪਾਣੀ ਵੀ ਨਹੀਂ ਭਰ ਪਾਉਂਦੇ, ਜਿਸ ਕਾਰਨ ਕਈ ਘਰ ਪਾਣੀ ਪੀਣ ਤੇ ਨਹਾਉਣ ਧੋਣ ਵੀ ਔਖੇ ਹੋ ਗਏ ਹਨ। ਉਨ੍ਹਾ ਕਿਹਾ ਕਿ ਇੱਕ ਪਾਸੇ ਤਾਂ ਪੰਜਾਬ ਸਰਕਾਰ ਬਿਜਲੀ ਵਾਧੂ ਹੋਣ ਦੇ ਦਾਅਵੇ ਕਰਦੀ ਹੈ, ਪਰ ਇਹ ਦਾਅਵੇ ਉਸ ਸਮੇਂ ਫੋਕੇ ਜਾਪਦੇ ਹਨ, ਜਦੋਂ ਮਹਿਕਮੇ ਵੱਲੋਂ ਅਣ-ਐਲਾਨੇ ਕੱਟ ਲਗਾ ਦਿੱਤੇ ਜਾਂਦੇ ਹਨ ਅਤੇ ਕਈ ਕਈ ਘੰਟੇ ਲੋਕਾਂ ਨੂੰ ਬਿਜਲੀ ਆਉਣ ਦਾ ਇੰਤਜ਼ਾਰ ਕਰਨਾ ਪੈਂਦਾ ਹੈ। ਦੂਸਰੇ ਪਾਸੇ ਬਿਜਲੀ ਨਾ ਆਉਣ ਕਾਰਨ ਖੇਤਾਂ ਵਾਲੀ ਮੋਟਰ ਵੀ ਨਹੀਂ ਚੱਲਦੀ, ਜਿਸ ਕਾਰਨ ਕਿਸਾਨ ਭਰਾਵਾਂ ਨੂੰ ਵੀ ਆਪਣੀ ਜ਼ਮੀਨ ਨੂੰ ਪਾਣੀ ਲਾਉਣ ਵਿੱਚ ਮੁਸ਼ਕਲ ਆ ਰਹੀ ਹੈ, ਉਥੇ ਹੀ ਸਰਕਾਰ ਵੱਲੋਂ ਕੁੱਝ ਦਿਨ ਪਹਿਲਾ ਬਿਜਲੀ ਦੀਆਂ ਯੂਨਿਟਾਂ ਵਿੱਚ ਇਜ਼ਾਫਾ ਕਰਕੇ ਲੋਕਾਂ 'ਤੇ ਵਾਧੂ ਬੋਝ ਪਾਇਆ ਹੈ। ਉਨ੍ਹਾ ਮੰਗ ਕੀਤੀ ਕਿ ਜੋ ਪਿੰਡਾਂ ਤੇ ਸ਼ਹਿਰਾਂ ਦੀ ਬਿਜਲੀ ਸਪਲਾਈ ਵਿੱਚ ਸਮੱਸਿਆ ਆ ਰਹੀ ਹੈ, ਉਸ ਨੂੰ ਜਲਦੀ ਹੱਲ ਕੀਤਾ ਜਾਵੇ।

## ਠੰਢੇ ਮਿੱਠੇ ਜਲ ਦੀ ਛਬੀਲ ਤੇ ਪੌਦਿਆਂ ਦਾ ਲੰਗਰ ਲਗਾਇਆ

**ਜਲਾਲਾਬਾਦ (ਜੀਤ ਕੁਮਾਰ)**-ਸਮਾਜ ਸੇਵੀ ਸੰਸਥਾ ਭਾਰਤ ਵਿਕਾਸ ਪ੍ਰੀਸ਼ਦ ਜਲਾਲਾਬਾਦ ਵੱਲੋਂ ਸ੍ਰੀ ਰਾਮ ਸ਼ਰਨਮ ਕਲੋਨੀ ਦੇ ਮੇਨਗੇਟ ਤੇ ਫਿਰੋਜ਼ਪੁਰ-ਫਾਜ਼ਿਲਕਾ ਰੋਡ 'ਤੇ ਬਰਾਂਚ ਪ੍ਰਧਾਨ ਰੋਸ਼ਨ ਲਾਲ ਅਸੀਜਾ ਦੀ ਅਗਵਾਈ ਹੇਠ ਅੱਤ ਦੀ ਗਰਮੀ ਵਿੱਚ ਰਾਹਗੀਰਾਂ ਦੀ ਪਿਆਸ ਨੂੰ ਵੇਖਦੇ ਹੋਏ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਤੇ ਵਾਤਾਵਰਣ ਨੂੰ ਸ਼ੁੱਧ ਕਰਨ ਲਈ ਪੌਦਿਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਵੱਖ ਵੱਖ ਤਰ੍ਹਾਂ ਦੇ ਤਕਰੀਬਨ 2000 ਪੌਦੇ ਵੀ ਲੋਕਾਂ ਨੂੰ ਵੰਡੇ ਗਏ। ਇਸ ਮੌਕੇ ਜਿੱਥੇ ਅਣਗਿਣਤ ਲੋਕਾਂ ਨੇ ਅੱਤ ਦੀ ਗਰਮੀ ਵਿੱਚ ਆਪਣੀ ਪਿਆਸ ਬੁਝਾਈ, ਉੱਥੇ ਹੀ ਪੌਦੇ ਲਗਾਉਣ ਦਾ ਫਾਇਦਾ ਵੀ ਉਠਾਇਆ। ਇਸ ਮੌਕੇ ਪਿੰਡ ਸ੍ਰੀ ਰਾਮ ਸ਼ਰਨਮ ਕਲੋਨੀ ਵਿੱਚ ਸਥਿਤ ਸ੍ਰੀ ਵਿਸ਼ਵੇਸ਼ਵਰ ਮਹਾਂਦੇਵ ਮੰਦਿਰ ਦੇ ਵਿਹੜੇ ਵਿੱਚ ਤੇ ਰਾਮ ਸ਼ਰਨਮ ਕਲੋਨੀ ਦੇ ਪਾਰਕ ਵਿੱਚ ਪੌਦੇ ਵੀ ਲਗਾਏ ਗਏ। ਇਸ ਸਮੇਂ ਬਰਾਂਚ ਪ੍ਰਧਾਨ ਰੋਸ਼ਨ ਲਾਲ ਅਸੀਜਾ, ਸਕੱਤਰ ਗੁਰਮੀਤ ਮਦਾਨ, ਖਜ਼ਾਨਚੀ ਸੁਰੇਸ਼ ਗਾਬਾ, ਸੂਬਾ ਮੀਤ ਪ੍ਰਧਾਨ ਦਵਿੰਦਰ ਕੁੱਕੜ, ਪ੍ਰਵੇਸ਼ ਖੰਨਾ, ਨਰੇਸ਼ ਕੁੱਕੜ, ਅਸ਼ੋਕ ਦੂਮੜਾ, ਰਜੇਸ਼ ਪਰੂਥੀ, ਤਰਸੇਮ ਵਿਖੌਨਾ, ਮਦਨ ਲਾਲ ਦੂਮੜਾ ਤੇ ਉਦਯੋਗਪਤੀ ਜਗਦੀਸ਼ ਘੀਕ, ਰਮੇਸ਼ ਸਿਡਾਨਾ, ਡਾ. ਰਾਜ ਮਹਿਰੋਕ, ਲਲਿਤ ਗਾਂਧੀ, ਪ੍ਰੇਮ ਛਾਬੜਾ, ਪ੍ਰਕਾਸ਼ ਦੋਸ਼ੀ, ਸਾਜਨ ਚੁੱਘ, ਕੇਵਲ ਸੁਖੀਜਾ, ਰਾਜਨ ਸਿਡਾਨਾ, ਪੁਨੀਤ ਮੋਂਗਾ, ਸੁਖਜਿੰਦਰ ਸਿੰਘ ਤੇ ਜਸ਼ਨ ਬਜਾਜ ਵਲੰਟੀਅਰ ਆਦਿ ਹਾਜ਼ਰ ਹੋਏ।



# ਸ਼ਰਾਬ ਦੀਆਂ 210 ਪੇਟੀਆਂ ਸਮੇਤ ਗ੍ਰਿਫ਼ਤਾਰ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਨਜਾਇਜ਼ ਸ਼ਰਾਬ ਦੀ ਭਰੀ ਬੋਲੈਰੋ ਪਿੱਕਅੱਪ ਗੱਡੀ ਸਮੇਤ ਖੇੜਾ ਚੌਕੀ ਦੀ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਡੀ.ਐੱਸ.ਪੀ. ਖਮਾਣੋਂ ਦਵਿੰਦਰ ਕੁਮਾਰ ਚੌਧਰੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੁਖਬਰ ਤੋਂ ਮਿਲੀ ਸੂਚਨਾ ਦੇ ਆਧਾਰ 'ਤੇ ਖੇੜਾ ਪੁਲਸ ਚੌਕੀ ਦੇ ਇੰਚਾਰਜ ਥਾਣੇਦਾਰ ਬਲਜਿੰਦਰ ਸਿੰਘ ਵੱਲੋਂ ਆਬਕਾਰੀ ਵਿਭਾਗ ਦੇ ਇੰਸਪੈਕਟਰ ਬਲਦੇਵ ਸਿੰਘ ਤੇ ਮਨਪ੍ਰੀਤ ਸਿੰਘ ਮਾਨ ਨੂੰ ਨਾਲ ਲੈ ਕੇ ਹੰਸਾਲੀ-ਬਡਾਲੀ ਰੋਡ 'ਤੇ ਨਵੀਂ ਬਣ ਰਹੀ ਸੜਕ ਨਜ਼ਦੀਕ ਨਾਕਾਬੰਦੀ ਕੀਤੀ ਗਈ ਸੀ, ਜਿਸ ਦੌਰਾਨ ਚੰਡੀਗੜ੍ਹ ਵੱਲੋਂ ਆ ਰਹੀ ਬੋਲੈਰੋ ਪਿੱਕਅਪ ਗੱਡੀ ਨੰਬਰ ਪੀ.ਬੀ.11ਡੀ.ਈ-2875 ਨੂੰ ਚੈਕਿੰਗ ਲਈ ਰੋਕਿਆ ਗਿਆ, ਜਿਸ ਦੇ ਚਾਲਕ ਨੇ ਪੁੱਛੇ ਜਾਣ 'ਤੇ ਆਪਣੀ ਪਹਿਚਾਣ ਰਾਹੁਲ ਕੁਮਾਰ ਵਾਸੀ ਪਿੰਡ ਮਾਨਗੜ੍ਹ ਵਜੋਂ ਦੱਸੀ।ਉਕਤ ਗੱਡੀ ਦੀ ਤਲਾਸ਼ੀ ਦੌਰਾਨ ਚੰਡੀਗੜ੍ਹ 'ਚ ਵਿਕਣਯੋਗ ਸ਼ਰਾਬ ਦੀਆਂ 200 ਪੇਟੀਆਂ (2400 ਬੋਤਲਾਂ) 111 ਏਸ ਵਿਸਕੀ ਤੇ 10 ਪੇਟੀਆਂ (120 ਬੋਤਲਾਂ) ਸੁਪਰੀਮ ਵਿਸਕੀ ਬਰਾਮਦ ਹੋਈਆਂ।

ਡੀ.ਐੱਸ.ਪੀ. ਨੇ ਦੱਸਿਆ ਕਿ ਇਸ ਸਬੰਧੀ ਥਾਣਾ ਬਡਾਲੀ ਆਲਾ ਸਿੰਘ ਵਿਖੇ ਅ/ਧ 61/1/14 ਆਬਕਾਰੀ ਐਕਟ ਤਹਿਤ ਦਰਜ ਕਰਵਾਏ ਗਏ ਮੁਕੱਦਮੇ 'ਚ ਗ੍ਰਿਫ਼ਤਾਰ ਕੀਤੇ ਗਏ ਰਾਹੁਲ ਕੁਮਾਰ ਨੇ ਮੁੱਢਲੀ ਪੁੱਛਗਿੱਛ ਦੌਰਾਨ ਪੁਲਸ ਨੂੰ ਦੱਸਿਆ ਕਿ ਉਹ ਇਹ ਸ਼ਰਾਬ ਚੰਡੀਗੜ੍ਹ ਦੇ ਸੈਕਟਰ 37 ਦੇ ਠੇਕੇ ਤੋਂ ਲੈ ਕੇ ਆਇਆ ਸੀ, ਜਿਸ ਦੀ ਸਪਲਾਈ ਉਸ ਨੇ ਢੰਡਾਰੀ ਕਲਾਂ (ਲੁਧਿਆਣਾ) ਵਿਖੇ ਕਿਸੇ ਵਿਅਕਤੀ ਨੂੰ ਦੇਣੀ ਸੀ।

# ਪੁਲਸ ਨੇ ਪਿੰਡਾਂ 'ਚ ਤਲਾਸ਼ੀ ਮੁਹਿੰਮ ਚਲਾਈ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**

ਪੰਜਾਬ ਸਰਕਾਰ ਤੇ ਪੁਲਸ ਵਿਭਾਗ ਵੱਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਵਿਸ਼ੇਸ਼ ਮੁਹਿੰਮ ਤਹਿਤ ਐੱਸ ਐੱਸ ਪੀ ਬਰਨਾਲਾ ਸੰਦੀਪ ਮਲਿਕ ਦੇ ਹੁਕਮਾਂ ਤੇ ਸਬ ਡਵੀਜ਼ਨ ਮਹਿਲ ਕਲਾਂ ਦੇ ਡੀ ਐੱਸ ਪੀ ਕੰਵਲਪਾਲ ਸਿੰਘ ਬਾਜਵਾ ਦੀ ਅਗਵਾਈ ਹੇਠ ਥਾਣਾ ਮਹਿਲ ਕਲਾਂ ਤੇ ਥਾਣਾ ਠੁੱਲੀਵਾਲ ਦੀ ਪੁਲਸ ਪਾਰਟੀ ਪਿੰਡ ਵਜੀਦਕੇ ਕਲਾਂ ਤੇ ਵਜੀਦਕੇ ਖੁਰਦ ਵਿਖੇ ਸਾਂਝਾ ਸਰਚ ਆਪਰੇਸ਼ਨ ਚਲਾਇਆ ਗਿਆ।ਇਸ ਮੌਕੇ ਪੁਲਸ ਪਾਰਟੀ ਵੱਲੋਂ ਸ਼ੱਕੀ ਘਰਾਂ ਦੀ ਤਲਾਸ਼ੀ ਲਈ ਗਈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀ ਐੱਸ ਪੀ ਮਹਿਲ ਕਲਾਂ ਕੰਵਲਪਾਲ ਸਿੰਘ ਬਾਜਵਾ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਪੁਲਸ ਵਿਭਾਗ ਵੱਲੋਂ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਖਤਮ ਕਰਨ ਲਈ ਮਹਿਲ ਕਲਾਂ ਪੁਲਸ ਵੱਲੋਂ ਵਿਸ਼ੇਸ਼ ਸਰਚ ਆਪ੍ਰੇਸ਼ਨ ਸ਼ੁਰੂ ਕੀਤਾ ਗਿਆ ਹੈ।ਇਸ ਸਰਚ ਆਪ੍ਰੇਸ਼ਨ ਦੌਰਾਨ ਜਿਨ੍ਹਾਂ ਵਿਅਕਤੀਆਂ ਖ਼ਿਲਾਫ਼ ਨਸ਼ਿਆਂ ਨਾਲ ਸੰਬੰਧਤ ਮਾਮਲੇ ਦਰਜ ਕੀਤੇ ਗਏ ਹਨ, ਉਨ੍ਹਾਂ ਦੇ ਘਰਾਂ ਦੀ ਤਲਾਸ਼ੀ ਲਈ ਜਾ ਰਹੀ ਹੈ ਤਾਂ ਜੋ ਮੁੜ ਅਜਿਹੇ ਵਿਅਕਤੀ ਨਸ਼ਾ ਤਸਕਰੀ 'ਚ ਸ਼ਾਮਲ ਨਾ ਹੋ ਸਕਣ।

ਉਨ੍ਹਾਂ ਕਿਹਾ ਕਿ ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ। ਡੀ ਐੱਸ ਪੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੀ ਬਿਮਾਰੀ ਨੂੰ ਜੜ੍ਹੋਂ ਖਤਮ ਕਰਨ ਲਈ ਪੁਲਸ ਪ੍ਰਸ਼ਾਸਨ ਦਾ ਸਹਿਯੋਗ ਕੀਤਾ ਜਾਵੇ।ਇਸ ਮੌਕੇ ਐੱਸ ਐੱਚ ਓ ਠੁੱਲੀਵਾਲ ਅਜੈਬ ਸਿੰਘ, ਐੱਸ ਐੱਚ ਓ ਮਹਿਲ ਕਲਾਂ ਸ਼ਰੀਫ ਖਾਨ, ਏਐੱਸਆਈ ਠੁੱਲੀਵਾਲ ਮਨਜੀਤ ਸਿੰਘ, ਰੀਡਰ ਡੀਐੱਸਪੀ ਗੁਰਦੀਪ ਸਿੰਘ ਛੀਨੀਵਾਲ ਤੋਂ ਇਲਾਵਾ ਵੱਡੀ ਗਿਣਤੀ 'ਚ ਪੁਲਸ ਮੁਲਾਜ਼ਮ ਹਾਜ਼ਰ ਸਨ।

# ਛੋਲੇ-ਭਟੂਰਿਆਂ ਦੀ ਆੜ 'ਚ ਹੈਰੋਇਨ ਵੇਚਦਾ ਕਾਬੂ



**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਥਾਣਾ ਸਿਟੀ ਦੀ ਮੁਖੀ ਕਰਮਜੀਤ ਕੌਰ ਨੇ ਜਦੋਂ ਦਾ ਚਾਰਜ ਸੰਭਾਲਿਆ ਹੈ, ਉਦੋਂ ਤੋਂ ਨਸ਼ਾ ਤਸਕਰਾਂ ਨੂੰ ਭਾਜੜਾਂ ਪਾਈਆਂ ਹੋਈਆਂ ਹਨ। ਉਨ੍ਹਾ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਮਲੋਟ ਦੇ ਹਰਜਿੰਦਰ ਨਗਰ ਦੇ ਰਹਿਣ ਵਾਲੇ ਆਕਾਸ਼ ਕੁਮਾਰ ਉਰਫ ਲੱਲਾ, ਜੋ ਕਿ ਛੋਲੇ-ਭਟੂਰਿਆਂ ਦੀ ਰੇਹੜੀ ਲਗਾਉਣ ਦਾ ਕੰਮ ਕਰਦਾ ਹੈ, ਜਿਸ ਨੂੰ 80 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ।

ਥਾਣਾ ਮੁਖੀ ਨੇ ਦੱਸਿਆ ਕਿ ਉਕਤ ਵਿਅਕਤੀ ਛੋਲੇ-ਭਟੂਰਿਆਂ ਦੀ ਰੇਹੜੀ ਲਗਾਉਂਦਾ ਸੀ, ਜਿਸ ਨਾਲ ਇਹ ਨਸ਼ਾ ਵੀ ਸਪਲਾਈ ਕਰਦਾ ਸੀ, ਜਿਸ ਨੂੰ ਹੈਰੋਇਨ ਸਮੇਤ ਕਾਬੂ ਕੀਤਾ ਹੈ ਅਤੇ ਥਾਣਾ ਸਿਟੀ ਮਲੋਟ ਵਿਖੇ ਮਾਮਲਾ ਦਰਜ ਕਰਕੇ ਰਿਮਾਂਡ ਲੈ ਕੇ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ।

# ਦੋ ਕਾਰਾਂ ਦੀ ਟੱਕਰ 'ਚ ਇੱਕ ਦੀ ਮੌਤ 8 ਜ਼ਖ਼ਮੀ

**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**

ਚਮਕੌਰ ਸਾਹਿਬ-ਰੂਪਨਗਰ ਸੜਕ 'ਤੇ ਪੈਂਦੇ ਪਿੰਡ ਭੋਜੇਮਾਜਰਾ ਦੇ ਪੁਲ ਨੇੜੇ ਸਵਿਫਟ ਕਾਰ ਅਤੇ ਇਨੋਵਾ ਗੱਡੀ ਵਿਚਾਲੇ ਹੋਈ ਟੱਕਰ ਵਿਚ ਕਾਰ ਚਾਲਕ ਦੀ ਮੌਤ ਹੋ ਗਈ, ਜਦੋਂ ਕਿ 8 ਜਣੇ ਜ਼ਖਮੀ ਹੋ ਗਏ।ਇਨ੍ਹਾਂ ਜ਼ਖਮੀਆਂ 'ਚੋਂ 7 ਨੂੰ ਇੱਥੋਂ ਦੇ ਸਰਕਾਰੀ ਹਸਪਤਾਲ ਵਿੱਚ ਲਿਆਂਦਾ ਗਿਆ ਤਾਂ ਡਾਕਟਰਾਂ ਵੱਲੋਂ ਉਨ੍ਹਾਂ ਮੁਢਲੀ ਸਹਾਇਤਾ ਦੇਣ ਤੋਂ ਬਾਅਦ ਘਰਾਂ ਨੂੰ ਵਾਪਸ ਭੇਜ ਦਿੱਤਾ ਗਿਆ।

ਪ੍ਰਾਪਤ ਜਾਣਕਾਰੀ ਅਨੁਸਾਰ ਇਹ ਹਾਦਸਾ ਅੱਜ ਉਦੋਂ ਵਾਪਰਿਆ ਜਦੋਂ ਲੁਧਿਆਣਾ ਵਾਸੀ ਉਕਤ ਪਰਵਾਰ ਦੇ ਲੋਕ ਮਾਤਾ ਸ੍ਰੀ ਨੈਣਾ ਦੇਵੀ ਦੇ ਮੰਦਰ ਵਿਖੇ ਦਰਸ਼ਨ ਕਰਕੇ ਇਨੋਵਾ ਗੱਡੀ ਵਿਚ ਵਾਪਸ ਲੁਧਿਆਣਾ ਜਾ ਰਹੇ ਸਨ ਕਿ ਪਿੰਡ ਭੋਜੇਮਾਜਰਾ ਦੇ ਪੁਲ ਕੋਲ ਚਮਕੌਰ ਸਾਹਿਬ ਤੋਂ ਰੂਪਨਗਰ ਵੱਲ ਜਾ ਰਹੀ ਸਵਿਫਟ ਗੱਡੀ ਨਾਲ ਟੱਕਰ ਹੋ ਗਈ, ਜਿਸ 'ਤੇ ਸਵਿਫਟ ਕਾਰ ਚਾਲਕ ਗੰਭੀਰ ਰੂਪ ਵਿਚ ਜ਼ਖਮੀ ਹੋ ਗਿਆ ਅਤੇ ਇਨੋਵਾ ਗੱਡੀ ਦੀਆਂ ਸਵਾਰੀਆਂ ਦੇ ਵੀ ਮਾਮੂਲੀ ਸੱਟਾਂ ਹੋਣ ਕਾਰਨ ਇਨ੍ਹਾਂ ਸਾਰਿਆਂ ਨੂੰ ਸੜਕ ਸੁਰੱਖਿਆ ਫੋਰਸ ਦੇ ਜਵਾਨ ਇੱਥੋਂ ਦੇ ਸਰਕਾਰੀ ਹਸਪਤਾਲ ਲੈ ਆਏ ਅਤੇ ਸਵਿਫਟ ਕਾਰ ਚਾਲਕ ਗੁਰਪ੍ਰੀਤ ਸਿੰਘ ਦੀ ਹਾਲਤ ਗੰਭੀਰ ਹੋਣ ਕਾਰਨ ਉਸ ਨੂੰ ਪੀ ਜੀ ਆਈ ਚੰਡੀਗੜ੍ਹ ਰੈਫਰ ਕਰ ਦਿੱਤਾ, ਜੋ ਕਿ ਰਸਤੇ ਵਿਚ ਹੀ ਦਮ ਤੋੜ ਗਿਆ।ਇਨੋਵਾ ਕਾਰ ਵਿਚ ਸਵਾਰ ਗੁੱਡੀ ਦੇਵੀ, ਰਾਹੁਲ ਕੁਮਾਰ, ਰੋਹਿਤ ਕੁਮਾਰ, ਖੁਸ਼ਬੂ ਕੁਮਾਰੀ, ਤੇਜਿੰਦਰ ਸਿੰਘ, ਕਾਜਲ, ਨਿਸ਼ੂ ਅਤੇ ਕਾਜਲ ਕੁਮਾਰ ਜ਼ਖਮੀ ਹੋ ਗਏ। ਇਨ੍ਹਾਂ ਸਾਰੇ ਜ਼ਖਮੀਆਂ ਨੂੰ ਮੁਢਲੀ ਸਹਾਇਤਾ ਦੇਣ ਤੋਂ ਬਾਅਦ ਘਰਾਂ ਨੂੰ ਵਾਪਸ ਭੇਜ ਦਿੱਤਾ ਗਿਆ ਹੈ।ਹਾਦਸੇ ਦੌਰਾਨ ਮੌਕੇ 'ਤੇ ਖੜ੍ਹੇ ਕੁਝ ਵਿਅਕਤੀਆਂ ਨੇ ਦੱਸਿਆ ਕਿ ਇਸ ਸੜਕ 'ਤੇ ਪਿਛਲੇ ਕੁਝ ਦਿਨਾਂ ਤੋਂ ਸੜਕ ਨਿਰਮਾਣ ਕੰਪਨੀ ਵੱਲੋਂ ਸੜਕ ਨੂੰ ਨਵਾਂ ਬਣਾਉਣ ਦਾ ਕੰਮ ਚੱਲ ਰਿਹਾ ਹੈ, ਜਿਸ ਕਾਰਨ ਇਸ ਸੜਕ ਤੇ ਵਾਹਨ ਬੇਕਾਬੂ ਹੋ ਜਾਂਦੇ ਹਨ ਤੇ ਅੱਜ ਵੀ ਉਕਤ ਕਾਰ ਚਾਲਕ ਆਪਣੀ ਕਾਰ ਦਾ ਸੰਤੁਲਨ ਗਵਾ ਕੇ ਇਸ ਹਾਦਸੇ ਦਾ ਸ਼ਿਕਾਰ ਹੋ ਗਿਆ।ਥਾਣਾ ਮੁਖੀ ਕਮਲ ਤਨੇਜਾ ਨੇ ਦੱਸਿਆ ਕਿ ਇਸ ਹਾਦਸੇ ਦੇ ਕਾਰਨਾਂ ਦਾ ਪਤਾ ਲਗਾ ਕੇ ਬਣਦੀ ਕਾਰਵਾਈ ਕੀਤੀ ਜਾਵੇਗੀ।

## ਅਗਰੋਹਾ ਧਾਮ ਜਾ ਕੇ ਲੜਕੀ ਦੀ ਸ਼ਾਦੀ ਕਰਨ ਵਾਲੇ ਨੂੰ ਮਿਲੇਗਾ 1.5 ਲੱਖ ਦਾ ਸਾਮਾਨ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਸਿੰਘ ਭੱਟੀ)**-ਬੀਤੇ ਦਿਨੀਂ ਅਗਰੋਹਾ ਵਿਖੇ ਅਗਰਵਾਲ ਸਮਾਜ ਨਾਲ ਸੰਬੰਧਤ ਪ੍ਰਤੀਨਿਧੀਆਂ ਦੀ ਇੱਕ ਵਿਸ਼ੇਸ਼ ਬੈਠਕ ਅਗਰੋਹਾ ਵਿਕਾਸ ਟਰੱਸਟ ਦੇ ਪ੍ਰਧਾਨ ਸ੍ਰੀ ਬਜਰੰਗ ਦਾਸ ਗਰਗ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਬੋਲਦਿਆਂ ਸ੍ਰੀ ਗਰਗ ਨੇ ਕਿਹਾ ਕਿ ਅਗਰਵਾਲ ਸਮਾਜ ਆਮ ਲੋਕਾਂ ਦੇ ਹਿੱਤ ਦੇ ਕੰਮਾਂ ਵਿੱਚ ਆਪਣੀ ਅਹਿਮ ਭੂਮਿਕਾ ਨਿਭਾ ਰਿਹਾ ਹੈ ਤੇ ਇਹ ਲਗਾਤਾਰ ਨਿਭਾਉਂਦਾ ਰਹੇਗਾ। ਉਨ੍ਹਾਂ ਕਿਹਾ ਕਿ ਅਗਰੋਹਾ ਵਿਖੇ 27 ਅਕਤੂਬਰ ਨੂੰ ਲੱਗਣ ਜਾ ਰਹੇ ਸਾਲਾਨਾ ਮੇਲੇ ਦੀਆਂ ਤਿਆਰੀਆਂ ਹੁਣ ਤੋਂ ਹੀ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਟਰੱਸਟ ਤੇ ਸਮਾਜ ਦੇ ਸਾਰੇ ਪ੍ਰਤੀਨਿਧੀ ਇਸ ਮੇਲੇ ਦੀ ਕਾਮਯਾਬੀ ਲਈ ਮਿਹਨਤ ਕਰ ਰਹੇ ਹਨ। ਇਸੇ ਮੇਲੇ ਵਿੱਚ ਹਰ ਸਾਲ ਹੀ ਲੱਖਾਂ ਲੋਕ ਦੇਸ਼ ਵਿਦੇਸ਼ ਤੋਂ ਭਾਗ ਲੈਂਦੇ ਹਨ। ਉਨ੍ਹਾਂ ਕਿਹਾ ਕਿ ਸਮਾਜ ਦੇ ਪ੍ਰਤੀਨਿਧੀਆਂ ਵੱਲੋਂ ਜ਼ਰੂਰਤਮੰਦ ਪਰਵਾਰਾਂ ਦੀ ਮੱਦਦ ਕਰਨ ਦੀ ਕੋਸ਼ਿਸ਼ ਜਾਰੀ ਰਹੇਗੀ। ਸ੍ਰੀ ਗਰਗ ਨੇ ਦੱਸਿਆ ਕਿ ਲੜਕੇ ਲੜਕੀਆਂ ਦੇ ਰਿਸ਼ਤੇ ਕਰਨ ਵਿੱਚ ਆ ਰਹੀਆਂ ਮੁਸ਼ਕਲਾਂ ਨੂੰ ਦੇਖਦੇ ਹੋਏ ਦੇਸ਼ ਦੇ ਵੱਡੇ ਸ਼ਹਿਰਾਂ ਅੰਦਰ ਪ੍ਰਿਚਿਆ ਸੰਮੇਲਨ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਜ਼ਰੂਰਤਮੰਦ ਪਰਵਾਰਾਂ ਦੇ ਬੱਚਿਆਂ ਦੀ ਸ਼ਾਦੀ ਕਰਨ ਲਈ ਫੈਸਲਾ ਕੀਤਾ ਗਿਆ ਹੈ ਕਿ ਜੋ ਜ਼ਰੂਰਤਮੰਦ ਪਰਵਾਰ ਆਪਣੇ ਬੱਚਿਆਂ ਦੀ ਸ਼ਾਦੀ ਅਗਰੋਹਾ ਧਾਮ ਵਿਖੇ ਕਰੇਗਾ, ਉਸਦੀ ਲੜਕੀ ਨੂੰ 1.5 ਲੱਖ ਰੁਪਏ ਦਾ ਸਾਮਾਨ ਅਤੇ ਸਾਰਾ ਖਰਚਾ ਟਰੱਸਟ ਵੱਲੋਂ ਕੀਤਾ ਜਾਵੇਗਾ। ਇਸ ਵਿਸ਼ੇਸ਼ ਬੈਠਕ ਵਿੱਚ ਅਗਰਵਾਲ ਸਮਾਜ ਦੇ ਸੀਨੀਅਰ ਆਗੂ ਭਾਰੀ ਗਿਣਤੀ ਵਿੱਚ ਸ਼ਾਮਲ ਹੋਏ।

# ਸ੍ਰੀ ਦੁਰਗਾ ਸੇਵਾ ਦਲ ਨੇ ਡਿਸਪੈਂਸਰੀ ਅੱਗੇ ਸ਼ੈੱਡ ਬਣਵਾਇਆ



**ਸੰਗਰੂਰ (ਪ੍ਰਵੀਨ ਸਿੰਘ)**-ਸ੍ਰੀ ਦੁਰਗਾ ਸੇਵਾ ਦਲ, ਲੰਗਰ ਭਵਨ ਸਿਵਲ ਹਸਪਤਾਲ ਸੰਗਰੂਰ ਵੱਲੋਂ ਪ੍ਰਧਾਨ ਸ੍ਰੀ ਅਰੂਪ ਸਿੰਗਲਾ ਦੀ ਅਗਵਾਈ ਹੇਠ ਸਿਵਲ ਹਸਪਤਾਲ ਦੀ ਡਿਸਪੈਂਸਰੀ ਤੋਂ ਦਵਾਈ ਲੈਣ ਵਾਲੇ ਮਰੀਜ਼ਾਂ ਨੂੰ ਗਰਮੀ ਤੋਂ ਰਾਹਤ ਦੇਣ ਲਈ ਡਿਸਪੈਂਸਰੀ ਅੱਗੇ ਸ਼ੈੱਡ ਬਣਵਾਇਆ ਗਿਆ, ਜਿਸ ਦਾ ਉਦਘਾਟਨ ਸਿਵਲ ਸਰਜਨ ਡਾ. ਕ੍ਰਿਪਾਲ ਸਿੰਘ ਨੇ ਕੀਤਾ।ਸਮਾਗਮ ਦੀ ਪ੍ਰਧਾਨਗੀ ਡਾ. ਹਰਬੰਸ ਸਿੰਘ ਐੱਸ.ਐੱਮ.ਓ. ਸਿਵਲ ਹਸਪਤਾਲ ਸੰਗਰੂਰ ਦੇ ਵੱਲੋਂ ਕੀਤੀ ਗਈ।ਇਸ ਮੌਕੇ ਸਿਵਲ ਸਰਜਨ ਨੇ ਕਿਹਾ ਕਿ ਸੰਸਥਾ ਵੱਲੋਂ ਹਸਪਤਾਲ ਵਿਖੇ ਮਰੀਜ਼ਾਂ ਲਈ ਲੰਗਰ ਦਾ ਪ੍ਰਬੰਧ ਕੀਤਾ ਜਾਂਦਾ ਹੈ, ਉਸ ਦੇ ਨਾਲ ਹੀ ਮਰੀਜ਼ਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਪ੍ਰਦਾਨ ਕਰਨ ਵਿੱਚ ਵੀ ਸਿਵਲ ਹਸਪਤਾਲ ਦਾ ਪੂਰਾ ਸਹਿਯੋਗ ਦਿੱਤਾ ਜਾਂਦਾ ਹੈ, ਜਿਸ ਲਈ ਮੈਂ ਆਪਣੇ ਵੱਲੋਂ ਸੰਸਥਾ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ।ਇਸ ਮੌਕੇ ਸੰਸਥਾ ਦੇ ਪ੍ਰਧਾਨ ਸ੍ਰੀ ਅਰੂਪ ਸਿੰਗਲਾ ਦੱਸਿਆ ਕਿ ਸੰਸਥਾ ਵੱਲੋਂ ਸਿਵਲ ਹਸਪਤਾਲ ਵਿਖੇ ਦਾਖਲ ਮਰੀਜ਼ਾਂ ਤੇ ਉਨ੍ਹਾਂ ਦੀ ਦੇਖ-ਰੇਖ ਕਰਨ ਵਾਲੇ ਵਿਅਕਤੀਆਂ ਲਈ ਸਵੇਰ ਤੋਂ ਲੈ ਕੇ ਸ਼ਾਮ ਤੱਕ ਭੋਜਨ ਦਾ ਪ੍ਰਬੰਧ ਕੀਤਾ ਜਾਂਦਾ ਹੈ।ਇਸ ਦੇ ਨਾਲ ਹੀ ਮਰੀਜ਼ਾਂ ਨੂੰ ਵੱਧ ਤੋਂ ਵੱਧ ਸਹੂਲਤਾਂ ਪ੍ਰਦਾਨ ਕਰਨ ਦਾ ਯਤਨ ਕੀਤਾ ਜਾਂਦਾ ਹੈ, ਜਿਵੇਂ ਕਿ ਸੰਸਥਾ ਵੱਲੋਂ ਸਿਵਲ ਹਸਪਤਾਲ ਵਿਖੇ 1000 ਲੀਟਰ ਸਮੱਰਥਾ ਵਾਲੇ 4 ਵਾਟਰ ਕੂਲਰ ਲਗਾਏ ਹੋਏ ਹਨ, ਇਸ ਦੇ ਨਾਲ ਹੀ ਗਾਇਨੀ ਵਾਰਡ ਵਿਖੇ ਵੀ 4 ਆਰ ਓ ਲਗਾਏ ਗਏ ਹਨ। ਲਗਾਤਾਰ ਵੱਧ ਰਹੀ ਗਰਮੀ ਕਾਰਨ ਸਿਵਲ ਹਸਪਤਾਲ ਵਿਖੇ ਡਿਸਪੈਂਸਰੀ ਤੋਂ ਮਰੀਜ਼ਾਂ ਨੂੰ ਦਵਾਈਆਂ ਲੈਣ ਲਈ ਧੁੱਪ ਵਿੱਚ ਖੜਨਾ ਪੈਂਦਾ ਸੀ, ਜਿਸ ਤੋਂ ਰਾਹਤ ਦੇਣ ਦੇ ਲਈ ਸੰਸਥਾਂ ਦੇ ਵੱਲੋਂ ਸ਼ੈੱਡ ਦੇ ਨਾਲ-ਨਾਲ ਪੱਖਿਆ ਦਾ ਵੀ ਪ੍ਰਬੰਧ ਕਰਕੇ ਦਿੱਤਾ ਗਿਆ ਹੈ।ਇਸ ਮੌਕੇ ਡਾ. ਰਾਹੁਲ, ਡਾ. ਹਰਪ੍ਰੀਤ ਕੌਰ ਰੇਖੀ, ਡਾ. ਰਮਨਬੀਰ ਕੌਰ ਬੰਧਰਾਏ, ਵਿਪਨ ਅਰੋੜਾ, ਸਤਪਾਲ ਸਿੰਗਲਾ, ਵਿਨੋਦ ਗੋਇਲ, ਚੰਦਰ ਪ੍ਰਕਾਸ਼, ਮੰਗਲ ਰਾਣਾ, ਗੁਰਮੀਤ ਸਿੰਘ, ਦੇਵ ਰਾਜ, ਦੇਵੀ ਸਿੰਗਲਾ, ਪਵਨ ਕੁਮਾਰ, ਮਾਸਟਰ ਗੋਬਿੰਦ ਲਾਲ, ਰਾਜ ਕੁਮਾਰ ਖੇੜਾ, ਸੰਜੋ ਗੁਪਤਾ, ਮੋਹਨ ਲਾਲ ਗੋਇਲ ਹਾਜ਼ਰ ਸਨ।

## ...ਸ.ਫ਼ਾ 1 ਦੇ ਬਾਕੀ

### 4.10 ਕਿਲੋ...

ਜ਼ਿਕਰਯੋਗ ਹੈ ਕਿ ਉਕਤ ਨਸ਼ਾ ਤਸਕਰ ਨੂੰ 500 ਗ੍ਰਾਮ ਹੈਰੋਇਨ, 40,000 ਰੁਪਏ ਡਰੱਗ ਮਨੀ, ਵਰਨਾ ਕਾਰ ਅਤੇ ਇੱਕ ਪਿਸਤੌਲ ਨਾਲ ਗ੍ਰਿਫਤਾਰ ਕੀਤਾ ਗਿਆ ਸੀ। ਮੁਲਜ਼ਮ ਰਜਿੰਦਰ ਰਾਜਾ ਅੰਮ੍ਰਿਤਸਰ ਦਿਹਾਤੀ ਪੁਲਸ ਨੂੰ ਵੀ ਇਰਾਦਾ-ਕਤਲ ਕੇਸ ਵਿੱਚ ਲੋੜੀਂਦਾ ਸੀ। ਪੁਲਿਸ ਕਮਿਸ਼ਨਰ ਅੰਮ੍ਰਿਤਸਰ ਰਣਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਇੰਸਪੈਕਟਰ ਅਮਨਦੀਪ ਸਿੰਘ ਦੀ ਅਗਵਾਈ ਵਾਲੀ ਸੀ ਆਈ ਏ-1 ਦੀ ਟੀਮ ਅਤੇ ਪੁਲਸ ਥਾਣਾ ਇਸਲਾਮਾਬਾਦ ਦੀ ਟੀਮ ਨੇ ਏ ਡੀ ਸੀ ਪੀ ਜ਼ੋਨ-1 ਡਾ: ਦਰਪਣ ਆਹਲੂਵਾਲੀਆ ਅਤੇ ਏ ਡੀ ਸੀ ਪੀ ਡਿਟੈਕਟਿਵ ਨਵਜੋਤ ਸਿੰਘ ਸੰਧੂ ਦੀ ਨਿਗਰਾਨੀ ਹੇਠ ਇਸ ਅਪ੍ਰੇਸ਼ਨ ਨੂੰ ਅੰਜਾਮ ਦਿੱਤਾ। ਉਨ੍ਹਾ ਦੱਸਿਆ ਕਿ ਪੁਲਸ ਨੇ ਰਜਿੰਦਰ ਰਾਜਾ ਦੀਆਂ ਅਗਲੇਰੀਆਂ-ਪਿਛਲੇਰੀਆਂ ਕੜੀਆਂ ਦੀ ਜਾਂਚ ਤੋਂ ਬਾਅਦ ਇਹ ਪਾਇਆ ਕਿ ਉਹ ਸਾਜ਼ਿਸ਼ਕਰਤਾ ਰਣਜੀਤ ਸਿੰਘ ਉਰਫ਼ ਕਾਕਾ ਦੇ ਸੰਪਰਕ ਵਿੱਚ ਸੀ।ਉਨ੍ਹਾ ਦੱਸਿਆ ਕਿ ਵਿੱਤੀ ਟਰਾਇਲ ਅਤੇ ਤਕਨੀਕੀ ਜਾਂਚ ਦੀ ਬਾਰੀਕੀ ਨਾਲ ਪੈਰਵੀ ਕਰਨ ਤੋਂ ਬਾਅਦ ਪੁਲਸ ਟੀਮਾਂ ਨੇ ਸਾਜ਼ਿਸ਼ਕਰਤਾ ਰਣਜੀਤ ਕਾਕਾ ਅਤੇ ਹੋਰ ਮੁਲਜ਼ਮਾਂ ਨੂੰ ਤਸਕਰੀ ਕੀਤੀ ਹੈਰੋਇਨ, ਅਸਲਾ ਅਤੇ ਜ਼ਿੰਦਾ ਕਾਰਤੂਸਾਂ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਸਾਜ਼ਿਸ਼ਕਰਤਾ ਰਣਜੀਤ ਕਾਕਾ, ਜੋ ਕਿ ਪਾਕਿਸਤਾਨ ਅਧਾਰਤ ਸੰਸਥਾਵਾਂ ਨਾਲ ਸਿੱਧੇ ਸੰਪਰਕ ਵਿੱਚ ਸੀ, ਪੰਜਾਬ ਵਿੱਚ ਹੈਰੋਇਨ ਅਤੇ ਗੈਰ-ਕਾਨੂੰਨੀ ਹਥਿਆਰਾਂ ਦਾ ਰੈਕੇਟ ਚਲਾ ਰਿਹਾ ਸੀ। ਉਨ੍ਹਾ ਕਿਹਾ ਕਿ ਇਸ ਮਾਮਲੇ ਵਿੱਚ ਅਗਲੀਆਂ-ਪਿਛਲੀਆਂ ਕੜੀਆਂ ਨੂੰ ਜੋੜਨ ਕਰਨ ਲਈ ਹੋਰ ਜਾਂਚ ਜਾਰੀ ਹੈ।


**ਉਤਰ ਰੇਲਵੇ**

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਨਿਵਿਦਾ ਸੂਚਨਾ**

**ਭੰਡਾਰ ਦੀ ਸਪਲਾਈ ਲਈ ਮੰਗ ਨਿਵਿਦਾ ਇਲੈਕਟ੍ਰੌਨਿਕ ਨਿਵਿਦਾ ਈ ਪ੍ਰਣਾਲੀ ਦੇ ਤਹਿਤ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀ. ਮੰਡਲ ਸਮਗਰੀ ਪ੍ਰਬੰਧਕ/ਉਤਰ ਰੇਲਵੇ/ਭੰਡਾਰ ਬਰਾਂਚ/ਫਿਰੋਜਪੁਰ ਦੁਆਰਾ ਸੰਭਰਨਕਰਤਾਵਾਂ ਤੋਂ ਹੇਠਾਂ ਲਿਖਤ ਮਦਾਂ ਦੇ ਲਈ ਨਿਵਿਦਾ ਦੀ ਮੰਗ ਕੀਤੀ ਜਾਂਦੀ ਹੈ:-

| ਲ. ਨੰ. | ਨਿਵਿਦਾ ਨੰ. | ਮਾਲ ਦਾ ਵੇਰਵਾ | ਮਾਤਰਾ | ਨਿਵਿਦਾ ਖੁਲਣ ਦੀ ਮਿਤੀ |
|---|---|---|---|---|
| 1 | 94245624A | Automated Immune Assay Analyze | 01 Nos | 16.07.2024 |

**ਨਿਵਿਦਾ ਸ਼ਰਤਾਂ**:- IREPS ਦੀ ਵੈਬਸਾਈਟ www.ireps.gov.in 'ਤੇ ਉਪਲਬਧ ਹਨ। ਸਾਰੇ ਇਛੁਕ ਵਿਕ੍ਰੇਤਾਵਾਂ ਨੂੰ ਈ-ਟੈਂਡਰ ਵਿਚ ਭਾਗ ਲੈਣ ਅਤੇ ਪੰਜੀਕਰਨ ਕਰਾਉਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧਿਕ੍ਰਿਤ ਪ੍ਰਮਾਣਿਤ ਏਜੰਸੀ ਤੋਂ ਕਲਾਸ-III ਡਿਜੀਟਲ ਪ੍ਰਮਾਣ ਪੱਤਰ (ਜੇਕਰ ਪਹਿਲਾਂ ਤੋਂ ਪ੍ਰਾਪਤ ਨਹੀਂ ਕੀਤਾ ਹੋਵੇ ਤਾਂ ਪ੍ਰਾਪਤ ਕਰਨਾ ਹੋਵੇਗਾ) ਹੱਥ ਨਾਲ ਲਿਖੀ ਨਿਵਿਦਾ ਸਵੀਕਾਰ ਨਹੀਂ ਕੀਤੀ ਜਾਵੇਗੀ। **ਟੈਂਡਰ ਨੋਟਿਸ ਨੰ. 10/2024-25**

**ਮਿਤੀ:- 19.06.2024** 1853/2024

**ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ**



**ਉੱਤਰ ਰੇਲਵੇ**

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਟੈਂਡਰ ਨੋਟਿਸ ਨੰ: 08/2024-25 ਮਿਤੀ :- 20.06.2024**

**ਭੰਡਾਰ ਦੀ ਆਪੂਰਤੀ ਲਈ ਮੰਗ ਟੈਂਡਰ**

**ਇਲੈਕਟ੍ਰੌਨਿਕ ਟੈਂਡਰ ਈ ਪ੍ਰਣਾਲੀ ਦੇ ਅੰਤਰਗਤ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਉਪ ਮੁੱਖ ਸਾਮਗਰੀ ਪ੍ਰਬੰਧਕ/ਉੱਤਰ ਰੇਲਵੇ/ਭੰਡਾਰ ਡਿਪੋ/ਯਾਂਤ੍ਰਿਕ ਕਾਰਖਾਨਾ/ਅੰਮ੍ਰਿਤਸਰ ਦੁਵਾਰਾ ਸੰਭਰਨਕਰਤਾਵਾਂ ਤੋਂ ਹੇਠਾ ਲਿਖੇ ਮਦਾਂ ਦੇ ਲਈ - ਟੈਂਡਰ ਮੰਗ ਕੀਤੀ ਜਾਂਦੀ ਹੈ:-

| ਲ. ਨੰ: | ਟੈਂਡਰ ਨੰਬਰ | ਮਾਲ ਦਾ ਵੇਰਵਾ | ਮਾਤਰਾ | ਟੈਂਡਰ ਖੁਲਣ ਦੀ ਮਿਤੀ |
|---|---|---|---|---|
| 1 | 62245082B | EOT Crane, Capacity-10 Ton as per ASRW Specifications (Bid Document Par-II) including Maintenance spares as per schedule-IV, maintenance Tools as per Schedule-V and leading parameter of crane & Additional Spares as per Schedule-I | 1 Nos. | 23.07.2024 |
| 2 | 62245083B | EOT Crane, Capacity-05 Ton as per ASRW Specifications (Bid Document Par-II) including Maintenance spares as per schedule-IV, maintenance Tools as per Schedule-V and leading parameter of crane & Additional Spares as per Schedule-I | 1 Nos. | 18.07.2024 |

**ਟੈਂਡਰ ਸ਼ਰਤਾਂ**- ireps ਦੀ ਵੈਬਸਾਈਟ www.ireps.gov.in ਉਤੇ ਉਪਲਬਧ ਹੈ। ਸਾਰੇ ਇਛੁਕ ਵਿਕ੍ਰੇਤਾਵਾਂ ਨੂੰ ਈ-ਟੈਂਡਰ ਵਿਚ ਭਾਗ ਲੈਣਾ ਅਤੇ ਰਜਿਸਟਰਡ ਕਰਾਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧਿਕ੍ਰਿਤ ਪ੍ਰਮਾਣਿਤ ਏਜੰਸੀ ਤੋਂ ਕਲਾਸ - III ਡਿਜੀਟਲ ਪ੍ਰਮਾਣ ਪੱਤਰ (ਜੇਕਰ ਪਹਿਲਾ ਤੋਂ ਪ੍ਰਾਪਤ ਨਹੀ ਕੀਤਾ ਹੈ) ਪ੍ਰਾਪਤ ਕਰਨਾ ਹੋਵੇਗਾ। ਹੱਥ ਨਾਲ ਲਿਖੀ ਟੈਂਡਰ ਸਵੀਕਾਰ ਨਹੀਂ ਕੀਤੀ ਜਾਵੇਗੀ। 1864/2024

**ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ**



**THE SALVATION ARMY**
**INDIA NORTHERN TERRITORY**
**Office of The Chief Secretary**

**ਜਨਤਕ ਸੂਚਨਾ**



**ਸ੍ਰੀ ਇਜ਼ਹਾਕ ਨਾਇਕ ਸ੍ਰੀਮਤੀ ਗੀਟਾ ਕੁਮਾਰੀ ਨਾਇਕ**

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਇਜ਼ਹਾਕ ਨਾਇਕ ਸਪੁੱਤਰ ਸ੍ਰੀ ਕਬੀਰਾਜ ਨਾਇਕ ਅਤੇ ਉਨ੍ਹਾਂ ਦੀ ਪਤਨੀ ਸ੍ਰੀਮਤੀ ਗੀਟਾ ਕੁਮਾਰੀ ਨਾਇਕ, ਵਾਸੀ ਸੈਲਸ਼੍ਰੀ ਵਿਹਾਰ, ਚੰਦਰਸ਼ੇਖਰਪੁਰ ਐੱਫ ਆਰ 97/5, ਭੁਵਨੇਸ਼ਵਰ, ਓਡੀਸ਼ਾ ਵਰਤਮਾਨ ਮੁਕਤੀ ਫੌਜ ਦੀ ਕਬਜ਼ਾ ਕੀਤੀ ਹੋਈ ਜਾਇਦਾਦ 8-ਜਸਵੰਤ ਨਗਰ ਜਲੰਧਰ, ਪੰਜਾਬ ਓਹਨਾਂ ਨੂੰ ਸਾਲਵੇਸ਼ਨ ਆਰਮੀ ਦੁਆਰਾ 17 ਜੂਨ 2024 ਨੂੰ ਬਰਖਾਸਤ ਕਰ ਦਿੱਤਾ ਗਿਆ ਹੈ। ਉਹ ਹੁਣ ਸਾਲਵੇਸ਼ਨ ਆਰਮੀ ਦੇ ਅਧਿਕਾਰੀ ਪਾਦਰੀ ਨਹੀਂ ਰਹੇ। ਉਨ੍ਹਾਂ ਨੂੰ ਹੁਣ ਸਾਲਵੇਸ਼ਨ ਆਰਮੀ ਦੀ ਵਰਦੀ ਪਹਿਨਣ ਦਾ ਅਧਿਕਾਰ ਨਹੀਂ ਹੈ। ਅਤੇ ਚਰਚ ਦੀ ਕੋਈ ਵੀ ਗਤੀਵਿਧੀ ਕਰਨ ਦਾ ਅਧਿਕਾਰ ਨਹੀਂ ਹੈ।

ਜੇਕਰ ਕੋਈ ਵਿਅਕਤੀ ਸਾਲਵੇਸ਼ਨ ਆਰਮੀ ਦੇ ਨਾਂਅ 'ਤੇ ਉਨ੍ਹਾਂ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ-ਦੇਣ ਜਾਂ ਪੈਸੇ ਦਾ ਲੈਣ-ਦੇਣ ਕਰਦਾ ਹੈ ਤਾਂ ਉਹ ਖੁਦ ਜ਼ਿੰਮੇਵਾਰ ਹੋਵੇਗਾ, ਸਾਲਵੇਸ਼ਨ ਆਰਮੀ ਇਸ ਲਈ ਕਿਸੇ ਵੀ ਤਰੀਕੇ ਨਾਲ ਜ਼ਿੰਮੇਵਾਰ ਨਹੀਂ ਹੋਵੇਗੀ।

ਜੇਕਰ ਸ੍ਰੀ ਇਜ਼ਹਾਕ ਨਾਇਕ ਅਤੇ ਉਨ੍ਹਾਂ ਦੀ ਪਤਨੀ ਸ੍ਰੀਮਤੀ ਗੀਟਾ ਕੁਮਾਰੀ ਨਾਇਕ ਦੁਆਰਾ ਕੋਈ ਗੈਰ-ਕਾਨੂੰਨੀ ਕੰਮ ਕੀਤਾ ਜਾਂਦਾ ਹੈ ਤਾਂ, ਸਾਲਵੇਸ਼ਨ ਆਰਮੀ ਉਨ੍ਹਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਲਵੇਗੀ।

**ਲੈਫ. ਕਰਨਲ ਐਂਡਰਿਊਜ਼ ਡੀ. ਕ੍ਰਿਸਚੀਅਨ**
**ਚੀਫ ਸੈਕਟਰੀ, ਸਾਲਵੇਸ਼ਨ ਆਰਮੀ, ਉੱਤਰੀ ਭਾਰਤ ਟੈਰੀਟਰੀ ਦੀ ਤਰਫੋਂ**



**ਉੱਤਰ ਰੇਲਵੇ**

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਈ-ਟੈਂਡਰ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ - ਤੀਸਰੀ, ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ **12.07.2024** ਵਕਤ 15.00 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ | ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰਾ ਕਰਨ ਦੀ ਮਿਤੀ ਅਤੇ ਸਮਾਂ |
|---|---|---|---|---|---|
| ਖੁਲੀ | ਕੰਮ | ਏਕਲ ਬੋਲੀ ਪ੍ਰਣਾਲੀ | 18.06.2024 | 28-06-2024 | 12.07.2024/15:00 Hrs |

| ਲ.ਨੰ: | ਟੈਂਡਰ ਨੰ: | ਟੈਂਡਰ ਦਾ ਵੇਰਵਾ | | | |
|---|---|---|---|---|---|
| 1 | 95-2024-25-ADEN-II-ASR | ਸਹਾਇਕ ਮੰਡਲ ਇੰਜੀਨੀਅਰ-ਦੂਸਰੀ/ਅੰਮ੍ਰਿਤਸਰ ਦੇ ਤਹਿਤ ਆਉਣ ਵਾਲੇ ਸੈਕਸ਼ਨ ਬਯਾਸ-ਤਰਨਤਾਰਨ ਖੰਡ ਉਤੇ ਲੇਵਲ ਕਰੋਸਿੰਗ ਨੰ: 2 ਉਤੇ ਮਾਨਕ ਡਯੂਟੀ ਹਟ ਦਾ ਪ੍ਰਾਵਧਾਨ ਅਤੇ ਲੇਵਲ ਕਰੋਸਿੰਗ ਨੰ: 5 ਅਤੇ ਪਖਾਨਿਆ ਦੀ ਸੁਵਿਧਾ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 53,12,363.09/- | 1,06,300/- | 60 ਦਿਨ | 06 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ:- "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ"। | | | | |
| 2 | 96-2024-25-ADEN-II-ASR | ਸਹਾਇਕ ਮੰਡਲ ਇੰਜੀਨੀਅਰ-ਦੂਸਰੀ/ਅੰਮ੍ਰਿਤਸਰ ਦੇ ਤਹਿਤ ਆਉਣ ਵਾਲੇ ਸੈਕਸ਼ਨ ਡਿਲਵਾ-ਅੰਮ੍ਰਿਤਸਰ ਖੰਡ ਉਤੇ ਲੇਵਲ ਕਰੋਸਿੰਗ ਨੰ: 4 ਉਤੇ ਮਾਨਕ ਡਯੂਟੀ ਹਟ ਦਾ ਪ੍ਰਾਵਧਾਨ ਅਤੇ 10 ਜਗ੍ਹਾਂ ਉਤੇ ਲੇਵਲ ਕਰੋਸਿੰਗ ਅਤੇ ਪਖਾਨਿਆ ਦੀ ਸੁਵਿਧਾ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 1,07,56,623.06/- | 2,03,800/- | 60 ਦਿਨ | 06 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ:- "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ"। | | | | |
| 3 | 97-2024-25-ADEN-II-ASR | ਸਹਾਇਕ ਮੰਡਲ ਇੰਜੀਨੀਅਰ-ਦੂਸਰੀ/ਅੰਮ੍ਰਿਤਸਰ ਦੇ ਤਹਿਤ ਆਉਣ ਵਾਲੇ ਸੈਕਸ਼ਨ ਅੰਮ੍ਰਿਤਸਰ-ਖੇਮਕਰਣ ਖੰਡ ਉਤੇ ਲੇਵਲ ਕਰੋਸਿੰਗ ਨੰ: 8 ਉਤੇ ਮਾਨਕ ਡਯੂਟੀ ਹਟ ਦਾ ਪ੍ਰਾਵਧਾਨ ਅਤੇ 15 ਜਗ੍ਹਾਂ ਉਤੇ ਲੇਵਲ ਕਰੋਸਿੰਗ ਅਤੇ ਪਖਾਨਿਆ ਦੀ ਸੁਵਿਧਾ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 1,86,17,021.82/- | 2,43,100/- | 60 ਦਿਨ | 06 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ:- "ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ"। | | | | |
| 4 | 98-2024-25-ADEN-JUC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਸ਼ਹਿਰ ਦੇ ਸੈਕਸ਼ਨ ਵਿਚ ਅੰਮ੍ਰਿਤਸਰ-ਖੇਮਕਰਣ ਖੰਡ ਉਤੇ ਆਰਸੀਸੀ ਬਾਕਸ ਦੇ ਨਾਲ ਆਰਚ ਬ੍ਰਿਜ ਨੰਬਰ 113 ਦਾ ਪ੍ਰਤੀਸਥਾਪਨ ਅਤੇ ਬ੍ਰਿਜ ਦੇ ਆਰਸੀਸੀ ਸਲੈਬ ਦੇ ਨਾਲ ਗਰਡਰਸ ਦਾ ਪ੍ਰਤੀਸਥਾਪਨ ਅਤੇ ਜਲੰਧਰ ਸ਼ਹਿਰ-ਅੰਮ੍ਰਿਤਸਰ ਸੈਕਸ਼ਨ ਵਿਚ ਬ੍ਰਿਜ ਨੰਬਰ 23 (ਅਪ ਅਤੇ ਡਾਉਨ) ਲਾਈਨ ਅਤੇ 28 (ਸਾਈਡਿੰਗ)। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 1,20,72,835.52/- | 2,10,400/- | 60 ਦਿਨ | 08 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ:- "ਆਰਸੀਸੀ ਬ੍ਰਿਜ/ਸੀਮਿਤ ਉਚਾਈ ਸਬਵੇ ਕੰਮ"। | | | | |

**ਨੋਟ**: 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ।
2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

**ਟੈਂਡਰ ਸੂਚਨਾ ਪੱਤਰ ਨੰ:** - 95, 96 & 97-2024-25-ADEN-II-ASR & 98-2024-25-ADEN-JUC
Date: 19.06.2024 1851/2024

**ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ**


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਹਥਿਆਰਾਂ ਤੇ ਨਸ਼ਿਆਂ ਦੀ ਤਸਕਰੀ ਤੇ ਹਵਾਲਾ ਰੈਕੇਟ ਦਾ ਪਰਦਾਫਾਸ਼, ਅੱਠ ਮੁਲਜ਼ਮ ਗ੍ਰਿਫਤਾਰ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਜ਼ਿਲ੍ਹਾ ਪੁਲਸ ਕਮਿਸ਼ਨਰ ਅੰਮ੍ਰਿਤਸਰ, ਰਣਜੀਤ ਸਿੰਘ ਢਿਲੋਂ ਨੇ ਦੱਸਿਆ ਕਿ ਪੁਲਸ ਪਾਰਟੀ ਅਤੇ ਥਾਣਾ ਥਾਣਾ ਇਸਲਾਮਾਬਾਦ ਵੱਲੋਂ ਇੱਕ ਸਰਹੱਦ ਪਾਰ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਰੈਕੇਟ ਤੇ ਫਾਇਨਾਂਸ਼ੀਅਲ ਟਰੈਲ ਤੇ ਹਵਾਲਾ ਰੈਕੇਟ ਦਾ ਪਰਦਾਫਾਸ਼ ਕੀਤਾ ਹੈ। ਮੁਕੱਦਮਾ ਨੰਬਰ 100 ਮਿਤੀ 22 ਮਈ 2024 ਜੁਰਮ 21-ਸੀ, 25, 27-ਏ,61,85 ਐਨ.ਡੀ.ਪੀ.ਐਸ ਐਕਟ, ਥਾਣਾ ਇਸਲਾਮਾਬਾਦ, ਅੰਮ੍ਰਿਤਸਰ ਅਤੇ ਮੁਕੱਦਮਾ ਨੰਬਰ 94 ਮਿਤੀ 19 ਜੂਨ 2024 ਜੁਰਮ 21,29,21-ਸੀ,61/85 ਐਨ.ਡੀ.ਪੀ.ਐਸ ਐਕਟ, ਥਾਣਾ ਛੇਹਰਟਾ ਵਿਖੇ ਦਰਜ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਅੱਠ ਦੋਸ਼ੀ ਗ੍ਰਿਫਤਾਰ ਕੀਤੇ ਗਏ ਹਨ। ਗ੍ਰਿਫਤਾਰ ਦੋਸ਼ੀਆਂ ਵਿੱਚ ਰਜਿੰਦਰ ਸਿੰਘ ਉਰਫ਼ ਰਾਜਾ ਪੁੱਤਰ ਗੁਰਦੀਪ ਸਿੰਘ, ਅਭਿਸ਼ੇਕ ਸਿੰਘ ਪੁੱਤਰ ਸੁਮਨ ਸਿੰਘ ਵਾਸੀ ਪਿੰਡ ਅਟਾਰੀ, ਥਾਣਾ ਘਰਿੰਡਾ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਨੂੰ 10 ਜੂਨ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਰਣਜੀਤ ਕਾਕਾ ਪੁੱਤਰ ਜੋਗਿੰਦਰ ਸਿੰਘ ਵਾਸੀ ਪਿੰਡ ਰੋੜਾਂਵਾਲਾ ਕਲਾਂ, ਥਾਣਾ ਘਰਿੰਡਾ, ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਹਾਲ ਵਾਸੀ ਛੇਹਰਟਾ, ਅੰਮ੍ਰਿਤਸਰ (ਗ੍ਰਿਫਤਾਰ 13-06-2024) (ਸਰਹੱਦ ਪਾਰ ਸੰਪਰਕ ਦੇ ਨਾਲ ਗੱਠਜੋੜ ਦਾ ਕਿੰਗਪਿਨ),ਵਿਸ਼ਾਲ ਸ਼ਾਲੂ ਪੁੱਤਰ ਸਤਨਾਮ ਸਿੰਘ ਵਾਸੀ ਪਿੰਡ ਰੋੜਾਂਵਾਲਾ ਕਲਾਂ, ਥਾਣਾ ਘਰਿੰਡਾ, ਅੰਮ੍ਰਿਤਸਰ ਦਿਹਾਤੀ 13 ਜੂਨ ਨੂੰ ਗਿਫਤਾਰ ਕੀਤਾ ਗਿਆ। ਲਵਪ੍ਰੀਤ ਕਾਲੂ ਪੁੱਤਰ ਸੁਖਦੇਵ ਸਿੰਘ ਵਾਸੀ ਪਿੰਡ ਅਟਾਰੀ, ਥਾਣਾ ਘਰਿੰਡਾ ਨੂੰ 13 ਜੂਨ ਨੂੰ ਗ੍ਰਿਫਤਾਰ ਕੀਤਾ ਗਿਆ। ਗੁਰਭੇਜ ਭੇਜਾ ਪੁੱਤਰ ਜੋਗਿੰਦਰ ਸਿੰਘ ਵਾਸੀ ਅਟਾਰੀ, ਥਾਣਾ ਘਰਿੰਡਾ ਨੂੰ 14 ਜੂਨ, ਗੁਰਜੰਟ ਸਿੰਘ ਉਰਫ਼ ਜੰਟੀ ਪੁੱਤਰ ਪੂਰਨ ਸਿੰਘ ਵਾਸੀ ਪਿੰਡ ਧਨੋਏ ਖੁਰਦ ਨੂੰ 19 ਜੂਨ ਅਤੇ ਜਸਪਾਲ ਸਿੰਘ ਉਰਫ਼ ਭਾਲਾ ਪੁੱਤਰ ਜਗੀਰ ਸਿੰਘ ਵਾਸੀ ਪਿੰਡ ਧਨੋਏ ਖੁਰਦ ਨੂੰ 19 ਜੂਨ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੋਲੋਂ 4 ਕਿਲੋ, 10 ਗ੍ਰਾਮ ਹੈਰੋਇਨ, 1 ਜ਼ਿਗਾਨਾ ਪਿਸਤੌਲ 2 (0.32 ਬੋਰ) ਪਿਸਤੌਲ, 45 ਜ਼ਿੰਦਾ ਕਾਰਤੂਸ, 2,07,000 ਰੁਪਏ ਡਰੱਗ ਮਨੀ, 7 ਵਾਹਨ (ਵਰਨਾ/ਥਾਰ/ਆਈ 20/ਸਵਿਫਟ ਡਿਜ਼ਾਇਰ/ਜ਼ੈਨ/ਐਕਟੀਵਾ/ਸਪਲੈਂਡਰ) ਵੀ ਬਰਾਮਦ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪਾਕਿਸਤਾਨ ਤੋਂ ਨਸ਼ਾ ਡਰੋਨ ਰਾਹੀਂ ਆ ਰਿਹਾ ਹੈ ਕਿਉਕਿ ਹਾਲੇ ਤੱਕ ਐਂਟੀ ਡਰੋਨ ਦੇ ਪ੍ਰਬੰਧ ਸਰਕਾਰ ਨਹੀਂ ਕਰ ਸਕੀ। ਉਨ੍ਹਾਂ ਕਿਹਾ ਕਿ ਪੁਲਸ ਪੂਰੀ ਮੁਸ਼ਤੈਦੀ ਨਾਲ ਕੰਮ ਕਰ ਰਹੀ ਹੈ ਤੇ ਜਦੋਂ ਤੋਂ ਉਨ੍ਹਾਂ ਨੇ ਚਾਰਜ ਸੰਭਾਲਿਆ ਹੈ ਹੁਣ ਤੱਕ 41 ਤਸਕਰਾਂ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ। ਇਸ ਸਮੇਂ ਡਾ.ਦਰਪਣ ਆਹਲੂਵਾਲੀਆ ਆਈ.ਪੀ.ਐਸ ਅਤੇ ਕੁਲਦੀਪ ਸਿੰਘ ਪੀ.ਪੀ.ਐਸ., ਏ.ਸੀ.ਪੀ. ਡਿਟੈਕਟਿਵ,ਅੰਮ੍ਰਿਤਸਰ ਨਿਗਰਾਨੀ ਹੇਠ ਸੀ.ਆਈ.ਏ. ਸਟਾਫ-1, ਇੰਸਪੈਕਟਰ ਅਮਨਦੀਪ ਸਿੰਘ ਵੀ ਹਾਜ਼ਰ ਸਨ। ਉਨ੍ਹਾਂ ਦੱਸਿਆ ਕਿ ਇਸ ਮੁਕੱਦਮੇ ਦੀ ਜਾਂਚ ਰਜਿੰਦਰ ਉਰਫ਼ ਰਾਜਾ ਉਮਰ 22 ਸਾਲ ਦੀ ਗ੍ਰਿਫ਼ਤਾਰ ਤੋਂ ਬਾਅਦ ਸ਼ੁਰੂ ਹੋਈ। ਇਹ ਮੁਕੱਦਮਾ ਨੰਬਰ 42/24 ਜੁਰਮ 307 ਭ:ਦ:, ਥਾਣਾ ਘਰਿੰਡਾ, ਬਾਅਦ ਵਿੱਚ ਅਭਿਸ਼ੇਕ ਅਭੀ (ਕੇਸ ਵਿੱਚ ਸਹਿ-ਦੋਸ਼ੀ) ਨੂੰ ਨਾਮਜ਼ਦ ਕੀਤਾ ਗਿਆ ਸੀ। ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਦਾ ਪਿਛਲਾ ਸਬੰਧ ਕਿੰਗਪਿਨ ਰਣਜੀਤ ਸਿੰਘ ਉਰਫ਼ ਕਾਕਾ ਤੋਂ ਲੱਭਿਆ ਗਿਆ ਸੀ ਅਤੇ 0.5 ਕਿਲੋ ਹੈਰੋਇਨ, 40,000 ਰੁਪਏ ਦੀ ਡਰੱਗ ਮਨੀ, ਵਰਨਾ ਕਾਰ ਅਤੇ ਥਾਣਾ ਘਰਿੰਡਾ ਦੇ ਮੁਕੱਦਮੇ ਵਿੱਚ ਇਰਾਦਾ ਕਤਲ ਵਿੱਚ ਵਰਤੀ ਗਈ ਪਿਸਤੌਲ ਬਰਾਮਦ ਕੀਤੀ ਗਈ ਸੀ। ਬਾਰੀਕੀ ਨਾਲ ਤਕਨੀਕੀ ਜਾਂਚ ਤੋਂ ਬਾਅਦ ਰਣਜੀਤ ਉਰਫ ਕਾਕਾ ਅਤੇ ਹੋਰ ਦੋਸ਼ੀਆਂ ਲਵਪ੍ਰੀਤ, ਵਿਸ਼ਾਲ ਅਤੇ ਗੁਰਭੇਜ ਨੂੰ ਤਸਕਰੀ ਦੇ ਹਥਿਆਰਾਂ ਅਤੇ ਜ਼ਿੰਦਾ ਕਾਰਤੂਸ ਦੀ ਹੋਰ ਬਰਾਮਦਗੀ ਦੇ ਨਾਲ ਗ੍ਰਿਫਤਾਰ ਕੀਤਾ ਗਿਆ। ਨਸ਼ੀਲੇ ਪਦਾਰਥਾਂ ਨਾਲ ਖਰੀਦੀਆਂ ਗਈਆਂ ਗੱਡੀਆਂ ਨੂੰ ਤੇ ਹੋਰ ਡਰੱਗ ਮਨੀ ਸਮੇਤ ਬਰਾਮਦ ਕੀਤਾ ਗਿਆ ਸੀ। ਕਿੰਗਪਿਨ (ਰਣਜੀਤ ਕਾਕਾ) ਪਾਕਿਸਤਾਨ ਅਧਾਰਤ ਸਮੱਗਲਰਾਂ ਦੇ ਸੰਪਰਕ ਵਿੱਚ ਸੀ, ਪੰਜਾਬ ਵਿੱਚ ਹੈਰੋਇਨ ਅਤੇ ਗੈਰ-ਕਾਨੂੰਨੀ ਹਥਿਆਰਾਂ ਦਾ ਰੈਕੇਟ ਚਲਾ ਰਿਹਾ ਸੀ ਅਤੇ ਹਵਾਲਾ ਗੱਠਜੋੜ ਨੂੰ ਅੱਗੇ ਵਧਾ ਰਿਹਾ ਸੀ। ਉਨ੍ਹਾਂ ਕਿਹਾ ਕਿ ਸਰਹੱਦ ਪਾਰ ਸੰਪਰਕ ਅਤੇ ਹਵਾਲਾ ਦੀ ਸ਼ਮੂਲੀਅਤ ਵਾਲੇ ਹੋਰ ਵਿਅਕਤੀਆਂ ਨੂੰ ਫੜਨ ਲਈ ਵੀ ਕਾਰਵਾਈ ਜਾਰੀ ਹੈ।

# ਅੱਜ ਪਾਕਿਸਤਾਨ ਲਈ ਰਵਾਨਾ ਹੋਵੇਗਾ ਸਿੱਖ ਸ਼ਰਧਾਲੂਆਂ ਦਾ ਜਥਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਨੂੰ ਜਾਣ ਵਾਲੇ ਸ਼ਰਧਾਲੂਆਂ ਨੂੰ 21 ਜੂਨ ਨੂੰ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਤੋਂ ਸਵੇਰੇ 8 ਵਜੇ ਰਵਾਨਾ ਕੀਤਾ ਜਾਵੇਗਾ। ਇਹ ਜਥਾ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਨ ਉਪਰੰਤ 30 ਜੂਨ ਨੂੰ ਵਾਪਸ ਆਵੇਗਾ। ਸ਼੍ਰੋਮਣੀ ਕਮੇਟੀ ਵੱਲੋਂ ਜਥੇ ਦੀ ਅਗਵਾਈ ਅੰਤ੍ਰਿੰਗ ਕਮੇਟੀ ਮੈਂਬਰ ਖੁਸ਼ਵਿੰਦਰ ਸਿੰਘ ਭਾਟੀਆ ਨੂੰ ਸੌਂਪੀ ਗਈ ਹੈ, ਜਦਕਿ ਉਨ੍ਹਾਂ ਨਾਲ ਜਥੇ ਦੇ ਡਿਪਟੀ ਲੀਡਰ ਵਜੋਂ ਗੁਰਮੀਤ ਸਿੰਘ ਬੂਹ ਅਤੇ ਬੀਬੀ ਹਰਜਿੰਦਰ ਕੌਰ ਜਾਣਗੇ। ਅੱਜ ਸ਼ਰਧਾਲੂਆਂ ਨੂੰ ਵੀਜ਼ਾ ਲੱਗੇ ਪਾਸਪੋਰਟ ਦੇਣ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਆਖਿਆ ਕਿ ਪਾਕਿਸਤਾਨ 'ਚ ਰਹਿ ਗਏ ਸਿੱਖ ਗੁਰਧਾਮਾਂ ਦੇ ਦੀਦਾਰ ਹਰ ਸਿੱਖ ਦੀ ਲੋਚਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਜਥੇ ਲਈ ਹਰ ਤਰ੍ਹਾਂ ਦੇ ਲੋੜੀਂਦੇ ਪ੍ਰਬੰਧ ਕਰ ਲਏ ਗਏ ਹਨ ਅਤੇ 21 ਜੂਨ ਨੂੰ ਸੰਗਤ ਨੂੰ ਪੰਥਕ ਰਵਾਇਤਾਂ ਅਨੁਸਾਰ ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਰਵਾਨਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਵਾਰ 340 ਸ਼ਰਧਾਲੂਆਂ ਦੇ ਪਾਸਪੋਰਟ ਵੀਜ਼ੇ ਲਈ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ 23 ਸ਼ਰਧਾਲੂਆਂ ਨੂੰ ਦਿੱਲੀ ਸਥਿਤ ਪਾਕਿਸਤਾਨ ਦੂਤਾਵਾਸ ਨੇ ਵੀਜ਼ੇ ਜਾਰੀ ਨਹੀਂ ਕੀਤੇ। ਉਨ੍ਹਾਂ ਦੱਸਿਆ ਕਿ 317 ਸ਼ਰਧਾਲੂਆਂ ਨੂੰ ਵੀਜ਼ੇ ਪ੍ਰਾਪਤ ਹੋਏ ਹਨ, ਜਿਨ੍ਹਾਂ ਨੂੰ ਅੱਜ ਵੀਜ਼ਾ ਲੱਗੇ ਪਾਸਪੋਰਟ ਦਿੱਤੇ ਗਏ ਹਨ। ਪ੍ਰਤਾਪ ਸਿੰਘ ਨੇ ਕਿਹਾ ਕਿ ਜਿਹੜੇ ਸ਼ਰਧਾਲੂ ਅੱਜ ਪਾਸਪੋਰਟ ਲੈਣ ਨਹੀਂ ਪੁੱਜ ਸਕੇ, ਉਹ ਜਥੇ ਦੀ ਰਵਾਨਗੀ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਦਫਤਰ ਤੋਂ ਆਪਣੇ ਪਾਸਪੋਰਟ ਪ੍ਰਾਪਤ ਕਰਨ। ਇਸ ਮੌਕੇ ਯਾਤਰਾ ਵਿਭਾਗ ਦੇ ਇੰਚਾਰਜ ਪਲਵਿੰਦਰ ਸਿੰਘ ਤੇ ਹੋਰ ਹਾਜ਼ਰ ਸਨ।

# ਜ਼ਿਲ੍ਹਾ ਰੋਜ਼ਗਾਰ ਜਨਰੇਸ਼ਨ ਤੇ ਟ੍ਰੇਨਿੰਗ ਦਫ਼ਤਰ ਗੁਰਦਾਸਪੁਰ ਵਿਖੇ ਸਵੈ- ਰੋਜ਼ਗਾਰ/ਲੋਨ ਮੇਲਾ ਅੱਜ

**ਗੁਰਦਾਸਪੁਰ (ਜਨਕ ਮਹਾਜਨ)**- ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਿੱਚ ਜ਼ਿਲ੍ਹੇ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਹਿਤ ਸਵੈ-ਰੋਜ਼ਗਾਰ /ਰੋਜ਼ਗਾਰ ਮੇਲੇ ਲਗਾਏ ਜਾ ਰਹੇ ਹਨ।ਜਿਹੜੇ ਪ੍ਰਾਰਥੀ ਸਵੈ-ਰੋਜ਼ਗਾਰ ਕਰਨ ਦੇ ਚਾਹਵਾਨ ਹਨ ਉਨ੍ਹਾਂ ਨੂੰ ਸਵੈ-ਰੋਜ਼ਗਾਰ ਦੀਆਂ ਸਕੀਮਾਂ ਅਧੀਨ ਲੋਨ ਦਿੱਤੇ ਜਾ ਰਹੇ ਹਨ। ਜਿਹੜੇ ਨੌਜਵਾਨ ਪ੍ਰਾਰਥੀ ਆਪਣਾ ਸਵੈ-ਰੋਜ਼ਗਾਰ ਦਾ ਕੰਮ ਸ਼ੁਰੂ ਕਰਨਾ ਚਾਹੁੰਦੇ ਹਨ, ਉਹ ਪ੍ਰਾਰਥੀ ਪ੍ਰਧਾਨ ਮੰਤਰੀ ਮੁਦਰਾ ਸਕੀਮ, ਪ੍ਰਧਾਨ ਮੰਤਰੀ ਰੋਜ਼ਗਾਰ ਜਨਰੇਸ਼ਨ ਪ੍ਰੋਗਰਾਮ ਅਤੇ ਸਟੈਂਡ ਅਪ ਇੰਡੀਆ ਦੇ ਤਹਿਤ ਆਪਣਾ ਸਵੈ- ਰੋਜ਼ਗਾਰ ਕਰਨ ਦੇ ਲਈ ਲੋਨ ਲੈ ਸਕਦੇ ਹਨ। ਜ਼ਿਲ੍ਹਾ ਰੋਜ਼ਗਾਰ ਜਨਰੇਸ਼ਨ ਅਤੇ ਟ੍ਰੇਨਿੰਗ ਅਫ਼ਸਰ ਪਰਸ਼ੋਤਮ ਸਿੰਘ ਨੇ ਇਸ ਸਬੰਧੀ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿਖੇ 21 ਜੂਨ ਨੂੰ ਕਮਰਾ ਨੰ:217 ਬੀ-ਬਲਾਕ, ਡੀ.ਏ.ਸੀ. ਕੰਪਲੈਕਸ ਜ਼ਿਲ੍ਹਾ ਰੋਜ਼ਗਾਰ ਜਨਰੇਸ਼ਨ ਤੇ ਟ੍ਰੇਨਿੰਗ ਦਫ਼ਤਰ ਗੁਰਦਾਸਪੁਰ ਵਿਖੇ ਸਵੈ-ਰੋਜ਼ਗਾਰ/ਲੋਨ ਮੇਲਾ ਲਗਾਇਆ ਜਾ ਰਿਹਾ ਹੈ। ਇਸ ਮੇਲੇ ਵਿੱਚ ਸਵੈ ਰੋਜ਼ਗਾਰ ਦੇ ਨਾਲ ਸਬੰਧਤ ਸਾਰੇ ਵਿਭਾਗ, ਸਰਕਾਰੀ ਅਤੇ ਪ੍ਰਾਈਵੇਟ ਬੈਂਕਾਂ ਵੱਲੋਂ ਸ਼ਿਰਕਤ ਕੀਤੀ ਜਾਵੇਗੀ ਅਤੇ ਜਿਹੜੇ ਪ੍ਰਾਰਥੀ ਸਵੈ-ਰੋਜ਼ਗਾਰ ਕਰਨ ਲਈ ਲੋਨ ਲੈਣ ਦੇ ਚਾਹਵਾਨ ਹਨ, ਉਹ ਇਸ ਸੁਨਹਿਰੇ ਮੌਕੇ ਦਾ ਲਾਭ ਲੈਣ ਦੇ ਲਈ ਸਵੈ- ਰੋਜ਼ਗਾਰ/ਲੋਨ ਮੇਲੇ ਵਿੱਚ ਸ਼ਾਮਲ ਹੋਣ। ਬੇਰੁਜ਼ਗਾਰ ਪ੍ਰਾਰਥੀ 21 ਜੂਨ ਨੂੰ 09.00 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਗੁਰਦਾਸਪੁਰ ਵਿਖੇ ਪਹੁੰਚ ਕਰਕੇ ਵੀ ਇਹ ਲੋਨ ਫਾਰਮ ਭਰ ਸਕਦੇ ਹਨ। ਉਨ੍ਹਾਂ ਕਿਹਾ ਕਿ ਸਵੈ-ਰੋਜ਼ਗਾਰ ਕਰਨ ਦੇ ਲਈ ਲੋਨ ਲੈਣ ਦੇ ਚਾਹਵਾਨ ਪ੍ਰਾਰਥੀ ਵਧੇਰੇ ਜਾਣਕਾਰੀ ਦੇ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਗੁਰਦਾਸਪੁਰ ਵੱਲੋਂ ਦਿੱਤੇ ਗਏ ਹੈਲਪਾਲਾਈਨ ਨੰ:9478727217 'ਤੇ ਸੰਪਰਕ ਕਰ ਸਕਦੇ ਹਨ।

# ਗੁਰਦਾਸਪੁਰ-ਮੁਕੇਰੀਆਂ ਸੜਕ ਦੇ ਨਿਰਮਾਣ ਕਾਰਜ ਦੌਰਾਨ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ



**ਗੁਰਦਾਸਪੁਰ (ਜਨਕ ਮਹਾਜਨ)**-ਗੁਰਦਾਸਪੁਰ-ਮੁਕੇਰੀਆਂ ਸੜਕ ਦੀ ਪੁੱਟ ਪੁਟਾਈ ਸ਼ੁਰੂ ਹੋ ਚੁੱਕੀ ਹੈ ਪਰ ਠੇਕੇਦਾਰ ਵੱਲੋਂ ਸੜਕ 'ਤੇ ਪਾਣੀ ਦਾ ਛਿੜਕਾਅ ਨਾ ਕਰਨ ਕਰਕੇ ਨੇੜੇ ਪਿੰਡਾਂ ਵਿੱਚ ਘੱਟੇ ਮਿੱਟੀ ਨਾਲ ਹਾਹਾਕਾਰ ਮਚੀ ਹੋਈ ਹੈ। ਗੁਰਦਾਸਪੁਰ- ਮੁਕੇਰੀਆਂ ਮੁੱਖ ਸੜਕ ਗੁਰਦਾਸਪੁਰ ਤੋਂ ਪਿੰਡ ਦਊਵਾਲ ਤੱਕ ਬਣਨੀ ਸ਼ੁਰੂ ਹੋ ਗਈ ਹੈ ਅਤੇ ਪਹਿਲਾਂ ਸੜਕ ਦੀ ਪੁੱਟ ਪੁਟਾਈ ਕੀਤੀ ਜਾ ਰਹੀ ਹੈ ਪਰ ਸੜਕ ਦੇ ਠੇਕੇਦਾਰ ਕੋਲੋਂ ਸੜਕ 'ਤੇ ਪਾਣੀ ਦਾ ਬਿਲਕੁਲ ਛਿੜਕਾਅ ਨਹੀਂ ਕੀਤਾ ਜਾ ਰਿਹਾ ਅਤੇ ਮਿੱਟੀ ਘੱਟੇ ਦੀ ਧੂੜ ਨਾਲ ਸੜਕ ਨੇੜੇ ਲੱਗਦੇ ਪਿੰਡਾਂ ਦੇ ਲੋਕਾਂ ਦਾ ਜੀਵਨ ਦੁੱਬਰ ਹੋਇਆ ਪਿਆ ਹੈ। ਇਸ ਪਾਸੇ ਜ਼ਿਲ੍ਹਾ ਪ੍ਰਸ਼ਾਸਨ ਕੋਈ ਵੀ ਧਿਆਨ ਨਹੀਂ ਦੇ ਰਿਹਾ ਜਿਸ ਕਰਕੇ ਲੋਕਾਂ ਦਾ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਇਸ ਸਬੰਧੀ ਪਿੰਡ ਦੇ ਲੋਕਾਂ ਨੇ ਦੱਸਿਆ ਕਿ ਸੜਕ ਦੀ ਹਾਲਤ ਬੇਹਦ ਖਸਤਾ ਸੀ ਅਤੇ ਨਿਤ ਘਟਨਾਵਾਂ ਨੂੰ ਮੁੱਖ ਰੱਖਦੇ ਹੋਏ ਮਹਿਕਮੇ ਨੇ 18 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਸੜਕ ਦੇ ਕੰਮ ਦੀ ਸ਼ੁਰੂਆਤ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸੜਕ ਤੋਂ ਨਿਕਲ ਰਹੀ ਬਜਰੀ ਦੇ ਢੇਰ ਸੜਕ ਕੰਢੇ ਲਗਾ ਦਿੱਤੇ ਹਨ ਅਤੇ ਇਸ ਨਾਲ ਹਾਦਸੇ ਵਾਪਰਨ ਦਾ ਡਰ ਬਣਿਆ ਹੋਇਆ ਹੈ। ਬੇਟ ਇਲਾਕੇ ਦੇ ਵੱਖ ਵੱਖ ਪਾਰਟੀਆਂ ਦੇ ਆਗੂਆਂ ਨੇ ਅਤੇ ਮੋਹਤਬਰ ਵਿਅਕਤੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਸੜਕ ਦੇ ਨਿਰਮਾਣ ਕਾਰਜ ਦੇ ਨਾਲ ਨਾਲ ਪਾਣੀ ਦਾ ਛਿੜਕਾਅ ਕਰਨ ਦੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਨੂੰ ਹੁਕਮ ਜਾਰੀ ਕੀਤੇ ਜਾਣ।

# ਸੁਖਜਿੰਦਰ ਸਿੰਘ ਰੰਧਾਵਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਏ ਨਤਮਸਤਕ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਲੋਕ ਸਭਾ ਦੀਆਂ ਚੋਣਾਂ ਵਿੱਚ ਗੁਰਦਾਸਪੁਰ ਤੋਂ ਵੱਡੇ ਫਰਕ ਨਾਲ ਜਿੱਤੇ ਸਾਬਕਾ ਉੱਪ ਮੁੱਖ ਮੰਤਰੀ ਤੇ ਕਾਂਗਰਸ ਪਾਰਟੀ ਦੇ ਵੱਡੇ ਚਿਹਰੇ ਸੁੱਖਜਿੰਦਰ ਸਿੰਘ ਰੰਧਾਵਾ ਨੇ ਵੀਰਵਾਰ ਖ਼ਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ੁਕਰਾਨਾ ਕੀਤਾ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਉਪਰੰਤ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੂੰ ਮਿਲ ਕੇ ਅਸ਼ੀਰਵਾਦ ਲਿਆ ਤੇ ਗੁਰਮਿਤ ਵਿਚਾਰਾਂ ਸਾਂਝੀਆਂ ਕੀਤੀਆਂ । ਗੁਰਦੁਆਰਾ ਸਾਹਿਬ ਲਈ ਰਵਾਨਾ ਹੋਣ ਤੋਂ ਪਹਿਲਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਸੂਝਵਾਨ ਵੋਟਰਾਂ ਨੇ ਕਾਂਗਰਸ ਪਾਰਟੀ ਦੇ ਹੱਕ ਵਿੱਚ ਫ਼ਤਵਾ ਦੇ ਕੇ ਸੱਤ ਸੀਟਾਂ ਕਾਂਗਰਸ ਪਾਰਟੀ ਨੂੰ ਜਿਤਾਈਆਂ ਤੇ 13-0 ਕਹਿਣ ਵਾਲਿਆਂ ਦੇ ਮੂੰਹ ਬੰਦ ਕਰਵਾ ਦਿੱਤੇ। ਰੰਧਾਵਾ ਨੇ ਕਿਹਾ ਕਿ ਭਗਵੰਤ ਮਾਨ ਦੀ ਆਪ ਦੀ ਸਰਕਾਰ 27 ਮਹੀਨਿਆਂ ਵਿੱਚ ਹਰ ਫਰੰਟ 'ਤੇ ਬੁਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਹੈ , ਜਿਹੜੀ ਪਾਰਟੀ ਪੰਜੀ ਸਾਲ ਰਾਜ ਕਰਨ ਦੀ ਗੱਲ ਕਰਦੀ ਸੀ ਇੱਕ ਸੀਟ ਨਾਲ ਹੀ ਗੁਜ਼ਾਰਾ ਕਰਨਾ ਪਿਆ ਤੇ ਬਾਕੀਆਂ ਵਿੱਚੋਂ 10 ਸੀਟਾਂ 'ਤੇ ਅਕਾਲੀ ਦਲ ਦੇ ਉਮੀਦਵਾਰਾਂ ਦੀਆਂ ਜ਼ਮਾਨਤਾਂ ਹੀ ਜ਼ਬਤ ਹੋ ਗਈਆਂ । ਤੀਜੀ ਧਿਰ ਭਾਜਪਾ ਮਨੀ, ਮਸਲ, ਮੀਡੀਆ ਤੇ ਈ ਡੀ ਦੇ ਬਲਬੂਤੇ ਆਸ ਲਾਈ ਬੈਠੀ ਸੀ ਪਰ ਆਪਣਾ ਖਾਤਾ ਵੀ ਪੰਜਾਬ ਵਿੱਚ ਨਹੀਂ ਖੋਲ੍ਹ ਸਕੀ। ਜ਼ਿਮਨੀ ਚੋਣਾਂ ਦੀ ਤਿਆਰੀ 'ਤੇ ਪੁੱਛੇ ਜਾਣ 'ਤੇ ਰੰਧਾਵਾ ਨੇ ਕਿਹਾ ਕਿ ਸਾਡੀ ਪਾਰਟੀ ਤੇ ਵਰਕਰ ਤਿਆਰ ਬਰ ਤਿਆਰ ਹਨ ਤੇ ਸਾਰੀਆਂ ਸੀਟਾਂ ਜਿੱਤਣ ਦੇ ਸਮਰੱਥ ਹਾਂ। ਇਸ ਮੌਕੇ ਹਲਕਾ ਮਜੀਠਾ ਦੇ ਕਾਂਗਰਸ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਵੀ ਹਾਜ਼ਰ ਸਨ ।

# ਤਰਸਿੱਕਾ ਬਲਾਕ ਦੇ ਫੋਟੋਗ੍ਰਾਫਰਾਂ ਨੂੰ 27 ਦੇ ਮੇਲੇ ਸੰਬੰਧੀ ਦਿੱਤੇ ਸੱਦਾ ਪੱਤਰ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਬੈਸਟ ਫੋਟੋਗ੍ਰਾਫਰ ਵੈਲਫੇਅਰ ਐਸੋਸੀਏਸ਼ਨ ਬਟਾਲਾ ਵੱਲੋਂ 27 ਜੂਨ ਨੂੰ ਡਾਇਮੰਡ ਰਿਜ਼ੋਰਟ ਅਲੀਵਾਲ ਰੋਡ ਬਾਈਪਾਸ ਬਟਾਲਾ ਵਿਖੇ ਕਰਵਾਏ ਜਾ ਰਹੇ ਛੇਵੇਂ ਫੋਟੋਗ੍ਰਾਫੀ ਮੇਲੇ ਦੇ ਸੰਬੰਧ ਵਿੱਚ ਸੱਦਾ ਪੱਤਰ ਦੇਣ ਲਈ ਵੀਰਵਾਰ ਪ੍ਰਧਾਨ ਸੁਖਵਿੰਦਰ ਸਿੰਘ ਧੁਪਛਿੜੀ, ਸਰਕਲ ਪ੍ਰਧਾਨ ਕਰਮਜੀਤ ਸਿੰਘ ਲਾਲੀ ਮਹਿਤਾ ਅਤੇ ਹੋਰ ਆਗੂਆਂ ਵੱਲੋਂ ਬਲਾਕ ਤਰਸਿੱਕੇ ਦੇ ਫੋਟੋਗ੍ਰਾਫਰਾਂ ਨੂੰ ਸੱਦਾ ਪੱਤਰ ਦਿੱਤੇ ਗਏ ਜਿਨ੍ਹਾਂ ਦਾ ਬਲਾਕ ਤਰਸਿੱਕਾ ਦੇ ਫੋਟੋਗ੍ਰਾਫਰਾਂ ਵੱਲੋਂ ਪੁਰਜ਼ੋਰ ਨਾਲ ਸਵਾਗਤ ਕਰਦੇ ਹੋਏ ਇਸ ਫੋਟੋਗ੍ਰਾਫੀ ਮੇਲੇ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ । ਇਸ ਮੌਕੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਬੈਸਟ ਫੋਟੋਗ੍ਰਾਫਰ ਵੈੱਲਫੇਅਰ ਐਸੋਸੀਏਸ਼ਨ ਦਾ ਸਾਲਾਨਾ ਮੇਲਾ 27 ਤਰੀਕ ਨੂੰ ਡਾਇਮੰਡ ਰਿਜ਼ੋਰਟ ਅਲੀਵਾਲ ਰੋਡ ਬਾਈਪਾਸ ਬਟਾਲਾ ਵਿਖੇ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਪੰਜਾਬ ਭਰ ਦੇ ਫੋਟੋਗ੍ਰਾਫਰ ਹਿੱਸਾ ਲੈ ਰਹੇ ਹਨ । ਉਨ੍ਹਾਂ ਦੱਸਿਆ ਕਿ ਇਸ ਫੋਟੋਗ੍ਰਾਫੀ ਮੇਲੇ ਵਿੱਚ ਫੋਟੋਗ੍ਰਾਫੀ ਨਾਲ ਸੰਬੰਧਤ ਕੰਪਨੀਆਂ ਪ੍ਰਦਰਸ਼ਨੀ ਲਗਾ ਰਹੀਆਂ ਹਨ। ਇਸ ਮੌਕੇ ਪ੍ਰਧਾਨ ਕਰਮਜੀਤ ਸਿੰਘ ਲਾਲੀ ਮਹਿਤਾ ਨੇ ਦੱਸਿਆ ਕਿ ਬਟਾਲਾ ਵਿਖੇ 27 ਜੂਨ ਦੇ ਫੋਟੋਗ੍ਰਾਫ਼ੀ ਮੇਲੇ ਸੰਬੰਧੀ ਫੋਟੋਗ੍ਰਾਫਰ ਵੀਰਾਂ ਨੂੰ ਸੱਦਾ ਪੱਤਰ ਦਿੱਤੇ ਗਏ ਹਨ ਅਤੇ ਵਿਚਾਰਾਂ ਕੀਤੀਆਂ ਗਈਆਂ ਅਤੇ ਮੇਲੇ ਨੂੰ ਰੂਪ ਰੇਖਾ ਤਿਆਰ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਜਿੰਦਰ ਚੌਹਾਨ, ਦਲਜੀਤ ਸਿੰਘ, ਬਲਵਿੰਦਰ ਬਿੱਲਾ, ਜੀਵਨ ਦੀਪ ਬਟਾਲਾ ਤੋਂ ਹਾਜ਼ਰ ਸਨ।

# ਫੱਜੂਪੁਰ 'ਚ ਸਤਿਗੁਰੂ ਕਬੀਰ ਦੇ ਪ੍ਰਕਾਸ਼ ਪੁਰਬ ਸੰਬੰਧੀ ਦੋ ਰੋਜ਼ਾ ਧਾਰਮਿਕ ਸਮਾਗਮਾਂ ਦੀਆਂ ਤਿਆਰੀਆਂ ਮੁਕੰਮਲ; ਸਮਾਗਮ ਅੱਜ ਤੋਂ ਸ਼ੁਰੂ



ਧਾਰੀਵਾਲ, 20 ਜੂਨ (ਮਨਦੀਪ ਵਿੱਕੀ)- ਪ੍ਰਬੰਧਕੀ ਕਮੇਟੀ ਸਤਿਗੁਰ ਕਬੀਰ ਮੰਦਰ (ਰਜਿ.) ਫੱਜੂਪੁਰ, ਧਾਰੀਵਾਲ ਵਲੋਂ ਸਤਿਗੁਰੂ ਕਬੀਰ ਜੀ ਦੇ 626ਵੇਂ ਪ੍ਰਕਾਸ਼ ਪੁਰਬ ਸਬੰਧੀ ਦੋ ਰੋਜ਼ਾ ਧਾਰਮਿਕ ਸਮਾਗਮ 21 ਤੇ 22 ਜੂਨ ਨੂੰ ਕਰਵਾਇਆ ਜਾ ਰਿਹਾ ਹੈ। ਸਮਾਗਮਾਂ ਦੀਆਂ ਤਿਆਰੀਆਂ ਸਬੰਧੀ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ ਦੀ ਅਹਿਮ ਮੀਟਿੰਗ ਸਤਿਗੁਰ ਕਬੀਰ ਮੰਦਰ ਫੱਜੂਪੁਰ ਵਿਖੇ ਕਮੇਟੀ ਪ੍ਰਧਾਨ ਅਸ਼ਵਨੀ ਫੱਜੂਪੁਰ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਕਮੇਟੀ ਪ੍ਰਧਾਨ ਅਸ਼ਵਨੀ ਫੱਜੂਪੁਰ, ਸੈਕਟਰੀ ਗੁਰਬਚਨ ਸਿੰਘ ਜ਼ਿਲ੍ਹੇਦਾਰ, ਸੀਨੀਅਰ ਮੀਤ ਪ੍ਰਧਾਨ ਪ੍ਰੇਮਪਾਲ ਪੰਮਾ, ਕੈਸ਼ੀਅਰ ਪ੍ਰੇਮ ਅਹਿਮਦਾਬਾਦ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਸਮਾਗਮਾਂ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ ਅਤੇ ਸਮਾਗਮਾਂ ਦੇ ਸੁਚਾਰੂ ਪ੍ਰਬੰਧਾਂ ਲਈ ਸੇਵਾਦਾਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਹਨ। ਉਨ੍ਹਾਂ ਦੱਸਿਆ ਪ੍ਰਕਾਸ਼ ਦਿਹਾੜੇ ਸੰਬੰਧੀ 21 ਜੂਨ ਨੂੰ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਨਗਰ ਕੀਰਤਨ ਕੱਢਿਆ ਜਾਵੇਗਾ, ਜੋ ਸਤਿਗੁਰੂ ਕਬੀਰ ਮੰਦਰ ਫੱਜੂਪੁਰ ਤੋਂ ਆਰੰਭ ਹੋ ਕੇ ਸ਼ਹਿਰ ਧਾਰੀਵਾਲ ਅਤੇ ਵੱਖ ਵੱਖ ਪਿੰਡਾਂ ਵਿੱਚੋਂ ਹੁੰਦਾ ਹੋਇਆ ਵਾਪਸ ਆਰੰਭਿਕ ਸਥਾਨ 'ਤੇ ਸਮਾਪਤ ਹੋਵੇਗਾ। ਮੰਦਰ ਵਿਖੇ ਸਮਾਗਮਾਂ ਦੌਰਾਨ 21 ਜੂਨ ਰਾਤ ਨੂੰ ਭਾਈ ਦੀਨਾ ਨਾਥ, 22 ਜੂਨ ਨੂੰ ਦੁਪਹਿਰ ਭਾਈ ਗੁਰਦਿਆਲ ਸਿੰਘ ਲੇਹਲ ਅਤੇ ਰਾਤ ਨੂੰ ਭਾਈ ਲਖਵਿੰਦਰ ਸਿੰਘ ਨੌਸ਼ਹਿਰਾ ਸਾਹਿਬ ਵਾਲੇ ਗੁਰਬਾਣੀ ਕੀਰਤਨ ਅਤੇ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਮੀਟਿੰਗ ਵਿੱਚ ਪ੍ਰਧਾਨ ਅਸ਼ਵਨੀ ਫੱਜੂਪੁਰ, ਸੈਕਟਰੀ ਗੁਰਬਚਨ ਸਿੰਘ ਜ਼ਿਲ੍ਹੇਦਾਰ, ਸੀਨੀਅਰ ਮੀਤ ਪ੍ਰਧਾਨ ਪ੍ਰੇਮਪਾਲ ਪੰਮਾ, ਕੈਸ਼ੀਅਰ ਪ੍ਰੇਮ ਅਹਿਮਦਾਬਾਦ, ਕੀਮਤੀ ਲਾਲ, ਪ੍ਰੇਮ ਸਿੰਘ ਬੇਦੀ ਕਲੋਨੀ ਧਾਰੀਵਾਲ, ਸੇਵਾਦਾਰ ਕੁੰਦਨ ਲਾਲ, ਹਰੀ ਰਾਮ, ਸਾਈਂ ਦਾਸ ਭਗਤ, ਤਰਲੋਕ ਲਾਲ ਭਗਤ ਏ ਡੀ ਓ, ਬਲਵਿੰਦਰ ਬਿੰਦਾ, ਤਲਵਿੰਦਰ ਪਾਲ, ਭਗਤ ਦੀਨਾ ਨਾਥ, ਹਰਮੀਤ ਭਗਤ, ਮਾਸਟਰ ਸੁਭਾਸ਼ ਚੰਦਰ, ਪੂਰਨ ਚੰਦ, ਜਤਿੰਦਰ ਭਗਤ ਦੀਨਪੁਰ, ਦਰਸ਼ਨ ਲਾਲ ਲੇਹਲ, ਐਡਵੋਕੇਟ ਲਲਿਤ ਪ੍ਰਸਾਦ, ਰਾਮ ਕ੍ਰਿਸ਼ਨ, ਵਿਮਲ ਭਗਤ, ਪ੍ਰੇਮ ਪਾਲ ਨੰਬਰਦਾਰ, ਅਸ਼ੋਕ ਕੁਮਾਰ ਆਦਿ ਸ਼ਾਮਲ ਸਨ।

## ਕਾਟਨ ਕਾਊਂਸਲ ਇੰਟਰਨੈਸ਼ਨਲ ਨੇ ਭਾਰਤ-ਅਮਰੀਕਾ ਕਾਟਨ ਵਪਾਰ ਸੰਬੰਧਾਂ ਨੂੰ ਮਜ਼ਬੂਤ ਕਰਨ ਲਈ ਉਦਯੋਗ ਜਗਤ ਦੇ ਲੀਡਰਜ਼ ਨੂੰ ਇੱਕਜੁਟ ਕੀਤਾ

**ਲੁਧਿਆਣਾ** : ਕਾਟਨ ਕਾਊਂਸਲ ਇੰਟਰਨੈਸ਼ਨਲ (ਸੀ ਸੀ ਆਈ ) ਦੀ ਅਗਵਾਈ ਹੇਠ ਆਯੋਜਿਤ ਇੱਕ ਮੀਡੀਆ ਰਾਊਂਡਟੇਬਲ ਮੀਟਿੰਗ ਵਿੱਚ ਰਣਨੀਤਕ ਭਾਰਤ- ਅਮਰੀਕਾ ਕੱਪੜਾ ਵਪਾਰ ਭਾਈਵਾਲੀ ਨੂੰ ਹੁਲਾਰਾ ਦਿੱਤਾ ਗਿਆ ਅਤੇ ਅਮਰੀਕੀ ਕਪਾਹ ਨੂੰ ਭਾਰਤੀ ਸਪਿੰਨਰਾਂ ਲਈ ਦਰਾਮਦ ਕੀਤੀ ਕਪਾਹ ਦੇ ਪਸੰਦੀਦਾ ਵਿਕਲਪ ਦੇ ਰੂਪ ਵਿੱਚ ਉਜਾਗਰ ਕੀਤਾ ਗਿਆ। ਸੀ ਸੀ ਆਈ ਦੇ ਕਾਰਜਕਾਰੀ ਡਾਇਰੈਕਟਰ, ਬਰੂਸ ਅਥਰਲੇ ਨੇ ਕਿਹਾ, ਭਾਰਤ ਦੇ ਟੈਕਸਟਾਈਲ ਉਦਯੋਗ ਦਾ ਸਾਲ 2025 ਤੱਕ 350 ਬਿਲੀਅਨ ਡਾਲਰ ਤੱਕ ਵਧਣ ਦਾ ਅਨੁਮਾਨ ਹੈ। ਦੇਸ਼ਾਂ ਵਿੱਚ ਟਿਕਾਊ ਅਭਿਆਸਾਂ ਅਤੇ ਆਰਥਿਕ ਵਿਕਾਸ ਨੂੰ ਅੱਗੇ ਵਧਾਉਣ ਵਿੱਚ ਇਸ ਭਾਈਵਾਲੀ ਦੇ ਰਣਨੀਤਕ ਮਹੱਤਵ 'ਤੇ ਜ਼ੋਰ ਦਿੱਤਾ ਗਿਆ । ਭਾਰਤ ਅਤੇ ਸ੍ਰੀਲੰਕਾ ਵਿੱਚ ਸੀ ਸੀ ਆਈ ਦੇ ਪ੍ਰੋਗਰਾਮ ਪ੍ਰਤੀਨਿਧੀ, ਪੀਯੂਸ਼ ਨਾਰੰਗ ਨੇ ਅੱਗੇ ਕਿਹਾ, ਅਮਰੀਕੀ ਕਪਾਹ ਦੀ ਵਰਤੋਂ ਕਰਕੇ, ਭਾਰਤੀ ਟੈਕਸਟਾਈਲ ਨਿਰਮਾਤਾ ਨਾ ਸਿਰਫ ਗਲੋਬਲ ਗੁਣਵੱਤਾ ਦੇ ਮਿਆਰਾਂ ਨੂੰ ਪੂਰਾ ਕਰ ਸਕਦੇ ਹਨ ।

# ਬੱਚਿਆਂ ਲਈ 10 ਦਿਨਾ ਗੁਰਮਤਿ ਸਿਖਲਾਈ ਕੈਂਪ ਲਗਾਇਆ



**ਮਜੀਠਾ ( ਸੋਇਮ ਆਨੰਦ)**- ਉਭਰ ਰਹੀ ਨੌਜਵਾਨ ਪੀੜ੍ਹੀ ਨੂੰ ਗੁਰਬਾਣੀ ਅਤੇ ਗੁਰ ਇਤਿਹਾਸ ਨਾਲ ਜੋੜਨ ਲਈ ਨੌਜਵਾਨ ਧਾਰਮਿਕ ਆਗੂ ਭਾਈ ਜਗਦੀਸ਼ ਸਿੰਘ ਵਡਾਲਾ ਦੇ ਯਤਨਾਂ ਸਦਕਾ ਗੁਰਦਵਾਰਾ ਸ੍ਰੀ ਗੁਰੂ ਸਿੰਘ ਸਭਾ ਸਾਹਿਬ ਵਿਖੇ ਗਰਮੀਆਂ ਦੀਆਂ ਛੁੱਟੀਆਂ ਦੇ ਚਲਦੇ ਬੱਚਿਆਂ ਲਈ 10 ਦਿਨਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਇਸ ਸਮਰ ਕੈਂਪ ਵਿਚ ਇਲਾਕੇ ਦੇ ਕਰੀਬ 50 ਬੱਚੇ ਬੱਚੀਆਂ ਨੇ ਹਿੱਸਾ ਲਿਆ ਜਿਨ੍ਹਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਚਾਰਕ ਭਾਈ ਗੁਰਵਿੰਦਰ ਸਿੰਘ ਭੰਗਵਾਂ ਨੇ ਬੱਚਿਆਂ ਨੂੰ ਗੁਰਮਤਿ ਦੀ ਸਿਖਲਾਈ ਦਿੱਤੀ ਅਤੇ ਆਖਰੀ ਦਿਨ ਇਸ ਕੈਂਪ ਵਿਚ ਹਿੱਸਾ ਲੈਣ ਵਾਲੇ ਸਾਰੇ ਬੱਚਿਆਂ ਨੂੰ ਸਰਟੀਫਿਕੇਟ ਅਤੇ ਮੈਡਲ ਨਾਲ ਸਨਮਾਨਿਤ ਕੀਤਾ ਗਿਆ ਅਤੇ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ। ਉਪਰੰਤ ਭਾਈ ਜਗਦੀਸ਼ ਸਿੰਘ ਵਡਾਲਾ ਅਤੇ ਭਾਈ ਗੁਰਵਿੰਦਰ ਸਿੰਘ ਭੰਗਵਾਂ ਨੇ ਆਖਿਆ ਕਿ ਇਨ੍ਹਾਂ ਕੈਂਪਾਂ ਦਾ ਮੁੱਖ ਮਨੋਰਥ ਧਾਰਮਿਕ ਪੱਖੋਂ ਦੂਰ ਹੁੰਦੀ ਜਾ ਰਹੀ ਨੌਜਵਾਨ ਪੀੜ੍ਹੀ ਨੂੰ ਗੁਰਬਾਣੀ ਨਾਲ ਜੋੜਨ ਦੇ ਨਾਲ ਨਾਲ ਗੁਰੂਆਂ ਦੇ ਮਾਣਮੱਤੇ ਇਤਿਹਾਸ ਤੋਂ ਜਾਣੂ ਕਰਵਾਉਣਾ ਹੈ। ਇਸ ਮੌਕੇ ਗੁਰਦੁਆਰਾ ਸਿੰਘ ਸਭਾ ਦੇ ਪ੍ਰਧਾਨ ਬੀਬੀ ਬਲਜੀਤ ਕੌਰ, ਬੀਬੀ ਬਲਵਿੰਦਰ ਕੌਰ, ਗ੍ਰੰਥੀ ਬਾਬਾ ਬਲਜਿੰਦਰ ਸਿੰਘ, ਮਨਵੀਰ ਸਿੰਘ ਵਡਾਲਾ, ਨਿਰਮੈਲ ਸਿੰਘ, ਹਰਮਨਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਰਾਜਵਿੰਦਰ ਸਿੰਘ ਆਦਿ ਹਾਜ਼ਰ ਸਨ।

## 66 ਕੇ ਵੀ ਸਬ ਸਟੇਸ਼ਨ ਦਾ ਕੰਮ ਜਲਦੀ ਨਾ ਸ਼ੁਰੂ ਕੀਤਾ ਤਾਂ ਕਾਂਗਰਸ ਕਿਸਾਨਾਂ ਨਾਲ ਰਲ ਕੇ ਸੰਘਰਸ਼ ਕਰੇਗੀ : ਪ੍ਰਤਾਪ ਸਿੰਘ ਬਾਜਵਾ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਵਿਧਾਨ ਸਭਾ ਹਲਕਾ ਕਾਦੀਆਂ ਦੇ ਵਿਧਾਇਕ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵਲੋਂ ਪੀ ਐਸ ਪੀ ਸੀ ਐਲ ਦੇ ਚੇਅਰਮੈਨ ਪਟਿਆਲਾ ਅਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਲਿਖੇ ਪੱਤਰ ਰਾਹੀਂ ਮੰਗ ਕੀਤੀ ਹੈ ਕਿ ਉਨ੍ਹਾਂ ਵੱਲੋਂ ਪਿਛਲੀ ਕਾਂਗਰਸ ਸਰਕਾਰ ਸਮੇਂ ਬਲਾਕ ਕਾਹਨੂੰਵਾਨ ਦੇ ਪਿੰਡ ਕੋਟ ਧੰਦਲ ਵਿਖੇ 66 ਕੇ ਵੀ ਸਬ ਸਟੇਸ਼ਨ ਜੋ ਪਿਛਲੇ ਸਾਲ ਬਣ ਕੇ ਤਿਆਰ ਹੋ ਚੁੱਕਾ ਹੈ। ਇਹ ਸਬ ਸਟੇਸ਼ਨ ਪਿਛਲੇ ਸਾਲ ਮਈ ਵਿੱਚ ਚਾਲੂ ਹੋ ਜਾਣਾ ਚਾਹੀਦਾ ਸੀ, ਪਰ ਮੌਜੂਦਾ ਸਰਕਾਰ ਦੀਆਂ ਨਲਾਇਕੀਆਂ ਕਰਕੇ ਚਾਲੂ ਨਹੀਂ ਹੋ ਸਕਿਆ। ਉਨ੍ਹਾਂ ਚਿੱਠੀ ਲਿਖ ਕੇ ਮੰਗ ਕੀਤੀ ਕਿ ਇਸ ਪ੍ਰੋਜੈਕਟ ਅਨੁਸਾਰ ਪੀ ਐਸ ਪੀ ਸੀ ਐਲ ਵੱਲੋਂ ਸਾਰੇ ਬਣਦੇ ਬਕਾਏ ਡੀ ਐਫ ਗੁਰਦਾਸਪੁਰ ਨੂੰ ਚਲੇ ਗਏ ਹਨ। ਬਾਜਵਾ ਨੇ ਮੰਗ ਕੀਤੀ ਕਿ ਤੁਸੀਂ ਵੀ ਐਫ ਆਰ ਸੀ (ਫੋਰੈਸਟ ਰਾਈਟ ਕਮੇਟੀ) ਡੀ ਐਫ ਓ ਗੁਰਦਾਸਪੁਰ ਨੂੰ ਜਾਰੀ ਕਰ ਦੇਵੋ ਤਾਂ ਕਿ ਡੀ ਐਫ ਓ ਗੁਰਦਾਸਪੁਰ ਨਹਿਰ ਉੱਤੇ ਲਾਈਨ ਲਗਾਉਣ ਵਾਸਤੇ ਦਰੱਖਤ ਕੱਟਣ ਲਈ ਟੈਂਡਰ ਜਾਰੀ ਕਰ ਸਕਣ। ਉਨ੍ਹਾਂ ਕਿਹਾ ਕਿ ਝੋਨੇ ਦਾ ਸੀਜ਼ਨ ਹੋਣ ਕਰਕੇ ਜ਼ਿਮੀਦਾਰਾਂ ਨੂੰ ਬਿਜਲੀ , ਪਾਣੀ ਦੀ ਬਹੁਤ ਕਿੱਲਤ ਹੋ ਰਹੀ ਹੈ ਅਤੇ ਇਸ ਦੀਆਂ ਸਾਰੀਆਂ ਰੁਕਾਵਟਾਂ ਖਤਮ ਕੀਤੀਆਂ ਜਾਣ ਤੇ ਇਸ ਨੂੰ ਜਲਦ ਤੋਂ ਜਲਦ ਸ਼ੁਰੂ ਕਰਵਾਇਆ ਜਾਵੇ ਨਹੀਂ ਤਾਂ ਕਾਂਗਰਸ ਪਾਰਟੀ ਕਿਸਾਨ ਭਰਾਵਾਂ ਨੂੰ ਨਾਲ ਲੈ ਕੇ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ।

# ਗੇਂਦਰ ਬਰਾਦਰੀ ਦੇ ਜਠੇਰਿਆਂ ਦਾ ਮੇਲਾ ਸ਼ਰਧਾ ਨਾਲ ਮਨਾਇਆ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸਥਾਨਕ ਕਸਬੇ ਦੇ ਨਜ਼ਦੀਕ ਪੈਂਦੇ ਕਿਲਾ ਲਾਲ ਸਿੰਘ ਤੋਂ ਕਲਾਨੌਰ ਨੂੰ ਜਾਂਦਿਆਂ ਨਵਾਂ ਪਿੰਡ ਮਿਲਖੀਵਾਲ ਵਿਖੇ ਬਣੀ ਲੱਖ ਦਾਤਾ ਦੀ ਜਗ੍ਹਾ 'ਤੇ ਹਾੜ੍ਹ ਦੇ ਜੇਠੇ ਵੀਰਵਾਰ ਨੂੰ ਗੇਂਦਰ ਜਾਤ ਦੇ ਪਰਵਾਰਾਂ ਵੱਲੋਂ ਆਪਣੇ ਜਠੇਰਿਆਂ ਦਾ ਸਲਾਨਾ ਮੇਲਾ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ । ਇਸ ਮੌਕੇ ਲੱਖ ਦਾਤਾ ਜਗ੍ਹਾ ਦੀ ਮੁੱਖ ਸੇਵਾਦਾਰ ਕਾਂਤਾ ਕੁਮਾਰੀ ਤੇ ਸੇਵਾਦਾਰ ਪਵਨ ਕੁਮਾਰ ਨੇ ਸਮੂਹ ਗੇਂਦਰ ਪਰਵਾਰਾਂ ਨੂੰ ਨਾਲ ਲੈ ਕੇ ਬਾਬਾ ਲੱਖ ਦਾਤਾ ਦੀ ਜਗ੍ਹਾ 'ਤੇ ਚਾਦਰ ਚੜ੍ਹਾਈ ਤੇ ਨਾਗਾਂ ਦੀ ਜਗ੍ਹਾ 'ਤੇ ਕੱਚੀ ਲੱਸੀ ਚੜ੍ਹਾਉਣ ਤੋਂ ਬਾਅਦ ਤੇ ਜੋਤ ਜਗਾ ਕੇ ਪੂਜਾ ਅਰਚਨਾ ਕੀਤੀ ਅਤੇ ਵੱਖ-ਵੱਖ ਤਰ੍ਹਾਂ ਦੇ ਲੰਗਰ ਭੰਡਾਰੇ ਲਗਾਏ ਗਏ । ਇਸ ਮੌਕੇ ਗੇਂਦਰ ਪਰਵਾਰਾਂ ਨੇ ਆਪਣੇ ਬੱਚਿਆਂ ਸਮੇਤ ਬਾਬਾ ਲੱਖ ਦਾਤਾ ਦੀ ਜਗ੍ਹਾ ਤੇ ਬੜੀ ਸ਼ਰਧਾ ਤੇ ਪ੍ਰੇਮ ਨਾਲ ਪੂਜਾ ਅਰਚਨਾ ਕੀਤੀ ਤੇ ਪੀਰ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ । ਇਸ ਮੌਕੇ ਅਸ਼ੋਕ ਕੁਮਾਰ,ਪਵਨ ਕੁਮਾਰ, ਸੁਖਵਿੰਦਰ ਸਿੰਘ, ਸਰਬਜੀਤ ਸਿੰਘ, ਸ਼ਰਨਜੀਤ ਸਿੰਘ ਨਵਾਂ ਪਿੰਡ, ਰਾਜਨ ਕੁਮਾਰ, ਰਮੇਸ਼ ਸ਼ਰਮਾ ਡੇਰਾ, ਸੁਸ਼ੀਲ ਕੁਮਾਰ, ਸੁਨੀਲ ਕੁਮਾਰ ਛੇਹਰਟਾ, ਸੁਰਜੀਤ ਕੁਮਾਰ ਕਾਲਾ ਅਫ਼ਗਾਨਾ, ਰਾਜ ਕੁਮਾਰ ਅੰਮ੍ਰਿਤਸਰ, ਜੋਗਿੰਦਰ ਪਾਲ ਅੰਮ੍ਰਿਤਸਰ, ਕੁਲਦੀਪ ਸ਼ਰਮਾ ਧੋਲਪੁਰ, ਮਨੀ ਕੁਮਾਰ, ਸੰਨੀ ਕੁਮਾਰ , ਅਮਨਜੋਤ ਸ਼ਰਮਾ ਧਿਆਨਪੁਰ, ਪਰਮਜੀਤ ਸ਼ਰਮਾ ਲੁਧਿਆਣਾ, ਦੀਪਕ ਸ਼ਰਮਾ ਫਤਿਹਗੜ੍ਹ ਚੂੜੀਆਂ, ਪ੍ਰਵੀਨ ਕੁਮਾਰ ਸ਼ਰਮਾ ਯੂਪੀ, ਕੇਵਲ ਕਿਸ਼ੋਰ, ਵਿਸ਼ਾਲ ਕੁਮਾਰ ਜਗਾਧਰੀ, ਵਿਸ਼ਵਾ ਮਿੱਤਰ ਸ਼ੇਖੂਪੁਰ, ਸੰਦੀਪ ਸ਼ਰਮਾ ਚੰਡੀਗੜ੍ਹ, ਮਹਿੰਦਰਪਾਲ ਜੰਡਿਆਲਾ , ਤੇਜਿੰਦਰ ਪਾਲ ,ਹਰਜਿੰਦਰ ਪਾਲ ਸ਼ਰਮਾ, ਰਾਜਨ ਸ਼ਰਮਾ,ਯੋਤਿਨ ਸ਼ਰਮਾ ਤਰਨ ਤਾਰਨ, ਰਵੀ ਭੂਸ਼ਨ ਬੱਬੂ ਧਾਰੀਵਾਲ, ਸੁਰਿੰਦਰ ਕੁਮਾਰ ਸ਼ਰਮਾ ਕਿਲ੍ਹਾ ਲਾਲ ਸਿੰਘ, ਮਨੋਹਰ ਲਾਲ ਸ਼ਰਮਾ ਜਗਾਧਰੀ, ਸੁਦੇਸ਼ ਕੁਮਾਰ ਸ਼ਰਮਾ, ਸਤੀਸ਼ ਕੁਮਾਰ ਸ਼ਰਮਾ ਡੇਰਾ, ਰਿਤਿਕ ਸ਼ਰਮਾ ਤੋਂ ਇਲਾਵਾ ਗੇਂਦਰ ਪਰਵਾਰ ਵੱਡੀ ਗਿਣਤੀ ਵਿਚ ਹਾਜ਼ਰ ਸਨ ।

# ਫਿਸ਼ ਪਾਰਕ 'ਚ ਅੰਤਰਰਾਸ਼ਟਰੀ ਯੋਗ ਦਿਵਸ ਅੱਜ ਮਨਾਇਆ ਜਾਵੇਗਾ



**ਗੁਰਦਾਸਪੁਰ, (ਜਨਕ ਮਹਾਜਨ)**- ਪਤੰਜਲੀ ਯੋਗ ਪੀਠ ਵਲੋਂ ਸ਼ਹਿਰ ਦੀਆਂ ਹੋਰ ਜਥੇਬੰਦੀਆਂ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਯੋਗ ਦਿਵਸ 21 ਜੂਨ ਨੂੰ ਸ਼ਹੀਦ ਬਲਵਿੰਦਰ ਸਿੰਘ ਪਾਰਕ (ਮੱਛੀ ਪਾਰਕ) ਵਿਖੇ ਸਵੇਰੇ 6 ਵਜੇ ਤੋਂ ਬੜੀ ਧੂਮ-ਧਾਮ ਨਾਲ ਮਨਾਇਆ ਜਾਵੇਗਾ। ਯੋਗ ਸਿਖਿਅਕ ਰੋਹਿਤ ਉਪਲ ਨੇ ਦੱਸਿਆ ਕਿ ਇਸ ਦਿਨ ਲਈ ਫਿਸ਼ ਪਾਰਕ ਵਿੱਚ ਹਰ ਰੋਜ਼ ਸਵੇਰੇ ਇੱਕ ਵਿਸ਼ੇਸ਼ ਅਭਿਆਸ ਸੈਸ਼ਨ ਕਰਵਾਇਆ ਜਾ ਰਿਹਾ ਹੈ, ਜਿੱਥੇ ਹਰ ਰੋਜ਼ ਸਵੇਰੇ ਇਕ ਘੰਟਾ ਅਭਿਆਸ ਕੀਤਾ ਜਾਂਦਾ ਹੈ ਤਾਂ ਜੋ ਪ੍ਰੋਗਰਾਮ ਨੂੰ ਪੂਰੀ ਤਰ੍ਹਾਂ ਕਾਮਯਾਬ ਕੀਤਾ ਜਾ ਸਕੇ। ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਦੀ ਪ੍ਰਧਾਨਗੀ ਹੇਠ ਹੋਣ ਵਾਲੇ ਇਸ ਪ੍ਰੋਗਰਾਮ ਵਿਚ ਸ਼ਹਿਰ ਦੀਆਂ ਸਮੂਹ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਭਾਗ ਲੈਣਗੀਆਂ। ਸਵੇਰੇ 6 ਵਜੇ ਤੋਂ 7.40 ਵਜੇ ਤੱਕ ਚੱਲਣ ਵਾਲੇ ਇਸ ਪ੍ਰੋਗਰਾਮ ਵਿਚ ਸਮੂਹ ਗੁਰਦਾਸਪੁਰ ਨਿਵਾਸੀਆਂ ਨੂੰ ਯੋਗਾ ਅਤੇ ਪ੍ਰਾਣਾਯਾਮ ਦੇ ਅਭਿਆਸ ਬਾਰੇ ਜਾਗਰੂਕ ਕੀਤਾ ਜਾਵੇਗਾ। ਕਰੀਬ 1000 ਲੋਕਾਂ ਦੇ ਬੈਠਣ ਦਾ ਪ੍ਰਬੰਧ ਕੀਤਾ ਗਿਆ ਹੈ। ਯੋਗਾ ਸੈਸ਼ਨ ਤੋਂ ਬਾਅਦ ਯੋਗ ਸ਼ਿਵਰ ਵਿੱਚ ਭਾਗ ਲੈਣ ਵਾਲੇ ਯੋਗ ਅਭਿਆਸੀਆਂ ਲਈ ਨਾਸ਼ਤੇ ਦਾ ਵੀ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਸਾਰੇ ਗੁਰਦਾਸਪੁਰ ਨਿਵਾਸੀਆਂ ਨੂੰ ਆਪਣੇ ਪਰਿਵਾਰਾਂ ਸਮੇਤ ਇਸ ਪ੍ਰੋਗਰਾਮ ਵਿੱਚ ਹਿੱਸਾ ਲੈਣ ਦਾ ਸੱਦਾ ਦਿੱਤਾ ਹੈ।

# ਜ਼ਿਲ੍ਹੇ ਨੂੰ ਹਰਿਆ-ਭਰਿਆ ਬਣਾਉਣ ਲਈ 10 ਲੱਖ ਬੂਟੇ ਲਗਾਉਣ ਦਾ ਟੀਚਾ ਮਿੱਥਿਆ : ਵਧੀਕ ਡਿਪਟੀ ਕਮਿਸ਼ਨਰ




**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ )**- ਮਾਨਸੂਨ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਜ਼ਿਲ੍ਹੇ ਨੂੰ ਹਰਿਆ-ਭਰਿਆ ਬਣਾਉਣ ਲਈ ਵੱਖ-ਵੱਖ ਥਾਵਾਂ ਵਿੱਚ ਪਲਾਂਟੇਸ਼ਨ ਕਰਵਾਉਣ ਲਈ 10 ਲੱਖ ਬੂਟੇ ਲਗਾਉਣ ਦਾ ਟੀਚਾ ਮਿੱਥਿਆ ਗਿਆ ਹੈ। ਇਨ੍ਹਾਂ ਬੂਟਿਆਂ ਨਾਲ ਵਾਤਾਵਰਣ ਸਾਫ-ਸੁਥਰਾ ਰਹੇਗਾ ਤੇ ਭਵਿੱਖ ਵਿੱਚ ਗਰਮੀ ਤੋਂ ਰਾਹਤ ਜੀਵਨ ਨੂੰ ਖੁਸ਼ਹਾਲ ਬਣਾਉਣ ਲਈ ਲਾਹੇਵੰਦ ਹੋਣਗੇ। ਇਸ ਸਬੰਧੀ ਸਮੂਹ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਪਰਮਜੀਤ ਕੌਰ ਨੇ ਕਿਹਾ ਕਿ ਮਹਾਤਮਾ ਗਾਂਧੀ ਨਰੇਗਾ ਸਕੀਮ ਅਧੀਨ ਜ਼ਿਲ੍ਹੇ ਵਿੱਚ ਪਲਾਂਟੇਸ਼ਨ ਕਰਵਾਉਣ ਲਈ ਉਨ੍ਹਾਂ ਦੇ ਵਿਭਾਗ ਨਾਲ ਸਬੰਧਤ ਹਰੇਕ ਖਾਲੀ ਥਾਂ ਭਾਵ ਸਰਕਾਰੀ ਬਿਲਡਿੰਗਾਂ, ਹਸਪਤਾਲ, ਸਕੂਲ, ਪੰਚਾਇਤੀ ਜ਼ਮੀਨ ਰੋਡ ਸਾਈਡ ਜਿਸ ਉਪਰ ਪਲਾਂਟੇਸ਼ਨ ਕਰਵਾਈ ਜਾ ਸਕੇ, ਦੀ ਸ਼ਨਾਖਤ ਕਰਨ ਦੇ ਆਦੇਸ਼ ਦਿੱਤੇ ਗਏ ਤਾਂ ਜੋ ਉਨ੍ਹਾਂ ਨੂੰ ਜ਼ਰੂਰਤ ਅਨੁਸਾਰ ਪੌਦੇ ਮੁਹੱਈਆ ਕਰਵਾਏ ਜਾ ਸਕਨ। ਉਨ੍ਹਾਂ ਦੱਸਿਆ ਕਿ ਕੇਵਲ ਪੌਦੇ ਲਗਾਉਣ ਤੱਕ ਹੀ ਕੰਮ ਸੀਮਤ ਨਹੀਂ ਰਹਿਣਾ ਚਾਹੀਦਾ ਬਲਕਿ ਇਨ੍ਹਾਂ ਦੀ ਦੇਖਭਾਲ ਕਰਨਾ ਵੀ ਸਾਡਾ ਫਰਜ਼ ਹੈ। ਉਨ੍ਹਾਂ ਕਿਹਾ ਕਿ ਸਾਡਾ ਸਭ ਦਾ ਮੁਢਲਾ ਫਰਜ਼ ਬਣਦਾ ਹੈ ਕਿ ਅਸੀਂ ਵਾਤਾਵਰਣ ਨੂੰ ਬਚਾਉਣ ਲਈ ਅੱਗੇ ਆਈਏ ਤਾਂ ਜੋ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਵੱਛ ਵਾਤਾਵਰਣ ਮੁਹੱਈਆ ਕਰਵਾਇਆ ਜਾ ਸਕੇ। ਵਧੀਕ ਡਿਪਟੀ ਕਮਿਸ਼ਨਰ ਵੱਲੋਂ ਸਮੂਹ ਪਿੰਡਾਂ ਦੇ ਜ਼ਿਮੀਦਾਰਾਂ ਨੂੰ ਅਪੀਲ ਕੀਤੀ ਕਿ ਉਨ੍ਹਾਂ ਦੀਆਂ ਜ਼ਮੀਨਾਂ ਨਾਲ ਲੱਗਦੀਆਂ ਸੜਕਾਂ ਦੇ ਬਰਮਾਂ ਉੱਪਰ ਲਗਾਏ ਗਏ ਬੂਟਿਆਂ ਨੂੰ ਬਚਾਉਣ ਲਈ ਪੂਰਨ ਸਹਿਯੋਗ ਦੇਣ। ਇਸ ਨਾਲ ਮਗਨਰੇਗਾ ਸਕੀਮ ਅਧੀਨ ਜਾਬ ਕਾਰਡ ਹੋਲਡਰਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦਿੱਤਾ ਜਾ ਸਕੇਗਾ। ਇਸ ਮੀਟਿੰਗ ਵਿੱਚ ਐਸ.ਡੀ.ਐਮ. ਅਜਨਾਲਾ ਅਰਵਿੰਦਰ ਪਾਲ ਸਿੰਘ, ਜ਼ਿਲ੍ਹਾ ਜੰਗਲਾਤ ਅਫਸਰ ਅਮਨੀਤ ਸਿੰਘ, ਐਕਸੀਅਨ ਪੀ.ਡਬਲਯੂ.ਡੀ. ਇੰਦਰਜੀਤ ਸਿੰਘ, ਪ੍ਰਿੰਸੀਪਲ ਆਈ.ਟੀ.ਆਈ. ਕੈਪਟਨ ਸੰਜੀਵ ਸ਼ਰਮਾ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਮਸੀਹ ਭਾਈਚਾਰੇ ਨੇ ਇਨਸਾਫ ਲਈ ਜ਼ਿਲ੍ਹਾ ਪੁਲਸ ਮੁਖੀ ਨੂੰ ਸੌਂਪਿਆ ਮੰਗ ਪੱਤਰ



**ਗੁਰਦਾਸਪੁਰ (ਜਨਕ ਮਹਾਜਨ)**- ਪਿੰਡ ਲੱਖੋਵਾਲ ਦੇ ਰਾਣਾ ਮਸੀਹ ਉਰਫ ਧੋਨੀ ਪੁੱਤਰ ਵਾਰਿਸ ਮਸੀਹ ਦੀ 30 ਮਈ ਨੂੰ ਘਰੋਂ ਗਏ ਦੀ 31 ਮਈ ਸਵੇਰ ਨੂੰ ਲਾਸ਼ ਕਾਲਾ ਨੰਗਲ ਦੇ ਕੱਚੇ ਰਸਤੇ 'ਤੇ ਗਲੀ ਸੜੀ ਹਾਲਤ ਵਿੱਚ ਮਿਲੀ ਸੀ। ਲਾਸ਼ ਸੰਬੰਧੀ ਥਾਣਾ ਸਦਰ ਪੁਲਸ ਗੁਰਦਾਸਪੁਰ ਵਿਖੇ ਅਣਪਛਾਤੇ ਵਿਅਕਤੀਆਂ ਵਿਰੁੱਧ ਪਰਚਾ ਦਰਜ ਹੋਣ ਦੇ ਬਾਵਜੂਦ ਪੁਲਸ ਕਾਤਲਾਂ ਨੂੰ ਗ੍ਰਿਫਤਾਰ ਨਹੀਂ ਕਰ ਸਕੀ, ਜਿਸ ਕਰਕੇ ਪਰਵਾਰ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਕਤਲ ਦੇ ਦੋਸ਼ੀਆਂ ਨੂੰ ਜਲਦ ਗ੍ਰਿਫਤਾਰ ਕਰਨ ਅਤੇ ਜਾਂਚ ਨੂੰ ਸਹੀ ਨਤੀਜੇ ਤੱਕ ਪਹੁੰਚਾਉਣ ਲਈ ਕ੍ਰਿਸਚੀਅਨ ਨੈਸ਼ਨਲ ਫਰੰਟ ਦੇ ਰਾਸ਼ਟਰੀ ਪ੍ਰਧਾਨ ਲਾਰੈਂਸ ਚੌਧਰੀ ਦੀ ਅਗਵਾਈ ਹੇਠ ਇਕ ਵਫਦ ਐਸ. ਐਸ. ਪੀ. ਨੂੰ ਮਿਲਿਆ ਅਤੇ ਮੰਗ ਪੱਤਰ ਸੌਂਪਿਆ। ਉਨ੍ਹਾਂ ਕਿਹਾ ਕਿ ਭੇਦਭਰੇ ਹਲਾਤ ਵਿੱਚ ਰਾਣਾ ਮਸੀਹ ਦੇ ਹੋਏ ਕਤਲ ਨੂੰ ਸੁਲਝਾਉਣ ਲਈ ਐਸ. ਪੀ. ਅਧਿਕਾਰੀ ਦੀ ਅਗਵਾਈ ਵਿਚ ਸਿਟ ਦਾ ਗਠਨ ਕਰਕੇ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਐਸ. ਐਸ. ਪੀ. ਸਾਹਿਬ ਨੇ ਵਫਦ ਦੀ ਮੰਗ ਨੂੰ ਸਵੀਕਾਰ ਕਰਦੇ ਹੋਏ ਸਿਟ ਬਣਾ ਦਿੱਤੀ ਅਤੇ ਪਰਵਾਰ ਨੂੰ ਇਨਸਾਫ਼ ਦਿਵਾਉਣ ਦਾ ਭਰੋਸਾ ਦੁਆਇਆ ਅਤੇ ਦੋਸ਼ੀਆਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀ ਜਾਵੇਗਾ ਦਾ ਭਰੋਸਾ ਦਿੱਤਾ।

ਇਸ ਮੌਕੇ ਬੱਬਾ ਗਿੱਲ ਯੂਥ ਪ੍ਰਧਾਨ ਪੰਜਾਬ, ਕੁਲਦੀਪ ਮਸੀਹ ਤੁੰਗ ਜ਼ਿਲ੍ਹਾ ਪ੍ਰਧਾਨ, ਵਿਕਰਮ ਮਸੀਹ ਪ੍ਰਧਾਨ, ਰਾਜਨ ਰੰਧਾਵਾ, ਵਾਰਿਸ ਮਸੀਹ ਲੱਖੋਵਾਲ, ਮੈਂਬਰ ਅਕਾਸ਼ ਦੀਨਾਨਗਰ, ਪ੍ਰੇਮ ਮਹਾਸਾ, ਰੋਹਿਤ, ਲਾਡੀ, ਵਕੀਲ ਬੁਵਨੇਸ਼ ਮਹਾਜਨ ਆਦਿ ਹਾਜ਼ਰ ਹੋਏ।

21-June-PAGE-4.qxd 6/20/2024 10:43 PM Page 1

ਨਵਾਂ ਜ਼ਮਾਨਾ
ਸ਼ੁੱਕਰਵਾਰ, 21 ਜੂਨ 2024

# ਪੇਪਰ ਲੀਕ ਸਰਕਾਰ

*ਮੈਡੀਕਲ ਕਾਲਜਾਂ ਵਿੱਚ ਦਾਖਲੇ ਲਈ ਹੋਣ ਵਾਲੀ 'ਨੀਟ' ਪ੍ਰੀਖਿਆ ਦਾ ਵਿਵਾਦ ਹਾਲੇ ਸੁਲਗ ਹੀ ਰਿਹਾ ਸੀ ਕਿ ਹੁਣ ਯੂ ਜੀ ਸੀ-ਨੈੱਟ ਵਿੱਚ ਘਪਲੇ ਦੀ ਖਬਰ ਆ ਗਈ ਹੈ। ਯੂ ਜੀ ਸੀ-ਨੈੱਟ ਯੂਨੀਵਰਸਿਟੀਆਂ ਤੇ ਕਾਲਜਾਂ ਵਿੱਚ ਸਹਾਇਕ ਪ੍ਰੋਫੈਸਰਾਂ ਤੇ ਜੂਨੀਅਰ ਰਿਸਰਚ ਫੈਲੋ ਦੀਆਂ ਨਿਯੁਕਤੀਆਂ ਦੀ ਯੋਗਤਾ ਨਿਰਧਾਰਤ ਕਰਦਾ ਹੈ।*

*ਰਾਸ਼ਟਰੀ ਪ੍ਰੀਖਿਆ ਏਜੰਸੀ (ਐੱਨ ਟੀ ਏ) ਨੇ ਇੱਕ ਦਿਨ ਪਹਿਲਾਂ ਲਈ ਯੂ ਜੀ ਸੀ-ਨੈੱਟ ਪ੍ਰੀਖਿਆ ਨੂੰ ਰੱਦ ਕਰਨ ਦਾ ਫੈਸਲਾ ਲਿਆ ਹੈ। ਯੂ ਜੀ ਸੀ-ਨੈੱਟ ਪ੍ਰੀਖਿਆ 18 ਜੂਨ ਨੂੰ ਦੇਸ਼ ਭਰ ਦੇ 317 ਸ਼ਹਿਰਾਂ ਦੇ 1205 ਕੇਂਦਰਾਂ ਵਿੱਚ ਆਯੋਜਿਤ ਕੀਤੀ ਗਈ ਸੀ। ਇਸ ਪ੍ਰੀਖਿਆ ਵਿੱਚ 11 ਲੱਖ ਤੋਂ ਵੱਧ ਉਮੀਦਵਾਰਾਂ ਨੇ ਭਾਗ ਲਿਆ ਸੀ। ਐੱਨ ਟੀ ਏ ਨੇ ਇਹ ਕਹਿੰਦਿਆਂ ਪ੍ਰੀਖਿਆ ਨੂੰ ਰੱਦ ਕਰ ਦਿੱਤਾ ਹੈ ਕਿ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਨੂੰ ਕੁਝ ਸੂਚਨਾਵਾਂ ਮਿਲੀਆਂ ਹਨ, ਜਿਸ ਤੋਂ ਸੰਕੇਤ ਮਿਲਦਾ ਹੈ ਕਿ ਪ੍ਰੀਖਿਆ ਦੀ ਸੁੱਚਤਾ ਨਾਲ ਸਮਝੌਤਾ ਕੀਤਾ ਗਿਆ ਹੈ। ਇਸ ਲਈ ਨਵੇਂ ਸਿਰੇ ਤੋਂ ਪ੍ਰੀਖਿਆ ਲਈ ਜਾਵੇਗੀ, ਜਿਸ ਦੀ ਜਾਣਕਾਰੀ ਵੱਖਰੇ ਤੌਰ 'ਤੇ ਦਿੱਤੀ ਜਾਵੇਗੀ।*

*ਐੱਕਸ 'ਤੇ ਇੱਕ ਪੋਸਟ ਰਾਹੀਂ ਸਿੱਖਿਆ ਮੰਤਰਾਲੇ ਨੇ ਕਿਹਾ ਹੈ ਕਿ ਗ੍ਰਹਿ ਮੰਤਰਾਲੇ ਅਧੀਨ ਆਉਂਦੇ ਸਾਈਬਰ ਅਪਰਾਧ ਯੂਨਿਟ ਤੋਂ ਪ੍ਰਾਪਤ ਜਾਣਕਾਰੀ ਬਾਅਦ ਫੈਸਲਾ ਕੀਤਾ ਗਿਆ ਹੈ ਕਿ ਯੂ ਜੀ ਸੀ-ਨੈੱਟ ਪ੍ਰੀਖਿਆ ਰੱਦ ਕਰ ਦਿੱਤੀ ਜਾਵੇ। ਮੰਤਰਾਲੇ ਨੇ ਕਿਹਾ ਹੈ ਕਿ ਮਾਮਲੇ ਦੀ ਡੂੰਘਾਈ ਨਾਲ ਪੜਤਾਲ ਕਰਨ ਲਈ ਇਹ ਕੇਸ ਸੀ ਬੀ ਆਈ ਨੂੰ ਸੌਂਪਿਆ ਜਾ ਰਿਹਾ ਹੈ।*

*ਇਸੇ ਦੌਰਾਨ ਨੀਟ-ਯੂ ਜੀ ਪ੍ਰੀਖਿਆ ਬਾਰੇ ਐੱਨ ਟੀ ਏ ਨੇ ਕਿਹਾ ਹੈ ਕਿ ਗ੍ਰੇਸ ਮਾਰਕਸ ਨਾਲ ਸੰਬੰਧਤ ਮੁੱਦੇ ਨੂੰ ਸੁਲਝਾ ਲਿਆ ਗਿਆ ਹੈ। ਪਟਨਾ ਦੇ ਪ੍ਰੀਖਿਆ ਕੇਂਦਰ ਵਿੱਚ ਹੋਈਆਂ ਗੜਬੜਾਂ ਬਾਰੇ ਬਿਹਾਰ ਪੁਲਸ ਦੀ ਆਰਥਕ ਅਪਰਾਧ ਇਕਾਈ ਤੋਂ ਇੱਕ ਵਿਸਥਾਰਤ ਰਿਪੋਰਟ ਮੰਗੀ ਗਈ ਹੈ। ਇਹ ਰਿਪੋਰਟ ਮਿਲਣ ਤੋਂ ਬਾਅਦ ਅਗਲੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ।*

*ਪਹਿਲਾਂ ਨੀਟ ਤੇ ਹੁਣ ਯੂ ਜੀ ਸੀ-ਨੈੱਟ ਪ੍ਰੀਖਿਆ ਵਿੱਚ ਧਾਂਦਲੀ ਨੂੰ ਲੈ ਕੇ ਕਾਂਗਰਸ ਨੇ ਨਿਸ਼ਾਨਾ ਵਿੰਨ੍ਹਦਿਆਂ ਮੋਦੀ ਸਰਕਾਰ ਨੂੰ 'ਪੇਪਰ ਲੀਕ ਸਰਕਾਰ' ਕਰਾਰ ਦਿੱਤਾ ਹੈ। ਕਾਂਗਰਸ ਪ੍ਰਧਾਨ ਖੜਗੇ ਨੇ ਐੱਕਸ 'ਤੇ ਲਿਖਿਆ ਹੈ, 'ਮੋਦੀ ਜੀ, ਆਪ ਪ੍ਰੀਖਿਆ ਬਾਰੇ ਚਰਚਾ ਕਰਦੇ ਹੋ। ਤੁਸੀਂ ਨੀਟ ਪ੍ਰੀਖਿਆ 'ਤੇ ਚਰਚਾ ਕਦੋਂ ਕਰੋਗੇ। ਯੂ ਜੀ ਸੀ-ਨੈੱਟ ਪ੍ਰੀਖਿਆ ਰੱਦ ਹੋਣਾ ਲੱਖਾਂ ਵਿਦਿਆਰਥੀਆਂ ਦੀ ਜਿੱਤ ਹੈ।' ਖੜਗੇ ਨੇ ਅੱਗੇ ਕਿਹਾ ਕਿ ਸਿੱਖਿਆ ਮੰਤਰੀ ਨੇ ਪਹਿਲਾਂ ਕਿਹਾ ਕਿ ਨੀਟ ਪ੍ਰੀਖਿਆ ਦਾ ਪੇਪਰ ਲੀਕ ਨਹੀਂ ਹੋਇਆ, ਪਰ ਜਦੋਂ ਬਿਹਾਰ, ਹਰਿਆਣਾ ਤੇ ਗੁਜਰਾਤ ਵਿੱਚ ਸਿੱਖਿਆ ਮਾਫੀਆ ਦੀ ਗ੍ਰਿਫ਼ਤਾਰੀ ਹੋਈ ਤਾਂ ਮੰਤਰੀ ਨੂੰ ਮੰਨਣਾ ਪਿਆ ਕਿ ਕੁਝ ਘੁਟਾਲਾ ਹੋਇਆ ਹੈ। ਉਨ੍ਹਾ ਸਵਾਲ ਕੀਤਾ ਕਿ ਨੀਟ ਪ੍ਰੀਖਿਆ ਕਦੋਂ ਰੱਦ ਹੋਵੇਗੀ?*

*ਕਾਂਗਰਸ ਨੇ ਕਿਹਾ ਹੈ ਕਿ ਮੋਦੀ ਸਰਕਾਰ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰ ਰਹੀ ਹੈ। ਇੱਕ ਦਿਨ ਪਹਿਲਾਂ ਪੂਰੇ ਦੇਸ਼ ਵਿੱਚ ਯੂ ਜੀ ਸੀ-ਨੈੱਟ ਪ੍ਰੀਖਿਆ ਆਯੋਜਿਤ ਕੀਤੀ ਗਈ ਤੇ ਅਗਲੇ ਦਿਨ ਪੇਪਰ ਲੀਕ ਹੋਣ ਦੇ ਸ਼ੱਕ ਨੂੰ ਦੇਖਦਿਆਂ ਰੱਦ ਕਰ ਦਿੱਤੀ ਗਈ। ਇਹ ਸਰਕਾਰ ਪੇਪਰ ਲੀਕ ਸਰਕਾਰ ਬਣ ਚੁੱਕੀ ਹੈ।*

# ਮੁੰਨਾ ਭਾਈ ਐੱਮ ਬੀ ਬੀ ਐੱਸ-ਇੱਕ ਨਵੇਂ ਅਵਤਾਰ 'ਚ

**ਡਾ. ਪਿਆਰਾ ਲਾਲ ਗਰਗ**

ਕੌਮੀ ਪ੍ਰੀਖਿਆ ਏਜੰਸੀ (ਐੱਨ ਟੀ ਏ) ਨੇ ਦੇਸ਼ ਭਰ ਵਿੱਚ ਸਾਲ 2024 ਦੇ ਐੱਮ ਬੀ ਬੀ ਐੱਸ ਦੇ ਦਾਖਲਿਆਂ ਵਾਸਤੇ ਪ੍ਰਵੇਸ਼ ਪ੍ਰੀਖਿਆ 571 ਸ਼ਹਿਰਾਂ ਦੇ 4756 ਕੇਂਦਰਾਂ ਵਿੱਚ (10 ਵਿਦੇਸ਼ਾਂ ਵਿੱਚ) 5 ਮਈ 2024 ਨੂੰ ਲਈ। ਇਸ ਵਿੱਚ 23,33,297 ਉਮੀਦਵਾਰ ਬੈਠੇ। ਰਿਜ਼ਲਟ 14 ਜੂਨ ਨੂੰ ਕੱਢਣਾ ਸੀ, ਪਰ ਏਜੰਸੀ ਨੇ 4 ਜੂਨ ਹੀ ਬਹੁਤ ਕਾਹਲੀ ਵਿੱਚ ਰਿਜ਼ਲਟ ਕੱਢ ਦਿੱਤਾ, ਜਦਕਿ 2023 ਵਿੱਚ 13 ਜੂਨ ਨੂੰ ਅਤੇ 2022 ਵਿੱਚ 6 ਸਤੰਬਰ ਨੂੰ ਰਿਜ਼ਲਟ ਕੱਢਿਆ ਸੀ। ਇਸ ਵਾਰ 67 ਉਮੀਦਵਾਰ 720/720 ਅੰਕ ਲੈ ਕੇ ਪਹਿਲੇ ਰੈਂਕ ਵਿੱਚ ਆ ਗਏ, ਜਦਕਿ ਪਿਛਲੇ ਸਾਲਾਂ ਵਿੱਚ 1,2,3 ਜਾਂ 4 ਵਿਦਿਆਰਥੀ ਹੀ ਪਹਿਲੇ ਰੈਂਕ ਵਿੱਚ ਆਉਂਦੇ ਰਹੇ ਹਨ । ਇਸ ਵਾਰ ਕੁੱਝ ਕੁ ਦੇ 719 ਜਾਂ 718 ਅੰਕ ਵੀ ਆਏ, ਜੋ ਕਿ ਪਰਚੇ ਦੇ ਨਮੂਨੇ ਮੁਤਾਬਕ ਸੰਭਵ ਹੀ ਨਹੀਂ ਕਿਉਂਕਿ ਹਰੇਕ ਠੀਕ ਜਵਾਬ ਦੇ 4 ਅੰਕ ਤੇ ਗਲਤ ਦਾ ਇੱਕ ਅੰਕ ਕੱਟਿਆ ਜਾਂਦਾ ਹੈ, ਇਸ ਲਈ 420 ਜਾਂ 416 ਜਾਂ 415 ਅੰਕ ਆ ਸਕਦੇ ਸਨ, 417,18 ਜਾਂ 419 ਅੰਕ ਆ ਹੀ ਨਹੀਂ ਸਕਦੇ । ਬਹੁਤ ਰੌਲਾ ਪੈ ਗਿਆ, ਵਿਦਰੋਹ ਸ਼ੁਰੂ ਹੋ ਗਏ, ਕੌਮੀ ਪ੍ਰੀਖਿਆ ਏਜੰਸੀ ਉਪਰ ਪੇਪਰ ਲੀਕ, ਉੱਤਰ ਸ਼ੀਟ ਦੇ ਬਦਲਾਅ, ਉੱਤਰ ਸ਼ੀਟ ਵਿੱਚ ਤੋੜ-ਭੰਨ ਕਰਨ ਆਦਿ ਬਹੁਤ ਸਾਰੇ ਘਪਲਿਆਂ ਦੇ ਦੋਸ਼ ਲੱਗਣ ਲੱਗੇ ।

ਕੌਮੀ ਪ੍ਰੀਖਿਆ ਏਜੰਸੀ ਨੇ ਸਾਰੇ ਦੋਸ਼ ਰੱਦ ਕਰਦੇ ਹੋਏ 6 ਜੂਨ ਨੂੰ ਬਿਆਨ ਜਾਰੀ ਕਰ ਦਿੱਤਾ, ਜਦ ਕਿ ਬਿਹਾਰ ਵਿੱਚ ਪੇਪਰ ਵਾਲੇ ਦਿਨ ਹੀ ਪੇਪਰ ਲੀਕ ਦੀ ਪੁਲਸ ਵਿੱਚ ਰਪਟ ਵੀ ਦਰਜ ਹੋ ਗਈ ਸੀ ਅਤੇ ਜਾਂਚ ਚੱਲ ਰਹੀ ਸੀ । ਏਜੰਸੀ ਨੇ ਕਿਹਾ ਕਿ ਇਸ ਵਾਰ ਜ਼ਿਆਦਾ ਬੱਚੇ ਪੇਪਰ ਵਿੱਚ ਬੈਠੇ ਹਨ, ਜਿਸ ਕਰਕੇ ਜ਼ਿਆਦਾ ਪਹਿਲੇ ਰੈਂਕ ਵਿੱਚ ਆ ਗਏ ਅਤੇ ਇਹ ਵੀ ਕਿਹਾ ਕਿ ਪੇਪਰ ਬਹੁਤ ਸੌਖਾ ਸੀ, ਪ੍ਰੰਤੂ ਇਹ ਦੋਵੇਂ ਦਾਅਵੇ ਹਕੀਕਤ ਦੇ ਸਾਹਮਣੇ ਝੂਠੇ ਤੇ ਬੇ-ਬੁਨਿਆਦ ਹਨ, ਕਿਉਂਕਿ 2023 ਵਿੱਚ 20,87,462 ਬੱਚੇ ਸਨ, ਜਦਕਿ ਇਸ ਵਾਰ ਵਿਦਿਆਰਥੀ ਤਾਂ ਕੇਵਲ ਸਵਾ ਦੋ ਲੱਖ (11.5%) ਹੀ ਵਧੇ ਹਨ ਅਤੇ ਇੰਨੇ ਬੱਚੇ ਤਾਂ 2022 (1872343) ਦੇ ਮੁਕਾਬਲੇ 2023 ਵਿੱਚ ਵੀ ਵਧੇ ਸਨ, ਜਦ ਕੇਵਲ ਦੋ ਬੱਚਿਆਂ ਨੇ 720/720 ਅੰਕ ਲਏ ਸਨ ਅਤੇ 710 ਤੱਕ ਪੰਜਾਹ ਬੱਚੇ ਸਨ । ਇਸ ਵਾਰ ਤਾਂ ਪੇਪਰ ਬਲਕਿ ਜ਼ਿਆਦਾ ਔਖਾ ਸੀ, ਸਪੱਸ਼ਟ ਹੈ ਕਿ ਪ੍ਰੀਖਿਆ ਏਜੰਸੀ ਕੋਈ ਲੁਕਾ ਰੱਖ ਰਹੀ ਹੈ । ਜਦ ਬੱਚਿਆਂ ਦਾ ਰੋਹ ਵਧਦਾ ਗਿਆ ਤਾਂ ਏਜੰਸੀ ਨੇ ਕਹਿ ਦਿੱਤਾ ਕਿ ਕੁੱਝ ਉਮੀਦਵਾਰਾਂ ਦਾ ਸਮਾਂ ਨਸ਼ਟ ਹੋਇਆ ਸੀ, ਜਿਸ ਕਰਕੇ 1563 ਉਮੀਦਵਾਰਾਂ ਨੂੰ ਗ੍ਰੇਸ ਅੰਕ ਦਿੱਤੇ ਗਏ, ਜੋ ਕਿ ਸੁਪਰੀਮ ਕੋਰਟ ਦੇ ਰਿੱਟ ਨੰ: 551/2018 ਦੇ ਮਿਤੀ 13 ਜੂਨ 2018 ਨੂੰ ਹੋਏ ਫੈਸਲੇ ਵਿੱਚ ਸਮਾਂ ਨਸ਼ਟ ਹੋਣ ਕਰਕੇ ਗ੍ਰੇਸ ਅੰਕ ਦੇਣ ਦੀਆਂ ਦਿੱਤੀਆਂ ਸੇਧਾਂ ਅਨੁਸਾਰ ਦਿੱਤੇ ਗਏ ਹਨ। ਕਿਹਾ ਕਿ ਇਸੇ ਕਰਕੇ 718 ਜਾਂ 719 ਨੰਬਰ ਆਏ ਹਨ, ਪ੍ਰੰਤੂ ਸੱਚ ਤਾਂ ਇਹ ਹੈ ਕਿ ਇਸ ਫੈਸਲੇ ਵਿੱਚ ਤਾਂ ਸਾਫ ਲਿਖਿਆ ਹੈ ਕਿ ਇਹ ਫੈਸਲਾ ਮੈਡੀਕਲ ਅਤੇ ਇੰਜੀਨੀਅਰਿੰਗ ਟੈਸਟਾਂ 'ਤੇ ਲਾਗੂ ਨਹੀਂ ਹੋਵੇਗਾ । ਇਸ ਤੋਂ ਵੀ ਸਪੱਸ਼ਟ ਹੋ ਜਾਂਦਾ ਹੈ ਕਿ ਪ੍ਰੀਖਿਆ ਏਜੰਸੀ ਘਪਲੇਬਾਜ਼ੀ ਵਿੱਚ ਮਿਲੀ ਹੋਈ ਹੈ ਅਤੇ ਗਲਤ ਬਿਆਨੀਆਂ ਕਰਨ ਵੇਲੇ ਨਜਾਇਜ਼ ਲਾਭ ਨੂੰ ਜਾਇਜ਼ ਠਹਿਰਾਉਣ ਵੇਲੇ ਸੁਪਰੀਮ ਕੋਰਟ ਨੂੰ ਲਪੇਟਣ ਤੋਂ ਗੁਰੇਜ਼ ਨਹੀਂ ਕਰਦੀ ।

ਏਜੰਸੀ ਨੇ ਦਾਅਵਾ ਕੀਤਾ ਹੈ ਕਿ ਇਸੇ ਕਾਰਨ ਝੱਜਰ (ਹਰਿਆਣਾ) ਦੇ ਪ੍ਰੀਖਿਆ ਕੇਂਦਰ ਦੇ ਛੇ ਵਿਦਿਆਰਥੀ 720/720 ਅੰਕ ਲੈ ਕੇ ਪਹਿਲੇ ਨੰਬਰ 'ਤੇ ਆ ਗਏ । ਇਸ ਦੇ ਨਾਲ ਹੀ ਏਜੰਸੀ ਨੇ ਦੂਜਾ ਦਾਅਵਾ ਕੀਤਾ ਕਿ ਭੌਤਿਕ ਵਿਗਿਆਨ ਦੇ ਇੱਕ ਪ੍ਰਸ਼ਨ ਦਾ ਉੱਤਰ ਨਵੀਂ ਐੱਨ ਸੀ ਈ ਆਰ ਟੀ ਦੀ ਕਿਤਾਬ ਵਿੱਚ ਹੋਰ ਹੈ ਤੇ ਪੁਰਾਣੀ ਵਿੱਚ ਹੋਰ ਹੈ, ਇਸ ਲਈ ਦੋਵਾਂ ਵਿਕਲਪਾਂ ਨੂੰ ਠੀਕ ਮੰਨ ਕੇ ਨੰਬਰ ਦੇ ਦਿੱਤੇ ਗਏ, ਜਿਸ ਕਰਕੇ 67 ਵਿੱਚੋਂ 44 ਬੱਚੇ ਪਹਿਲੇ ਰੈਂਕ ਵਿੱਚ ਆ ਗਏ, ਪ੍ਰੰਤੂ ਸੱਚ ਤਾਂ ਇਹ ਹੈ ਕਿ ਪਿਛਲੇ 6 ਸਾਲਾਂ ਤੋਂ ਜੋ ਕਿਤਾਬ ਭੌਤਿਕ ਵਿਗਿਆਨ ਦੀ ਐੱਨ ਸੀ ਈ ਆਰ ਟੀ ਛਾਪ ਰਿਹਾ ਹੈ, ਉਸ ਵਿੱਚ ਤਾਂ ਇੱਕ ਹੀ ਜਵਾਬ ਹੈ । ਇਸ ਤਰ੍ਹਾਂ ਅਤਿ ਪੁਰਾਣੀਆਂ ਕਿਤਾਬਾਂ ਦੇ ਆਧਾਰ 'ਤੇ ਵਾਧੂ ਨੰਬਰ ਦੇ ਦੇਣਾ ਤੇ 44 ਬੱਚਿਆਂ ਦਾ ਪਹਿਲਾ ਰੈਂਕ ਬਣਾ ਦੇਣਾ ਪ੍ਰੀਖਿਆ ਏਜੰਸੀ ਵੱਲੋਂ ਖਿਲਵਾੜ ਅਤੇ ਵੱਡੀ ਹੇਰਾਫੇਰੀ ਹੈ ।

ਬੱਚਿਆਂ ਦੇ ਰੋਹ ਕਾਰਨ ਅਤੇ ਸੁਪਰੀਮ ਕੋਰਟ ਵਿੱਚ ਕੇਸ ਕਾਰਨ ਏਜੰਸੀ ਨੇ ਗ੍ਰੇਸ ਅੰਕ ਆਦਿ ਰੱਦ ਕਰ ਦਿੱਤੇ ਅਤੇ 1563 ਬੱਚਿਆਂ ਨੂੰ ਦੁਬਾਰਾ ਟੈਸਟ ਦੇਣ ਲਈ ਕਹਿ ਦਿੱਤਾ, ਜੋ ਕਿ 23 ਜੂਨ ਨੂੰ ਹੋ ਕੇ 30 ਜੂਨ ਨੂੰ ਨਤੀਜਾ ਨਿਕਲੇਗਾ। ਹਾਲ ਦੀ ਘੜੀ 6 ਜੁਲਾਈ ਤੋਂ ਸ਼ੁਰੂ ਹੋਣ ਵਾਲੀ ਕੌਂਸਲਿੰਗ 'ਤੇ ਕੋਈ ਰੋਕ ਨਹੀਂ ਅਤੇ ਕੇਸ ਦੀ ਅਗਲੀ ਤਾਰੀਖ 8 ਜੁਲਾਈ ਹੈ ।

ਪੇਪਰ ਲੀਕ ਦੇ ਸਬੂਤ ਮਿਲ ਗਏ ਹਨ, ਬਿਹਾਰ ਯੂਪੀ, ਮੱਧ ਪ੍ਰਦੇਸ਼, ਰਾਜਸਥਾਨ ਤੇ ਹਰਿਆਣਾ ਵਿੱਚ ਪੇਪਰ ਲੀਕ ਹੋਏ ਹਨ ਕੀ ਇਹ ਦੂਜਾ ਵਿਆਪਮ ਘੁਟਾਲਾ ਨਹੀਂ ? ਗੁਜਰਾਤ ਵਿੱਚ ਗੋਧਰਾ ਵਿਖੇ ਬਹੁਤ ਸਾਰੇ ਬੱਚਿਆਂ ਨੇ ਸੈਂਕੜੇ ਮੀਲਾਂ ਦੀ ਦੂਰੀ ਤੋਂ ਜਾ ਕੇ ਪੇਪਰ ਦੇਣ ਲਈ ਸੈਂਟਰ ਬਣਵਾਇਆ, ਉਸ ਵਿੱਚ ਹੋਣ ਵਾਲੀ ਘਪਲੇਬਾਜ਼ੀ ਫੜੀ ਗਈ ਤੇ ਸਥਾਨਕ ਪ੍ਰਸ਼ਾਸਨ ਨੇ ਉਹ ਕੇਂਦਰ ਇੱਕ ਦਿਨ ਪਹਿਲਾਂ ਹੀ ਸੀਲ ਕਰ ਦਿੱਤਾ । ਗੁੰਮਨਾਮ ਥਾਵਾਂ 'ਤੇ ਬਿਠਾ ਕੇ ਪ੍ਰਸ਼ਨ ਪੱਤਰ ਦੇ ਸਵਾਲਾਂ ਦੇ ਜਵਾਬ ਰਟਾਉਣ ਦਾ ਪਰਦਾ ਵੀ ਫਾਸ਼ ਹੋ ਗਿਆ । ਅਜਿਹੇ ਬੱਚੇ ਸਾਹਮਣੇ ਆ ਗਏ, ਜਿਨ੍ਹਾਂ ਦਾ ਸਕੋਰ ਦੋ ਵਿਸ਼ਿਆਂ ਵਿੱਚ 12-15 ਪਰਸੈਂਟਾਈਲ ਤੇ ਤੀਜੇ ਵਿਸ਼ੇ ਵਿੱਚ 80-85 ਪ੍ਰਸੈਂਟਾਈਲ ਜੋ ਕਿ ਠੱਗੀ ਦਾ ਵੱਡਾ ਸਬੂਤ ਹੈ । ਓ ਐੱਮ ਆਰ ਸ਼ੀਟ ਬਦਲਣ ਅਤੇ ਖਾਲੀ ਗੋਲੇ ਛੁਡਾ ਕੇ ਪ੍ਰੀਖਿਆ ਏਜੰਸੀ ਦੀ ਮਿਲੀਭੁਗਤ ਨਾਲ ਗੋਲੇ ਲਗਾ ਕੇ ਨੰਬਰ ਵਧਾਉਣ ਦੇ ਸੌਦੇ ਸਾਹਮਣੇ ਆ ਗਏ ਹਨ ।

ਝੱਜਰ (ਹਰਿਆਣਾ) ਦੇ ਕੇਂਦਰਾਂ ਵਿੱਚ ਇੱਕ ਵੱਖਰਾ ਪੇਪਰ ਦੇਣਾ ਕੇਂਦਰ ਫਿਕਸ ਕਰਨ ਦਾ ਪੁਖਤਾ ਸਬੂਤ ਹੈ, ਪ੍ਰਿੰਸੀਪਲ ਨੇ ਕਿਹਾ, ਕੋਈ ਸਮਾਂ ਬਰਬਾਦ ਨਹੀਂ ਹੋਇਆ, ਪਰ ਪ੍ਰੀਖਿਆ ਏਜੰਸੀ ਨੇ ਫੇਰ ਵੀ ਗ੍ਰੇਸ ਅੰਕਾਂ ਦੇ ਗੱਫਿਆਂ ਰਾਹੀਂ ਛੇ ਬੱਚੇ ਪਹਿਲੇ ਰੈਂਕ 'ਤੇ ਅਤੇ ਬਹੁਤ ਸਾਰੇ ਬੱਚੇ ਬਹੁਤ ਹੀ ਉੱਚੇ ਰੈਂਕ ਵਾਲੇ ਬਣਾ ਦਿੱਤੇ । ਰਾਜਸਥਾਨ ਵਿੱਚ ਵੀ ਗਲਤ ਪੇਪਰ ਵੰਡ ਕੇ ਪੇਪਰ ਲੀਕ ਨੂੰ ਅੰਜਾਮ ਦਿੱਤਾ । ਲੋਕ ਸਭਾ ਦੀਆਂ ਚੋਣਾਂ ਦੇ ਨਤੀਜੇ ਆਉਣ ਵਾਲੇ ਦਿਨ ਰਿਜ਼ਲਟ ਅਗਾਊਂ ਕੱਢਣ ਦੇ ਕਾਰਨ ਜਾਪਦੇ ਹਨ ਕਿ ਘਪਲੇ ਉਪਰ ਕੋਈ ਰੌਲਾ ਨਾ ਪਵੇ ਕਿਉਂ ਜੋ ਲੋਕ ਚੋਣ ਨਤੀਜੇ ਵੇਖ ਰਹੇ ਹੋਣਗੇ ਅਤੇ ਦੂਜਾ ਜੇ ਬੀ ਜੇ ਪੀ ਹਾਰ ਜਾਂਦੀ ਹੈ ਤਾਂ ਆਉਣ ਵਾਲੀ ਸਰਕਾਰ ਰਿਜ਼ਲਟ ਤੋਂ ਪਹਿਲਾਂ ਕੋਈ ਜਾਂਚ ਦਾ ਹੁਕਮ ਨਾ ਦੇ ਦੇਵੇ ।

ਪ੍ਰੀਖਿਆ ਏਜੰਸੀ ਘਪਲੇ ਵਿੱਚ ਸ਼ਾਮਲ ਹੋਣੀ ਸਪੱਸ਼ਟ ਜਾਪਦੀ ਹੈ ਕਿਉਂਕਿ

1. ਇਸ ਨੇ ਆਪਣੇ ਚਹੇਤਿਆਂ ਨੂੰ ਲਾਭ ਦੇਣ ਵਾਸਤੇ ਇਸ ਨੇ ਅਰਜ਼ੀ ਦੇਣ ਦਾ ਪੋਰਟਲ ਇੱਕ ਮਹੀਨੇ ਬਾਅਦ 9 ਅਤੇ 10 ਅਪ੍ਰੈਲ ਵਾਸਤੇ ਮੁੜ ਖੋਲ੍ਹ ਦਿੱਤਾ ।
2. ਇਹ ਏਜੰਸੀ ਹਰ ਵਾਰੀ ਆਖਰ ਵਿੱਚ ਵਿਦਿਆਰਥੀਆਂ ਨੂੰ ਆਪਣੇ ਇੰਦਰਾਜ਼ ਬਦਲਣ ਦੀ ਇਜਾਜ਼ਤ ਦੇ ਦਿੰਦੀ ਹੈ
3. ਅਤੇ ਆਖਰੀ ਹਫਤੇ ਵਿੱਚ ਫੋਟੋ ਬਦਲਣ ਦੀ ਇਜਾਜ਼ਤ ਦੇ ਦਿੰਦੀ ਹੈ । ਇਸ ਨਾਲ ਘਪਲੇਬਾਜ਼ਾਂ ਨੂੰ ਦੂਜੇ ਦੀ ਥਾਂ ਦੂਜਾ ਬਿਠਾਉਣ ਦਾ ਮੌਕਾ ਮਿਲਦਾ ਹੈ । ਇਹ ਏਜੰਸੀ ਦੀ ਮਿਲੀਭੁਗਤ ਦਾ ਪੁਖਤਾ ਸਬੂਤ ਹੈ ।
4. ਬਿਹਾਰ ਪੁਲਸ ਨੂੰ ਇਹ ਦਸਤਾਵੇਜ਼ ਦੇਣ ਵਿੱਚ ਢਿੱਲਮੱਠ ਕਰ ਰਹੀ ਹੈ ।

ਮਾਫੀਆ ਵੱਲੋਂ ਵਰਤੇ ਜਾਂਦੇ ਠੱਗੀ ਦੇ ਤੌਰ-ਤਰੀਕੇ :

1. ਪੇਪਰ ਲੀਕ
2. ਉਤਰ ਕਾਪੀ ਬਦਲਣਾ
3. ਉਤਰ ਕਾਪੀ ਵਿੱਚ ਖਾਲੀ ਖਾਨੇ ਛਡਵਾ ਕੇ ਸਹੀ ਜਵਾਬ ਭਰ ਦੇਣੇ
4. ਬਲਿਊ ਟੂਥ ਆਦਿ ਰਾਹੀਂ ਬਾਹਰੋਂ ਉਤਰ ਸੁਣ ਕੇ ਭਰਨੇ
5. ਵਿਸ਼ੇਸ਼ ਪ੍ਰੀਖਿਆ ਕੇਂਦਰ ਜਿੱਥੇ ਪੇਪਰ ਕਰਨ ਵਿੱਚ ਧਾਂਦਲੀਆਂ ਵਾਸਤੇ ਸਾਰੇ ਰਲੇ ਹੁੰਦੇ ਹਨ।
6. ਹੋਰ ਦੀ ਥਾਂ ਹੋਰ ਨੂੰ ਬਿਠਾਉਣਾ
7. ਗ੍ਰੇਸ ਦੇ ਨਾਂਅ 'ਤੇ ਨਜਾਇਜ਼ ਨੰਬਰ ਦੇ ਕੇ ਰੈਂਕ ਵਧਾਉਣਾ

ਇਸ ਪੇਪਰ ਵਿੱਚ 50 ਫੀਸਦੀ ਦੀ ਥਾਂ 50 ਪ੍ਰਸੈਂਟਾਈਲ ਕਰਕੇ ਇਮਤਿਹਾਨ ਵਿੱਚ ਬੈਠੇ ਅੱਧੇ ਬੱਚੇ ਪਾਸ ਕਰਨੇ ਜ਼ਰੂਰੀ ਕਰਨ ਨਾਲ ਕੇਵਲ 10-12% ਨੰਬਰ ਲੈਣ ਵਾਲਾ ਐੱਮ ਬੀ ਬੀ ਐੱਸ ਲਈ ਪਾਤਰ ਬਣ ਜਾਂਦਾ ਹੈ ਅਤੇ ਪ੍ਰਾਈਵੇਟ ਕਾਲਜਾਂ ਵਿੱਚ ਵੱਡੀਆਂ ਫੀਸਾਂ ਸਹਾਰੇ ਦਾਖਲਾ ਲੈ ਲੈਂਦਾ ਹੈ ।

ਮੌਜੂਦਾ ਘਪਲੇਬਾਜ਼ੀ ਦਾ ਹੱਲ ਹੈ ਪ੍ਰੀਖਿਆ ਰੱਦ ਕਰਕੇ ਮੁੜ ਪਾਰਦਰਸ਼ੀ ਪ੍ਰੀਖਿਆ ਕਰਵਾਉਣਾ । ਕੇਵਲ 1563 ਦੀ ਪ੍ਰੀਖਿਆ ਮੁੜ ਲੈ ਕੇ ਗਲਤ ਸਵਾਲ ਦੇ ਨੰਬਰ ਲਗਾ ਕੇ ਵਧਾਈ ਮੈਰਿਟ ਦਾ ਹੱਲ ਤਾਂ ਹੈ ਨਹੀਂ, ਪੇਪਰ ਲੀਕ ਕਰਕੇ ਲਏ ਨੰਬਰਾਂ ਦਾ ਵੀ ਕੋਈ ਹੱਲ ਨਹੀਂ, ਹੋਰ ਕੀਤੀਆਂ ਗਈਆਂ ਘਪਲੇਬਾਜ਼ੀਆਂ 'ਤੇ ਵੀ ਪਰਦਾਪੋਸ਼ੀ ਹੈ।

**# ਸੰਪਰਕ : 99145-05009**

# ਉੱਚ ਸਿੱਖਿਆ ਕੋਰਸਾਂ ਲਈ ਦਾਖਲਾ ਪ੍ਰਕ੍ਰਿਰਿਆ ਸਮੀਖਿਆ ਸਮੇਂ ਦੀ ਲੋੜ



ਡਾ. ਅਰੁਣ ਮਿੱਤਰਾ

ਮੈਡੀਕਲ ਕੋਰਸਾਂ ਵਿਚ ਦਾਖਲੇ ਲਈ ਨੈਸ਼ਨਲ ਟੈਸਟਿੰਗ ਏਜੰਸੀ (ਐੱਨ.ਟੀ.ਏ.) ਦੁਆਰਾ ਕਰਵਾਈ ਗਈ ਪ੍ਰੀਖਿਆ ਵਿਚ ਬੇਨਿਯਮੀਆਂ ਤੋਂ ਬਾਅਦ ਪੈਦਾ ਹੋਏ ਮੁੱਦੇ ਨੇ ਕਈ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਸਭ ਤੋਂ ਪਹਿਲਾਂ ਵਿਵਾਦ ਦਾ ਮੁੱਦਾ ਇਹ ਹੈ ਕਿ ਇੱਕ ਰਿਕਾਰਡ 67 ਵਿਦਿਆਰਥੀਆਂ ਨੇ 720 ਦੇ ਸੰਪੂਰਨ ਸਕੋਰ ਪ੍ਰਾਪਤ ਕੀਤੇ । 2020 ਤੋਂ ਬਾਅਦ ਕਦੇ ਵੀ ਇਸ ਟੈਸਟ ਵਿੱਚ ਤਿੰਨ ਤੋਂ ਵੱਧ ਵਿਦਿਆਰਥੀਆਂ ਨੇ ਪੂਰੇ ਅੰਕ ਨਹੀਂ ਲਏ ਹਨ। ਬਾਅਦ ਵਿੱਚ ਬਹੁਤ ਸਾਰੇ ਵਿਦਿਆਰਥੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਸਮੇਂ ਸਿਰ ਪ੍ਰਸ਼ਨ ਪੱਤਰ ਨਹੀਂ ਦਿੱਤਾ ਗਿਆ ਜਾਂ ਉਨ੍ਹਾਂ ਨੂੰ ਗਲਤ ਪੇਪਰ ਦਿੱਤਾ ਗਿਆ। ਕੁਝ ਵਿਦਿਆਰਥੀਆਂ ਦੀ ਆਪਟੀਕਲ ਮਾਰਕਸ ਰਿਕੋਗਨੀਸ਼ਨ (ਓ.ਐੱਮ.ਆਰ.) ਸੀਟ ਫਟ ਗਈ ਸੀ ਅਤੇ ਉਨ੍ਹਾਂ ਦੇ ਨਤੀਜੇ ਦੇਰੀ ਨਾਲ ਆਏ ਸਨ। ਉਮੀਦਵਾਰਾਂ ਦੀ ਕੋਈ ਗਲਤੀ ਨਾ ਹੋਣ ਦੇ ਬਾਵਜੂਦ ਨਤੀਜਾ ਰੋਕ ਦਿੱਤਾ ਗਿਆ।

ਇਸ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ, ਕਿਉਂਕਿ ਅਜਿਹੀਆਂ ਸਥਿਤੀਆਂ ਵਿਦਿਆਰਥੀਆਂ ਨੂੰ ਬਹੁਤ ਜ਼ਿਆਦਾ ਮਾਨਸਿਕ ਤਣਾਅ ਵਿੱਚ ਪਾ ਦਿੰਦੀਆਂ ਹਨ। ਬਹੁਤ ਸਾਰੇ ਵਿਦਿਆਰਥੀ ਇੱਕ ਤੋਂ ਵੱਧ ਵਾਰ ਦਾਖਲੇ ਦੀਆਂ ਕੋਸ਼ਿਸ਼ਾਂ ਕਰਦੇ ਹਨ। ਉਹ ਹੋਰ ਵੀ ਜ਼ਿਆਦਾ ਪ੍ਰਭਾਵਿਤ ਹੁੰਦੇ ਹਨ। ਇਸ ਕੋਮਲ ਉਮਰ ਵਿੱਚ ਵਿਦਿਆਰਥੀ ਤਣਾਅ ਨੂੰ ਸਹਿਣ ਵਿੱਚ ਅਸਮਰੱਥ ਹੁੰਦੇ ਹਨ, ਕਿਉਂਕਿ ਉਹ ਮਹਿਸੂਸ ਕਰਦੇ ਹਨ ਕਿ ਉਨ੍ਹਾਂ ਦੇ ਸੁਪਨੇ ਗੁਆਚ ਰਹੇ ਹਨ। ਉਹ ਤਣਾਅਪੂਰਨ ਹਾਲਤਾਂ ਵਿੱਚ ਕਿਸੇ ਵੀ ਮਾੜੇ ਤੋਂ ਮਾੜੇ ਕਦਮ ਦਾ ਸਹਾਰਾ ਲੈ ਸਕਦੇ ਹਨ ਤੇ ਆਪਣੇ-ਆਪ ਨੂੰ ਵੀ ਨੁਕਸਾਨ ਕਰ ਸਕਦੇ ਹਨ।

ਇਹ ਪਤਾ ਲਗਾਇਆ ਜਾਣਾ ਚਾਹੀਦਾ ਹੈ ਕਿ ਕੀ ਪੇਪਰ ਲੀਕ ਹੋਏ ਅਤੇ ਕਿਸ ਦੇ ਇਸ਼ਾਰੇ 'ਤੇ ਹੋਏ? ਬਹੁਤ ਸਾਰੀਆਂ ਸੀਟਾਂ ਫਟੀਆਂ ਹੋਈਆਂ ਹਨ, ਜੋ ਨੈਸ਼ਨਲ ਟੈਸਟਿੰਗ ਏਜੰਸੀ ਦੀ ਪੂਰੀ ਅਸਫਲਤਾ ਨੂੰ ਦਰਸਾਉਂਦੀ ਹੈ, ਜਿਸ ਨੂੰ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ ਅਤੇ ਸਬੰਧਤ ਵਿਅਕਤੀਆਂ 'ਤੇ ਕਾਰਵਾਈ ਕਰਨੀ ਚਾਹੀਦੀ ਹੈ। ਪ੍ਰਭਾਵਿਤ ਵਿਦਿਆਰਥੀਆਂ ਨੂੰ ਗਰੇਸ ਅੰਕ ਦੇਣ ਵਾਂਗ ਰਾਹਤ ਦਿੱਤੀ ਜਾਵੇ। ਹੁਣ ਗ੍ਰੇਸ ਅੰਕਾਂ ਨੂੰ ਰੱਦ ਕਰਨ ਅਤੇ 1563 ਵਿਦਿਆਰਥੀਆਂ ਦੀ ਦੁਬਾਰਾ ਪ੍ਰੀਖਿਆ ਲੈਣ ਦਾ ਫੈਸਲਾ ਕੀਤਾ ਹੈ। ਕੁਝ ਵਿਦਿਆਰਥੀਆਂ ਨੇ ਸਵਾਲ ਉਠਾਇਆ ਹੈ ਕਿ ਸਾਰਾ ਟੈਸਟ ਦੁਬਾਰਾ ਕਿਉਂ ਨਾ ਲਿਆ ਜਾਵੇ, ਕਿਉਂਕਿ ਇਸ ਤਣਾਅ ਵਾਲੀ ਸਥਿਤੀ ਵਿਚ ਕੁਝ ਲਈ ਦੁਬਾਰਾ ਟੈਸਟ ਕਦੇ ਵੀ ਬਰਾਬਰੀ ਦਾ ਮੈਦਾਨ ਨਹੀਂ ਬਣ ਸਕਦਾ ਅਤੇ ਹੋ ਸਕਦਾ ਹੈ ਕਿ ਉਹ ਇਸ ਵਾਰ ਦੀ ਤਰ੍ਹਾਂ ਪ੍ਰਦਰਸ਼ਨ ਨਾ ਕਰ ਸਕਣ। ਮੁੜ ਪ੍ਰੀਖਿਆ ਦੇ ਮਾਮਲੇ ਵਿੱਚ ਖਰਚਾ ਨੈਸ਼ਨਲ ਟੈਸਟਿੰਗ ਏਜੰਸੀ ਦੁਆਰਾ ਸਹਿਣ ਕੀਤਾ ਜਾਣਾ ਚਾਹੀਦਾ ਹੈ।

ਇਹ ਵਿਡੰਬਨਾ ਹੈ ਕਿ ਇੰਨੇ ਸਾਲ ਬੀਤ ਜਾਣ ਦੇ ਬਾਅਦ ਵੀ ਉਚੇਰੀ ਸਿੱਖਿਆ ਦੇ ਕੋਰਸਾਂ ਦੇ ਦਾਖਲੇ ਸੁਚਾਰੂ ਨਹੀਂ ਹੋ ਸਕੇ ਹਨ। ਸਾਰਿਆਂ ਲਈ ਸਿੱਖਿਆ ਦੇ ਬੁਨਿਆਦੀ ਸਿਧਾਂਤ ਅਤੇ ਚੰਗੇ ਨਾਗਰਿਕ ਅਤੇ ਹਮਦਰਦ ਡਾਕਟਰ ਤਿਆਰ ਕਰਨ ਦੇ ਇਸ ਦੇ ਉਦੇਸ਼ ਦੀ ਉਲੰਘਣਾ ਕੀਤੀ ਜਾ ਰਹੀ ਹੈ। ਸਿੱਖਿਆ ਉਪਰੋਕਤ ਉਦੇਸ਼ਾਂ ਦੀ ਪੂਰਤੀ ਦਾ ਸਾਧਨ ਬਣਨ ਦੀ ਬਜਾਏ ਮੁਨਾਫਾ ਕਮਾਉਣ ਦਾ ਸਾਧਨ ਬਣ ਰਹੀ ਹੈ। ਕਿਸੇ ਸਮੇਂ 12ਵੀਂ ਜਮਾਤ ਵਿੱਚ ਪ੍ਰਾਪਤ ਅੰਕ ਉੱਚ ਕੋਰਸਾਂ ਵਿੱਚ ਦਾਖਲੇ ਲਈ ਮਾਪਦੰਡ ਸਨ। ਕਿਸੇ ਦੇ ਗਿਆਨ ਦੇ ਨਿਰਣੇ ਦੇ ਸਾਧਨ ਵਜੋਂ ਵਿਆਪਕ ਪੱਧਰ 'ਤੇ ਮੁਲਾਂਕਣ ਦੇ ਦਾਇਰੇ ਨੂੰ 'ਤੇ ਸੀਮਤ ਕਰ ਦਿੱਤਾ ਹੈ। ਵਿੱਚ ਸ਼ਾਮਲ ਹੋਣ ਵਾਲੇ ਵਿਦਿਆਰਥੀਆਂ ਅਤੇ ਹੋਰ ਵੱਖ-ਵੱਖ ਵਿਸ਼ਿਆਂ ਲਈ ਵੀ ਅਨੇਕਾਂ ਕੋਚਿੰਗ ਸੈਂਟਰ ਖੁੱਲ੍ਹ ਗਏ ਹਨ। ਸਕੂਲ ਵਿਦਿਆਰਥੀਆਂ ਨੂੰ ਕੋਚਿੰਗ ਸੈਂਟਰਾਂ ਵਿੱਚ ਸ਼ਾਮਲ ਹੋਣ ਅਤੇ ਆਪਣੇ ਸਕੂਲਾਂ ਵਿੱਚ ਨਕਲੀ ਹਾਜ਼ਰੀ ਦਿਖਾਉਣ ਲਈ ਉਤਸ਼ਾਹਿਤ ਕਰਦੇ ਹਨ। ਇਹ ਕੋਚਿੰਗ ਸੈਂਟਰ ਵਿਦਿਆਰਥੀਆਂ ਤੋਂ ਮੋਟੀਆਂ ਰਕਮਾਂ ਵਸੂਲ ਰਹੇ ਹਨ, ਜਿਸ ਨੂੰ ਘੱਟ ਸਮਾਜਿਕ-ਆਰਥਿਕ ਹਾਲਤ ਵਾਲੇ ਵਿਦਿਆਰਥੀ ਬਰਦਾਸ਼ਤ ਕਰਨ ਤੋਂ ਅਸਮਰੱਥ ਹਨ। ਇਹ ਵੀ ਪਤਾ ਲੱਗਾ ਹੈ ਕਿ ਮੈਡੀਕਲ ਪੇਸ਼ੇ ਵਿੱਚ ਪੇਂਡੂ ਪਿਛੋਕੜ ਵਾਲੇ ਵਿਦਿਆਰਥੀਆਂ ਦਾ ਅਨੁਪਾਤ ਘਟਿਆ ਹੈ।

ਪ੍ਰਵੇਸ਼ ਪ੍ਰੀਖਿਆ ਦੀ ਸ਼ੁਰੂਆਤ ਰਾਸ਼ਟਰੀ ਪੱਧਰ 'ਤੇ ਕੀਤੀ ਗਈ ਸੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਪ੍ਰਾਈਵੇਟ ਮੈਡੀਕਲ ਕਾਲਜ ਜ਼ਿਆਦਾ ਫੀਸ ਨਾ ਲੈਣ ਅਤੇ ਆਪਣੀਆਂ ਪ੍ਰੀਖਿਆਵਾਂ ਨਾ ਲੈਣ, ਪਰ ਉਹਨਾਂ ਨੇ ਹੋਰ ਸਾਧਨ ਲੱਭ ਲਏ ਹਨ। ਪ੍ਰਾਈਵੇਟ ਮੈਡੀਕਲ ਕਾਲਜ ਦਾਖਲਾ ਪ੍ਰਕਿਰਿਆ ਦੇ ਅੰਤਲੇ ਪੜਾਅ 'ਤੇ ਵਿਦਿਆਰਥੀਆਂ ਲਈ ਮੌਪ-ਅੱਪ ਕਾਉਂਸਲਿੰਗ ਕਰਦੇ ਹਨ। ਉਹ ਕਰੋੜਾਂ ਰੁਪਏ ਦੀ ਮੋਟੀ ਰਕਮ ਵਸੂਲਦੇ ਹਨ। ਇਸ ਨਾਲ ਘੱਟ ਆਮਦਨੀ ਅਤੇ ਮੱਧ ਆਮਦਨ ਵਰਗ ਦੇ ਵਿਦਿਆਰਥੀਆਂ ਦੋਵਾਂ ਤੋਂ ਵਾਂਝੇ ਹੋ ਜਾਂਦੇ ਹਨ।

ਕਈ ਰਾਜ ਮੰਗ ਕਰ ਰਹੇ ਹਨ ਕਿ ਉਹਨਾਂ ਨੂੰ ਉਹਨਾਂ ਦੇ ਰਾਜਾਂ ਵਿੱਚ ਦਾਖਲਾ ਪ੍ਰਕਿਰਿਆ ਵਿੱਚ ਫੈਸਲਾ ਲੈਣ ਦਾ ਅਧਿਕਾਰ ਦਿੱਤਾ ਜਾਵੇ ਅਤੇ ਉਹਨਾਂ ਨੂੰ ਰਾਜ ਕੋਟੇ ਦੀਆਂ ਸੀਟਾਂ ਤੋਂ ਛੋਟ ਦਿੱਤੀ ਜਾਵੇ। ਸਿਰਫ ਕੇਂਦਰੀ ਕੋਟੇ ਅਤੇ ਕੇਂਦਰ ਸਰਕਾਰ ਦੁਆਰਾ ਨਿਯੰਤਰਿਤ ਕਾਲਜਾਂ ਲਈ ਕੀਤੀ ਜਾਣੀ ਚਾਹੀਦੀ ਹੈ। ਇਹ ਸਿੱਖਿਆ ਪ੍ਰਦਾਨ ਕਰਨ ਦੇ ਰਾਜਾਂ ਦੇ ਅਧਿਕਾਰਾਂ ਦੀ ਰੱਖਿਆ ਕਰੇਗਾ। ਇਹ ਮੰਨਣਾ ਚਾਹੀਦਾ ਹੈ ਕਿ ਸਾਡੇ ਦੇਸ਼ ਵਿੱਚ ਸੱਭਿਆਚਾਰਾਂ ਅਤੇ ਵਿਕਾਸ ਦੇ ਪੱਧਰ ਵਿੱਚ ਵਿਭਿੰਨਤਾ ਹੈ।

ਇਸ ਲਈ ਇਹ ਜ਼ਰੂਰੀ ਹੈ ਕਿ ਘੱਟ ਆਰਥਿਕ ਸਥਿਤੀ ਵਾਲੇ ਵਿਦਿਆਰਥੀਆਂ ਨੂੰ ਸਰਕਾਰ ਵੱਲੋਂ ਸਹਿਯੋਗ ਦਿੱਤਾ ਜਾਵੇ। ਮੈਨੇਜਮੈਂਟ ਕੋਟੇ ਦੀਆਂ ਸੀਟਾਂ ਸਮੇਤ ਪ੍ਰਾਈਵੇਟ ਕਾਲਜਾਂ ਵਿੱਚ ਫੀਸਾਂ ਨੂੰ ਸੀਮਤ ਕੀਤਾ ਜਾਵੇ ਅਤੇ ਪਾਰਦਰਸ਼ੀ ਬਣਾਇਆ ਜਾਵੇ। ਪ੍ਰਾਈਵੇਟ ਕਾਲਜਾਂ ਵਿੱਚ 50 ਫੀਸਦੀ ਸੀਟਾਂ ਲਈ ਸਰਕਾਰੀ ਪੱਧਰ ਦੀ ਫੀਸ ਵਸੂਲਣ ਦੀ ਧਾਰਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾਵੇ। ਸਰਕਾਰ ਨੂੰ ਹੋਰ ਸੀਟਾਂ ਦੀ ਫੀਸ ਤੈਅ ਕਰਨੀ ਚਾਹੀਦੀ ਹੈ। ਪੇਂਡੂ ਪਿਛੋਕੜ ਵਾਲੇ ਵਿਦਿਆਰਥੀਆਂ ਨੂੰ ਦਾਖਲਿਆਂ ਵਿੱਚ ਵਾਧੂ ਅੰਕ ਦਿੱਤੇ ਜਾਣੇ ਚਾਹੀਦੇ ਹਨ।

ਇਸ ਲਈ ਸਹਿਮਤੀ ਬਣਾਉਣ ਲਈ ਵਿਦਿਆਰਥੀ ਸੰਗਠਨਾਂ, ਅਧਿਆਪਕਾਂ ਦੀਆਂ ਸੰਸਥਾਵਾਂ ਅਤੇ ਸਿੱਖਿਆ ਸ਼ਾਸਤਰੀਆਂ ਸਮੇਤ ਵੱਖ-ਵੱਖ ਹਿੱਸੇਦਾਰਾਂ ਵਿਚਕਾਰ ਵਿਸਤ੍ਰਿਤ ਵਾਰਤਾਲਾਪ ਕਰਨਾ ਮਹੱਤਵਪੂਰਨ ਹੈ। ਇਹ ਯਕੀਨੀ ਬਣਾਉਣਾ ਜ਼ਰੂਰੀ ਹੈ ਕਿ ਸਿੱਖਿਆ 'ਸਿਰਫ ਲਾਭ ਲਈ' ਨਾ ਬਣ ਜਾਵੇ। ਕੋਠਾਰੀ ਕਮਿਸ਼ਨ ਦੁਆਰਾ ਨਿਰਧਾਰਤ ਸਿਧਾਂਤਾਂ 'ਤੇ ਸਿੱਖਿਆ ਪ੍ਰਦਾਨ ਕਰਨ ਦੀ ਜ਼ਿੰਮੇਵਾਰੀ ਰਾਜ ਦੀ ਹੋਣੀ ਚਾਹੀਦੀ ਹੈ।

**ਸੰਪਰਕ : 94170-00360**

# ਨੂਰਾ ਕੁਸ਼ਤੀ, ਮੋਦੀ ਬਨਾਮ ਆਰ ਐੱਸ ਐੱਸ



ਗੁਰਮੀਤ ਸਿੰਘ ਪਲਾਹੀ

ਆਪਣੇ ਆਪ ਨੂੰ ਸਮਾਜਿਕ ਅਤੇ ਸੰਸਕ੍ਰਿਤਕ ਸੰਸਥਾ ਕਹਾਉਂਦੀ ਲਗਭਗ 100 ਵਰ੍ਹਿਆਂ ਦੀ ਰਾਸ਼ਟਰੀ ਸਵੈਮ-ਸੇਵਕ ਸੰਘ (ਆਰ.ਐੱਸ.ਐੱਸ) ਦੇ ਮੁਖੀ ਮੋਹਨ ਭਾਗਵਤ ਨੇ ਪਿਛਲੇ ਹਫ਼ਤੇ ਕਿਹਾ ਕਿ ਜੋ ਅਸਲੀ ਸੇਵਕ ਹੈ, ਉਹ ਮਰਿਆਦਾ ਦਾ ਪਾਲਣ ਕਰਦਾ ਹੈ, ਉਹ ਦੰਭ ਨਹੀਂ ਕਰਦਾ, ਉਸ ਵਿੱਚ ਹੰਕਾਰ ਨਹੀਂ ਆਉਂਦਾ ਕਿ ਇਹ ਮੈਂ ਕੀਤਾ ਹੈ।

ਇਹ ਸ਼ਬਦ ਸਿੱਧੇ ਤੌਰ 'ਤੇ ਲੈ ਕੇ ਨਹੀਂ, ਪਰ ਅਸਿੱਧੇ ਤੌਰ 'ਤੇ ਭਾਜਪਾ ਨੂੰ ਪਿਛੇ ਤੋਂ ਚਲਾਉਣ ਵਾਲੀ ਆਰ ਐਸ ਐਸ ਜੋ ਇੱਕ ਪਾਰਦਰਸ਼ਿਕ ਸੰਸਥਾ ਨਹੀਂ, ਸਗੋਂ ਇੱਕ ਖੁਫੀਆ ਸੰਸਥਾ ਵਜੋਂ ਕੰਮ ਕਰਦੀ ਹੈ, ਨੇ ਆਪਣੇ ਮੁਖੀ ਰਾਹੀਂ ਲੋਕ ਸਭਾ ਚੋਣਾਂ ਦੇ ਨਤੀਜਿਆਂ ਤੋਂ ਬਾਅਦ ਦੇਸ਼ ਦੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਇਸ ਕਰਕੇ ਕਹੇ ਹਨ ਕਿ ਉਹ ਆਪਣੇ ਵਿਚਾਰ ਨੂੰ ਬਦਨਾਮ ਹੋਇਆ ਨਹੀਂ ਵੇਖਣਾ ਚਾਹੁੰਦੇ। ਉਸ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਜਿਹੜਾ ਆਪਣੇ ਬਾਰੇ ਕਹਿੰਦਾ ਹੈ ਕਿ ਮੈਨੂੰ ਦੇਸ਼ ਉਤੇ ਰਾਜ-ਭਾਗ ਚਲਾਉਣ ਲਈ ਪ੍ਰਮਾਤਮਾ ਨੇ ਭੇਜਿਆ ਹੈ ਤੇ ਉਹ ਇਹ ਵੀ ਕਹਿੰਦਾ ਹੈ 'ਮੋਦੀ ਹੈ ਤਾਂ ਮੁਮਕਿਨ ਹੈ।'

ਆਰ ਐੱਸ ਐੱਸ ਦੀ ਇਹ ਨਰੇਂਦਰ ਮੋਦੀ ਨੂੰ ਨਸੀਹਤ ਹੈ ਜਾਂ ਮੋਦੀ ਤੋਂ ਆਰ ਐੱਸ ਐੱਸ ਵੱਲੋਂ ਪਾਸਾ ਵੱਟਣ ਦਾ ਇੱਕ ਕਦਮ? ਨਤੀਜਿਆਂ ਤੋਂ ਬਾਅਦ ਆਰ.ਐੱਸ.ਐੱਸ. ਤੇ ਭਾਜਪਾ 'ਚ ਆਈ ਇਸ ਤਰੇੜ ਨੇ ਸਿਆਸੀ ਭੁਚਾਲ ਲੈ ਆਂਦਾ ਹੈ। ਜਿਥੇ ਆਰ ਐਸ ਐਸ ਮੁਖੀ ਮੋਹਨ ਭਾਗਵਤ ਨੇ ਲੋਕ ਸਭਾ ਚੋਣਾਂ 'ਚ ਭਾਜਪਾ ਦੇ ਪ੍ਰਦਰਸ਼ਨ 'ਤੇ ਸਵਾਲ ਉਠਾਏ ਹਨ, ਆਰ ਐਸ ਐਸ ਦੇ ਪ੍ਰਮੁੱਖ ਆਗੂ ਇੰਦਰੇਸ਼ ਕੁਮਾਰ ਨੇ ਵੀ ਭਾਜਪਾ ਦੀ ਕਾਰਗੁਜ਼ਾਰੀ ਤੇ ਸ਼ੱਕ ਪ੍ਰਗਟ ਕੀਤਾ ਹੈ। ਭਾਜਪਾ ਦੇ ਪ੍ਰਦਰਸ਼ਨ ਨੂੰ ਲੈ ਕੇ ਇਸ ਸੰਸਥਾ ਵਲੋਂ ਛਾਪੇ ਜਾਂਦੇ ਮੈਗਜ਼ੀਨ ਨੇ ਵੀ ਟਿੱਪਣੀਆਂ ਕੀਤੀਆਂ ਹਨ।

ਇਹ ਬਿਆਨ ਆਉਣ ਤੋਂ ਬਾਅਦ ਸਿਆਸੀ ਅਤੇ ਸਮਾਜਿਕ ਤੌਰ 'ਤੇ ਇੱਕ ਬਹਿਸ ਛਿੜ ਗਈ ਹੈ। ਵਿਰੋਧੀ ਧਿਰ ਨੂੰ ਇਹਨਾਂ ਟਿੱਪਣੀਆਂ ਕਾਰਨ ਸੱਤਾ ਧਿਰ ਨੂੰ ਕਟਹਿਰੇ 'ਚ ਖੜ੍ਹਾ ਕਰਨ ਦਾ ਮੌਕਾ ਮਿਲ ਗਿਆ ਹੈ। ਕਿਹਾ ਜਾਣ ਲੱਗ ਪਿਆ ਹੈ ਕਿ ਆਰ.ਐੱਸ.ਐੱਸ. ਨੇ ਮੋਦੀ ਨੂੰ ਫਿਟਕਾਰ ਲਗਾਈ ਹੈ। ਇਹ ਵੀ ਕਿ ਆਰ.ਐੱਸ.ਐੱਸ. ਵਿੱਚ ਧੜੇ ਬਣ ਗਏ ਹਨ। ਉਂਜ ਇਹ ਕਿਸੇ ਤਰ੍ਹਾਂ ਵੀ ਸੰਭਵ ਨਹੀਂ, ਕਿਉਂਕਿ ਇਹ ਸੰਸਥਾ ਇੱਕ ਖੋਲ ਦੀ ਤਰ੍ਹਾਂ ਹੈ, ਜਿਸ ਦੀ ਭਾਫ ਤੱਕ ਵੀ ਬਾਹਰ ਨਹੀਂ ਨਿਕਲਦੀ। ਇਹ ਵੀ ਕਿ ਪਿਛਲੇ ਦਸ ਸਾਲ ਜਦੋਂ ਨਰੇਂਦਰ ਮੋਦੀ ਅਤੇ ਹਿੰਦੂ ਰਾਸ਼ਟਰ ਦੇ ਸੁਪਨੇ ਨੂੰ ਸਕਾਰ ਕਰਨ ਲਈ ਪ੍ਰਯਤਨਸ਼ੀਲ ਰਿਹਾ ਅਤੇ ਜ਼ਿਆਦਤੀਆਂ ਵੀ ਕਰਦਾ ਰਿਹਾ ਤਾਂ ਆਰ.ਐੱਸ.ਐੱਸ. ਚੁੱਪ ਰਿਹਾ, ਪਰ ਜਦੋਂ ਇਹ ਸੁਪਨਾ ਟੁੱਟਣ ਲੱਗਾ ਹੈ ਤਾਂ ਆਪਣੀ ਸਾਖ਼ ਬਚਾਉਣ ਲਈ ਆਰ.ਐੱਸ.ਐੱਸ. ਆਪਣੀ ਹੀ ਸਿਆਸੀ ਪਾਰਟੀ ਭਾਜਪਾ ਨਾਲੋਂ ਅਲਹਿਦਗੀ ਬਣਾਉਂਦਾ ਨਜ਼ਰ ਆ ਰਿਹਾ ਹੈ। ਭਾਰਤ ਦੇ ਲੋਕਾਂ ਵੱਲੋਂ ਚੋਣਾਂ 'ਚ ਦਿੱਤੇ ਸਪੱਸ਼ਟ ਸੰਕੇਤਾਂ ਤੋਂ ਉਹ ਮੂੰਹ ਛੁਪਾਉਂਦਾ ਨਜ਼ਰ ਆ ਰਿਹਾ ਹੈ।

ਸਵਾਲ ਉਠਦਾ ਹੈ ਕਿ ਜੇਕਰ ਆਰ ਐੱਸ ਐੱਸ ਦਾ ਸਿਆਸਤ ਨਾਲ ਕੋਈ ਲੈਣਾ -ਦੇਣਾ ਨਹੀਂ ਹੈ ਤਾਂ ਮੋਦੀ ਜੋ ਆਰ ਐਸ ਐਸ ਦਾ ਵਰਕਰ ਰਿਹਾ ਹੈ, ਉਸ ਦੇ ਸਿਰ ਉਤੇ ਪਿਛਲੇ ਕਈ ਵਰ੍ਹਿਆਂ ਤੋਂ ਆਰ.ਐੱਸ.ਐੱਸ. ਦਾ ਹੱਥ ਕਿਉਂ ਹੈ? ਦੇਸ਼ 'ਚ ਵੱਡੀ ਗਿਣਤੀ ਸੂਬਿਆਂ ਦੇ ਗਵਰਨਰ, ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰ ਉਨ੍ਹਾਂ ਦੀ ਸੋਚ ਵਾਲੇ ਅਤੇ ਉਨ੍ਹਾਂ ਦੇ ਬੰਦੇ ਹੀ ਕਿਉਂ ਨਿਯੁਕਤ ਹੁੰਦੇ ਹਨ? ਕਿਉਂ ਦੇਸ਼ ਦੇ ਸੰਸਕ੍ਰਿਤਕ ਅਤੇ ਸਿਖਿਆ ਮਹਿਕਮੇ ਉਤੇ ਆਰ ਐੱਸ ਐੱਸ ਦੇ ਖਾਸਮ-ਖਾਸ ਹੀ ਬੈਠੇ ਹਨ ਅਤੇ ਉਹ ਆਰ ਐੱਸ ਐਸ ਦੇ ਹਿੰਦੂਤਵੀ ਅਜੰਡੇ ਨੂੰ ਸਿੱਖਿਆ, ਸੰਸਕ੍ਰਿਤੀ ਗਤੀਵਿਧੀਆਂ ਰਾਹੀਂ ਲਾਗੂ ਕਰ ਰਹੇ ਹਨ ? ਹੁਣ ਵੀ ਓਡੀਸ਼ਾ 'ਚ ਭਾਜਪਾ ਦੀ ਜਿੱਤ ਉਪਰੰਤ ਆਰ ਐੱਸ ਐੱਸ ਦਾ ਵਰਕਰ ਮੋਹਨ ਚਰਨ ਮਾਝੀ ਸਰਕਾਰ ਦਾ ਮੁੱਖ ਮੰਤਰੀ ਬਣਿਆ ਹੈ।

ਇੱਕ ਮਖੌਟਾ ਹੈ, ਜੋ ਆਰ ਐੱਸ ਐਸ ਨੇ ਪਹਿਨਿਆ ਹੋਇਆ ਹੈ। ਉਹ ਅੰਦਰੋ-ਅੰਦਰੀ ਸਰਕਾਰ ਦੇ ਕੰਮ 'ਚ ਡੂੰਘਾ ਦਖ਼ਲ ਦਿੰਦਾ ਹੈ, ਪਰ ਅੱਜ ਜਦੋਂ ਨਰੇਂਦਰ ਮੋਦੀ 'ਮੋਦੀ ਦੀਆਂ ਗਰੰਟੀਆਂ' ਦੇ ਨਾਹਰੇ ਅਤੇ ਤਾਨਾਸ਼ਾਹ ਸੋਚ ਤੇ ਹਉਮੈ ਕਾਰਨ ਚੋਣਾਂ 'ਚ ਆਪਣੀ ਪਾਰਟੀ ਦੀ ਨਿਰੀ-ਪੁਰੀ ਸਰਕਾਰ ਨਹੀਂ ਬਣਾ ਸਕਿਆ ਤੇ ਲੋਕਾਂ ਨੇ ਉਸ ਦੀ ਸੋਚ ਨੂੰ ਨਕਾਰਿਆ ਹੈ ਤਾਂ ਆਰ ਐੱਸ ਐੱਸ ਸਮਝੌਤੀਆਂ ਦੇਣ ਦੇ ਰਾਹ ਤੁਰ ਪਿਆ ਹੈ, ਪਰ ਕੀ ਇਹ ਸਮਝੌਤੀਆਂ ਸੱਚੀਂ-ਮੁੱਚੀਂ ਨਰੇਂਦਰ ਮੋਦੀ ਨਾਲੋਂ ਰਾਹ ਵੱਖਰਾ ਕਰਨ ਵਾਲੀਆਂ ਹਨ, ਇੰਜ ਕਿਧਰੇ ਵੀ ਨਹੀਂ ਜਾਪਦਾ। ਇਹ ਸਮਝੌਤੀਆਂ ਤਾਂ ਬਸ ਥੋੜ੍ਹਾ ਸਮਾਂ ਦੂਰੀਆਂ ਬਣਾਉਣ ਦਾ ਮਾਤਰ ਦਿਖਾਵਾ ਹੈ।

ਲੋਕ ਸਭਾ ਚੋਣਾਂ ਵੇਲੇ ਭਾਜਪਾ ਵਰਕਰਾਂ, ਭਾਜਪਾ ਨੇਤਾਵਾਂ, ਮੋਦੀ-ਸ਼ਾਹ ਜੋੜੀ 'ਚ ਇੱਕ ਘੁਮੰਡ ਨਜ਼ਰ ਆ ਰਿਹਾ ਸੀ। ਭਾਜਪਾ ਦੇ ਰਾਸ਼ਟਰੀ ਪ੍ਰਧਾਨ ਜੇ ਪੀ ਨੱਢਾ ਦਾ ਉਸ ਵੇਲੇ ਦਾ ਇੱਕ ਬਿਆਨ ਵੀ ਸਮਝਣ ਵੇਖਣ ਵਾਲਾ ਸੀ ਕਿ ਭਾਜਪਾ ਆਪਣਾ ਬਲਬੂਤੇ 'ਤੇ ਚੋਣ ਲੜੇਗੀ, ਉਸ ਨੂੰ ਆਰ.ਐੱਸ.ਐੱਸ. ਦੀ ਲੋੜ ਨਹੀਂ ਹੈ, ਪਰ ਕੀ ਚੋਣ 'ਚ ਅੱਧੀ-ਅਧੂਰੀ ਜਿੱਤ ਤੋਂ ਬਾਅਦ ਜੇ ਪੀ ਨੱਡਾ ਹੁਣ ਵੀ ਇਹ ਹੀ ਸੋਚਦੇ ਹੋਣਗੇ ਕਿ ਉਹਨਾ ਦੀ ਪਾਰਟੀ ਦਾ ਆਰ.ਐੱਸ.ਐੱਸ. ਤੋਂ ਬਿਨ੍ਹਾਂ ਗੁਜ਼ਾਰਾ ਹੈ। ਅਸਲ 'ਚ ਦੋਵੇਂ ਧਿਰਾਂ ਇੱਕ-ਦੂਜੇ ਦੀਆਂ ਪੂਰਕ ਹਨ। ਪਿਛਲੇ ਦਸ ਵਰ੍ਹਿਆਂ ਦੌਰਾਨ ਭਾਜਪਾ, ਆਰ ਐੱਸ ਐੱਸ ਨੇ ਰਾਜ ਭਾਗ ਦਾ ਅਨੰਦ ਮਾਣਿਆ ਹੈ। ਕੀ ਆਰ.ਐੱਸ.ਐੱਸ. ਕੋਲ ਇਸ ਗੱਲ ਦਾ ਕੋਈ ਜਵਾਬ ਹੈ ਕਿ ਉਸ ਦੇ ਮੁੱਖ ਹੈੱਡਕੁਆਰਟਰ ਅਤੇ ਹੋਰ ਸ਼ਖਾਵਾਂ ਉਤੇ ਵੱਡੀਆਂ ਇਮਾਰਤਾਂ ਕਿਹੜੇ ਫੰਡ ਨਾਲ ਬਣੀਆਂ? ਆਰ ਐੱਸ ਐੱਸ ਦੇ ਮੁੱਖੀਆਂ ਤੇ ਵੱਡੇ ਚੌਧਰੀਆਂ ਨੇ ਕਿਹੜੇ ਤੇ ਕਿਸ ਦੇ ਹੈਲੀਕਾਪਟਰਾਂ ਦਾ ਅਨੰਦ ਯਾਤਰਾਵਾਂ ਕਰਨ ਤੇ ਸ਼ਾਖਾ ਮੀਟਿੰਗਾਂ ਲਗਾਉਣ ਲਈ ਲਿਆ।

ਕੀ ਆਰ ਐਸ ਐਸ ਇਹ ਦੱਸ ਸਕੇਗਾ ਕਿ ਆਯੋਧਿਆ ਪ੍ਰਾਣ ਪ੍ਰਤਿਸ਼ਠਾ ਸਮਾਗਮ ਸੰਬੰਧੀ ਜਦੋਂ ਹਿੰਦੂ ਸ਼ੰਕਰਾਚਾਰੀਆ ਮੋਦੀ ਦੇ ਅਣਉਚਿਤ ਕਾਰਜਾਂ 'ਤੇ ਸਵਾਲ ਉਠਾ ਰਹੇ ਸਨ ਤਾਂ ਉਹ ਚੁੱਪ ਕਿਉਂ ਸਨ?

ਅੱਜ ਮੋਹਨ ਭਾਗਵਤ ਮਨੀਪੁਰ 'ਚ ਹਿੰਸਾ ਦੀ ਗੱਲ ਕਰਦੇ ਹਨ। ਉਥੇ ਦੇ ਲੋਕਾਂ ਦੀ ਬੇਚੈਨੀ ਅਤੇ ਸਰਕਾਰ ਦੀ ਚੁੱਪੀ 'ਤੇ ਸਵਾਲ ਉਠਾ ਰਹੇ ਹਨ, ਪਰ ਉਹਨਾ ਉਹਨਾਂ ਸਮਿਆਂ 'ਚ ਚੁੱਪ ਕਿਉਂ ਵੱਟੀ ਰੱਖੀ, ਜਦ ਮਨੀਪੁਰ 'ਚ ਔਰਤਾਂ ਦੀ ਬੇਹੁਰਮਤੀ ਹੋ ਰਹੀ ਸੀ ਤੇ ਦੇਸ਼ 'ਚ ਕੁਹਰਾਮ ਮਚਿਆ ਹੋਇਆ ਸੀ ਅਤੇ ਨਰੇਂਦਰ ਮੋਦੀ ਨੇ ਆਪਣੇ ਮੁਖਾਰਬਿੰਦ ਤੋਂ ਇੱਕ ਵੀ ਸ਼ਬਦ ਨਹੀਂ ਸੀ ਉਚਾਰਿਆ।

ਮੋਦੀ ਦੇ ਸ਼ਾਸਨ-ਪ੍ਰਸ਼ਾਸਨ ਸਬੰਧੀ ਮੋਹਨ ਭਾਗਵਤ ਤੇ ਆਰ ਐਸ ਐਸ ਉਦੋਂ ਤੱਕ ਚੁੱਪ ਬੈਠੇ ਰਹੇ, ਜਦੋਂ ਤੱਕ ਨਰੇਂਦਰ ਮੋਦੀ ਉਹਨਾ ਦੇ ਆਸ਼ਿਆਂ ਅਨੁਸਾਰ ਕੰਮ ਕਰਦਾ ਰਿਹਾ। ਅੱਜ ਜਦੋਂ ਲੋਕਾਂ ਨੇ ਨਰੇਂਦਰ ਮੋਦੀ ਦੀ ਤਾਨਾਸ਼ਾਹੀ ਸੋਚ ਦਾ ਜਵਾਬ ਦਿੱਤਾ ਹੈ ਤਾਂ ਆਰ.ਐੱਸ.ਐੱਸ. ਸੁਤ ਉਨੀਂਦਾ ਉੱਠ ਬੈਠਾ ਹੈ ਅਤੇ ਸਾਰਾ ਦੋਸ਼ ਨਰੇਂਦਰ ਮੋਦੀ 'ਤੇ ਮੜ੍ਹਨ ਦਾ ਯਤਨ ਹੋ ਰਿਹਾ ਹੈ, ਪਰ ਕੀ ਇਹ ਸੱਚ ਹੈ ? ਸ਼ਾਇਦ ਇਹ ਇੰਜ ਨਹੀਂ ਹੈ । ਇਹ ਪਿਉ (ਆਰ ਐੱਸ ਐੱਸ) ਵੱਲੋਂ ਆਪਣੇ ਪੁੱਤ(ਨਰੇਂਦਰ ਮੋਦੀ) ਲਈ ਮਿੱਠੀਆਂ ਘੂਰੀਆਂ ਹਨ।

ਪ੍ਰਧਾਨ ਮੰਤਰੀ ਮੋਦੀ ਨਿਰੰਕੁਸ਼ ਰੁਚੀਆਂ ਦਾ ਮਾਲਕ ਹੈ । ਉਸ ਦੀਆਂ ਨੀਤੀਆਂ ਇਸ ਦੀ ਤਾਈਦ ਕਰਦੀਆਂ ਹਨ। ਉਸ ਨੂੰ ਕੇਂਦਰੀਕਰਨ ਅਤੇ ਗਲਬਾ ਪਾਉਣ ਦੀ ਲਤ ਲੱਗੀ ਹੋਈ ਹੈ ਤੇ ਦੋ ਦਹਾਕਿਆਂ (ਜਾਂ ਉਸ ਤੋਂ ਵੱਧ) ਤੋਂ ਉਸ ਨੇ ਜੋ ਨਿਰੰਕੁਸ਼ ਤਾਕਤ ਮਾਣੀ ਹੈ, ਉਸ ਨੇ ਉਸਦੀ ਇਸ ਰੁਚੀ ਨੂੰ ਪਕੇਰਾ ਕੀਤਾ ਹੈ । ਅਸਲ 'ਚ ਕਈ ਸਾਲਾਂ ਤੋਂ ਉਹ ਬਿੱਗ ਬੌਸ, ਟੌਪ ਬੌਸ, ਇਕਮਾਤਰ ਤੇ ਸੁਪਰੀਮ ਬੌਸ ਦੀ ਭੂਮਿਕਾ ਨਿਭਾਉਂਦਾ ਆ ਰਿਹਾ ਹੈ। ਚੋਣਾਂ 'ਚ ਉਸ ਨੇ ਵਿਰੋਧੀਆਂ ਵਿਰੁੱਧ ਪ੍ਰਚੰਡ ਪ੍ਰਚਾਰ ਕੀਤਾ, ਮੁਸਲਮਾਨਾਂ ਖਿਲਾਫ ਬੇਹੱਦ ਸਖਤ ਟਿੱਪਣੀਆਂ ਕੀਤੀਆਂ। ਪਿਛਲੇ ਪੰਜ ਸਾਲ ਤਾਂ ਮੋਦੀ ਵਿੱਚ ਹੰਕਾਰ ਐਨਾ ਵਧਿਆ ਕਿ ਉਹ ਆਪਣੀ ਪਾਰਟੀ ਭਾਜਪਾ ਨਾਲੋਂ ਵੀ ਵੱਧ ਆਪਣੇ ਆਪ ਨੂੰ ਲੋਕਾਂ ਸਾਹਮਣੇ ਉਤਮ ਪੇਸ਼ ਕਰਦਾ ਨਜ਼ਰ ਆਇਆ । ਕੋਵਿਡ ਦੇ ਟੀਕਿਆਂ ਤੋਂ ਲੈ ਕੇ, ਬੱਸ ਅੱਡੇ ਤੋਂ ਹਵਾਈ ਅੱਡਿਆਂ ਤੱਕ ਮੋਦੀ ਜੀ, ਮੋਦੀ ਜੀ ਹੀ ਦਿਖੇ । ਹੰਕਾਰ ਦੀ ਹੱਦ ਤਾਂ ਉਦੋਂ ਹੋਈ, ਜਦੋਂ ਰਾਮ ਲੱਲ੍ਹਾ ਦੀ ਪ੍ਰਾਣ ਪ੍ਰਤਿਸ਼ਠਾ ਉਹਨਾ ਨੇ ਖੁਦ ਕੀਤੀ, ਜਦਕਿ ਇਹ ਕੰਮ ਪੁਜਾਰੀਆਂ, ਮਹੰਤਾਂ ਦਾ ਹੁੰਦਾ ਹੈ । ਇਸ ਸਮੇਂ ਦੌਰਾਨ ਹਿੰਦੂਆਂ, ਮੁਸਲਮਾਨਾਂ 'ਚ ਦਰਾੜ ਪਈ । ਨਾਗਰਿਕਤਾ ਕਾਨੂੰਨ ਸੋਧ ਨੂੰ ਲੈ ਕੇ ਮੁਸਲਮਾਨ ਸਮਾਜ ਵਿੱਚ ਏਨਾ ਡਰ ਪੈਦਾ ਹੋਇਆ ਕਿ ਦੇਸ਼ ਦੇ ਸ਼ਹਿਰਾਂ 'ਚ ਜਲਸੇ-ਜਲੂਸ ਨਿਕਲੇ, ਪਰ ਪ੍ਰਧਾਨ ਮੰਤਰੀ ਜੀ ਦਾ ਕੋਈ ਬਿਆਨ ਨਹੀਂ ਆਇਆ। ਦੇਸ਼ 'ਚ ਬਲਡਜ਼ੋਰ ਨੀਤੀ ਚੱਲੀ, ਮੁਸਲਮਾਨਾਂ ਦੇ ਘਰ ਢਾਹੇ ਗਏ। ਇਸ ਸਭ ਕੁਝ ਦੇ ਕਾਰਨ ਮੋਦੀ ਦਾ ਅਕਸ ਲੋਕਾਂ 'ਚ ਵਿਗੜਿਆ, ਪਰ ਹੈਰਾਨੀ ਹੈ ਕਿ ਆਰ.ਐੱਸ.ਐੱਸ., ਜੋ ਆਮ ਲੋਕਾਂ 'ਚ ਵਿਚਰਦਾ ਹੈ, ਉਹ ਨਰੇਂਦਰ ਮੋਦੀ ਨੂੰ ਸ਼ੀਸ਼ਾ ਨਾ ਵਿਖਾ ਸਕਿਆ। ਉਹ ਮੋਦੀ ਦੀ ਤਾਕਤ ਤੋਂ ਡਰਦੀ ਸਾ ਅਤੇ ਹੁਣ ਜਦੋਂ ਉਹ ਕਮਜ਼ੋਰ ਹੋਏ ਹਨ ਤਾਂ ਹੈ । ਜਾਪਦਾ ਹੈ ਆਰ ਐੱਸ ਐੱਸ ਉਸ ਸਮੇਂ ਤੱਕ ਚੁੱਪੀ ਧਾਰੀ ਬੈਠੀ ਰਿਹਾ, ਅਤੇ ਆਸ ਲਾਈ ਬੈਠਾ ਰਿਹਾ ਕਿ ਮੋਦੀ ਮੁੜ ਚੰਗੇਰੀ ਸੱਤਾ ਵਿੱਚ ਆ ਜਾਣਗੇ ਤੇ ਹਿੰਦੂ ਰਾਸ਼ਟਰ ਦਾ ਜੋ ਸੰਕਲਪ ਅਤੇ ਆਰ ਐਸ ਐਸ ਵਿਚਾਰਧਾਰਾ, ਜੋ ਉਹ ਦੇਸ਼ 'ਚ ਲਾਗੂ ਕਰਨਾ ਚਾਹੁੰਦੇ ਹਨ, ਉਹ ਪੂਰਾ ਹੋ ਜਾਏਗਾ ।

ਸ਼ਾਇਦ ਉਹ ਇਸ ਸੰਬੰਧੀ ਉਵੇਂ ਹੀ ਗਲਤਫਹਿਮੀ 'ਚ ਰਹੇ ਜਿਵੇਂ ਕਿ ਨਰੇਂਦਰ ਮੋਦੀ ਆਪ ਕਹਿ ਰਹੇ ਸਨ ਕਿ ਉਹ 400 ਲੋਕ ਸਭਾ ਸੀਟਾਂ ਹਥਿਆ ਲੈਣਗੇ।

ਕੀ ਆਰ ਐੱਸ ਐੱਸ ਇਸ ਗੱਲ ਤੋਂ ਜਾਣੂ ਨਹੀਂ ਸੀ ਕਿ ਪ੍ਰਧਾਨ ਮੰਤਰੀ ਆਪਣੇ ਸਾਥੀ ਮੰਤਰੀਆਂ ਦੀ ਅਣਦੇਖੀ ਕਰਦਾ ਹੈ । ਵਿਰੋਧੀ ਧਿਰ ਦਾ ਅਪਮਾਨ ਕਰਦਾ ਹੈ । ਪ੍ਰੈੱਸ ਨੂੰ ਨੱਥ ਪਾ ਕੇ ਨਚਾਉਂਦਾ ਹੈ ਅਤੇ ਸੰਸਥਾਵਾਂ ਦੀ ਖੁਦਮੁਖ਼ਤਾਰੀ ਨੂੰ ਭੰਗ ਕਰਦਾ ਹੈ ਅਤੇ ਇਹੀ ਨਹੀਂ ਸੂਬਿਆਂ ਦੇ ਹੱਕਾਂ ਅਤੇ ਹਿੱਤਾਂ ਦਾ ਤ੍ਰਿਸਕਾਰ ਕਰਦਾ ਹੈ, ਖਾਸਕਰ ਉਹਨਾਂ ਸੂਬਿਆਂ ਦੇ, ਜਿਹਨਾਂ ਵਿਚ ਪ੍ਰਧਾਨ ਮੰਤਰੀ ਦੀ ਪਾਰਟੀ ਤੋਂ ਬਿਨਾਂ ਕੋਈ ਹੋਰ ਪਾਰਟੀ ਰਾਜ ਕਰ ਰਹੀ ਹੁੰਦੀ ਹੈ ।

ਆਰ ਐੱਸ ਐੱਸ ਦੀ ਚੁੱਪੀ ਅਸਲ ਵਿੱਚ ਪ੍ਰਧਾਨ ਮੰਤਰੀ ਨੂੰ ਥਾਪੀ ਸੀ । ਇਸੇ ਥਾਪੀ ਦੇ ਸਿਰ 'ਤੇ ਨਰੇਂਦਰ ਮੋਦੀ ਤਾਕਤਾਂ ਦੀ ਵਰਤੋਂ, ਦੁਰਵਰਤੋਂ ਕਰਦਾ ਰਿਹਾ ਅਤੇ ਆਪਣੇ ਬੋਝੇ 'ਚ ਸੱਭੋ ਕੁਝ ਸਮੇਟਦਾ ਰਿਹਾ । ਆਰ ਐੱਸ ਐੱਸ ਦੀ ਸ਼ਹਿ 'ਤੇ ਉਸ ਨੇ ਆਪਣਾ ਵਿਰਾਟ ਜਨੂੰਨੀ ਅਕਸ ਉਸਾਰਿਆ ।

ਆਰ.ਐੱਸ.ਐੱਸ. ਨੇਤਾਵਾਂ ਦੇ ਦਿੱਤੇ ਹੋਏ ਬਿਆਨ ਨਰੇਂਦਰ ਮੋਦੀ ਦੀ ਨਿਖੇਧੀ ਨਹੀਂ, ਨਾ ਹੀ ਆਰ.ਐੱਸ.ਐੱਸ. 'ਚ ਪਨਪ ਰਹੀ ਕਿਸੇ ਧੜੇਬੰਦੀ ਦਾ ਸੰਕੇਤ ਹਨ । ਇਹ ਬਿਆਨ ਤਾਂ ਅਲੋਚਨਾਤਮਕ ਘੱਟ ਸਗੋਂ ਉਸਾਰੂ ਸਲਾਹ ਵੱਧ ਹਨ । ਇਹ ਤਾਂ ਇਕ ਨੂਰਾ ਕੁਸ਼ਤੀ ਹੈ , ਰਲ ਕੇ ਲੜੀ ਜਾ ਰਹੀ ਸੰਕੇਤਕ ਕੁਸ਼ਤੀ ।

ਸਹੀ ਗੱਲ ਤਾਂ ਇਹ ਹੈ ਕਿ ਆਰ.ਐੱਸ.ਐੱਸ. ਅਤੇ ਭਾਜਪਾ ਦਾ ਤਾਣਾ-ਬਾਣਾ ਇਕ ਦੂਜੇ ਨਾਲ ਬੱਝਿਆ ਹੋਇਆ ਹੈ, ਜਿਹਨਾਂ ਦੀਆਂ ਨੀਤੀਆਂ ਅਤੇ ਦੇਸ਼ ਨੂੰ ਹਿੰਦੂ ਰਾਸ਼ਟਰ ਬਣਾਉਣ ਦੀ ਸੋਚ 'ਚ ਨਾ ਕੋਈ ਵਖਰੇਵਾਂ ਹੈ ਅਤੇ ਨਾ ਹੀ ਕੋਈ ਅਸਪਸ਼ਟਤਾ । ਨਰੇਂਦਰ ਮੋਦੀ, ਆਰ.ਐੱਸ.ਐੱਸ. ਦਾ ਅਜੰਡਾ ਲਾਗੂ ਕਰਨ ਲਈ ਇੱਕ ਸਫ਼ਲ ਕਾਰਕ ਸਾਬਤ ਹੋ ਰਿਹਾ ਹੈ, ਉਸ ਵਿਰੁੱਧ ਆਰ.ਐੱਸ.ਐੱਸ. ਇੱਕ ਕਦਮ ਵੀ ਨਹੀਂ ਤੁਰ ਸਕਦਾ, ਸਗੋਂ ਸਮੇਂ-ਸਮੇਂ ਜਿਥੇ ਉਸਦੀ ਤਾਕਤ ਘਟੇਗੀ, ਉਥੇ ਉਥੇ ਆਰ ਐੱਸ ਐੱਸ ਉਸ ਨਾਲ ਇਕ ਸਹਿਯੋਗੀ ਵਜੋਂ ਦਿਸੇਗਾ ।

**ਅੰਤਿਕਾ**

ਦੇਸ਼ ਵਿੱਚ ਤਿੰਨ ਪ੍ਰਮੁੱਖ ਸੰਸਥਾਵਾਂ/ ਜਥੇਬੰਦੀਆਂ ਨੇ ਆਪਣੀ ਇੱਕ ਸਦੀ ਜਾਂ ਇਸ ਤੋਂ ਵੱਧ ਸਫ਼ਰ ਤਹਿ ਕਰ ਲਿਆ ਹੈ, ਇਹ ਹਨ :- ਇੰਡੀਅਨ ਨੈਸ਼ਨਲ ਕਾਂਗਰਸ, ਸ਼੍ਰੋਮਣੀ ਆਕਾਲੀ ਦਲ ਅਤੇ ਆਰ ਐੱਸ ਐੱਸ ।

ਆਰ ਐੱਸ ਐੱਸ ਗੈਰ-ਲਾਭਕਾਰੀ ਗ਼ੈਰ-ਸਿਆਸੀ ਸੰਸਥਾ ਦੇ ਤੌਰ 'ਤੇ 27 ਸਤੰਬਰ 1925 ਨੂੰ ਸਥਾਪਨਾ ਹੋਈ, ਜਿਸ ਦਾ ਮੁੱਖ ਅਜੰਡਾ ਹਿੰਦੂ ਰਾਸ਼ਟਰਵਾਦ ਅਤੇ ਹਿੰਦੂਤਵ ਸੀ। ਇਸ ਸੰਸਥਾ ਦੇ 50 ਤੋਂ 60 ਲੱਖ ਮੈਂਬਰ ਹਨ ਅਤੇ 56859 ਸ਼ਖਾਵਾਂ ਜਾਂ ਬ੍ਰਾਂਚਾਂ ਹਨ। ਜਨਸੰਘ ਅਤੇ ਭਾਜਪਾ ਨੂੰ ਇਸ ਸੰਸਥਾ ਨੇ ਸਿਆਸੀ ਉਭਾਰ ਦਿਤਾ ।

ਇੰਡੀਅਨ ਨੈਸ਼ਨਲ ਕਾਂਗਰਸ 28 ਦਸੰਬਰ 1885 ਨੂੰ ਸਥਾਪਤ ਹੋਈ । ਇਸ ਦੇ 5 ਕਰੋੜ 50 ਲੱਖ ਮੈਂਬਰ ਹਨ । ਇਹ ਦੇਸ਼ ਦੀ ਪਹਿਲੀ ਪੁਰਾਣੀ ਸਿਆਸੀ ਪਾਰਟੀ ਹੈ । ਸਮਾਨਤਾ ਅਤੇ ਸਮਾਜਿਕ ਲੋਕਤੰਤਰ, ਇਸ ਦੇ ਮੁੱਖ ਮੰਤਵ ਹਨ । ਦੇਸ਼ ਦੀ ਆਜ਼ਾਦੀ 'ਚ ਇਸ ਦੀ ਪ੍ਰਮੁੱਖ ਭੂਮਿਕਾ ਰਹੀ ।

ਸ਼੍ਰੋਮਣੀ ਆਕਾਲੀ ਦਲ 14 ਦਸੰਬਰ 1920 ਨੂੰ ਸਥਾਪਤ ਹੋਇਆ । ਇਸ ਸੰਸਥਾ ਦਾ ਮੁੱਖ ਉਦੇਸ਼ ਸਿੱਖ ਧਰਮ ਅਤੇ ਸਿੱਖਾਂ ਦੇ ਹੱਕਾਂ ਦੀ ਰਾਖੀ ਮਿਥਿਆ ਗਿਆ । ਇਹ ਦੇਸ਼ ਦੀ ਦੂਜੀ ਪੁਰਾਣੀ ਸਿਆਸੀ ਪਾਰਟੀ ਹੈ । ਇਸ ਨੂੰ ਦੇਸ਼ ਵਿੱਚ ਕੁਰਬਾਨੀਆਂ ਕਰਨ ਵਾਲੀ ਪਾਰਟੀ ਵਜੋਂ ਵੀ ਜਾਣਿਆ ਗਿਆ ।

ਦੇਸ਼ ਦੀ ਪਹਿਲੀ ਤੇ ਦੂਜੀ ਸਿਆਸੀ ਪਾਰਟੀ ਪਿਛਲੇ ਦਹਾਕੇ 'ਚ ਲਗਾਤਾਰ ਨਿਘਾਰ ਵੱਲ ਗਈ, ਪਰ ਇਹਨਾਂ ਦੀਆਂ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ, ਨਿਰਮਾਣ 'ਚ ਪ੍ਰਾਪਤੀਆਂ ਵੱਡੀਆਂ ਰਹੀਆਂ । ਆਰ ਐੱਸ ਐੱਸ ਸਿਆਸੀ ਪਾਰਟੀ ਨਾ ਹੋ ਕੇ ਵੀ ਲਗਾਤਾਰ ਪਿਛੇ ਰਹਿ ਕੇ ਸਿਆਸੀ ਖੇਡ ਖੇਡਦੀ ਹੈ ਅਤੇ ਹਿੰਦੂ ਰਾਸ਼ਟਰ ਨਿਰਮਾਣ 'ਚ ਗਤੀਸ਼ੀਲਤਾ ਨਾਲ ਕੰਮ ਕਰਨ ਲਈ ਜਾਣੀ ਜਾਂਦੀ ਹੈ ।

**# ਸੰਪਰਕ : 98158-02070**

21-JUNE-PAGE-5.qxd 6/20/2024 10:28 PM Page 1



# ਅਰੁੰਧਤੀ ਰਾਏ ਤੇ ਪ੍ਰੋ. ਸ਼ੇਖ ਸ਼ੌਕਤ ਹੁਸੈਨ ਵਿਰੁੱਧ ਯੂ ਏ ਪੀ ਏ ਲਗਾਉਣ ਖਿਲਾਫ ਖੱਬੇ-ਪੱਖੀਆਂ ਵੱਲੋਂ ਰੋਸ ਪ੍ਰਦਰਸ਼ਨ

■ ਸਜ਼ਾਵਾਂ ਪੂਰੀਆਂ ਕਰ ਚੁੱਕੇ ਤੇ ਝੂਠੇ ਕੇਸਾਂ ਕਾਰਨ ਜੇਲ੍ਹਾਂ 'ਚ ਬੰਦ ਸਮਾਜਿਕ ਸਿਆਸੀ ਕਾਰਕੁੰਨਾਂ ਨੂੰ ਰਿਹਾਅ ਕਰਨ ਦੀ ਮੰਗ, ਡੀ ਸੀ ਰਾਹੀਂ ਪ੍ਰਧਾਨ ਮੰਤਰੀ ਨੂੰ ਭੇਜਿਆ ਮੰਗ ਪੱਤਰ




**ਮਾਨਸਾ (ਆਤਮਾ ਸਿੰਘ ਪਮਾਰ)**

ਪੰਜਾਬ ਦੀਆਂ ਪ੍ਰਮੁੱਖ ਖ਼ੱਬੀਆਂ ਧਿਰਾਂ ਸੀਪੀਆਈ (ਐੱਮ ਐੱਲ) ਲਿਬਰੇਸ਼ਨ, ਸੀਪੀਆਈ, ਇਨਕਲਾਬੀ ਕੇਂਦਰ ਪੰਜਾਬ ਤੇ ਜਨਤਕ ਸਿਆਸੀ ਜਥੇਬੰਦੀਆਂ ਵੱਲੋਂ ਵਿਸ਼ਵ ਪ੍ਰਸਿੱਧ ਲੇਖਿਕਾ ਅਰੁੰਧਤੀ ਰਾਏ ਤੇ ਪ੍ਰੋ. ਸ਼ੇਖ ਸ਼ੌਕਤ ਹੁਸੈਨ ਵਿਰੁੱਧ ਯੂਏਪੀਏ ਲਗਾਉਣ ਦੇ ਹੁਕਮਾਂ ਖ਼ਿਲਾਫ਼ ਤੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਮੂਹ ਕੈਦੀਆਂ ਦੀ ਤੁਰੰਤ ਰਿਹਾਈ ਦੀ ਮੰਗ ਕਰਦਿਆਂ ਅੱਜ ਮਾਨਸਾ ਵਿਖੇ ਰੋਸ ਰੈਲੀ ਤੇ ਮੁਜ਼ਾਹਰੇ ਦੇ ਰੂਪ ਵਿਚ ਤਿੱਖਾ ਰੋਸ ਜ਼ਾਹਿਰ ਕੀਤਾ ਅਤੇ ਡਿਪਟੀ ਕਮਿਸ਼ਨਰ ਮਾਨਸਾ ਰਾਹੀਂ ਪ੍ਰਧਾਨ ਮੰਤਰੀ ਨੂੰ ਮੰਗ ਪੱਤਰ ਭੇਜਿਆ।

ਸੀਪੀਆਈ (ਐੱਮ ਐੱਲ) ਲਿਬਰੇਸ਼ਨ ਆਗੂ ਕਾਮਰੇਡ ਸੁਰਿੰਦਰ ਪਾਲ ਸ਼ਰਮਾ ਵੱਲੋਂ ਜਾਰੀ ਬਿਆਨ ਰਾਹੀਂ ਦੱਸਿਆ ਗਿਆ ਕਿ ਵਿਸ਼ਵ ਪ੍ਰਸਿੱਧ ਲੇਖਿਕਾ ਤੇ ਸਰਗਰਮ ਸਮਾਜਿਕ ਕਾਰਕੁਨ ਅਰੁੰਧਤੀ ਰਾਏ ਅਤੇ ਕਸ਼ਮੀਰ ਯੂਨੀਵਰਸਿਟੀ ਦੇ ਸਾਬਕਾ ਪ੍ਰੋਫੈਸਰ ਸ਼ੇਖ ਸ਼ੌਕਤ ਹੁਸੈਨ ਵਿਰੁੱਧ ਉਨ੍ਹਾਂ ਵੱਲੋਂ 14 ਸਾਲ ਪਹਿਲਾਂ ਦਿੱਲੀ ਵਿਖੇ ਕਸ਼ਮੀਰ ਬਾਰੇ ਹੋਏ ਇਕ ਸੈਮੀਨਾਰ ਵਿੱਚ ਕੀਤੇ ਭਾਸ਼ਣਾਂ ਬਦਲੇ ਹੁਣ ਦਿੱਲੀ ਦੇ ਲੈਫਟੀਨੈਂਟ ਗਵਰਨਰ ਵੱਲੋਂ ਯੂਏਪੀਏ ਲਾਉਣ ਦਾ ਜੋ ਹੁਕਮ ਦਿੱਤਾ ਗਿਆ ਹੈ, ਅੱਜ ਦੇ ਰੋਸ ਵਿਖਾਵੇ ਰਾਹੀਂ ਉਸ ਦੀ ਸਖਤ ਨਿਖੇਧੀ ਕਰਦਿਆਂ ਇਹ ਹੁਕਮ ਵਾਪਸ ਲੈਣ ਦੀ ਮੰਗ ਕੀਤੀ ਗਈ।ਬੁਲਾਰਿਆਂ ਦਾ ਕਹਿਣਾ ਸੀ ਕਿ 14 ਸਾਲਾਂ ਪੁਰਾਣੇ ਮਾਮਲੇ ਨੂੰ ਅਧਾਰ ਬਣਾ ਕੇ ਯੂਏਪੀਏ ਲਗਾਉਣਾ ਜਮਹੂਰੀ ਹੱਕਾਂ ਦੀ ਘੋਰ ਉਲੰਘਣਾ ਹੈ ਤੇ ਸਪਸ਼ਟ ਤੌਰ 'ਤੇ ਜ਼ੁਬਾਨ ਬੰਦੀ ਦੀ ਇਕ ਤਾਨਾਸ਼ਾਹ ਕਾਰਵਾਈ ਹੈ।ਇਸ ਲਈ ਸਾਡੀ ਮੰਗ ਹੈ ਕਿ ਇਹ ਫੈਸਲਾ ਤੁਰੰਤ ਵਾਪਸ ਲਿਆ ਜਾਵੇ।ਇਸ ਦੇ ਨਾਲ ਅਸੀਂ ਅਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਮੂਹ ਕੈਦੀਆਂ ਤੇ ਝੂਠੇ ਕੇਸਾਂ ਵਿੱਚ ਸਾਲਾਂ ਤੋਂ ਬਿਨਾਂ ਮੁਕੱਦਮਾ ਚਲਾਏ ਜੇਲ੍ਹਾਂ ਵਿੱਚ ਡੱਕੇ ਸਾਰੇ ਸਮਾਜਿਕ ਤੇ ਸਿਆਸੀ ਕਾਰਕੁਨਾਂ ਨੂੰ ਫੌਰੀ ਤੌਰ 'ਤੇ ਰਿਹਾਅ ਕੀਤੇ ਜਾਣ ਦੀ ਵੀ ਪੁਰਜ਼ੋਰ ਮੰਗ ਕੀਤੀ।

ਕਾਮਰੇਡ ਗੁਰਮੀਤ ਸਿੰਘ ਨੰਦਗੜ੍ਹ ਦੀ ਪ੍ਰਧਾਨਗੀ ਹੇਠ ਬਾਬਾ ਬੂਝਾ ਸਿੰਘ ਭਵਨ ਵਿਖੇ ਹੋਈ ਇਸ ਰੈਲੀ ਨੂੰ ਸੀਪੀਆਈ (ਐੱਮ ਐੱਲ) ਲਿਬਰੇਸ਼ਨ ਦੇ ਆਗੂ ਸੁਖਦਰਸ਼ਨ ਸਿੰਘ ਨੱਤ, ਸੀ ਪੀ ਆਈ ਦੇ ਰਤਨ ਭੋਲਾ, ਇਨਕਲਾਬੀ ਕੇਂਦਰ ਦੇ ਮੱਖਣ ਸਿੰਘ ਉੱਡਤ, ਭਾਰਤ ਮੁਕਤੀ ਮੋਰਚਾ ਦੇ ਡਾ. ਸੁਰਿੰਦਰ ਸਿੰਘ, ਬਿਜਲੀ ਬੋਰਡ ਦੀ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਮਨਿੰਦਰ ਸਿੰਘ ਜਵਾਹਰਕੇ, ਪ੍ਰਗਤੀਸ਼ੀਲ ਇਸਤਰੀ ਸਭਾ (ਏਪਵਾ) ਦੀ ਜਸਬੀਰ ਕੌਰ ਨੱਤ, ਜਮਹੂਰੀ ਅਧਿਕਾਰ ਸਭਾ ਦੇ ਹਰਗਿਆਨ ਢਿੱਲੋਂ, ਤਰਕਸ਼ੀਲ ਸੁਸਾਇਟੀ ਦੇ ਲੱਖਾ ਸਿੰਘ ਸਹਾਰਨਾ, ਮਜ਼ਦੂਰ ਮੁਕਤੀ ਮੋਰਚਾ ਦੇ ਵਿਜੇ ਕੁਮਾਰ ਭੀਖੀ, ਆਇਸਾ ਦੇ ਰਾਜਦੀਪ ਗੇਹਲੇ, ਇਨਕਲਾਬੀ ਨੌਜਵਾਨ ਸਭਾ ਦੇ ਗਗਨਦੀਪ ਸਿਰਸੀਵਾਲਾ ਤੇ ਪੰਜਾਬ ਕਿਸਾਨ ਯੂਨੀਅਨ ਦੇ ਸੁਖਚਰਨ ਦਾਨੇਵਾਲੀਆ ਨੇ ਵੀ ਸੰਬੋਧਨ ਕੀਤਾ।ਬੁਲਾਰਿਆਂ ਵੱਲੋਂ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਅੰਮ੍ਰਿਤ ਪਾਲ ਸਿੰਘ ਤੇ ਉਸ ਦੇ ਸਾਥੀਆਂ ਖਿਲਾਫ ਯੂਏਪੀਏ ਦੀ ਮਿਆਦ ਇਕ ਸਾਲ ਦਾ ਹੋਰ ਵਾਧਾ ਕਰਨ ਲਈ ਮੋਦੀ ਸਰਕਾਰ ਦੇ ਫੈਸਲੇ ਦੀ ਵੀ ਸਖਤ ਆਲੋਚਨਾ ਕਰਦਿਆਂ ਐਲਾਨ ਕੀਤਾ ਕਿ ਐੱਨ ਐੱਸ ਏ ਤੇ ਯੂਏਪੀਏ ਵਰਗੇ ਸਾਰੇ ਕਾਲੇ ਕਾਨੂੰਨ ਰੱਦ ਕਰਵਾਉਣ ਲਈ ਜਨਤਕ ਜੱਦੋ-ਜਹਿਦ ਨੂੰ ਹੋਰ ਤੇਜ਼ ਕੀਤਾ ਜਾਵੇਗਾ।

ਪ੍ਰਦਰਸ਼ਨਕਾਰੀਆਂ ਵੱਲੋਂ ਡਿਪਟੀ ਕਮਿਸ਼ਨਰ ਰਾਹੀਂ ਪ੍ਰਧਾਨ ਮੰਤਰੀ ਦੇ ਨਾਂਅ ਇੱਕ ਮੰਗ ਪੱਤਰ ਵੀ ਸੌਂਪਿਆ।ਇਸ ਮੌਕੇ ਗੁਰਸੇਵਕ ਸਿੰਘ ਮਾਨ, ਸਿਕੰਦਰ ਸਿੰਘ, ਗੋਰਾ ਲਾਲ ਤੇ ਜਗਰਾਜ ਰੱਲਾ ਮੌਜੂਦ ਸਨ।

# ਜਲ ਸਪਲਾਈ ਮੁਲਾਜ਼ਮ 27 ਨੂੰ ਪਰਵਾਰਾਂ ਸਮੇਤ ਸੂਬਾ ਪੱਧਰੀ ਧਰਨਾ ਦੇਣਗੇ : ਸੂਬਾ ਆਗੂ

■ ਕੈਬਨਿਟ ਮੰਤਰੀ ਦਾ ਵੀ ਵਿਰੋਧ ਪ੍ਰਦਰਸ਼ਨ ਕਰਨ ਦਾ ਐਲਾਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਸੂਬਾ ਆਗੂ ਰੁਪਿੰਦਰ ਸਿੰਘ, ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਬਲਕਾਰ ਸਿੰਘ ਨੇ ਕਿਹਾ ਕਿ ਪੰਜਾਬ ਦੀ ਸੱਤਾ 'ਚ ਰਾਜ ਕਰ ਚੁੱਕੀਆਂ ਅਕਾਲੀ-ਭਾਜਪਾ ਤੇ ਕਾਂਗਰਸ ਦੀਆਂ ਸਰਕਾਰ ਦੀ ਤਰ੍ਹਾਂ ਹੀ ਹੁਣ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਮੌਜੂਦਾ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੀ ਮੈਨੇਜਮੈਂਟ ਵੱਲੋਂ ਪੇਂਡੂ ਜਲ ਸਪਲਾਈ ਸਕੀਮਾਂ ਦਾ ਨਿੱਜੀਕਰਨ/ਪੰਚਾਇਤੀਕਰਨ ਕਰਨ ਤੇ ਸਕਾਡਾ ਸਿਸਟਮ ਲਗਾਉਣ ਦੀਆਂ ਲੋਕ ਵਿਰੋਧੀ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ, ਜਿਸ ਨਾਲ ਜਿੱਥੇ ਇਕ ਪਾਸੇ ਪਿੰਡਾਂ ਵਿਚ ਵੱਸੇ ਲੋਕਾਂ ਦੇ ਲਈ ਪੀਣ ਵਾਲੇ ਪਾਣੀ ਦੀ ਮੁੱਢਲੀ ਸਹੂਲਤ ਦਾ ਪ੍ਰਬੰਧ ਖੁਦ ਕਰਨ ਤੋਂ ਮਾਨ ਸਰਕਾਰ ਭੱਜ ਰਹੀ ਹੈ, ਉਥੇ ਇਸਦੇ ਨਾਲ ਹੀ ਪਿਛਲੇ 15-20 ਸਾਲਾਂ ਤੋਂ ਪੇਂਡੂ ਜਲ ਸਪਲਾਈ ਸਕੀਮ ਤੇ ਕੰਮ ਕਰਦੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਦੇ ਕੱਚੇ-ਪਿੱਲੇ ਰੁਜ਼ਗਾਰ ਨੂੰ ਖੋਹ ਕੇ ਬੇਰੁਜ਼ਗਾਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਇਸ ਦੇ ਨਾਲ ਹੀ ਕਿਰਤ ਕਾਨੂੰਨ ਅਧੀਨ ਹੋਏ ਵਾਧੇ ਮੁਤਾਬਿਕ ਇਨਲਿਸਟਮੈਂਟ/ਆਊਟਸੋਰਸ ਠੇਕਾ ਵਰਕਰਾਂ ਦੀਆਂ ਉਜ਼ਰਤਾਂ 'ਚ ਪਿਛਲੇ 2 ਸਾਲਾਂ ਤੋਂ ਵਾਧਾ ਨਹੀਂ ਕੀਤਾ ਜਾ ਰਿਹਾ ਹੈ।ਜਦਕਿ ਵਧਦੀ ਮਹਿੰਗਾਈ ਦੇ ਦੌਰਾ ਵਿਚ ਵਰਕਰਾਂ ਨੂੰ ਨਿਗੁਣੀਆਂ ਉਜ਼ਰਤਾਂ ਨਾਲ ਆਪਣੇ ਘਰ ਚਲਾਉਣੇ ਔਖੇ ਹੋ ਕੇ ਰਹਿ ਗਏ ਹਨ।ਉਨ੍ਹਾਂ ਚੇਤਾਵਨੀ ਦਿੱਤੀ ਕਿ ਪੰਜਾਬ ਸਰਕਾਰ ਤੇ ਵਿਭਾਗ ਦੀਆਂ ਵਰਕਰ ਅਤੇ ਲੋਕ ਵਿਰੋਧੀ ਨੀਤੀਆਂ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ, ਜਿਸ ਦਾ ਪੁਰਜ਼ੋਰ ਵਿਰੋਧ ਕੀਤਾ ਜਾਵੇਗਾ ਤੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਦੇ ਕੱਚੇ ਰੁਜ਼ਗਾਰ ਨੂੰ ਪੱਕਾ ਕਰਵਾਉਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਯੂਨੀਅਨ ਦੇ ਮੰਗ-ਪੱਤਰ 'ਚ ਦਰਜ ਤਮਾਮ ਮੰਗਾਂ ਦਾ ਹੱਲ ਕਰਵਾਉਣ ਲਈ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਵੱਲੋਂ 27 ਜੂਨ 2024 ਨੂੰ ਵਿਭਾਗੀ ਮੁਖੀ, ਜਸਸ ਵਿਭਾਗ ਪੰਜਾਬ ਦੇ ਦਫ਼ਤਰ ਮੁਹਾਲੀ ਅੱਗੇ ਸੂਬਾ ਪੱਧਰੀ ਧਰਨਾ ਦੇਣ ਦਾ ਐਲਾਨ ਕੀਤਾ ਗਿਆ ਹੈ, ਜਿਸ ਵਿਚ ਜਲ ਸਪਲਾਈ ਕਾਮੇ ਪਰਵਾਰਾਂ ਤੇ ਬੱਚਿਆਂ ਸਮੇਤ ਸ਼ਾਮਲ ਹੋਣਗੇ।ਇਸ ਦੇ ਇਲਾਵਾ ਇਹ ਵੀ ਐਲਾਨ ਕੀਤਾ ਗਿਆ ਕਿ ਜਲ ਸਪਲਾਈ ਵਿਭਾਗ ਦੇ ਕੈਬਨਿਟ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਜਦੋਂ ਵੀ ਜਿਹੜੇ ਵੀ ਸ਼ਹਿਰ ਜਾਂ ਪਿੰਡ ਵਿੱਚ ਆਉਣਗੇ, ਉਥੇ ਯੂਨੀਅਨ ਵੱਲੋਂ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ। ਅੰਤ ਵਿੱਚ ਆਗੂਆਂ ਨੇ ਕਿਹਾ ਕਿ ਅੱਤ ਦੀ ਪੈ ਰਹੀ ਗਰਮੀ ਦੇ ਮੱਦੇਨਜ਼ਰ ਪਾਣੀ ਦੀ ਸਹੂਲਤ ਲੋਕਾਂ ਦੇ ਘਰ-ਘਰ ਤੱਕ ਪਹੁੰਚਾਉਣ ਲਈ ਪੇਂਡੂ ਜਲ ਸਪਲਾਈ ਸਕੀਮਾਂ 'ਤੇ ਤੈਨਾਤ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਮੁਲਾਜ਼ਮ ਤਨਦੇਹੀ ਦੇ ਨਾਲ ਡਿਊਟੀ ਦੇਣਗੇ ਅਤੇ ਸਾਡੀ ਯੂਨੀਅਨ ਵੱਲੋਂ ਵਾਟਰ ਸਪਲਾਈ ਸਕੀਮਾਂ ਬੰਦ ਕਰਕੇ ਹੜਤਾਲ 'ਤੇ ਜਾਣ ਦਾ ਕਿਸੇ ਵੀ ਤਰ੍ਹਾਂ ਦਾ ਫੈਸਲਾ ਨਹੀਂ ਲਿਆ ਗਿਆ ਹੈ।ਅਸੀਂ ਪਿੰਡਾਂ ਦੇ ਲੋਕਾਂ ਦੇ ਘਰਾਂ ਵਿਚ ਪਾਣੀ ਦੀ ਸਹੂਲਤ ਦੇਣ ਦੀ ਸੇਵਾ ਪਹਿਲਾਂ ਦੀ ਤਰ੍ਹਾਂ ਹੀ ਕਰਾਂਗੇ।ਮੰਗਾਂ ਦਾ ਹੱਲ ਕਰਵਾਉਣ ਲਈ ਵਿਭਾਗੀ ਮੈਨੇਜਮੈਂਟ ਤੇ ਸਰਕਾਰ ਖਿਲਾਫ ਵਿਰੋਧ ਪ੍ਰਦਰਸ਼ਨ ਕਰਨਾ ਹੈ, ਇਸ ਲਈ ਆਪਣੀਆਂ ਮੰਗਾਂ ਲਈ ਪੁਰਅਮਨ ਢੰਗ ਨਾਲ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਹੋਰਾਂ ਤੋਂ ਇਲਾਵਾ ਪ੍ਰੈੱਸ ਸਕੱਤਰ ਰਣਜੀਤ ਸਿੰਘ ਖਾਲਸਾ, ਬਲਜੀਤ ਸਿੰਘ ਸਰਕਲ ਪ੍ਰਧਾਨ, ਸੁਰਜੀਤ ਸਿੰਘ, ਹਰਦੀਪ ਸਿੰਘ ਫਿੱਡੇ, ਰਮੇਸ਼ ਕੁਮਾਰ, ਗੁਰਪ੍ਰੀਤ ਸਿੰਘ, ਸੰਤੋਖ ਸਿੰਘ, ਗੁਰਮੁਖ ਸਿੰਘ, ਸਤਪਾਲ ਸਿੰਘ, ਸੁਖਬੀਰ ਸਿੰਘ, ਹਰਜਿੰਦਰ ਸਿੰਘ ਜਨਰਲ ਸਕੱਤਰ ਆਦਿ ਮੌਜੂਦ ਸਨ।

## ਕਾਤਰਾਂ

### ਡੀ ਸੀ ਵੱਲੋਂ ਯੋਗਾ ਕੈਂਪ 'ਚ ਸ਼ਾਮਲ ਹੋਣ ਲਈ ਖੁੱਲ੍ਹਾ ਸੱਦਾ

**ਸ੍ਰੀ ਮੁਕਤਸਰ ਸਾਹਿਬ (ਪੂਜਾ)**-ਹਰਪ੍ਰੀਤ ਸਿੰਘ ਸੂਦਨ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੋਕਾਂ ਨੂੰ ਸਰੀਰਕ ਪੱਖੋਂ ਤੰਦਰੁਸਤ ਰੱਖਣ ਲਈ ਜ਼ਿਲ੍ਹਾ ਪੱਧਰ ਦਾ ਕੈਂਪ ਦਾ 21 ਜੂਨ ਨੂੰ ਸਵੇਰੇ 6.00 ਵਜੇ ਤੋਂ 7.00 ਵਜੇ ਤੱਕ ਮਾਈ ਭਾਗੋ ਆਯੁਰਵੈਦਿਕ ਕਾਲਜ, ਫਿਰੋਜ਼ਪੁਰ ਰੋਡ ਸ੍ਰੀ ਮੁਕਤਸਰ ਸਾਹਿਬ ਵਿਖੇ ਕੀਤਾ ਜਾ ਰਿਹਾ ਹੈ।ਡਿਪਟੀ ਕਮਿਸ਼ਨਰ ਨੇ ਇਲਾਕਾ ਨਿਵਾਸੀਆਂ ਨੂੰ ਇਸ ਕੈਂਪ ਵਿੱਚ ਸ਼ਾਮਲ ਹੋਣ ਲਈ ਖੁੱਲ੍ਹੇ ਸੱਦੇ ਦੀ ਅਪੀਲ ਕੀਤੀ ਹੈ।

### ਕੇਂਦਰੀ ਜੇਲ੍ਹ 'ਚੋਂ ਨਸ਼ੀਲੇ ਪਦਾਰਥ ਤੇ ਮੋਬਾਇਲ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ 150 ਪੁੜੀਆਂ ਜਰਦਾ (ਤੰਬਾਕੂ), 8 ਬੀੜੀਆਂ ਦੇ ਬੰਡਲ, 2 ਸਿਗਰਟਾਂ ਦੀਆਂ ਡੱਬੀਆਂ, 2 ਚਾਰਜ਼ਰ ਤੇ 2 ਕੀਪੈਡ ਮੋਬਾਇਲ ਫੋਨ ਬਰਾਮਦ ਹੋਏ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 6136 ਰਾਹੀਂ ਸਰਬਜੀਤ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 18 ਜੂਨ 2024 ਨੂੰ ਗੁਪਤ ਸੂਚਨਾ ਦੇ ਆਧਾਰ 'ਤੇ ਅਚਾਨਕ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਬਲਾਕ ਨੰਬਰ 3 ਦੀ ਬੈਰਕ ਨੰਬਰ 5 ਦੇ ਸਾਹਮਣੇ ਬਣੀ ਪਾਣੀ ਵਾਲੀ ਡਿੱਗੀ ਕੋਲ 2 ਝੋਲੇ ਲਵਾਰਿਸ ਬਰਾਮਦ ਕੀਤੇ ਗਏ, ਜਿਨ੍ਹਾਂ ਨੂੰ ਖੋਲ੍ਹ ਕੇ ਚੈੱਕ ਕੀਤਾ ਗਿਆ ਤੇ 150 ਪੁੜੀਆਂ ਜਰਦਾ (ਤੰਬਾਕੂ), 8 ਪੁੜੀਆਂ ਦੇ ਬੰਡਲ, 2 ਸਿਗਰਟਾਂ ਦੀਆਂ ਡੱਬੀਆਂ, 2 ਚਾਰਜਰ ਤੇ 3 ਕੀਪੈਡ ਮੋਬਾਇਲ ਫੋਨ ਬਿਨਾਂ ਸਿੰਮ ਕਾਰਡ ਬਰਾਮਦ ਹੋਏ। ਪੁਲਸ ਨੇ ਦੱਸਿਆ ਕਿ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### 25 ਗ੍ਰਾਮ ਹੈਰੋਇਨ, ਡਰੱਗ ਮਨੀ ਤੇ ਐਕਟਿਵਾ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਕੁੱਲਗੜ੍ਹੀ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇਕ ਔਰਤ ਅਤੇ ਇਕ ਵਿਅਕਤੀ ਨੂੰ 25 ਗ੍ਰਾਮ ਹੈਰੋਇਨ, 11320 ਰੁਪਏ ਡਰੱਗ ਮਨੀ ਤੇ 1 ਸਕੂਟਰੀ ਐਕਟਿਵਾ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਬ ਇੰਸਪੈਕਟਰ ਵਿਪਨ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿੱਚ ਜ਼ੀਰਾ ਰੋਡ ਅੱਡਾ ਪਿੰਡ ਸਾਂਦੇ ਹਾਸ਼ਮ ਕੋਲ ਪੁੱਜੇ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀਆਨ ਸੌਰਵ ਉਰਫ ਸੰਨੀ ਪੁੱਤਰ ਸਤਪਾਲ ਸੱਤੂ ਵਾਸੀ ਪਿੰਡ ਸੋਢੀ ਨਗਰਅਤੇ ਰਾਜ ਪਤਨੀ ਗੁਰਮੀਤ ਸਿੰਘ ਵਾਸੀ ਪਿੰਡ ਸ਼ੇਰਖਾਂ ਇੱਕ ਸਕੂਟਰੀ ਐਕਟਿਵਾ ਨੰਬਰ ਪੀਬੀ 05 ਏ ਜੀ 5371 'ਤੇ ਸਵਾਰ ਹੋ ਕੇ ਪਿੰਡ ਸ਼ੇਰ ਖਾਂ ਹੈਰੋਇਨ ਵੇਚਣ ਜਾਂ ਖ੍ਰੀਦਨ ਲਈ ਆਏ ਹਨ। ਜੇਕਰ ਹੁਣੇ ਪਿੰਡ ਸ਼ੇਰਖਾਂ ਰਮੇਸ਼ ਕੁਮਾਰ ਪੁੱਤਰ ਬੋਹੜ ਸਿੰਘ ਦੇ ਘਰ ਨੇੜੇ ਮੋੜ 'ਤੇ ਨਾਕਾਬੰਦੀ ਕੀਤੀ ਜਾਵੇ ਤਾਂ ਕਾਬੂ ਆ ਸਕਦੇ ਹਨ। ਪੁਲਸ ਪਾਰਟੀ ਵੱਲੋਂ ਨਾਕਾਬੰਦੀ ਕਰਕੇ ਦੋਸ਼ੀਆਨ ਨੂੰ ਸਮੇਤ ਉਕਤ ਸਕੂਟਰੀ ਦੇ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ ਸੌਰਵ ਕੋਲੋਂ 15 ਗ੍ਰਾਮ ਤੇ ਰਾਜ ਕੋਲੋਂ 10 ਗ੍ਰਾਮ ਹੈਰੋਇਨ ਤੇ 11320 ਰੁਪਏ ਡਰੱਗ ਮਨੀ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਮੁਲਜ਼ਮਾਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਸਹਾਇਕ ਥਾਣੇਦਾਰ ਦੀ ਸ਼ਿਕਾਇਤਕਰਤਾ ਲੜਕੀ ਦੇ ਸਹੁਰਾ ਪਰਵਾਰ ਵੱਲੋਂ ਕੁੱਟਮਾਰ

■ ਤਿੰਨ ਔਰਤਾਂ ਸਮੇਤ ਸੱਤ ਖ਼ਿਲਾਫ਼ ਕੇਸ ਦਰਜ, ਦੋ ਗ੍ਰਿਫ਼ਤਾਰ



ਕੁੱਟਮਾਰ ਦਾ ਸ਼ਿਕਾਰ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਜਾਣਕਾਰੀ ਦਿੰਦਾ ਹੋਇਆ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੁਲਸ ਥਾਣਾ ਘੱਗਾ ਅਧੀਨ ਆਉਂਦੇ ਪਿੰਡ ਅਤਾਲਾਂ ਵਿਖੇ ਕੰਟਰੋਲ ਰੂਮ ਉੱਤੇ ਇੱਕ ਔਰਤ ਵੱਲੋਂ ਕੀਤੀ ਗਈ ਸ਼ਿਕਾਇਤ ਨੂੰ ਲੈ ਕੇ ਮੌਕੇ ਉੱਤੇ ਗਏ ਸਹਾਇਕ ਥਾਣੇਦਾਰ ਦੀ ਸ਼ਿਕਾਇਤ ਕਰਤਾ ਦੇ ਸਹੁਰਾ ਪਰਵਾਰ ਵੱਲੋਂ ਕੁੱਟਮਾਰ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।ਕੁੱਟਮਾਰ ਕਰਨ ਵਾਲਿਆਂ ਵੱਲੋਂ ਇਸ ਦੌਰਾਨ ਪੁਲਸ ਕਰਮਚਾਰੀ ਦੀ ਵਰਦੀ ਪਾੜ ਦਿੱਤੀ ਗਈ।ਕੁੱਟਮਾਰ ਦਾ ਸ਼ਿਕਾਰ ਹੋਏ ਸਹਾਇਕ ਥਾਣੇਦਾਰ ਨੂੰ ਮੌਕੇ ਉੱਤੇ ਗਈ ਪੁਲਸ ਪਾਰਟੀ ਵੱਲੋਂ ਮਿੰਨੀ ਪ੍ਰਾਇਮਰੀ ਹੈਲਥ ਸੈਂਟਰ ਪਾਤੜਾਂ ਵਿਖੇ ਭਰਤੀ ਕਰਵਾਇਆ ਗਿਆ।ਮਾਮਲੇ ਸਬੰਧੀ ਘੱਗਾ ਪੁਲਸ ਵੱਲੋਂ ਤਿੰਨ ਔਰਤਾਂ ਸਮੇਤ ਸੱਤ ਵਿਅਕਤੀਆਂ ਖਿਲਾਫ ਇਰਾਦਾ ਕਤਲ ਦੇ ਦੋਸ਼ਾਂ ਤਹਿਤ ਕੇਸ ਦਰਜ ਕਰਕੇ 2 ਔਰਤਾਂ ਨੂੰ ਗ੍ਰਿਫ਼ਤਾਰ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਪੁਲਸ ਥਾਣਾ ਘੱਗਾ ਤੇ ਮੁਖੀ ਦਰਸ਼ਨ ਸਿੰਘ ਨੇ ਦੱਸਿਆ ਕਿ ਪਿੰਡ ਅਤਾਲਾਂ ਵਾਸੀ ਅਮਨਦੀਪ ਕੌਰ ਨੇ ਪੁਲਸ ਕੰਟਰੋਲ ਰੂਮ ਤੇ ਫੋਨ ਕਰਕੇ ਸ਼ਿਕਾਇਤ ਕੀਤੀ ਸੀ ਕਿ ਉਸ ਦਾ ਪਤੀ ਨਾਨਕ ਸਿੰਘ ਸ਼ਰਾਬੀ ਹਾਲਤ ਵਿੱਚ ਹੈ ਅਤੇ ਉਸ ਦੀ ਕੁੱਟਮਾਰ ਕਰ ਰਿਹਾ ਹੈ।ਸ਼ਿਕਾਇਤ ਦੇ ਆਧਾਰ 'ਤੇ ਥਾਣਾ ਘੱਗਾ ਵਿਖੇ ਤਾਇਨਾਤ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਮੌਕੇ ਵਾਲੀ ਥਾਂ ਉੱਤੇ ਪੁੱਜਾ ਤਾਂ ਉਕਤ ਔਰਤ ਦੇ ਪਤੀ ਨਾਨਕ ਸਿੰਘ, ਉਸ ਦੀਆਂ ਭੈਣਾਂ, ਉਨ੍ਹਾਂ ਦੇ ਬੱਚਿਆਂ ਤੇ ਇਕ ਹੋਰ ਵਿਅਕਤੀ ਨੇ ਪੁਲਸ ਕਰਮਚਾਰੀ ਉੱਤੇ ਹਮਲਾ ਕਰ ਦਿੱਤਾ।ਇਸ ਦੌਰਾਨ ਪੁਲਸ ਕਰਮਚਾਰੀ ਦੀ ਪੱਗ ਡਿੱਗ ਪਈ ਤੇ ਬਚਾਅ ਕਰਦੇ ਕਰਮਚਾਰੀ ਦੇ ਸਿਰ ਵਿੱਚ ਨਾਨਕ ਸਿੰਘ ਨੇ ਹੱਥ 'ਚ ਪਹਿਨਿਆ ਕੜ੍ਹਾ ਮਾਰਿਆ ਤੇ ਜਾਨੋਂ ਮਾਰ ਦੇਣ ਦੀਆਂ ਧਮਕੀਆਂ ਦਿੱਤੀਆਂ।ਘਟਨਾ ਦਾ ਪਤਾ ਲੱਗਦਿਆਂ ਹੀ ਮੌਕੇ ਉੱਤੇ ਪੁੱਜੇ ਆਏ ਪੁਲਸ ਕਰਮਚਾਰੀਆਂ ਨੇ ਬਲਵਿੰਦਰ ਸਿੰਘ ਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਹੈ।

ਥਾਣਾ ਮੁਖੀ ਨੇ ਦੱਸਿਆ ਕਿ ਘਟਨਾ ਨੂੰ ਅੰਜਾਮ ਦੇਣ ਵਾਲੇ ਨਾਨਕ ਸਿੰਘ, ਅਵਤਾਰ ਸਿੰਘ, ਗੁਰਮਾਨ ਸਿੰਘ ਵਾਸੀ ਅਤਾਲਾਂ, ਮਨਪ੍ਰੀਤ ਕੌਰ ਵਾਸੀ ਕੁਲਬੁਰਛਾਂ, ਪਿੰਦਰਦੀਪ ਕੌਰ ਵਾਸੀ ਹਸਨਪੁਰ, ਅਮਨਦੀਪ ਕੌਰ ਤੇ ਨਵਜੋਤ ਸਿੰਘ ਵਾਸੀ ਟਿੱਬਾ ਬਸਤੀ ਪਾਤੜਾਂ ਦੇ ਖ਼ਿਲਾਫ਼ ਕੇਸ ਦਰਜ ਕਰਕੇ ਪਿੰਦਰਦੀਪ ਕੌਰ ਤੇ ਅਮਨਦੀਪ ਕੌਰ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਉਨ੍ਹਾਂ ਕਿਹਾ ਕਿ ਬਾਕੀ ਕਥਿਤ ਦੋਸ਼ੀਆਂ ਨੂੰ ਵੀ ਜਲਦੀ ਕਾਬੂ ਕਰ ਲਿਆ ਜਾਵੇਗਾ।

ਦੂਜੇ ਪਾਸੇ ਜ਼ੇਰੇ ਇਲਾਜ ਨਾਨਕ ਸਿੰਘ ਨੇ ਦੋਸ਼ ਹੈ ਕਿ ਉਸ ਦੇ ਘਰ ਆਏ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਨੇ ਕੁੱਟਮਾਰ ਕਰਦਿਆਂ ਨੱਕ 'ਤੇ ਕਈ ਵਾਰ ਕੀਤੇ।ਜ਼ਖ਼ਮੀ ਹਾਲਤ ਵਿੱਚ ਉਸ ਨੂੰ ਸਮਾਣਾ ਦੇ ਹਸਪਤਾਲ ਵਿੱਚ ਦਾਖਲ ਕਰਵਾ ਕੇ ਉਸ ਦੀਆਂ ਭੈਣਾਂ ਜਦੋਂ ਥਾਣਾ ਘੱਗਾ ਆਈਆਂ ਤਾਂ ਪੁਲਸ ਨੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ।ਉਸ ਦੇ ਨਬਾਲਿਗ ਪੁੱਤਰ ਸਮੇਤ ਪਰਵਾਰ 'ਤੇ ਝੂਠਾ ਕੇਸ ਦਰਜ ਕੀਤਾ ਹੈ।

# ਹਰਗੋਬਿੰਦ ਕੌਰ ਦੀਆਂ ਮਹਿਕਮੇ 'ਚੋਂ ਸੇਵਾਵਾਂ ਖ਼ਤਮ ਕਰਨ ਦੀ ਜ਼ੋਰਦਾਰ ਨਿੰਦਾ

**ਮਮਦੋਟ (ਜਸਬੀਰ ਸਿੰਘ ਕੰਬੋਜ)**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਨਾਲ ਸਬੰਧਤ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦੀਆਂ ਮਹਿਕਮੇ ਵਿੱਚੋਂ ਸੇਵਾਵਾਂ ਖ਼ਤਮ ਕਰਨ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਇਸ ਸਬੰਧੀ ਪ੍ਰੈੱਸ ਨੋਟ ਰਾਹੀਂ ਜਾਣਕਾਰੀ ਦਿੰਦੇ ਹੋਏ ਯੂਨੀਅਨ ਦੀ ਬਲਾਕ ਪ੍ਰਧਾਨ ਪ੍ਰਕਾਸ਼ ਕੌਰ ਨੇ ਕਿਹਾ ਕਿ ਸਾਰੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਹਰਗੋਬਿੰਦ ਕੌਰ ਨਾਲ ਚਟਾਨ ਵਾਂਗ ਖੜੀਆਂ ਹਨ ਤੇ ਪੰਜਾਬ ਸਰਕਾਰ ਨੂੰ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਪਿਛਲੇ 30 ਸਾਲਾਂ ਤੋਂ ਹਰਗੋਬਿੰਦ ਕੌਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਹੱਕਾਂ ਖਾਤਰ ਸਮੇਂ ਸਮੇਂ ਦੀਆਂ ਸਰਕਾਰਾਂ ਨਾਲ ਲੜੀ ਹੈ।ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀ ਹਾਲਤ ਪਹਿਲਾਂ ਬਹੁਤ ਡਾਵਾਂਡੋਲ ਹੁੰਦੀ ਸੀ, ਪਰ ਹਰਗੋਬਿੰਦ ਕੌਰ ਦੀ ਬਦੌਲਤ ਹੀ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦਾ ਮਾਣ ਸਨਮਾਨ ਹਰ ਥਾਂ ਵਧਿਆ ਹੈ।ਉਨ੍ਹਾਂ ਕਿਹਾ ਕਿ ਹਰਗੋਬਿੰਦ ਕੌਰ ਲੱਖਾਂ ਕਰੋੜਾਂ ਔਰਤਾਂ ਦੀ ਅਵਾਜ਼ ਬਣੇ ਹੋਏ ਹਨ ਅਤੇ ਹੱਕ ਤੇ ਇਨਸਾਫ਼ ਦੀ ਲੜਾਈ ਲੜ ਰਹੇ ਹਨ, ਪਰ ਪੰਜਾਬ ਸਰਕਾਰ ਨੇ ਬੁਖਲਾਹਟ ਵਿੱਚ ਆ ਕੇ ਉਨ੍ਹਾਂ ਦੀਆਂ ਸੇਵਾਵਾਂ ਖਤਮ ਕਰਨ ਵਾਲਾ, ਜੋ ਕੰਮ ਕੀਤਾ ਹੈ, ਜਿਸ ਦੀ ਉਹ ਜ਼ੋਰਦਾਰ ਨਿੰਦਾ ਕਰਦੇ ਹਨ।ਆਗੂਆਂ ਨੇ ਕਿਹਾ ਕਿ ਆਂਗਣਵਾੜੀ ਵਰਕਰ ਸੋਸ਼ਲ ਵਰਕਰ ਹੈ ਤੇ ਉਹ ਰਾਜਨੀਤਕ ਗਤੀਵਿਧੀਆਂ ਵਿੱਚ ਭਾਗ ਲੈ ਸਕਦੀ ਹੈ।ਉਨ੍ਹਾਂ ਕਿਹਾ ਕਿ ਹੋਰ ਵੀ ਬਹੁਤ ਸਾਰੀਆਂ ਆਂਗਣਵਾੜੀ ਵਰਕਰਾਂ ਪੰਚ, ਸਰਪੰਚ, ਬਲਾਕ ਸੰਮਤੀ ਮੈਂਬਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਤੇ ਹੋਰ ਅਹੁਦਿਆਂ 'ਤੇ ਹਨ ਅਤੇ ਰਾਜਨੀਤਕ ਗਤੀਵਿਧੀਆਂ ਵਿੱਚ ਭਾਗ ਲੈ ਰਹੀਆਂ ਹਨ, ਪਰ ਇਕੱਲੀ ਹਰਗੋਬਿੰਦ ਕੌਰ ਨੂੰ ਹੀ ਕਿਉਂ ਨਿਸ਼ਾਨਾ ਬਣਾਇਆ ਗਿਆ ਹੈ।

# ਚੌਥਾ ਦਰਜਾ ਕਰਮਚਾਰੀਆਂ ਦੀਆਂ ਧਰਨੇ ਉਪਰੰਤ ਹੋਈਆਂ ਤਰੱਕੀਆਂ ਯੂਨੀਅਨ ਦੇ ਸੰਘਰਸ਼ਾਂ ਦੀ ਜਿੱਤ : ਦਰਸ਼ਨ ਲੁਬਾਣਾ



**ਪਟਿਆਲਾ (ਨਵਾਂ ਜ਼ਮਾਨਾ ਸਰਵਿਸ)**

ਕਰ ਤੇ ਆਬਕਾਰੀ ਵਿਭਾਗ ਦੇ ਚੌਥਾ ਦਰਜਾ ਕਰਮਚਾਰੀਆਂ ਮੁੱਖ ਦਫਤਰ ਵਿਖੇ ਆਪਣਾ ਮੁਲਤਵੀ ਕੀਤਾ ਧਰਨਾ ਮੁੜ ਸ਼ੁਰੂ ਕਰ ਦਿੱਤਾ, ਕਿਉਂ ਜੋ 4 ਅਪ੍ਰੈਲ ਨੂੰ ਕਮਿਸ਼ਨਰ ਸ੍ਰੀ ਵਰੁਣ ਰੂਜਮ ਆਈ.ਏ.ਐੱਸ. ਨਾਲ ਹੋਈ ਮੀਟਿੰਗ ਵਿੱਚ ਵਿਚਾਰੀਆਂ ਗਈਆਂ ਮੰਗਾਂ ਲਾਗੂ ਨਾ ਹੋਣ, ਧਰਨਾ ਅਣਮਿੱਥੇ ਸਮੇਂ ਲਈ ਸ਼ੁਰੂ ਕਰਕੇ ਰੋਸ ਰੈਲੀਆਂ ਦਾ ਸਿਲਸਿਲਾ ਸ਼ੁਰੂ ਕੀਤਾ। ਮੁਲਾਜ਼ਮਾਂ ਦੀਆਂ ਮੰਗਾਂ ਵਿੱਚੋਂ ਮੁੱਢਲੀਆਂ ਮੰਗਾਂ ਜਿਵੇਂ ਕਿ ਵਿੱਦਿਅਕ ਯੋਗਤਾ ਰੱਖਦੇ ਚੌਥਾ ਦਰਜਾ ਕਰਮਚਾਰੀਆਂ, ਜੋ ਲੰਮੇ ਸਮੇਂ ਤੋਂ ਪਦ-ਉਨਤੀਆਂ ਦੀ ਉਡੀਕ ਵਿੱਚ ਬੈਠੇ ਹਨ, ਨੂੰ ਕਲਰਕ ਦੀ ਅਸਾਮੀ 'ਤੇ ਪਦ ਉਨਤ ਕੀਤਾ ਜਾਵੇ, ਜੋ ਕੱਚੇ ਕਰਮੀਆਂ ਮਾਨਯੋਗ ਉੱਚ ਅਦਾਲਤਾਂ ਵਿਚੋਂ ਕੇਸ ਜਿੱਤ ਕੇ ਆਏ ਹਨ, ਦੀਆਂ ਸੇਵਾਵਾਂ ਪੱਕੀਆਂ ਕੀਤੀਆਂ ਜਾਣ, ਵਿਭਾਗ ਵਿੱਚ ਦਰਜਾ ਚਾਰ ਕਰਮਚਾਰੀਆਂ ਦੀ ਰੈਗੂਲਰ ਭਰਤੀ ਕੀਤੀ ਜਾਵੇ, ਏ.ਸੀ.ਪੀ. ਦਾ ਲਾਭ ਦਿੱਤਾ ਜਾਵੇ, ਸੇਵਾ ਨਿਵਰਤ ਕਰਮੀਆਂ ਨੂੰ ਬਣਦੇ ਲਾਭ ਸਾਰੇ ਦੇ ਸਾਰੇ ਸਮੇਂ ਸਿਰ ਦਿੱਤੇ ਜਾਣ ਤੇ ਚੌਕੀਦਾਰ ਭਰਤੀ ਕੀਤੇ ਜਾਣ। ਧਰਨੇ ਦੌਰਾਨ ਕਮਿਸ਼ਨਰ ਦਫਤਰ ਦੇ ਸੀਨੀਅਰ ਅਫਸਰ ਵੱਲੋਂ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ ਨੂੰ ਦੱਸਿਆ ਕਿ ਵਿੱਦਿਅਕ ਯੋਗਤਾ ਰੱਖਦੇ ਕੁੱਲ 30 ਦੇ ਲਗਭਗ ਚੌਥਾ ਦਰਜਾ ਕਰਮਚਾਰੀਆਂ ਨੂੰ ਕਲਰਕ ਦੀ ਅਸਾਮੀ 'ਤੇ ਪਦ ਉਨਤ ਕੀਤਾ ਗਿਆ ਹੈ, ਜਿਸ ਦੇ ਦਫਤਰੀ ਹੁਕਮ ਜਾਰੀ ਕਰ ਦਿੱਤੇ ਹਨ। ਇਨ੍ਹਾਂ ਤਰੱਕੀਆਂ ਦੇ ਹੁਕਮਾਂ ਦੀ ਕਾਪੀ ਦਫਤਰ ਵੱਲੋਂ ਧਰਨੇ ਵਿੱਚ ਪੁੱਜਦੀ ਕੀਤੀ ਗਈ ਤੇ ਬਾਕੀ ਮੰਗਾਂ 'ਤੇ ਰੀਵਿਊ ਮੀਟਿੰਗ ਵੀ ਕੀਤੀ ਜਾਵੇਗੀ।ਰੈਲੀ ਦੌਰਾਨ ਯੂਨੀਅਨ ਆਗੂਆਂ ਦਰਸ਼ਨ ਸਿੰਘ ਲੁਬਾਣਾ, ਬਲਜਿੰਦਰ ਸਿੰਘ, ਜਗਮੋਹਨ ਨੌਲੱਖਾ, ਵੇਦ ਪ੍ਰਕਾਸ਼, ਮੱਖਣ ਸਿੰਘ, ਰਾਮ ਪ੍ਰਸਾਦ ਸਹੋਤਾ, ਸ਼ਿਵ ਚਰਨ, ਨਾਰੰਗ ਸਿੰਘ, ਸਵਰਣ ਸਿੰਘ ਬੰਗਾ, ਰਾਜੇਸ਼ ਗੋਲੂ, ਪ੍ਰਕਾਸ਼ ਲੁਬਾਣਾ, ਇੰਦਰਪਾਲ, ਅਰੁਣ ਕਮਾਰ, ਕਮਲਜੀਤ ਸਿੰਘ, ਲਖਵੀਰ ਸਿੰਘ, ਸੁਖਦੇਵ ਝੰਡੀ, ਬੰਸੀ ਲਾਲ, ਪ੍ਰਮੋਦ ਕੁਮਾਰ ਆਦਿ ਨੇ ਕਿਹਾ ਕਿ ਪਦ-ਉਨਤੀਆਂ ਦੇ ਹੁਕਮ ਜਾਰੀ ਹੋਣ 'ਤੇ ਮੰਗਾਂ ਲਾਗੂ ਹੋਣ ਤੱਕ ਧਰਨਾ ਤੇ ਰੈਲੀਆਂ ਮੁਲਤਵੀ ਕੀਤੀਆਂ ਗਈਆਂ ਹਨ।

# ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਸੂਬਾਈ ਕਾਰਜਕਾਰਨੀ ਦੀ ਮੀਟਿੰਗ 23 ਨੂੰ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੇ ਸੂਬਾਈ ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾ ਸਰਪ੍ਰਸਤ ਚਰਨ ਸਿੰਘ ਸਰਾਭਾ, ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਮੁੱਖ ਸਲਾਹਕਾਰ ਗੁਰਮੇਲ ਸਿੰਘ ਮੈਲਡੇ, ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ ਤੇ ਗੁਰਜੀਤ ਸਿੰਘ ਘੋੜੇਵਾਹ, ਜਨਰਲ ਸਕੱਤਰ ਪ੍ਰੇਮ ਚਾਵਲਾ, ਐਡੀਸ਼ਨਲ ਜਨਰਲ ਸਕੱਤਰ ਸਤਿਆ ਪਾਲ ਗੁਪਤਾ, ਵਿੱਤ ਸਕੱਤਰ ਪਿਰਤਪਾਲ ਸਿੰਘ ਪੰਡੋਰੀ, ਪ੍ਰੈੱਸ ਸਕੱਤਰ ਕੁਲਵੰਤ ਸਿੰਘ ਚਾਨੀ ਤੇ ਭੁਪਿੰਦਰ ਸਿੰਘ ਸੇਖੋਂ ਨੇ ਦੱਸਿਆ ਹੈ ਕਿ ਜਥੇਬੰਦੀ ਦੀ ਸੂਬਾ ਕਾਰਜਕਰਨੀ ਕਮੇਟੀ ਦੀ ਮਹੀਨਾਵਾਰ ਮੀਟਿੰਗ 23 ਜੂਨ ਐਤਵਾਰ ਨੂੰ ਸਵੇਰੇ 11 ਵਜੇ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ, ਮੋਗਾ ਵਿਖੇ ਰੱਖੀ ਗਈ ਹੈ। ਇਸ ਮੀਟਿੰਗ ਵਿੱਚ ਸੂਬਾ ਕਾਰਜਕਾਰਨੀ ਕਮੇਟੀ ਦੇ ਮੈਂਬਰਾਂ ਤੋਂ ਇਲਾਵਾ ਸਮੂਹ ਜ਼ਿਲ੍ਹਾ ਬਾਡੀਆਂ/ਬ੍ਰਾਂਚਾਂ ਦੇ ਪ੍ਰਧਾਨ ਅਤੇ ਜਨਰਲ ਸਕੱਤਰ ਸ਼ਾਮਲ ਹੋਣਗੇ। ਮੀਟਿੰਗ ਦੌਰਾਨ ਲੋਕ ਸਭਾ ਚੋਣਾਂ ਵਿੱਚ ਦੇਸ਼ ਤੇ ਪੰਜਾਬ ਦੇ ਆਏ ਚੋਣ ਨਤੀਜਿਆਂ ਦਾ ਲੇਖਾ ਜੋਖਾ ਕੀਤਾ ਜਾਵੇਗਾ, ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਨੂੰ ਸਫਲ ਬਣਾਉਣ, ਪੰਜਾਬ ਪੈਨਸ਼ਨਰਜ਼ ਯੂਨੀਅਨ ਦੀਆਂ ਜਿਨ੍ਹਾਂ ਜ਼ਿਲ੍ਹਿਆਂ ਵਿੱਚ ਅਜੇ ਤੱਕ ਚੋਣਾਂ ਨਹੀਂ ਹੋਈਆਂ, ਉਨ੍ਹਾਂ ਜ਼ਿਲ੍ਹਿਆਂ ਵਿੱਚ ਤੁਰੰਤ ਚੋਣਾਂ ਕਰਵਾਉਣ ਬਾਰੇ ਵਿਚਾਰ ਵਟਾਂਦਰਾ ਕਰਕੇ ਅਗਲੇ ਫੈਸਲੇ ਕੀਤੇ ਜਾਣਗੇ। ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮਹਿੰਗਾਈ ਭੱਤੇ ਦੀਆਂ 12 ਫੀਸਦੀ ਬਕਾਇਆ ਪਈਆਂ ਤਿੰਨ ਕਿਸ਼ਤਾਂ ਤੁਰੰਤ ਦਿੱਤੀਆਂ ਜਾਣ, ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਸਾਢੇ ਪੰਜ ਸਾਲਾਂ ਦਾ ਬਣਦਾ ਬਕਾਇਆ ਤੁਰੰਤ ਦਿੱਤਾ ਜਾਵੇ, ਪੈਨਸ਼ਨਰਾਂ ਲਈ 2.59 ਦਾ ਗੁਣਾਕ ਤੁਰੰਤ ਲਾਗੂ ਕੀਤਾ, ਮੈਡੀਕਲ ਭੱਤੇ ਵਿੱਚ 2500 ਰੁਪਏ ਪ੍ਰਤੀ ਮਹੀਨਾ ਤੁਰੰਤ ਵਾਧਾ ਕੀਤਾ ਜਾਵੇ ਆਦਿ ਲੰਮੇ ਸਮੇਂ ਤੋਂ ਲਟਕ ਰਹੀਆਂ ਹੱਕੀ ਅਤੇ ਜਾਇਜ਼ ਮੰਗਾਂ ਤੁਰੰਤ ਪ੍ਰਵਾਨ ਕੀਤੀਆਂ ਜਾਣ। ਆਗੂਆਂ ਨੇ ਸੂਬਾ ਕਮੇਟੀ ਦੇ ਸਮੂਹ ਅਹੁਦੇਦਾਰਾਂ ਤੇ ਵੱਖ ਵੱਖ ਬ੍ਰਾਂਚਾਂ/ਜ਼ਿਲ੍ਹਾ ਕਮੇਟੀਆਂ ਦੇ ਆਗੂਆਂ ਨੂੰ ਇਸ ਮੀਟਿੰਗ ਵਿੱਚ ਸਮੇਂ ਸਿਰ ਹਾਜ਼ਰ ਹੋਣ ਦੀ ਅਪੀਲ ਕੀਤੀ ਹੈ।

# ਮੋਦੀ ਸਰਕਾਰ ਨੇ ਸਾਉਣੀ ਦੀਆਂ ਫਸਲਾਂ ਦੇ ਮੁੱਲ 'ਚ ਕੀਤਾ ਨਿਗੂਣਾ ਵਾਧਾ : ਐਡਵੋਕੇਟ ਉੱਡਤ/ਬਾਜੇਵਾਲਾ

■ ਸੁਆਮੀਨਾਥਨ ਕਮਿਸ਼ਨ ਦੀਆਂ ਸਿਫਾਰਸ਼ਾਂ ਮੁਤਾਬਕ ਭਾਅ ਦਿੱਤੇ ਜਾਣ ਦੀ ਮੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਦੇਸ਼ ਵਿੱਚ ਤੀਜੀ ਵਾਰ ਸੱਤਾ 'ਚ ਆਉਂਦਿਆਂ ਹੀ ਮੋਦੀ ਸਰਕਾਰ ਨੇ ਸਾਉਣੀ ਦੀਆਂ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਮਾਮੂਲੀ ਵਾਧਾ ਕਰਕੇ ਕਰਜ਼ੇ ਦੀ ਦਲਦਲ ਵਿੱਚ ਡੁੱਬੀ ਹੋਈ ਕਿਸਾਨੀ ਨੂੰ ਸਾਫ ਸੰਕੇਤ ਦੇ ਦਿੱਤੇ ਕਿ ਮੋਦੀ ਹਕੂਮਤ ਆਪਣੇ ਪੁਰਾਣੇ ਏਜੰਡੇ ਨਵ-ਉਦਾਰਵਾਦੀ ਕਾਰਪੋਰੇਟ ਘਰਾਣਿਆਂ ਪੱਖੀ ਨੀਤੀਆਂ ਨੂੰ ਧੜੱਲੇ ਨਾਲ ਲਾਗੂ ਕਰੇਗੀ ਤੇ ਖੇਤੀ ਤੇ ਕਾਰਪੋਰੇਟ ਘਰਾਣਿਆਂ ਦਾ ਮੁਕੰਮਲ ਕਬਜ਼ਾ ਕਰਵਾਉਣ ਲਈ ਰਸਤਾ ਤਿਆਰ ਕਰੇਗੀ, ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰੈੱਸ ਬਿਆਨ ਰਾਹੀਂ ਕਰਦਿਆਂ ਸੀ ਪੀ ਆਈ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ 'ਤੇ ਕੁੱਲ ਹਿੰਦ ਕਿਸਾਨ ਸਭਾ ਦੇ ਸੀਨੀਅਰ ਆਗੂ ਸਾਥੀ ਬਲਦੇਵ ਸਿੰਘ ਬਾਜੇਵਾਲਾ ਨੇ ਕਰਦਿਆਂ ਕਿਹਾ ਕਿ ਝੋਨੇ, ਨਰਮੇ ਸਮੇਤ ਸਾਉਣੀ ਦੀਆਂ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਕੀਤਾ ਵਾਧਾ ਨਿਗੂਣਾ ਤੇ ਨਾਕਾਫੀ ਹੈ ਤੇ ਕਿਸਾਨਾਂ ਦੇ ਜ਼ਖਮਾਂ 'ਤੇ ਲੂਣ ਛਿੜਕਣ ਵਾਂਗ ਹੈ।ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਤੇ ਗੋਦੀ ਮੀਡੀਆ ਲਗਾਤਾਰ ਝੂਠਾ ਪ੍ਰਾਪੇਗੰਡਾ ਕਰ ਰਹੇ ਹਨ ਕਿ ਮੋਦੀ ਦੀ ਸਰਕਾਰ ਵਿੱਚ ਕਿਸਾਨਾਂ ਦੀ ਆਮਦਨ ਦੁੱਗਣੀ ਹੋਈ ਹੈ ਤੇ ਸੁਆਮੀ ਨਾਥਨ ਕਮਿਸ਼ਨ ਦੀਆਂ ਸਿਫਾਰਸ਼ਾਂ ਮੁਤਾਬਕ ਲਾਹੇਵੰਦ ਭਾਅ ਕਿਸਾਨਾਂ ਨੂੰ ਦਿੱਤੇ ਜਾ ਰਹੇ, ਜਦਕਿ ਹਕੀਕਤ ਐਨ ਇਸ ਦੇ ਬਿਲਕੁਲ ਉਲਟ ਹੈ, ਮੋਦੀ ਸਰਕਾਰ ਦੇ 10 ਸਾਲਾ ਕਾਰਜਕਾਲ ਦੌਰਾਨ ਕਿਸਾਨੀ ਵਿੱਚ ਖੁਦਕੁਸ਼ੀਆਂ ਦਾ ਦੌਰ ਵੱਧ ਗਿਆ, ਕਰਜ਼ੇ ਦੀ ਪੰਡ ਭਾਰੀ ਹੋ ਗਈ ਤੇ ਖੇਤੀ ਲਾਗਤ ਖਰਚਿਆਂ ਵਿੱਚ ਅਥਾਹ ਵਾਧਾ ਹੋ ਗਿਆ ਹੈ। ਆਗੂਆਂ ਨੇ ਕਿਹਾ ਕਿ ਮੋਦੀ ਹਕੂਮਤ ਨੂੰ ਪਿਛਲੀਆਂ ਲੋਕ ਸਭਾ ਦੇ ਨਤੀਜਿਆਂ ਤੋਂ ਸਬਕ ਸਿੱਖਦਿਆਂ ਬਿਨਾਂ ਦੇਰੀ ਕੀਤੀਆਂ ਸੁਆਮੀ ਨਾਥਨ ਕਮਿਸ਼ਨ ਦੀਆਂ ਸਿਫਾਰਸ਼ਾਂ ਮੁਤਾਬਕ ਫਸਲਾਂ ਦਾ ਘੱਟੋ-ਘੱਟ ਸਮਰਥਨ ਮੁੱਲ ਤਹਿ ਕਰੇ, ਕਿਸਾਨਾਂ ਦਾ ਕਰਜ਼ਾ ਮਾਫ ਕਰੇ ਤੇ ਖੇਤੀ ਵਸਤਾਂ, ਖਾਦਾ ਤੇ ਖੇਤੀ ਸੰਦਾਂ 'ਤੇ ਲਾਈ ਜੀ ਐੱਸ ਟੀ ਨੂੰ ਵਾਪਸ ਲਵੇ ਤਾਂ ਕਿ ਕਿਰਤੀ ਕਿਸਾਨ ਨੂੰ ਖੁਦਕੁਸ਼ੀ ਦੇ ਰਸਤੇ 'ਤੇ ਪੈਣ ਤੋਂ ਰੋਕਿਆ ਜਾ ਸਕੇ ਤੇ ਦੇਸ਼ ਨੂੰ ਉਨਤ ਤੇ ਖੁਸ਼ਹਾਲ ਦੇਸ਼ ਬਣਾਇਆ ਜਾ ਸਕੇ।

# ਪ੍ਰਦੂਸ਼ਤ ਗੈਸ ਫ਼ੈਕਟਰੀਆਂ ਵਿਰੋਧੀ ਸੰਘਰਸ਼ ਕਮੇਟੀ ਦਾ ਵਫ਼ਦ ਡੀ ਸੀ ਨੂੰ ਮਿਲਿਆ




**ਜਗਰਾਓਂ (ਅਮਿਤ ਖੰਨਾ)**-ਭੂੰਦੜੀ, ਅਖਾੜਾ, ਮੁਸ਼ਕਾਬਾਦ, ਘੁੰਗਰਾਲੀ ਰਾਜਪੂਤਾਂ 'ਚ ਸਥਾਪਤ ਹੋ ਰਹੀਆਂ ਬਾਇਓ ਗੈਸ ਫ਼ੈਕਟਰੀਆਂ ਵਿਰੋਧੀ ਸੰਘਰਸ਼ ਕਮੇਟੀਆਂ ਦੀ ਤਾਲਮੇਲ ਕਮੇਟੀ ਦਾ ਵਫ਼ਦ ਡੀ ਸੀ ਲੁਧਿਆਣਾ ਸਾਕਸ਼ੀ ਸਾਹਨੀ ਨੂੰ ਉਨ੍ਹਾਂ ਦੇ ਦਫ਼ਤਰ 'ਚ ਮਿਲਿਆ।ਵਫ਼ਦ ਨੇ ਜ਼ਿਲ੍ਹਾ ਅਧਿਕਾਰੀ ਵੱਲੋਂ ਚਾਰੇ ਪਿੰਡਾਂ 'ਚ ਚੱਲ ਰਹੇ ਸੰਘਰਸ਼ ਮੋਰਚਿਆਂ ਦੇ ਨੁਮਾਇੰਦਿਆਂ ਕੋਲ ਪੜਤਾਲੀਆਂ ਕਮੇਟੀਆਂ ਭੇਜ ਕੇ ਤੱਥ ਜਾਨਣ ਲਈ ਕੀਤੇ ਉਪਰਾਲੇ ਦਾ ਧੰਨਵਾਦ ਕਰਦਿਆਂ ਮੰਗ ਕੀਤੀ ਕਿ ਪੜਤਾਲ ਮੁਕੰਮਲ ਕਰਕੇ ਪਹਿਲ ਦੇ ਆਧਾਰ 'ਤੇ ਪੰਜਾਬ ਸਰਕਾਰ ਨੂੰ ਭੇਜੀ ਜਾਵੇ।ਵਫ਼ਦ ਨੇ ਦੱਸਿਆ ਕਿ ਪੜਤਾਲੀਆ ਟੀਮਾਂ ਸੰਘਰਸ਼ ਮੋਰਚਿਆਂ ਵੱਲੋਂ ਪੇਸ਼ ਤੱਥਾਂ ਨਾਲ ਕਾਫ਼ੀ ਹੱਦ ਤੱਕ ਸਹਿਮਤ ਸਨ।ਡੀ ਸੀ ਨੇ ਇੱਕ-ਦੋ ਦਿਨ 'ਚ ਪੜਤਾਲੀਆ ਰਿਪੋਰਟ ਮੰਗਾ ਕੇ ਸੰਪੂਰਨ ਕਰਨ ਉਪਰੰਤ ਸਰਕਾਰ ਨੂੰ ਭੇਜਣ ਦਾ ਵਿਸਵਾਸ਼ ਦਿਵਾਇਆ।ਇਹ ਵਿਸ਼ਵਾਸ ਵੀ ਦਿਵਾਇਆ ਕਿ ਜਲਦ ਹੀ ਤਾਲਮੇਲ ਕਮੇਟੀ ਦੀ ਮੀਟਿੰਗ ਮੁੱਖ ਮੰਤਰੀ ਪੰਜਾਬ ਨਾਲ ਮਸਲੇ ਦੇ ਹੱਲ ਲਈ ਕਰਵਾਈ ਜਾਵੇਗੀ।ਇਸ ਸਮੇਂ ਵਫ਼ਦ ਨੇ ਸਰਕਾਰ ਵੱਲੋਂ ਜਾਰੀ ਰਿਪੋਰਟ ਕਿ ਜਗਰਾਓਂ, ਖੰਨਾ, ਸਮਰਾਲਾ ਜ਼ੋਨਾਂ ਨੂੰ ਪਾਣੀ ਦੀ ਤਿੱਖੀ ਘਾਟ ਵਾਲੇ ਜ਼ੋਨ ਐਲਾਨੇ ਜਾਣ ਕਰਕੇ ਭਾਰੀ ਮਾਤਰਾ ਪਾਣੀ ਦੀ ਵਰਤੋਂ ਕਰਨ ਵਾਲੀਆਂ ਗੈਸ ਫ਼ੈਕਟਰੀਆਂ ਲਗਾਉਣ 'ਤੇ ਰੋਕ ਲਗਾਈ ਹੋਈ ਹੈ।ਵਫ਼ਦ ਨੇ ਅਫਸੋਸ ਜ਼ਾਹਰ ਕੀਤਾ ਕਿ ਅਪਣੀਆਂ ਹੀ ਖੋਜ ਤੇ ਸਿਫ਼ਾਰਸ਼ਾਂ ਤੋਂ ਉਲਟ ਜਾ ਕੇ ਲਗਵਾਈਆਂ ਜਾ ਰਹੀਆਂ ਕੈਂਸਰ ਫ਼ੈਕਟਰੀਆਂ ਤੁਰੰਤ ਅਧਾਰ ਤੇ ਪੱਕੇ ਤੌਰ 'ਤੇ ਬੰਦ ਕਿਉਂ ਨਹੀਂ ਕਰਵਾਈਆਂ ਜਾ ਰਹੀਆਂ।ਇਸ ਸਮੇਂ ਮੁਸ਼ਕਾਬਾਦ ਸੰਘਰਸ਼ ਮੋਰਚੇ ਦੇ ਆਗੂਆਂ ਵੱਲੋਂ ਮੁਸ਼ਕਾਬਾਦ ਉਸਾਰੀ ਅਧੀਨ ਫ਼ੈਕਟਰੀ ਦੇ ਮਾਲਕ ਵੱਲੋਂ ਜਾਣਬੁੱਝ ਕੇ ਧਰਨਾਕਾਰੀਆਂ ਨੂੰ ਉਕਸਾਉਣ ਤੇ ਅਮਨ ਭੰਗ ਕਰਨ ਦਾ ਮਾਮਲਾ ਵੀ ਧਿਆਨ 'ਚ ਲਿਆਂਦਾ ਗਿਆ।ਡੀ ਸੀ ਲੁਧਿਆਣਾ ਨੇ ਐੱਸ ਡੀ ਐੱਮ ਸਮਰਾਲਾ ਨੂੰ ਮਾਮਲੇ 'ਚ ਯੋਗ ਕਾਰਵਾਈ ਕਰਨ ਦੀ ਮੌਕੇ 'ਤੇ ਹੀ ਹਦਾਇਤ ਕੀਤੀ।ਉਪਰੰਤ ਸੰਘਰਸ਼ ਕਮੇਟੀ ਨੇ ਸਾਰੀਆਂ ਥਾਵਾਂ ਤੇ ਸੰਘਰਸ਼ ਮੋਰਚੇ ਮੰਗਾਂ ਮੰਨਣ ਤੱਕ ਜਾਰੀ ਰੱਖਣ ਦਾ ਐਲਾਨ ਕੀਤਾ।ਵਫ਼ਦ 'ਚ ਸੁਖਦੇਵ ਸਿੰਘ ਭੂੰਦੜੀ, ਕੰਵਲਜੀਤ ਖੰਨਾ, ਗੁਰਪ੍ਰੀਤ ਸਿੰਘ ਗੁਰੀ, ਕਰਮਜੀਤ ਸਿੰਘ ਸਹੋਤਾ, ਕੁਲਵਿੰਦਰ ਸਿੰਘ, ਹਰਮੇਲ ਸਿੰਘ ਮੁਸ਼ਕਾਬਾਦ, ਗੁਰਤੇਜ ਸਿੰਘ ਅਖਾੜਾ, ਮਾਸਟਰ ਗੁਲਵੰਤ ਸਿੰਘ, ਜਗਦੇਵ ਸਿੰਘ, ਗੁਰਮੀਤ ਸਿੰਘ ਖੀਰਨੀਆਂ, ਹਰਪ੍ਰੀਤ ਸਿੰਘ ਹੈਪੀ, ਮਨਜਿੰਦਰ ਸਿੰਘ ਖੇੜੀ, ਭਿੰਦਰ ਸਿੰਘ ਭਿੰਦੀ ਆਦਿ ਹਾਜ਼ਰ ਸਨ।

# ਹਾਈਵੇ ਬਣਾਉਣ ਦੇ ਨਾਂਅ 'ਤੇ ਕੱਟੇ ਜਾ ਰਹੇ ਨੇ ਦਰੱਖਤ : ਰਾਕੇਸ਼ ਗਰਗ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪਿਛਲੇ ਕਈ ਦਹਾਕਿਆਂ ਤੋਂ ਦੇਸ਼ ਦੇ ਪਹਾੜੀ ਤੇ ਮੈਦਾਨੀ ਇਲਾਕਿਆਂ ਵਿੱਚੋਂ ਵੱਡੀ ਗਿਣਤੀ 'ਚ ਦਰੱਖਤਾਂ ਦੀ ਕਟਾਈ ਕੀਤੀ ਜਾ ਚੁੱਕੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਫਰੀਦਕੋਟ ਦੇ ਜ਼ਿਲ੍ਹਾ ਵਾਈਸ ਪ੍ਰਧਾਨ ਰਾਕੇਸ਼ ਗਰਗ ਨੇ ਕੀਤਾ।ਉਨ੍ਹਾਂ ਕਿਹਾ ਕਿ ਭੂ-ਮਾਫੀਆ, ਕਾਲੋਨਾਈਜ਼ਰ, ਜੰਗਲ ਮਾਫੀਆ ਤੇ ਸਰਕਾਰਾਂ ਦੀ ਕਥਿਤ ਮਿਲੀਭੁਗਤ ਨਾਲ ਕਈ ਅਰਬਾਂ ਦੀ ਗਿਣਤੀ 'ਚ ਛਾਂਦਾਰ ਤੇ ਬੇਹੱਦ ਕੀਮਤੀ ਦਰੱਖਤਾਂ ਦੀ ਬਲੀ ਦਿੱਤੀ ਜਾ ਚੁੱਕੀ ਹੈ। ਹਾਈਵੇ ਬਣਾਉਣ ਲਈ ਵੀ ਦਰੱਖਤਾਂ ਦੀ ਕਟਾਈ ਕੀਤੀ ਜਾਂਦੀ ਹੈ। ਇਸ ਦਾ ਸਭ ਤੋਂ ਦੁਖਾਂਤ ਪਹਿਲੂ ਇਹ ਹੈ ਕਿ ਸਰਕਾਰਾਂ ਦਰੱਖਤ ਤਾਂ ਧੜਾ ਧੜ ਕਟਵਾ ਰਹੀ ਹੈ, ਪਰ ਉਨ੍ਹਾਂ ਦੀ ਥਾਂ 'ਤੇ ਨਵੇਂ ਦਰੱਖਤ ਲਾਉਣ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ। ਸਿੱਟੇ ਵਜੋਂ ਪਹਾੜੀ ਇਲਾਕਿਆਂ ਵਿੱਚ ਦਿਨੋਂ ਦਿਨ ਪਹਾੜ ਖਿਸਕਦੇ ਆ ਰਹੇ ਹਨ, ਉਥੇ ਲੈਂਡ ਸਲਾਇਡਿੰਗ ਹੋ ਰਹੀ ਹੈ।ਵੱਡੀਆਂ ਦੁਰਘਟਨਾਵਾਂ ਵਾਪਰ ਚੁੱਕੀਆਂ ਹਨ।ਭਾਰੀ ਜਾਨੀ ਤੇ ਮਾਲੀ ਨੁਕਸਾਨ ਹੋ ਚੁੱਕਾ ਹੈ।ਜ਼ਿਲ੍ਹਾ ਵਾਈਸ ਪ੍ਰਧਾਨ ਰਾਕੇਸ਼ ਗਰਗ ਕਿਹਾ ਕਿ ਮੈਦਾਨੀ ਇਲਾਕਿਆਂ ਵਿੱਚ ਵੀ ਦਰੱਖਤਾਂ ਦੀ ਬੇਲਗਾਮ ਕਟਾਈ ਨੇ ਤਾਪਮਾਨ ਵਿੱਚ ਇਕ ਦਮ ਵਾਧਾ ਕਰ ਦਿੱਤਾ ਹੈ।ਗਰਮੀ ਤੇ ਲੂ ਦਾ ਪ੍ਰਕੋਪ ਦਿਨੋਂ ਦਿਨ ਵਧ ਰਿਹਾ ਹੈ।ਅੱਤ ਦੀ ਗਰਮੀ ਕਾਰਨ ਦੇਸ਼ ਦੇ ਵੱਖ-ਵੱਖ ਇਲਾਕਿਆਂ ਵਿੱਚ ਕਈ ਮੌਤਾਂ ਹੋ ਚੁੱਕੀਆਂ ਹਨ।ਗਰਮੀ ਕਾਰਨ ਹਰ ਪਾਸੇ ਤ੍ਰਾਹ ਤ੍ਰਾਹ ਹੋਈ ਪਈ ਹੈ। ਜ਼ਿਲ੍ਹਾ ਵਾਈਸ ਪ੍ਰਧਾਨ ਰਾਕੇਸ਼ ਗਰਗ ਨੇ ਦਰੱਖਤਾਂ ਦੀ ਧੜਾਧੜ ਕਟਾਈ ਲਈ ਭੂ-ਮਾਫੀਆ, ਜੰਗਲ ਮਾਫੀਆ ਤੇ ਸਰਕਾਰ ਨੂੰ ਸਿੱਧੇ ਤੌਰ 'ਤੇ ਜ਼ਿੰਮੇਵਾਰ ਠਹਿਰਾਇਆ ਹੈ।ਉਨ੍ਹਾਂ ਕਿਹਾ ਕਿ ਜੇ ਸਰਾਕਰ ਸ਼ੁਰੂ ਵਿੱਚ ਹੀ ਇਸ ਮਾਮਲੇ ਵੱਲ ਗੰਭੀਰਤਾ ਨਾਲ ਧਿਆਨ ਦਿੰਦੀ ਤਾਂ ਇਸ ਸਥਿਤੀ ਦਾ ਸਾਹਮਣਾ ਨਹੀਂ ਕਰਨਾ ਪੈਣਾ ਸੀ।ਹੁਣ ਇਸ ਦਾ ਇਕੋ ਇੱਕ ਹੱਲ ਦਰੱਖਤਾਂ ਦੀ ਕਟਾਈ ਨੂੰ ਰੋਕਣਾ ਤੇ ਨਵੇਂ ਦਰੱਖਤ ਲਾਉਣਾ ਹੀ ਹੈ।ਰਾਕੇਸ਼ ਗਰਗ ਨੇ ਸਰਕਾਰ, ਪ੍ਰਸ਼ਾਸਨ, ਸਮਾਜ ਸੇਵੀ ਸੰਸਥਾਵਾਂ ਤੇ ਆਮ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਦਰੱਖਤ ਲਾਉਣ ਅਤੇ ਇਨ੍ਹਾਂ ਦੀ ਉਚਿਤ ਦੇਖਭਾਲ ਕਰਨ ਦੀ ਅਪੀਲ ਕੀਤੀ ਹੈ।ਉਨ੍ਹਾਂ ਅੱਗੇ ਕਿਹਾ ਹੈ ਕਿ ਅਜਿਹਾ ਕਰਕੇ ਹੀ ਧਰਤੀ ਉਪਰ ਸੰਤੁਲਨ ਕਾਇਮ ਰੱਖ ਸਕਦੇ ਹਾਂ।

# ਸ਼ਹੀਦ ਭਗਤ ਸਿੰਘ ਨਗਰ ਦਾ ਵਾਟਰ ਵਰਕਸ 4 ਸਾਲਾਂ ਤੋਂ ਬੰਦ, ਬਣਿਆ ਸਫੈਦ ਹਾਥੀ



ਪਿੰਡ ਸ਼ਹੀਦ ਭਗਤ ਸਿੰਘ ਨਗਰ ਦਾ ਜਲ ਘਰ ਦੇ ਦ੍ਰਿਸ਼।

**ਜਲਾਲਾਬਾਦ (ਜੀਤ ਕੁਮਾਰ)**-ਪੰਜਾਬ ਸਰਕਾਰ ਵੱਲੋਂ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਦਾ ਮੁਕੰਮਲ ਪੰਚਾਇਤੀਕਰਨ/ਨਿੱਜੀਕਰਨ ਕੀਤਾ ਜਾ ਰਿਹਾ ਹੈ, ਜਿਸ ਦੇ ਚਲਦੇ ਪੇਂਡੂ ਖੇਤਰ ਵਿੱਚ ਵੱਸੇ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਮੁੱਢਲੀ ਸੁਵਿਧਾ ਪ੍ਰਦਾਨ ਕਰਨ ਦੇ ਦਾਅਵੇ ਵੀ ਖੋਖਲੇ ਸਾਬਿਤ ਹੋ ਰਹੇ ਹਨ, ਕਿਉਕਿ ਇਸ ਇਲਾਕੇ ਵਿੱਚ ਪੇਂਡੂ ਜਲ ਸਪਲਾਈ ਸਕੀਮਾਂ, ਜੋਕਿ ਪਿਛਲੇ ਸਮੇਂ ਦੌਰਾਨ ਵਿਸ਼ਵ ਬੈਂਕ ਦੀ ਸਹਾਇਤਾ ਨਾਲ ਤਿਆਰ ਕੀਤੀਆਂ ਗਈਆਂ ਸਨ, ਉਹ ਪਿੰਡ ਪੱਧਰ 'ਤੇ ਜੀ.ਪੀ.ਡਬਲਯੂ.ਐੱਸ.ਸੀ. ਕਮੇਟੀ ਦਾ ਗਠਨ ਕਰਕੇ ਜਲ ਘਰ ਦੀ ਸਾਂਭ-ਸੰਭਾਲ ਤੇ ਚਲਾਉਣ ਆਦਿ ਤਮਾਮ ਕੰਮਕਾਜ ਦੀ ਜ਼ੁੰਮੇਵਾਰੀ ਸੌਂਪੀ ਗਈ ਹੈ, ਪਰ ਹੁਣ ਤ੍ਰਾਸਦੀ ਇਹ ਹੈ ਕਿ ਜੀ.ਪੀ.ਡਬਲਯੂ.ਐੱਸ.ਸੀ. ਕਮੇਟੀ ਬਣਾ ਕੇ ਪੰਚਾਇਤਾਂ ਨੂੰ ਹੈਂਡ ਓਵਰ ਕੀਤੇ ਜਲ ਘਰ, ਜਿਨ੍ਹਾਂ ਵਿੱਚੋਂ ਜਲ ਘਰ ਸਹੀ ਢੰਗ ਨਾਲ ਚਾਲੂ ਨਾ ਹੋਣ ਕਾਰਨ ਪਿਛਲੇ ਸਮੇਂ ਤੋਂ ਬੰਦ ਹੋ ਚੁੱਕੇ ਹਨ ਅਤੇ ਕੁਝ ਜਲ ਘਰ ਬੰਦ ਹੋਣ ਦੀ ਨੌਬਤ 'ਤੇ ਆ ਚੁੱਕੇ ਹਨ। ਅਜਿਹੇ ਹਲਾਤਾਂ ਵਿੱਚ ਪਿੰਡਾਂ ਦੇ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਸਹੂਲਤ ਦਾ ਪ੍ਰਬੰਧ ਕਰਨ ਲਈ ਭਾਰੀ ਮੁਸ਼ੱਕਤ ਕਰਨੀ ਪੈ ਰਹੀ ਹੈ ਤੇ ਲੋਕਾਂ ਪੀਣ ਵਾਲੇ ਪਾਣੀ ਦੀ ਸਹੂਲਤ ਤੋਂ ਵਾਂਝੇ ਹੋਣਾ ਪੈ ਰਿਹਾ ਹੈ, ਜਿਸ ਦੀ ਤਾਜ਼ਾ ਮਿਸਾਲ ਜ਼ਿਲ੍ਹਾ ਫਾਜ਼ਿਲਕਾ ਤੇ ਬਲਾਕ ਜਲਾਲਾਬਾਦ ਅਧੀਨ ਆਉਂਦੇ ਪਿੰਡ ਸ਼ਹੀਦ ਭਗਤ ਸਿੰਘ ਨਗਰ ਵਿਖੇ ਪੰਜਾਬ ਸਰਕਾਰ ਦੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ ਵਿਸ਼ਵ ਬੈਂਕ ਦੀ ਸਹਾਇਤਾਂ ਨਾਲ ਤਿਆਰ ਕੀਤੀ ਜਲ ਸਪਲਾਈ ਸਕੀਮ ਤੋਂ ਮਿਲਦੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਸ਼ਹੀਦ ਭਗਤ ਸਿੰਘ ਨਗਰ ਵਿਖੇ ਕਰੀਬ 25.20 ਲੱਖ ਰੁਪਏ ਦੀ ਲਾਗਤ ਨਾਲ ਬਣੀ ਵਾਟਰ ਸਪਲਾਈ ਸਕੀਮ ਦਾ ਨਿਰਮਾਣ ਕੰਮ ਮਿਤੀ 31-07-2019 ਨੂੰ ਮੁਕੰਮਲ ਹੋਣ ਉਪਰੰਤ ਜੀ.ਪੀ.ਡਬਲਯੂ.ਐੱਸ.ਸੀ. ਕਮੇਟੀ ਦਾ ਗਠਨ ਕੀਤਾ ਗਿਆ ਤੇ ਇਹ ਵਾਟਰ ਸਪਲਾਈ ਸਕੀਮ ਪਿੰਡ ਦੀ ਪੰਚਾਇਤ ਨੂੰ ਹੈਂਡ ਓਵਰ ਕਰ ਦਿੱਤੀ ਗਈ, ਪਰ ਹੁਣ ਤ੍ਰਾਸਦੀ ਇਹ ਹੈ ਕਿ ਇਹ ਵਾਟਰ ਸਪਲਾਈ ਸਕੀਮ ਪਿਛਲੇ ਕਈ ਸਾਲਾਂ ਤੋਂ ਬੰਦ ਹੋਣ ਕਾਰਨ ਪਾਣੀ ਸਪਲਾਈ ਵੀ ਠੱਪ ਹੋ ਕੇ ਰਹਿ ਗਈ ਹੈ, ਜਿਸ ਕਾਰਨ ਜ਼ਿਆਦਾਤਾਰ ਪਿੰਡ ਦੇ ਲੋਕਾਂ ਨੇ ਆਪਣੇ ਪੱਧਰ 'ਤੇ ਪਾਣੀ ਦਾ ਪ੍ਰਬੰਧ ਕਰ ਲਿਆ ਹੈ, ਪਰ ਕੁਝ ਅਜਿਹੇ ਲੋਕ ਵੀ ਹਨ, ਜਿਨ੍ਹਾਂ ਆਰਥਿਕ ਤੰਗੀ ਕਾਰਨ ਪਾਣੀ ਦੀ ਭਰਪਾਈ ਲਈ ਭਾਰੀ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਉਪਰੋਕਤ ਪਿੰਡ ਦਾ ਜਲ ਘਰ ਬੰਦ ਹੋਣ ਦਾ ਕਾਰਨ ਇਹ ਵੀ ਦੱਸਿਆ ਜਾ ਰਿਹਾ ਹੈ ਪੰਚਾਇਤ ਵੱਲੋਂ ਇਸ ਵਾਟਰ ਸਪਲਾਈ ਸਕੀਮ ਨੂੰ ਚਲਾਉਣ ਵਾਲੇ ਕਰਮਚਾਰੀ ਦੀ ਤਨਖਾਹ ਦੇਣ ਤੋਂ ਅਸਮਰਥ ਹੈ, ਕਿਉਂਕਿ ਇਹ ਜਲ ਘਰ ਪੰਚਾਇਤ ਅਧੀਨ ਹੋਣ ਕਾਰਨ ਵਾਟਰ ਸਪਲਾਈ ਸਕੀਮ ਨੂੰ ਚਲਾਉਣ ਵਾਲੇ ਕਰਮਚਾਰੀ ਦੀ ਤਨਖਾਹ ਵੀ ਬਣੀ ਕਮੇਟੀ ਵੱਲੋਂ ਅਦਾ ਕੀਤੀ ਜਾਣੀ ਹੈ। ਇਸ ਵਾਟਰ ਸਪਲਾਈ ਸਕੀਮ ਨੂੰ ਕੁਝ ਮਹੀਨੇ ਚਲਾਉਣ ਵਾਲੇ ਵਿਅਕਤੀ ਨੂੰ ਤਨਖਾਹ ਨਹੀਂ ਮਿਲੀ ਸੀ, ਜਿਸ ਕਾਰਨ ਇਸ ਕਰਮਚਾਰੀ ਨੇ ਵਾਟਰ ਸਪਲਾਈ ਸਕੀਮ ਨੂੰ ਚਲਾਉਣਾ ਬੰਦ ਕਰ ਦਿੱਤਾ ਸੀ, ਪਰ ਹੁਣ ਇਹ ਵਾਟਰ ਸਪਲਾਈ ਸਕੀਮ ਕਰੀਬ 4 ਸਾਲਾਂ ਤੋਂ ਬੰਦ ਪਈ ਹੈ। ਪਿੰਡ ਦੇ ਕੁਝ ਲੋਕਾਂ ਦਾ ਕਹਿਣਾ ਹੈ ਕਿ ਪਿਛਲੇ ਕਾਫੀ ਸਾਲਾਂ ਤੋਂ ਇਹ ਵਾਟਰ ਸਪਲਾਈ ਸਕੀਮ ਬੰਦ ਹੋਣ ਕਾਰਨ ਲੋਕਾਂ ਨੂੰ ਪਾਣੀ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜਦੋਂ ਵੀ ਸਬੰਧਤ ਵਿਭਾਗ ਨਾਲ ਸੰਪਰਕ ਕੀਤਾ ਜਾਂਦਾ ਹੈ ਤਾਂ ਵਿਭਾਗੀ ਅਧਿਕਾਰੀਆਂ ਵੱਲੋਂ ਪਿੰਡ ਦੀ ਬਣੀ ਕਮੇਟੀ ਦੇ ਨੁਮਾਇੰਦਿਆਂ ਨੂੰ ਇਹ ਵਾਟਰ ਸਕੀਮ ਚਲਾਉਣ ਲਈ ਕਿਹਾ ਜਾਂਦਾ ਹੈ, ਪਰ ਅਜੇ ਤੱਕ ਵਾਟਰ ਸਪਲਾਈ ਸਕੀਮ ਚਾਲੂ ਨਹੀਂ ਹੋ ਸਕੀ ਹੈ।

ਪੰਜਾਬ ਸਰਕਾਰ ਦੇ ਆਦੇਸ਼ਾਂ ਤਹਿਤ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ ਪਿੰਡ ਸ਼ਹੀਦ ਭਗਤ ਸਿੰਘ ਨਗਰ ਦੀ ਵਾਟਰ ਸਪਲਾਈ ਸਕੀਮ ਨੂੰ ਚਲਾਉਣ ਲਈ ਬਣਾਈ ਗਈ ਜੀ.ਪੀ.ਡਬਲਯੂ.ਐੱਸ.ਸੀ. ਕਮੇਟੀ ਦੇ ਨੁਮਾਇੰਦਿਆਂ ਨਾਲ ਸੰਪਰਕ ਕਰਕੇ ਜਾਣਕਾਰੀ ਲੈਣ ਦੀ ਕੋਸ਼ਿਸ਼ ਕੀਤੀ ਗਈ ਤਾਂ ਸੰਪਰਕ ਨਹੀਂ ਹੋ ਸਕਿਆ, ਪਰ ਪਿਛਲੇ ਸਮੇਂ ਦੌਰਾਨ ਪਿੰਡ ਦੀ ਗ੍ਰਾਮ ਪੰਚਾਇਤ ਦੀ ਨੁਮਾਇੰਦਗੀ ਕਰਨ ਵਾਲੀ ਲੇਡੀ ਕਾਰਜਕਾਰੀ ਸਰਪੰਚ ਦੇ ਪਤੀ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਵਾਟਰ ਵਰਕਸ ਨੂੰ ਚਲਾਉਣ ਵਾਲੇ ਮੁਲਾਜ਼ਮਾਂ ਨੂੰ ਤਨਖਾਹ ਦੇਣਾ, ਬਿਜਲੀ ਦਾ ਬਿੱਲ ਭਰਨਾ ਤੇ ਹੋਰ ਰਿਪੇਅਰ ਦੇ ਕੰਮ ਕਰਵਾਉਣ ਲਈ ਪੰਚਾਇਤ ਕੋਲ ਆਮਦਨ ਦੇ ਸਾਧਨ ਨਹੀਂ ਹਨ, ਜਿਸ ਦੇ ਚਲਦੇ ਪੰਚਾਇਤ ਇਸ ਵਾਟਰ ਵਰਕਸ ਨੂੰ ਚਲਾਉਣ ਤੋਂ ਅਸਮਰਥ ਹੈ। ਇਸ ਲਈ ਉਨ੍ਹਾਂ ਦੀ ਮੰਗ ਹੈ ਕਿ ਇਸ ਵਾਟਰ ਵਰਕਸ ਨੂੰ ਚਲਾਉਣ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਸਬੰਧਤ ਵਿਭਾਗ ਵੱਲੋਂ ਸੰਭਾਲਣੀ ਚਾਹੀਦੀ ਹੈ ਤਾਂ ਜੋ ਪਿੰਡ ਵਾਸੀਆਂ ਨੂੰ ਪਾਣੀ ਨਿਰਵਿਘਨ ਮਿਲ ਸਕੇ ਤੇ ਪਾਣੀ ਸਬੰਧੀ ਕੋਈ ਮੁਸ਼ਕਲ ਨਾ ਆ ਸਕੇ।

# ਧਰਤੀ ਹੇਠਲੇ ਪਾਣੀ ਦਾ ਨੀਵਾਂ ਹੋ ਰਿਹਾ ਪੱਧਰ ਗੰਭੀਰ ਤੇ ਚਿੰਤਾ ਦਾ ਵਿਸ਼ਾ : ਐਡਵੋਕੇਟ ਅਜੀਤ ਵਰਮਾ



**ਕੋਟਕਪੂਰਾ (ਰਛਪਾਲ ਭੁੱਲਰ)**

ਸਮਾਜਸੇਵੀ, ਵਾਤਾਵਰਣ ਪ੍ਰੇਮੀ ਐਡਵੋਕੇਟ ਅਜੀਤ ਵਰਮਾ ਪ੍ਰਜਾਪਤੀ ਨੇ ਆਖਿਆ ਕਿ ਨੇ ਧਰਤੀ ਹੇਠਲੇ ਪਾਣੀ ਦਾ ਨੀਵਾਂ ਹੋ ਰਿਹਾ ਪੱਧਰ ਬੜਾ ਹੀ ਗੰਭੀਰ ਤੇ ਚਿੰਤਾ ਦਾ ਵਿਸ਼ਾ ਹੈ, ਜਿਸ ਲਈ ਸਾਨੂੰ ਪਾਣੀ ਦੀ ਸੰਕੋਚ ਨਾਲ ਵਰਤੋਂ ਕਰਨੀ ਚਾਹੀਦੀ ਹੈ।ਉਨ੍ਹਾ ਆਖਿਆ ਕਿ ਸ਼ਹਿਰ ਨੂੰ ਹਰਿਆ-ਭਰਿਆ ਤੇ ਸੁੰਦਰ ਬਣਾਉਣ ਲਈ ਸਾਨੂੰ ਆਪਣਾ ਪੂਰਾ ਸਹਿਯੋਗ ਅਤੇ ਪ੍ਰਸ਼ਾਸਨ ਨੂੰ ਵੀ ਬਣਦਾ ਸਹਿਯੋਗ ਦੇਣਾ ਚਾਹੀਦਾ ਹੈ।ਐਡਵੋਕੇਟ ਅਜੀਤ ਵਰਮਾ ਨੇ ਦੱਸਿਆ ਕਿ ਵੱਧ ਤੋਂ ਵੱਧ ਰੁੱਖਾਂ ਦਾ ਲਾਉਣਾ ਅਤੇ ਰੁੱਖਾਂ ਦੀ ਸਾਂਭ-ਸੰਭਾਲ ਕਰਨਾ ਅਤਿ ਜ਼ਰੂਰੀ ਹੈ।ਉਨ੍ਹਾ ਦੱਸਿਆ ਕਿ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਾਉਣੇ ਚਾਹੀਦੇ ਹਨ।ਉਨ੍ਹਾਂ ਆਖਿਆ ਕਿ ਪਾਣੀ ਅਤਿ ਹੀ ਅਨਮੋਲ ਹੈ ਅਤੇ ਪਾਣੀ ਤੋਂ ਬਿਨਾਂ ਧਰਤੀ ਉੱਪਰ ਜੀਵਨ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ, ਇਸ ਲਈ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਪਾਣੀ ਦੀ ਬਰਬਾਦੀ ਨਾ ਕਰੀਏ ਅਤੇ ਇਸ ਦੀ ਸੰਕੋਚ ਨਾਲ ਵਰਤੋਂ ਕਰਦੇ ਹੋਏ ਇਸ ਦੀ ਬੱਚਤ ਵੱਲ ਉਚੇਚਾ ਧਿਆਨ ਦੇਈਏ।ਉਨ੍ਹਾਂ ਆਖਿਆ ਕਿ ਧਰਤੀ ਦੇ ਹੇਠਲੇ ਪਾਣੀ ਦੇ ਨੀਵੇਂ ਹੋ ਰਹੇ ਪੱਧਰ ਸਬੰਧੀ ਮਾਹਰਾਂ ਵੱਲੋਂ ਜੋ ਜਾਣਕਾਰੀ ਦਿੱਤੀ ਜਾ ਰਹੀ ਹੈ, ਉਹ ਸਾਡੇ ਸਾਰਿਆਂ ਲਈ ਖਤਰੇ ਦੀ ਘੰਟੀ ਹੈ।ਇਸ ਲਈ ਜੇਕਰ ਅਸੀਂ ਹੁਣ ਵੀ ਨਾ ਜਾਗੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਸਾਨੂੰ ਕਦੇ ਵੀ ਮਾਫ ਨਹੀਂ ਕਰਨਗੀਆਂ।ਇਸ ਮੌਕੇ ਉਨ੍ਹਾਂ ਕਿਸਾਨ ਭਰਾਵਾਂ ਨੂੰ ਵਿਸ਼ੇਸ਼ ਤੌਰ 'ਤੇ ਬੇਨਤੀ ਕੀਤੀ ਕਿ ਪਾਣੀ ਦੀ ਜ਼ਿਆਦਾ ਖਪਤ ਵਾਲੀਆਂ ਫਸਲਾਂ ਅਰਥਾਤ ਝੋਨੇ ਦੀਆਂ ਫਸਲਾਂ ਨੂੰ ਤਿਆਗ ਕੇ ਹੋਰ ਫਸਲਾਂ ਦੀ ਬਿਜਾਈ ਕਰਨ ਤਾਂ ਪਾਣੀ ਦੇ ਪੱਧਰ ਨੂੰ ਉੱਚਾ ਹੋਣ ਤੋਂ ਕੋਈ ਰੋਕ ਨਹੀਂ ਸਕਦਾ।ਉਨ੍ਹਾ ਆਖਿਆ ਕਿ ਪਾਣੀ ਦੀ ਸਾਂਭ-ਸੰਭਾਲ ਕਰਨਾ ਸਾਨੂੰ ਸਾਰਿਆਂ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ।

21-JUNE-PAGE-7.qxd 6/20/2024 10:27 PM Page 1



# ਤਨਖਾਹ ਨਾ ਮਿਲਣ ਦੇ ਰੋਸ ਵਜੋਂ ਪਨਬਸ ਬੱਸਾਂ ਦਾ ਰਿਹਾ ਚੱਕਾ ਜਾਮ

**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਰੋਡਵੇਜ਼/ਪਨਬਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਦੇ ਡਿੱਪੂ ਪ੍ਰਧਾਨ ਸੂਬਾ ਸਿੰਘ ਗਿੱਲ ਨੇ ਕਿਹਾ ਕਿ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰਦੇ ਮੁਲਾਜ਼ਮਾਂ, ਜਿਨ੍ਹਾਂ ਦਾ ਗੁਜ਼ਾਰਾ ਪਨਬਸ ਵਿੱਚ ਨੌਕਰੀ ਦੇ ਨਾਲ ਹੀ ਚੱਲਦਾ ਹੈ। ਮਈ ਦੀ ਤਨਖ਼ਾਹ, ਜੋ 1 ਜੂਨ ਨੂੰ ਪੈਣੀ ਚਾਹੀਦੀ ਸੀ, ਅੱਜ ਤੱਕ ਨਹੀਂ ਆਈ, ਜਿਸ ਕਾਰਨ ਪਰਵਾਰ ਦਾ ਗੁਜ਼ਾਰਾ ਚਲਾਉਣਾ ਮੁਸ਼ਕਲ ਹੋ ਰਿਹਾ ਹੈ, 12/12 ਘੰਟੇ ਕੰਮ ਕਰਨ ਦੇ ਬਾਵਜੂਦ ਸਾਨੂੰ ਸਮੇਂ ਸਿਰ ਤਨਖਾਹ ਨਹੀਂ ਦਿੱਤੀ ਜਾਂਦੀ, ਜਦੋਂਕਿ ਸਾਡਾ ਵਿਭਾਗ ਪਬਲਿਕ ਨੂੰ ਸਫ਼ਰ ਕਰਵਾਉਣ ਦੇ ਰੋਜ਼ ਪੈਸੇ ਵੱਟਦਾ ਹੈ, ਪਰ ਵਿਭਾਗ ਵੱਲੋਂ ਫ੍ਰੀ ਸਫਰ ਸਹੂਲਤਾਂ ਦੇ ਪੈਸੇ ਨਹੀਂ ਆਏ ਜਾਂ ਫਿਰ ਠੇਕੇਦਾਰ ਵੱਲੋਂ ਈ.ਪੀ.ਐੱਫ, ਈ.ਐੱਸ.ਆਈ. ਜਮ੍ਹਾਂ ਨਹੀਂ ਕਰਾਇਆ ਗਿਆ। ਅਜਿਹੇ ਬਹਾਨੇ ਘੜ ਕੇ ਤਨਖਾਹਾਂ ਲੇਟ ਕੀਤੀਆਂ ਜਾਂਦੀਆਂ ਹਨ। ਦੂਸਰੇ ਪਾਸੇ ਠੇਕੇਦਾਰ ਵੱਲੋਂ ਵੱਡੇ ਪੱਧਰ 'ਤੇ ਮੁਲਾਜ਼ਮਾਂ ਦੀ ਲੁੱਟ ਕੀਤੀ ਜਾ ਰਹੀ ਹੈ। ਸਿਕਿਉਰਿਟੀਆਂ ਦਾ ਕਰੋੜਾਂ ਰੁਪਈਆ ਠੇਕੇਦਾਰ ਵੱਲੋਂ ਨਜਾਇਜ਼ ਤਰੀਕੇ ਨਾਲ ਤਨਖਾਹਾਂ ਵਿੱਚੋਂ ਕੱਟਿਆ ਗਿਆ ਹੈ। ਐਗਰੀਮੈਂਟ ਅਨੁਸਾਰ ਕਿਸੇ ਵੀ ਮੁਲਾਜ਼ਮ ਦੇ ਗਰੁੱਪ ਇੰਸ਼ੋਰੈਂਸ ਨਹੀਂ ਕਰਾਇਆ ਗਿਆ। ਵੈੱਲਫੇਅਰ ਫੰਡ ਜਮ੍ਹਾਂ ਨਹੀਂ ਕਰਾਇਆ ਜਾਂਦਾ, ਜਿਸ ਕਾਰਨ ਮੁਲਾਜ਼ਮਾਂ ਨੂੰ ਵੱਡੇ ਪੱਧਰ 'ਤੇ ਵਿੱਤੀ



ਨੁਕਸਾਨ ਝੱਲਣਾ ਪੈ ਰਿਹਾ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਸਮੇਂ ਠੇਕੇਦਾਰ ਦੀ ਗਿਣਤੀ ਇੱਕ ਦੀ ਬਜਾਏ ਦੋ ਹੋਈ ਹੈ ਤੇ ਸਰਕਾਰ ਠੇਕੇਦਾਰ ਵਿਚੋਲੀਆਂ ਨੂੰ ਕੱਢਣ ਦੀ ਬਜਾਏ ਉਨ੍ਹਾਂ ਨੂੰ ਵੱਡੇ ਪੱਧਰ 'ਤੇ ਮੁਲਾਜ਼ਮਾਂ ਦਾ ਸ਼ੋਸ਼ਣ ਕਰਨ ਦੀ ਖੁੱਲ੍ਹ ਦੇ ਰਹੀ ਹੈ। ਇਸ ਵਰਤਾਰੇ ਨੂੰ ਮੁੱਖ ਰੱਖਦੇ ਹੋਏ ਜਥੇਬੰਦੀ ਵੱਲੋਂ ਤਿੱਖਾ ਸੰਘਰਸ਼ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ।

ਇਸ ਮੌਕੇ ਸੰਬੋਧਨ ਕਰਦਿਆਂ ਡਿੱਪੂ ਸਕੱਤਰ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਹਰ ਵਾਰ ਹੀ ਮੈਨੇਜਮੈਂਟ ਤੇ ਸਰਕਾਰ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਦੇ ਵਿੱਚ ਦਿੱਕਤ ਪੈਦਾ ਕਰਦੀ ਹੈ। ਕਦੇ ਵੀ ਸਮੇਂ ਸਿਰ ਤਨਖਾਹ ਨਹੀਂ ਦਿੱਤੀ ਜਾਂਦੀ, ਜਿਸ ਕਾਰਨ ਮੁਲਾਜ਼ਮਾਂ ਦੇ ਪਰਵਾਰਾਂ ਦਾ ਸੰਤੁਲਨ ਵਿਗੜ ਜਾਂਦਾ ਹੈ, ਜਿਸ ਕਾਰਨ ਵਾਰ ਵਾਰ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪੈਂਦਾ ਹੈ। ਇੱਕ ਠੇਕੇਦਾਰ ਦੀ ਗਲਤੀ ਦੇ ਕਾਰਨ ਖਮਿਆਜ਼ਾ ਆਮ ਵਰਕਰ ਨੂੰ ਭੁਗਤਾਨ ਪੈਂਦਾ ਹੈ, ਜਿਸ ਦੇ ਰੋਸ ਵਜੋਂ ਪੂਰੇ ਪਨਬਸ ਦਾ 18 ਡਿੱਪੂਆਂ ਦਾ ਚੱਕਾ ਜਾਮ ਕੀਤਾ ਗਿਆ ਹੈ। ਜੇਕਰ ਮੰਗਾਂ ਦਾ ਜਲਦ ਹੱਲ ਨਹੀਂ ਹੁੰਦਾ ਜਾਂ ਕੋਈ ਮੀਟਿੰਗ ਕਰਕੇ ਮੈਨੇਜਮੈਂਟ ਹੱਲ ਨਹੀਂ ਕੱਢਦੀ ਤਾਂ ਪੀ.ਆਰ.ਟੀ.ਸੀ. ਦਾ ਮੁਕੰਮਲ ਚੱਕਾ ਜਾਮ ਕਰਕੇ ਮੁੱਖ ਮੰਤਰੀ ਦੀ ਰਿਹਾਇਸ਼ ਚੰਡੀਗੜ੍ਹ ਵਿਖੇ ਪੰਜਾਬ ਦੇ ਸਾਰੇ ਡਿੱਪੂਆਂ ਦਾ ਇਕੱਠ ਕਰਕੇ ਧਰਨਾ ਦਿੱਤਾ ਜਾਏਗਾ। ਇਸ ਮੌਕੇ ਬਚਿੱਤਰ ਸਿੰਘ ਸੰਧਾ, ਕੈਸ਼ੀਅਰ ਗੁਰਜੰਟ ਸਿੰਘ, ਹਰਵਿੰਦਰ ਸਿੰਘ, ਰਮਨਦੀਪ, ਹਰਜਿੰਦਰ ਸਿੰਘ, ਹਰਦੇਵ ਸਿੰਘ, ਸਤਨਾਮ ਸਿੰਘ, ਚਾਨਣ ਸਿੰਘ, ਹਰਜਿੰਦਰ ਸਿੰਘ, ਜਗਦੀਪ ਸਿੰਘ, ਜਰਮਲ ਸਿੰਘ ਆਦਿ ਵਰਕਰ ਹਾਜ਼ਰ ਸਨ।

# ਕਾਂਗਰਸ ਜ਼ਿਲ੍ਹਾ ਪ੍ਰਧਾਨ ਵੱਲੋਂ ਨਰਿੰਦਰ ਸਿੰਗਲਾ ਨੂੰ ਕਾਰਨ ਦੱਸੋ ਨੋਟਿਸ

*ਲੋਕ ਸਭਾ ਚੋਣਾਂ ਦੌਰਾਨ ਪਾਰਟੀ ਵਿਰੋਧੀ ਗਤੀਵਿਧੀਆਂ ਦੇ ਦੋਸ਼*

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਲੋਕ ਸਭਾ ਚੋਣਾਂ ਦੌਰਾਨ ਪਾਰਟੀ ਵਿਰੋਧੀ ਗਤੀਵਿਧੀਆਂ ਨੂੰ ਲੈ ਕੇ ਮਿਲੀਆਂ ਸ਼ਿਕਾਇਤਾਂ 'ਤੇ ਕਾਰਵਾਈ ਕਰਦਿਆਂ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਮਹੰਤ ਹਰਮਿੰਦਰ ਸਿੰਘ ਖਨੌੜਾ ਨੇ ਨਗਰ ਕੌਂਸਲ ਪਾਤੜਾਂ ਦੇ ਸਾਬਕਾ ਪ੍ਰਧਾਨ ਨਰਿੰਦਰ ਕੁਮਾਰ ਸਿੰਗਲਾ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਹੈ।

ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਮਹੰਤ ਹਰਮਿੰਦਰ ਸਿੰਘ ਖਨੌੜਾ ਨੇ ਦੱਸਿਆ ਕਿ ਕਾਂਗਰਸ ਪਾਰਟੀ ਦੇ ਪਾਤੜਾਂ ਸ਼ਹਿਰੀ ਪ੍ਰਧਾਨ ਰਾਕੇਸ਼ ਕੁਮਾਰ ਹੈਪੀ ਵੱਲੋਂ ਕੀਤੀ ਗਈ ਸ਼ਿਕਾਇਤ ਵਿੱਚ ਦੱਸਿਆ ਗਿਆ ਹੈ ਕਿ ਲੋਕ ਸਭਾ ਚੋਣਾਂ ਦੌਰਾਨ ਪਾਰਟੀ ਉਮੀਦਵਾਰ ਧਰਮਵੀਰ ਗਾਂਧੀ ਦਾ ਵਿਰੋਧ ਕੀਤਾ ਗਿਆ ਹੈ, ਉੱਥੇ ਹੀ ਪਾਰਟੀ ਵੱਲੋਂ ਲਾਏ ਗਏ ਪੋਲਿੰਗ ਏਜੰਟਾਂ ਨੂੰ ਡਰਾਇਆ ਧਮਕਾਇਆ ਗਿਆ ਅਤੇ ਭਾਜਪਾ ਉਮੀਦਵਾਰ ਦੀਆਂ ਮੀਟਿੰਗਾਂ ਵਿੱਚ ਵੀ ਸ਼ਮੂਲੀਅਤ ਕੀਤੀ ਗਈ ਹੈ। ਇਸ ਮਿਲੀ ਸ਼ਿਕਾਇਤ ਨੂੰ ਹਲਕਾ ਮੁਖੀ ਦਰਬਾਰਾ ਸਿੰਘ ਬਣਵਾਲਾ ਨੇ ਕਾਰਵਾਈ ਲਈ ਸਿਫਾਰਸ਼ ਕੀਤੀ ਗਈ ਹੈ, ਇਸ ਲਈ ਨਰਿੰਦਰ ਕੁਮਾਰ ਸਿੰਗਲਾ ਨੂੰ ਸੱਤ ਦਿਨਾਂ ਦੇ ਅੰਦਰ ਆਪਣਾ ਪੱਖ ਪੇਸ਼ ਕਰਨ ਦਾ ਸਮਾਂ ਦਿੱਤਾ ਗਿਆ ਹੈ।ਇਸ ਸਬੰਧੀ ਨਰਿੰਦਰ ਕੁਮਾਰ ਸਿੰਗਲਾ ਨਾਲ ਗੱਲ ਕਰਨ 'ਤੇ ਉਨ੍ਹਾ ਲਾਏ ਗਏ ਦੋਸ਼ਾਂ ਨੂੰ ਝੂਠੇ ਤੇ ਬੁਨਿਆਦ ਦੱਸਦੇ ਹੋਏ ਕਿਹਾ ਕਿ ਅਸੀਂ ਕਾਂਗਰਸ ਪਾਰਟੀ ਨਾਲ ਹਰ ਔਖੀ ਸੌਖੀ ਘੜੀ ਨਾਲ ਖੜੇ ਹਾਂ ਅਤੇ ਪਾਤੜਾਂ ਸ਼ਹਿਰ ਵਿੱਚ ਪਾਰਟੀ ਨੂੰ ਮਜ਼ਬੂਤ ਕੀਤਾ ਹੈ। ਮੈਂ ਕਾਂਗਰਸ ਪਾਰਟੀ ਦਾ ਵਫਾਦਾਰ ਸਿਪਾਹੀ ਹਾਂ ਤੇ ਸਦਾ ਰਹਾਂਗਾ, ਜਦੋਂ ਵੀ ਮੈਨੂੰ ਨੋਟਿਸ ਮਿਲੇਗਾ, ਇਸ ਦਾ ਸਤਿਕਾਰ ਸਹਿਤ ਜਵਾਬ ਦਿੱਤਾ ਜਾਵੇਗਾ।

# ਘਰ ਦੇ ਗੇਟ ਉੱਪਰ ਗੋਲੀਆਂ ਚਲਾਉਣ ਵਾਲਾ ਗ੍ਰਿਫ਼ਤਾਰ

**ਜਗਰਾਉਂ (ਅਮਿਤ ਖੰਨਾ)**-ਪਿਛਲੇ ਦਿਨੀਂ ਕੱਚਾ ਮਲਕ ਰੋਡ ਬੰਦ ਮਕਾਨ ਦੇ ਬਾਹਰ ਗੋਲੀਆਂ ਚਲਾ ਕੇ ਦਹਿਸ਼ਤ ਫੈਲਾਉਣ ਵਾਲੇ ਸ਼ਖਸ ਨੂੰ ਲੁਧਿਆਣਾ ਦਿਹਾਤੀ ਪੁਲਸ ਵੱਲੋਂ ਕਾਬੂ ਕੀਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਅੱਜ ਇੱਕ ਪ੍ਰੈੱਸ ਮਿਲਣੀ ਦੌਰਾਨ ਲੁਧਿਆਣਾ ਦਿਹਾਤੀ ਦੇ ਐੱਸ ਐੱਸ ਪੀ ਨਵਨੀਤ ਸਿੰਘ ਬੈਂਸ ਨੇ ਦੱਸਿਆ ਕਿ ਜਗਰਾਉਂ ਦੇ ਏਰੀਏ ਕੱਚਾ ਮਲਕ ਰੋਡ ਵਿਖੇ ਰਹਿੰਦੇ ਮਹਿੰਦਰ ਸਿੰਘ ਗਰੇਵਾਲ ਦੇ ਘਰ ਦੇ ਬਾਹਰ ਬੀਤੀ 11 ਜੂਨ ਨੂੰ ਰਾਤ ਸਮੇਂ ਹੋਈ ਫਾਇਰਿੰਗ ਦੇ ਸੰਬੰਧ ਵਿੱਚ ਮੁਕੱਦਮਾ ਦਰਜ ਕੀਤਾ ਗਿਆ ਸੀ, ਜਿਸ 'ਤੇ ਮੁਲਜ਼ਮ ਤਰਨ ਕੁਮਾਰ ਪੁੱਤਰ ਸੁਨੀਲ ਕੁਮਾਰ ਵਾਸੀ ਰਾਮਪੁਰਾ ਦੋਰਾਹਾ ਤੇ ਕੁਝ ਨਾ-ਮਾਲੂਮ ਵਿਅਕਤੀਆਂ ਨੂੰ ਨਾਮਜ਼ਦ ਕੀਤਾ ਗਿਆ ਸੀ।ਐੱਸ ਐੱਸ ਪੀ ਨੇ ਦੱਸਿਆ ਕਿ ਸ਼ਿਕਾਇਤਕਰਤਾ ਨਵਦੀਪ ਕੌਰ ਪਤਨੀ ਦਲਜੀਤ ਸਿੰਘ ਵਾਸੀ ਤਿਹਾੜਾ, ਪੱਤੀ ਮੁਲਤਾਨੀ ਹਾਲ ਵਾਸੀ ਗਲੀ ਨੰਬਰ ਚਾਰ ਕੱਚਾ ਮਲਕ ਰੋਡ ਜਗਰਾਉਂ ਦੇ ਬਿਆਨ 'ਤੇ ਮੁਕੱਦਮਾ ਦਰਜ ਕੀਤਾ ਗਿਆ ਸੀ ਕਿ ਉਹ ਜਗਰਾਉਂ ਮੰਡੀ ਵਿੱਚ ਆੜ੍ਹਤ ਦੀ ਦੁਕਾਨ ਕਰਦੀ ਹੈ।ਉਸ ਦੀ ਛੋਟੀ ਭੈਣ ਦੀਆਂ ਤਰੁਣ ਕੁਮਾਰ ਵੱਲੋਂ ਅਕਤੂਬਰ 2023 ਵਿੱਚ ਗਲਤ ਫੋਟੋਆਂ ਸੋਸ਼ਲ ਮੀਡੀਆ 'ਤੇ ਵਾਇਰਲ ਕਰਨ ਸਬੰਧੀ ਥਾਣਾ ਸਿਟੀ



ਵਿਖੇ ਮੁਕੱਦਮਾ ਦਰਜ ਕੀਤਾ ਗਿਆ ਸੀ, ਜਿਸ ਦੀ ਰੰਜਿਸ਼ ਦੇ ਸੰਬੰਧ ਵਿੱਚ ਉਸ ਦਿਨ ਤੋਂ ਤਰਨ ਕੁਮਾਰ ਉਸ ਨੂੰ ਧਮਕੀਆਂ ਦੇਣ ਲੱਗ ਗਿਆ ਸੀ ਅਤੇ ਪੈਸਿਆਂ ਦੀ ਮੰਗ ਕਰਨ ਲੱਗ ਗਿਆ ਸੀ, ਜਿਸ 'ਤੇ ਮੁਲਜ਼ਮ ਤਰਨ ਕੁਮਾਰ ਨੇ ਇਸੇ ਰੰਜਿਸ਼ ਤਹਿਤ ਪਿਛਲੇ ਦਿਨੀਂ ਕਿਸੇ ਨਾ-ਮਾਲੂਮ ਵਿਅਕਤੀ ਨੂੰ ਹਾਇਰ ਕਰਕੇ ਨਵਦੀਪ ਕੌਰ ਦੇ ਘਰ, ਜਦੋਂ ਕਿ ਨਵਦੀਪ ਕੌਰ ਆਪਣੇ ਘਰ ਮੌਜੂਦ ਸੀ ਅਤੇ ਘਰ ਦੇ ਬਾਹਰ ਲੱਗੀ ਬੈੱਲ ਵਜਾ ਕੇ ਉਸ ਦੇ ਬਾਹਰ ਆਉਣ 'ਤੇ ਉਸ ਉੱਪਰ ਪਿਸਟਲ ਨਾਲ ਗੋਲੀਆਂ ਚਲਾਈਆਂ ਤੇ ਉਸ ਨੂੰ ਜਾਨੋਂ ਮਾਰਨ ਦੀ ਕੋਸ਼ਿਸ਼ ਕੀਤੀ।ਮਾਮਲੇ ਦੀ ਤਫਤੀਸ਼ ਸੀ ਆਈ ਸਟਾਫ ਜਗਰਾਉਂ ਦੀ ਟੀਮ ਵੱਲੋਂ ਨਾ-ਮਾਲੂਮ ਵਿਅਕਤੀ ਹਰ ਮਹਿਤਾਬ ਸਿੰਘ ਉਰਫ ਮਹਿਤਾਬ ਪੁੱਤਰ ਪਰਮਜੀਤ ਸਿੰਘ ਵਾਸੀ ਵਾਰਡ ਨੰਬਰ 13 ਗੜ੍ਹਸ਼ੰਕਰ ਰੋਡ ਬਲਾਚੌਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਮੁਕੱਦਮੇ ਵਿੱਚ ਸ਼ਾਮਲ ਕਰਕੇ ਉਸ ਨੂੰ ਕਪੂਰਥਲਾ ਤੋਂ 18 ਜੂਨ ਨੂੰ ਗ੍ਰਿਫਤਾਰ ਕੀਤਾ, ਜਿਸ ਪਾਸੋਂ ਵਾਰਦਾਤ ਵਿੱਚ ਵਰਤਿਆ ਦੇਸੀ ਪਿਸਟਲ ਪੁਆਇੰਟ 32 ਬੋਰ ਸਮੇਤ ਇੱਕ ਜ਼ਿੰਦਾ ਕਾਰਤੂਸ, ਮੋਟਰਸਾਈਕਲ ਤੇ ਹੁਲੀਆ ਬਦਲਣ ਲਈ ਵਰਤੇ ਗਏ ਕੱਪੜੇ ਵੀ ਬਰਾਮਦ ਕੀਤੇ ਗਏ ਹਨ।ਮੁਲਜ਼ਮ ਹਰਮਹਿਤਾਬ ਸਿੰਘ ਉਰਫ ਮਹਿਤਾਬ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਤੇ ਉਸ ਪਾਸੋਂ ਹੋਰ ਡੂੰਘਾਈ ਨਾਲ ਪੁੱਛ-ਗਿੱਛ ਕੀਤੀ ਜਾ ਰਹੀ ਹੈ।

## ਕਾਤਰਾਂ

### ਸੜਕ ਹਾਦਸੇ 'ਚ ਇੱਕ ਦੀ ਮੌਤ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਲਹਿਰਾ ਬੇਟ ਵਿਖੇ ਹੋਏ ਸੜਕ ਹਾਦਸੇ ਵਿਚ ਇੱਕ ਨੌਜਵਾਨ ਦੀ ਮੌਤ ਹੋਣ ਦੀ ਖਬਰ ਮਿਲੀ ਹੈ। ਥਾਣਾ ਮਖੂ ਪੁਲਿਸ ਨੇ ਅਣਪਛਾਤੇ ਗੱਡੀ ਚਾਲਕ ਖਿਲਾਫ 304-ਏ, 279, 427 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਮੰਗਾ ਸਿੰਘ ਪੁੱਤਰ ਸਰਦਾਰਾ ਸਿੰਘ ਵਾਸੀ ਮੁਹੱਲਾ ਸੰਤ ਨਗਰੀ ਧਰਮਕੋਟ, ਜ਼ਿਲ੍ਹਾ ਮੋਗਾ ਨੇ ਦੱਸਿਆ ਕਿ ਉਸ ਦਾ ਲੜਕਾ ਅਮਨਦੀਪ ਸਿੰਘ (22 ਸਾਲ) ਆਪਣੇ ਮੋਟਰਸਾਈਕਲ ਤੇ ਸਵਾਰ ਹੋ ਕੇ ਧਰਮਕੋਟ ਤੋਂ ਆਪਣੇ ਮਾਸੜ ਮੁਨਸ਼ੀ ਸਿੰਘ ਪੁੱਤਰ ਬੂਟਾ ਸਿੰਘ ਵਾਸੀ ਸੂਦਾ ਪਾਸ ਆ ਰਿਹਾ ਸੀ, ਜਦ ਉਹ ਪਿੰਡ ਲਹਿਰਾ ਬੇਟ ਪਾਸ ਪੁੱਜਾ ਤਾਂ ਇਕ ਬੈਲੇਰੋ ਪਿਕਅੱਪ ਗੱਡੀ, ਜਿਸ ਨੂੰ ਕੋਈ ਅਣਪਛਾਤਾ ਵਿਅਕਤੀ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਚਲਾ ਰਿਹਾ ਸੀ, ਜਿਸ ਨੇ ਉਸ ਦੇ ਲੜਕੇ ਦੇ ਮੋਟਰਸਾਈਕਲ ਵਿੱਚ ਤੇਜ਼ ਰਫ਼ਤਾਰ, ਲਾਪ੍ਰਵਾਹੀ ਤੇ ਦੂਜੀ ਸਾਈਡ ਵੱਲ ਲਿਜਾ ਕੇ ਮਾਰੀ। ਇਸ ਹਾਦਸੇ ਵਿਚ ਉਸ ਦੇ ਲੜਕੇ ਦੀ ਮੌਤ ਹੋ ਗਈ ਤੇ ਮੋਟਰਸਾਈਕਲ ਨੁਕਸਾਨਿਆ ਗਿਆ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਬਲਵੰਤ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਗੱਡੀ ਚਾਲਕ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

### ਤੇਜ਼ ਹਨੇਰੀ ਕਾਰਨ ਡਿੱਗੇ ਖੰਭੇ ਹੇਠਾਂ ਆ ਕੇ ਵਿਅਕਤੀ ਦੀ ਮੌਤ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੀ ਸ਼ਾਮ ਚੱਲੀ ਤੇਜ਼ ਹਨੇਰੀ ਦੌਰਾਨ ਡਿੱਗੇ ਬਿਜਲੀ ਦੇ ਖੰਭੇ ਹੇਠ ਆ ਕੇ ਸਰਹਿੰਦ ਦੇ ਇੱਕ 42 ਸਾਲਾ ਵਿਅਕਤੀ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ।ਮ੍ਰਿਤਕ ਦੀ ਪਹਿਚਾਨ ਸਤਪਾਲ ਕੁਮਾਰ ਵਾਸੀ ਗਲੀ ਨੰਬਰ 9 ਨਜ਼ਦੀਕ ਰੇਲਵੇ ਸਟੇਸ਼ਨ ਸਰਹਿੰਦ ਵਜੋਂ ਹੋਈ ਹੈ।ਮ੍ਰਿਤਕ ਦੇ ਭਰਾ ਚਰਨਜੀਤ ਸਿੰਘ ਨੇ ਦੱਸਿਆ ਕਿ ਬੁੱਧਵਾਰ ਸ਼ਾਮ ਨੂੰ ਸਤਪਾਲ ਕੁਮਾਰ ਆਪਣੀ ਮਾਤਾ ਦੀ ਦਵਾਈ ਲੈਣ ਗਿਆ ਸੀ, ਜੋ ਕਿ ਚੱਲੀ ਤੇਜ਼ ਹਨੇਰੀ ਦੌਰਾਨ ਸਰਹਿੰਦ ਰੇਲਵੇ ਸਟੇਸ਼ਨ ਕੋਲ ਮੌਜੂਦ ਸੀ ਤਾਂ ਹਨੇਰੀ ਕਾਰਨ ਇੱਕ ਦਰੱਖਤ ਅਚਾਨਕ ਬਿਜਲੀ ਦੇ ਖੰਭੇ ਉੱਤੇ ਆ ਡਿੱਗਿਆ ਤੇ ਉਕਤ ਖੰਭਾ ਸਤਪਾਲ ਉੱਪਰ ਡਿੱਗ ਗਿਆ, ਜਿਸ ਨੂੰ ਮੌਕੇ 'ਤੇ ਇਕੱਠੇ ਹੋਏ ਲੋਕਾਂ ਵੱਲੋਂ ਖੰਭੇ ਹੇਠੋਂ ਕੱਢ ਕੇ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਪਹੁੰਚਾਇਆ ਗਿਆ, ਜਿੱਥੇ ਉਸ ਦੀ ਹਾਲਤ ਗੰਭੀਰ ਦੇਖਦੇ ਹੋਏ ਡਾਕਟਰਾਂ ਨੇ ਸਤਪਾਲ ਕੁਮਾਰ ਨੂੰ ਪੀ.ਜੀ.ਆਈ. ਚੰਡੀਗੜ੍ਹ ਰੈਫਰ ਕਰ ਦਿੱਤਾ, ਪਰ ਜਦੋਂ ਉਸ ਨੂੰ ਚੰਡੀਗੜ੍ਹ ਲਿਜਾਇਆ ਜਾ ਰਿਹਾ ਸੀ ਤਾਂ ਰਸਤੇ ਵਿੱਚ ਹੀ ਉਸ ਦੀ ਮੌਤ ਹੋ ਗਈ।ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੇ ਦੋਸ਼ ਲਗਾਇਆ ਕਿ ਜੇਕਰ ਐਂਬੂਲੈਂਸ ਜਲਦੀ ਆ ਜਾਂਦੀ ਤਾਂ ਸਤਪਾਲ ਕੁਮਾਰ ਦੀ ਜਾਨ ਬਚ ਸਕਦੀ ਸੀ।

### ਨਹਿਰ 'ਚੋਂ ਮਿਲੀ ਲਾਸ਼

**ਸਨਾਮ ਊਧਮ ਸਿੰਘ ਵਾਲਾ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)**-ਨੀਲੋਵਾਲ ਵਾਲੀ ਨਹਿਰ 'ਚੋਂ ਇੱਕ ਵਿਅਕਤੀ ਦੀ ਲਾਸ਼ ਮਿਲਣ ਨਾਲ ਸਨਸਨੀ ਫੈਲ ਗਈ, ਜਿਸ ਨੂੰ ਲੈ ਕੇ ਪੁਲਸ ਵੱਲੋਂ ਉਸ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਉਸ ਦਾ ਪੋਸਟਮਾਰਟਮ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਛਾਜਲੀ ਤੋਂ ਪੁਲਸ ਅਧਿਕਾਰੀ ਬਲਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਫੋਨ 'ਤੇ ਜਾਣਕਾਰੀ ਮਿਲੀ ਕਿ ਨੀਲੋਵਾਲ ਵਾਲੀ ਨਹਿਰ 'ਚ ਇੱਕ ਵਿਅਕਤੀ ਦੀ ਲਾਸ਼ ਤੈਰ ਰਹੀ ਹੈ, ਜਿਸ ਨੂੰ ਮੌਕੇ 'ਤੇ ਜਾ ਕੇ ਉਨ੍ਹਾਂ ਨੇ ਕਬਜ਼ੇ ਵਿੱਚ ਲਿੱਤਾ ਅਤੇ ਇਹ ਕੁਲਦੀਪ ਸਿੰਘ ਪਿੰਡ ਘਨੌੜ ਜੱਟਾਂ ਉਮਰ 34 ਸਾਲ ਦੀ ਲਾਸ਼ ਸੀ। ਰਿਸ਼ਤੇਦਾਰ ਦੇ ਬਿਆਨਾਂ ਦੇ ਅਧਾਰ 'ਤੇ 174 ਦੀ ਕਾਰਵਾਈ ਕਰ ਲਾਸ਼ ਦਾ ਪੋਸਟਮਾਰਟਮ ਕਰਵਾ ਉਨ੍ਹਾਂ ਨੂੰ ਸੌਂਪ ਦਿੱਤਾ।

### ਅਧਿਕਾਰੀਆਂ ਨੂੰ ਹਰ ਰੋਜ਼ ਸਵੇਰੇ 10 ਤੋਂ 12 ਵਜੇ ਤੱਕ ਦਫਤਰਾਂ 'ਚ ਬੈਠਣ ਦੇ ਆਦੇਸ਼

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਆਮ ਜਨਤਾ ਦੀਆਂ ਮੁਸ਼ਕਲਾਂ ਦੇ ਤੁਰੰਤ ਹੱਲ ਲਈ ਜ਼ਿਲ੍ਹਾ ਫਾਜ਼ਿਲਕਾ ਤੇ ਤਹਿਸੀਲ/ਬਲਾਕ ਪੱਧਰ 'ਤੇ ਤਾਇਨਾਤ ਸਾਰੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਹਰ ਰੋਜ਼ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ 12 ਵਜੇ ਤੱਕ ਆਪਣੇ ਦਫਤਰਾਂ ਵਿੱਚ ਬੈਠ ਕੇ ਆਮ ਜਨਤਾ ਦੀਆਂ ਮੁਸ਼ਕਲਾਂ ਸੁਨਣ ਦੀ ਹਦਾਇਤ ਕੀਤੀ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਆਮ ਜਨਤਾ ਦੀਆਂ ਮੁਸ਼ਕਲਾਂ ਦੇ ਫੌਰੀ ਹੱਲ ਲਈ ਦਫਤਰਾਂ ਵਿਖੇ ਸਹਾਇਤਾ ਕੇਂਦਰ ਸਥਾਪਤ ਕਰਨ ਦੇ ਆਦੇਸ਼ਾਂ ਦੀ ਪਾਲਣਾ ਕਰਦਿਆਂ ਇਹ ਹਦਾਇਤ ਕੀਤੀ ਗਈ ਹੈ।ਉਨ੍ਹਾ ਕਿਹਾ ਕਿ ਕੋਈ ਵੀ ਅਧਿਕਾਰੀ ਜਾਂ ਕਰਮਚਾਰੀ ਇਸ ਸਮੇਂ ਦੌਰਾਨ ਫੀਲਡ ਦੌਰੇ 'ਤੇ ਨਹੀਂ ਜਾਵੇਗਾ ਤਾਂ ਜੋ ਆਮ ਜਨਤਾ ਦੀਆਂ ਮੁਸ਼ਕਲਾਂ ਦਾ ਮੌਕੇ 'ਤੇ ਹੱਲ ਹੋ ਸਕੇ।ਇਹ ਹੁਕਮ ਜ਼ਿਲ੍ਹਾ ਫਾਜ਼ਿਲਕਾ ਵਿੱਚ ਤੁਰੰਤ ਲਾਗੂ ਕੀਤੇ ਜਾਂਦੇ ਹਨ।

# ਸੋਲਰ ਕੰਪਨੀ ਤੇ ਡੀਲਰ 'ਤੇ ਧੋਖਾਧੜੀ ਦੇ ਦੋਸ਼

**ਸੋਲਰ ਸਿਸਟਮ 'ਤੇ ਲੱਖਾਂ ਰੁਪਏ ਲਗਾਉਣ ਦੇ ਬਾਵਜੂਦ ਆ ਰਿਹੈ ਹਜ਼ਾਰਾਂ ਰੁਪਏ ਦਾ ਬਿਜਲੀ ਬਿੱਲ**



**ਨਾਭਾ (ਵਰਿੰਦਰ ਵਰਮਾ)**-ਸਥਾਨਕ ਸ਼ਹਿਰ ਨਾਭਾ ਦੇ ਵਸਨੀਕ ਸਾਧੂ ਸਿੰਘ ਪੁੱਤਰ ਸ੍ਰ: ਬਚਨ ਸਿੰਘ ਵਾਸੀ 387 ਗਲੀ ਨੰਬਰ 3 ਦਸਮੇਸ਼ ਕਲੋਨੀ ਨੇ ਪੱਤਰਕਾਰਾਂ ਨੂੰ ਆਪਣੇ ਨਾਲ ਹੋਈ ਧੋਖਾਧੜੀ ਬਾਰੇ ਦੱਸਦਿਆਂ ਕਿਹਾ ਕਿ ਮੈਂ ਤਿੰਨ ਕੁ ਸਾਲ ਪਹਿਲਾਂ ਮੈ/ਸ ਟਰਾਈਸਿਟੀ ਸੋਲਰ ਸਲੂਸ਼ਨਜ਼ ਨਾਭਾ ਰਾਹੀਂ ਹਿੱਸੇਦਾਰ ਰਾਹੁਲ ਗਰਗ ਵਾਸੀ ਨਾਭਾ ਪਾਸੋਂ ਤਕਰੀਬਨ ਤਿੰਨ ਲੱਖ ਰੁਪਏ ਦੀ ਲਾਗਤ ਨਾਲ ਪੂਰੀ ਰਕਮ ਨਗਦ ਅਦਾ ਕਰਕੇ ਆਪਣੇ ਘਰ ਵਿਖੇ ਇੱਕ ਸੋਲਰ ਪਾਵਰ ਪਲਾਂਟ ਲਗਵਾਇਆ ਸੀ।ਇਸ ਸਬੰਧੀ ਕੰਪਨੀ ਵੱਲੋਂ ਮੈਨੂੰ ਇੱਕ ਗਰੰਟੀ ਤੇ ਵਾਰੰਟੀ ਕਾਰਡ ਵੀ ਜਾਰੀ ਕੀਤਾ ਗਿਆ ਸੀ, ਜਿਸ ਵਿੱਚ ਸੋਲਰ ਪਾਵਰ ਪਲਾਂਟ ਦੀ 25 ਸਾਲ ਦੀ ਗਰੰਟੀ ਦਿੱਤੀ ਗਈ ਸੀ, ਪ੍ਰੰਤੂ ਪਿਛਲੇ ਤਿੰਨ ਚਾਰ ਮਹੀਨਿਆਂ ਤੋਂ ਮੇਰੇ ਘਰ ਲੱਗੇ ਸੋਲਰ ਪਾਵਰ ਪਲਾਂਟ ਨੇ ਅਚਾਨਕ ਕੰਮ ਕਰਨਾ ਬੰਦ ਕਰ ਦਿੱਤਾ ਤੇ ਜਦੋਂ ਤੋਂ ਮੇਰਾ ਪਾਵਰ ਪਲਾਂਟ ਬੰਦ ਹੋ ਚੁੱਕਿਆ ਹੈ, ਤਦ ਤੋਂ ਮੈਨੂੰ ਬਿਜਲੀ ਮਹਿਕਮੇ ਵੱਲੋਂ ਬਿਜਲੀ ਦਾ ਬਿੱਲ ਭੇਜਿਆ ਜਾ ਰਿਹਾ ਹੈ, ਪ੍ਰੰਤੂ ਜਦੋਂ ਤੱਕ ਸੋਲਰ ਪਾਵਰ ਪਲਾਂਟ ਚੱਲਦਾ ਰਿਹਾ, ਮੇਰਾ ਕੋਈ ਬਿਲ ਨਹੀਂ ਆਇਆ ਸੀ ਤੇ ਮੈਨੂੰ ਕੰਪਨੀ ਦੀ ਮਾਰਫਤ ਰਾਹੁਲ ਗਰਗ ਵੱਲੋਂ ਇਹ ਵੀ ਭਰੋਸਾ ਦਿਵਾਇਆ ਗਿਆ ਸੀ ਕਿ ਜਦੋਂ ਤੋਂ ਵੀ ਪਲਾਂਟ ਦੀ ਬ੍ਰੇਕ ਡਾਊਨ ਆਈ ਹੈ, ਉਦੋਂ ਤੋਂ ਬਿਜਲੀ ਦਾ ਬਿੱਲ ਅਸੀਂ ਭਰਾਂਗੇ ਤੇ ਪਲਾਂਟ ਮੁਰੰਮਤ ਵੀ ਕਰਵਾ ਕੇ ਦੇਵਾਂਗੇ, ਪ੍ਰੰਤੂ ਪਿਛਲੇ ਤਿੰਨ ਚਾਰ ਮਹੀਨਿਆਂ ਤੋਂ ਮੈਂ ਇਨ੍ਹਾਂ ਕੋਲ ਚੱਕਰ ਲਗਾ ਲਗਾ ਕੇ ਥੱਕ ਚੁੱਕਾ ਹਾਂ ਸਿਵਾਏ ਲਾਰਿਆਂ ਦੇ ਮੇਰੇ ਪੱਲੇ ਕੁਝ ਵੀ ਨਹੀਂ ਪਿਆ।ਉਨ੍ਹਾਂ ਕਿਹਾ ਕਿ ਮੈਂ ਇੱਕ ਬਜ਼ੁਰਗ ਉਮਰ ਦਾ ਸੀਨੀਅਰ ਸਿਟੀਜਨ ਹਾਂ, ਅੱਤ ਦੀ ਗਰਮੀ ਪੈਣ ਦੇ ਬਾਵਜੂਦ ਮੈਨੂੰ ਤੇ ਮੇਰੇ ਪਰਿਵਾਰ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਮੈਂ ਮੰਗ ਕਰਦਾ ਹਾਂ ਕਿ ਇਨ੍ਹਾਂ ਖਿਲਾਫ ਸਖਤ ਤੋਂ ਸਖਤ ਬਣਦੀ ਕਾਰਵਾਈ ਕਰਕੇ ਮੇਰੇ ਹੋਏ ਨੁਕਸਾਨ ਦੀ ਭਰਪਾਈ ਕਰਵਾਈ ਜਾਵੇ।ਜਦੋਂ ਪੱਤਰਕਾਰਾਂ ਵੱਲੋਂ ਇਸ ਸਬੰਧੀ ਉਪਰੋਕਤ ਕੰਪਨੀ ਮੈਸ ਟਰਾਈਸਿਟੀ ਸੋਲਰ ਸਲੂਸ਼ਨਜ਼ ਦੇ ਹਿੱਸੇਦਾਰ ਰਾਹੁਲ ਗਰਗ ਨਾਲ ਮੋਬਾਈਲ ਨੰਬਰ 80540-40705 'ਤੇ ਗੱਲ ਕਰਨੀ ਚਾਹੀ ਤਾਂ ਵਾਰ ਵਾਰ ਕੋਸ਼ਿਸ਼ ਕਰਨ ਦੇ ਬਾਵਜੂਦ ਸੰਪਰਕ ਨਹੀਂ ਹੋ ਸਕਿਆ।

# ਤਰਸੇਮ ਲਾਲ ਸਰਬ-ਸੰਮਤੀ ਨਾਲ ਬਣੇ ਮੁਲਾਜ਼ਮ ਯੂਨੀਅਨ ਦੇ ਪ੍ਰਧਾਨ



**ਜ਼ੀਰਾ (ਨਰਿੰਦਰ ਅਨੇਜਾ)**-ਨਗਰ ਕੌਂਸਲ ਜ਼ੀਰਾ ਦੇ ਮੁਲਾਜ਼ਮਾਂ ਨੇ ਸਰਬ ਸੰਮਤੀ ਨਾਲ ਸ੍ਰੀ ਤਰਸੇਮ ਲਾਲ ਨੂੰ ਨਗਰ ਕੌਂਸਲ ਜ਼ੀਰਾ ਦੀ ਮੁਲਾਜ਼ਮ ਯੂਨੀਅਨ ਦਾ ਪ੍ਰਧਾਨ ਚੁਣਿਆ। ਇਸ ਮੌਕੇ ਸ੍ਰੀ ਤਰਸੇਮ ਲਾਲ ਪ੍ਰਧਾਨ ਮੁਲਾਜ਼ਮ ਯੂਨੀਅਨ ਨਗਰ ਕੌਂਸਲ ਜ਼ੀਰਾ ਨੇ ਵਿਸ਼ਵਾਸ ਦਿਵਾਇਆ ਕਿ ਉਹ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਮੁੱਖ ਰੱਖ ਕੇ ਕੰਮ ਕਰਨਗੇ ਤੇ ਸਰਕਾਰ ਤੱਕ ਮੁਲਾਜ਼ਮਾਂ ਦੀਆਂ ਮੰਗਾਂ ਦੀ ਆਵਾਜ਼ ਉਠਾਉਣਗੇ, ਜਿਸ ਦੇ ਲਈ ਜੇਕਰ ਉਨ੍ਹਾਂ ਨੂੰ ਤਿੱਖਾ ਸੰਘਰਸ਼ ਵੀ ਕਰਨਾ ਪਿਆ ਤਾਂ ਉਹ ਕਰਨਗੇ। ਸਾਰੇ ਮੁਲਾਜ਼ਮਾਂ ਨੇ ਤਰਸੇਮ ਲਾਲ ਨੂੰ ਪ੍ਰਧਾਨ ਬਣਨ 'ਤੇ ਹਾਰ ਪਾ ਕੇ ਵਧਾਈਆਂ ਦਿੱਤੀਆਂ। ਇਸ ਮੌਕੇ ਸ੍ਰੀ ਮੁਖਤਿਆਰ ਸਿੰਘ ਕਲਰਕ, ਦਿਲਬਾਗ ਸਿੰਘ ਅਕਾਊਂਟੈਂਟ, ਬਲਵਿੰਦਰ ਕੌਰ, ਚਰਨਜੀਤ ਸਿੰਘ ਕਲਰਕ, ਸੁਸ਼ੀਲ ਕੁਮਾਰ ਕਲਰਕ, ਮਾਇਆ ਦੇਵੀ ਕਲਰਕ, ਰਮਨ ਕੁਮਾਰ ਚੀਫ ਸੈਂਟਰੀ ਇੰਸਪੈਕਟਰ, ਸੰਦੀਪ ਕੁਮਾਰ, ਵਿਨੋਦ ਕੁਮਾਰ, ਕਮਲਦੀਪ, ਰਸ਼ਪਾਲ ਸਿੰਘ, ਕੋਮਲ ਦੇਵੀ, ਪਰਮਜੀਤ ਕੌਰ, ਪ੍ਰੇਮ ਕੁਮਾਰ, ਵਿਸ਼ਾਲ ਬਾਂਸਲ ਕਲਰਕ, ਆਕਾਸ਼ ਕੁਮਾਰ ਤੇ ਹਰਪਾਲ ਸਿੰਘ ਹਾਜ਼ਰ ਸਨ।

# ਜੇਲ੍ਹਾਂ ਦੀਆਂ ਸਲਾਖਾਂ 'ਚੋਂ ਵੀ ਉੱਠਦੀ ਰਹੇਗੀ ਅਸਹਿਮਤੀ ਦੀ ਆਵਾਜ਼ : ਬਲਵੀਰ ਕੌਰ ਗਾਂਧੀ

**ਅਰੁੰਧਤੀ ਰਾਏ ਤੇ ਪ੍ਰੋ: ਸ਼ੌਕਤ ਹੁਸੈਨ ਦੇ ਹੱਕ 'ਚ ਨਿੱਤਰੀ ਜਨਵਾਦੀ ਮਹਿਲਾ ਸਮਿਤੀ**

**ਸਿਰਸਾ (ਸੁਰਿੰਦਰ ਪਾਲ ਸਿੰਘ)**-ਕੁੱਲ ਹਿੰਦ ਜਨਵਾਦੀ ਮਹਿਲਾ ਸਮਿਤੀ ਸਿਰਸਾ ਦੀ ਜ਼ਿਲ੍ਹਾ ਪ੍ਰਧਾਨ ਰੇਖਾ, ਸਕੱਤਰ ਐਡਵੋਕੇਟ ਬਲਬੀਰ ਕੌਰ ਗਾਂਧੀ ਤੇ ਖ਼ਜ਼ਾਨਚੀ ਨੀਲਮ ਵੱਲੋਂ ਜਾਰੀ ਪ੍ਰੈੱਸ ਬਿਆਨ ਵਿੱਚ ਕਿਹਾ ਗਿਆ ਕਿ ਉਹ ਸੰਸਾਰ ਪ੍ਰਸਿੱਧ ਲੇਖਕ ਤੇ ਜਨ ਕਾਰਕੁਨ ਅਰੁੰਧਤੀ ਰਾਏ ਅਤੇ ਪ੍ਰੋਫੈਸਰ ਸ਼ੌਕਤ ਹੁਸੈਨ ਖਿਲਾਫ ਯੂਏਪੀਏ ਦੇ ਤਹਿਤ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਦੀ ਸਖਤ ਨਿੰਦਾ ਕਰਦੇ ਹਨ। ਉਨ੍ਹਾਂ ਕਿਹਾ ਕਿ ਲਿਖਣ, ਪੜ੍ਹਨ ਤੇ ਬੋਲਣ ਦੀ ਸੰਵਿਧਾਨਕ ਅਜ਼ਾਦੀ ਨੂੰ ਮੁੱਖ ਰੱਖ ਕੇ ਇਹ ਫੈਸਲਾ ਤੁਰੰਤ ਵਾਪਸ ਲਿਆ ਜਾਵੇ।ਜਨਵਾਦੀ ਮਹਿਲਾ ਸਮਿਤੀ ਦੇ ਆਗੂਆਂ ਦਾ ਕਹਿਣਾ ਸੀ ਕਿ ਇਹ ਬਹੁਤ ਹੀ ਚਿੰਤਾਜਨਕ ਸਥਿਤੀ ਹੈ ਕਿ 14 ਸਾਲ ਪੁਰਾਣੇ ਭਾਸ਼ਣ ਤੇ ਅਜਿਹੀ ਕਾਰਵਾਈ ਬਦਲਾਖੋਰੀ ਤੇ ਦਮਨਕਾਰੀ ਕਦਮ ਹੈ, ਜਿਸ ਤੋਂ ਸਪਸ਼ਟ ਹੈ ਕਿ ਅਸਹਿਮਤੀ ਦੀ ਆਵਾਜ਼ ਨੂੰ ਜ਼ੋਰ ਤੇ ਜਬਰ ਨਾਲ ਦਬਾਇਆ ਜਾ ਰਿਹਾ ਹੈ।ਮੈਡਮ ਗਾਂਧੀ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਕਈ ਮਨੁੱਖੀ ਅਧਿਕਾਰਾਂ ਤੇ ਸਿਆਸੀ ਕਾਰਕੁਨਾਂ ਨੂੰ ਯੂਏਪੀਏ ਤਹਿਤ ਜੇਲ੍ਹਾਂ ਵਿੱਚ ਡੱਕਿਆ ਜਾ ਚੁੱਕਾ ਹੈ।ਉਨ੍ਹਾਂ ਕਿਹਾ ਕਿ ਜੇਲ੍ਹਾਂ ਦੀਆਂ ਸਲਖਾਂ ਵਿੱਚੋਂ ਵੀ ਅਸਹਿਮਤੀ ਦੀ ਆਵਾਜ਼ ਹਮੇਸ਼ਾ ਉੱਠਦੀ ਰਹੇਗੀ।



ਉਨ੍ਹਾਂ ਕਿਹਾ ਕਿ ਜਨਵਾਦੀ ਮਹਿਲਾ ਸਮਿਤੀ ਪ੍ਰੋ: ਅਰੁੰਧਤੀ ਰਾਏ ਤੇ ਪ੍ਰੋਫੈਸਰ ਸ਼ੌਕਤ ਹੁਸੈਨ 'ਤੇ ਮੁਕੱਦਮੇ ਚਲਾਉਣ ਦਾ ਸਪੱਸ਼ਟ ਵਿਰੋਧ ਕਰਦੀ ਹੈ ਤੇ ਲੋਕ ਅਧਿਕਾਰਾਂ ਲਈ ਲੜ ਰਹੇ ਸਾਰੇ ਕਾਰਕੁਨਾਂ ਨਾਲ ਇਕਮੁੱਠਤਾ ਪ੍ਰਗਟ ਕਰਦੀ ਹੈ।ਉਨ੍ਹਾਂ ਕਿਹਾ ਕਿ ਅਸੀਂ ਯੂਏਪੀਏ ਵਰਗੇ ਗੈਰ-ਸੰਵਿਧਾਨਕ ਤੇ ਕਠੋਰ ਕਾਨੂੰਨਾਂ ਨੂੰ ਰੱਦ ਕਰਨ ਦੀ ਪੁਰਜ਼ੋਰ ਮੰਗ ਕਰਦੇ ਹਾਂ।

# ਮਾਲ ਵਿਭਾਗ ਦੇ ਕੰਮ 'ਚ ਪਾਰਦਰਸ਼ਤਾ ਲਿਆਉਣ ਲਈ ਡੀ ਸੀ ਵੱਲੋਂ ਮੀਟਿੰਗ

**ਲੋਕਾਂ ਦੀਆਂ ਜਾਇਜ਼ ਸਮੱਸਿਆਵਾਂ ਦਾ ਕੀਤਾ ਜਾਵੇਗਾ ਤੁਰੰਤ ਨਿਪਟਾਰਾ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਹਰਪ੍ਰੀਤ ਸਿੰਘ ਸੂਦਨ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਦੀ ਪ੍ਰਧਾਨਗੀ ਹੇਠ ਦਫਤਰ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਵਿਖੇ ਮਾਲ ਵਿਭਾਗ ਦੇ ਕੰਮ ਵਿੱਚ ਪਾਰਦਸ਼ਤਾ ਲਿਆਉਣ ਤੇ ਲੋਕਾਂ ਦੇ ਸਰਕਾਰੀ ਕੰਮ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਸ੍ਰੀ ਸੰਜੀਵ ਕੁਮਾਰ ਵਧੀਕ ਡਿਪਟੀ ਕਮਿਸ਼ਨਰ ਜਨਰਲ, ਸ੍ਰੀਮਤੀ ਬਲਜੀਤ ਕੌਰ ਐੱਸ.ਡੀ.ਐੱਮ. ਸ੍ਰੀ ਮੁਕਤਸਰ ਸਾਹਿਬ, ਸੰਜੀਵ ਕੁਮਾਰ ਐੱਸ.ਡੀ.ਐੱਮ.ਮਲੋਟ, ਅਜੀਤਪਾਲ ਸਿੰਘ ਐੱਸ.ਡੀ.ਐੱਮ. ਗਿੱਦੜਬਾਹਾ ਤੋਂ ਇਲਾਵਾ ਸਰਕਲ ਕਾਨੂੰਗੋਜ਼, ਪਟਵਾਰ ਯੂਨੀਅਨ ਦੇ ਪ੍ਰਧਾਨ ਤੋਂ ਇਲਾਵਾ ਅਰਜ਼ੀ ਨਵੀਸਾਂ ਦੇ ਪ੍ਰਧਾਨ ਨੇ ਭਾਗ ਲਿਆ।

ਡਿਪਟੀ ਕਮਿਸ਼ਨਰ ਨੇ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ, ਜਿਸ ਸਮੇਂ ਕੋਈ ਵਿਅਕਤੀ ਆਪਣੀ ਜਾਇਦਾਦ ਨਾਲ ਸਬੰਧਤ ਰਜਿਸਟਰੀ ਕਰਵਾਉਣ ਲਈ ਆਉਂਦਾ ਹੈ ਤਾਂ ਉਸ ਦਾ ਬਿਨਾਂ ਕਿਸੇ ਦੇਰੀ ਅਤੇ ਲਾਲਚ ਦੇ ਸਾਰੇ ਦਸਤਾਵੇਜ਼ ਚੈੱਕ ਕਰਨ ਉਪਰੰਤ ਰਜਿਸਟਰੀ ਕੀਤੀ ਜਾਵੇ।ਉਨ੍ਹਾਂ ਮਾਲ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਖਤ ਹਦਾਇਤ ਕੀਤੀ ਕਿ ਜੇਕਰ ਕੋਈ ਵਿਅਕਤੀ ਸਰਕਾਰੀ ਕੰਮ ਕਰਵਾਉਣ ਦੇ ਨਾਮ 'ਤੇ ਰਿਸ਼ਵਤ ਲੈਂਦਾ ਪਾਇਆ ਜਾਂਦਾ ਹੈ ਤਾਂ ਉਸ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਜ਼ਿਲ੍ਹੇ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਸਮਾਜ ਵਿੱਚ ਇੱਜ਼ਤ ਪਾਉਣ ਲਈ ਬਿਨਾਂ ਕਿਸੇ ਲਾਲਚ ਦੇ ਲੋਕਾਂ ਦੇ ਸਰਕਾਰੀ ਜਾਇਜ਼ ਕੰਮਾਂ ਦਾ ਨਿਪਟਾਰਾ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਕਿਸੇ ਵੀ ਪ੍ਰਕਾਰ ਦੀ ਕੋਈ ਸਮੱਸਿਆ ਪੇਸ਼ ਨਾ ਆਉਣ ਦਿੱਤੀ ਜਾਵੇ।

# ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਮੁਰਗੀ ਪਾਲਣ ਵਿਸ਼ੇ 'ਤੇ ਟ੍ਰੇਨਿੰਗ ਪ੍ਰੋਗਰਾਮ ਕਰਾਇਆ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ ਦੀ ਦੇਖ-ਰੇਖ ਅਧੀਨ ਕੰਮ ਕਰ ਰਹੇ ਕ੍ਰਿਸ਼ੀ ਵਿਗਿਆਨ ਕੇਂਦਰ ਫਤਹਿਗੜ੍ਹ ਸਾਹਿਬ ਵਿਖੇ 'ਮੁਰਗੀ ਪਾਲਣ' ਸਬੰਧੀ ਕਿੱਤਾ-ਮੁਖੀ ਸਿਖਲਾਈ ਕੋਰਸ ਲਗਾਇਆ ਗਿਆ, ਜਿਸ ਵਿੱਚ 16 ਕਿਸਾਨਾਂ ਨੇ ਭਾਗ ਲਿਆ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਹਿਯੋਗੀ ਪ੍ਰੋਫੈਸਰ (ਪਸ਼ੂ ਵਿਗਿਆਨ), ਕ੍ਰਿਸ਼ੀ ਵਿਗਿਆਨ ਕੇਂਦਰ ਡਾ. ਜੀ. ਪੀ. ਐੱਸ. ਸੇਠੀ ਨੇ ਦੱਸਿਆ ਕਿ ਇਸ ਟ੍ਰੇਨਿੰਗ ਪ੍ਰੋਗਰਾਮ ਦੌਰਾਨ ਮੁਰਗੀ ਪਾਲਣ ਸਬੰਧੀ ਤਕਨੀਕੀ ਜਾਣਕਾਰੀ ਵਿਸਥਾਰ ਨਾਲ ਸਾਂਝੀ ਕੀਤੀ ਗਈ, ਜਿਸ ਵਿੱਚ ਮੁਰਗੀਆਂ ਦੀਆਂ ਨਸਲਾਂ ਬਾਰੇ, ਅੰਡਿਆਂ ਵਿੱਚੋਂ ਚੂਚੇ ਕੱਢਣ, ਚੂਚਿਆਂ ਦਾ ਪਾਲਣ-ਪੋਸ਼ਣ,



ਮੁਰਗੀਆਂ ਦੀ ਸਾਂਭ ਸੰਭਾਲ, ਨਵੇਂ ਸ਼ੈੱਡਾਂ ਦੀ ਉਸਾਰੀ ਤੇ ਸਾਜ਼ੋ-ਸਾਮਾਨ, ਖੁਰਾਕ ਤਿਆਰ ਕਰਨ, ਮੰਡੀਕਰਨ ਤੇ ਮੁਰਗੀਆਂ ਦੀਆਂ ਬਿਮਾਰੀਆਂ ਅਤੇ ਉਨ੍ਹਾਂ ਦੀ ਰੋਕਥਾਮ ਆਦਿ ਸ਼ਾਮਲ ਸੀ।ਇਸ ਮੌਕੇ ਡਾ. ਮਨੀਸ਼ਾ ਭਾਟਿਆ, ਸਹਿਯੋਗੀ ਪ੍ਰੋਫੈਸਰ (ਗ੍ਰਹਿ ਵਿਗਿਆਨ) ਨੇ ਪੌਸ਼ਟਿਕ ਮਹਤੱਤਾ ਤੇ ਅਪਣੀ ਖੁਰਾਕ ਵਿੱਚ ਅੰਡਾ ਅਤੇ ਮੀਟ ਨੂੰ ਸ਼ਾਮਲ ਕਰਨ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ।ਇਸ ਸਿਖਲਾਈ ਕੋਰਸ ਦੌਰਾਨ ਸਿੱਖਿਆਰਥੀਆਂ ਨੂੰ ਅਗਾਂਵਾਧੂ ਕਿਸਾਨ ਦੇ ਮੁਰਗੀ ਫਾਰਮ 'ਤੇ ਵੀ ਦੌਰਾ ਕਰਵਾਇਆ ਗਿਆ, ਜਿਸ ਵਿੱਚ ਅਗਾਂਵਾਧੂ ਕਿਸਾਨ ਨੇ ਆਪਣਾ ਤਜਰਬਾ ਸਾਰੀਆਂ ਨਾਲ ਸਾਂਝਾ ਕੀਤਾ।

ਸਿਖਲਾਈ ਦੇ ਅੰਤ ਵਿੱਚ ਸਿੱਖਿਆਰਥੀਆਂ ਨਾਲ ਰੂਬਰੂ ਹੁੰਦਿਆਂ ਡਾ. ਵਿਪਨ ਕੁਮਾਰ ਰਾਮਪਾਲ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਨੇ ਸਾਰੇ ਸਿੱਖਿਆਰਥੀਆਂ ਨੂੰ ਕੋਰਸ ਦੇ ਸਫਲਤਾਪੂਰਵਕ ਮੁਕੰਮਲ ਹੋਣ ਲਈ ਵਧਾਈ ਦਿੱਤੀ ਤੇ ਇਸ ਸਿਖਲਾਈ ਨੂੰ ਵਧੀਆ ਸਫਲ ਬਣਾਉਣ ਲਈ ਆਪਣਾ ਕੀਮਤੀ ਸਮਾਂ ਬਤੀਤ ਕਰਨ ਲਈ ਸਮੂਹ ਸਿੱਖਿਆਰਥੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਨੇ ਸਿੱਖਿਆਰਥੀਆਂ ਨੂੰ ਆਪਣਾ ਕੰਮ ਸ਼ੁਰੂ ਕਰਨ ਲਈ ਪ੍ਰੇਰਿਆ ਤੇ ਸਹਾਇਕ ਧੰਦੇ ਅਪਣਾ ਕੇ ਵਧੇਰਾ ਮੁਨਾਫਾ ਪ੍ਰਾਪਤ ਕਰਨ ਲਈ ਕਿਹਾ।

# ਪੁਲਸ ਮੁਕਾਬਲੇ 'ਚ 2 ਗੈਂਗਸਟਰ ਜ਼ਖਮੀਂ, ਇੱਕ ਫਰਾਰ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਫਰੀਦਕੋਟ ਪੁਲਸ ਵੱਲੋਂ ਇੱਕ ਪੁਲਸ ਮੁਕਾਬਲੇ 'ਚ ਦੋ ਗੈਂਗਸਟਰਾਂ ਨੂੰ ਕਾਬੂ ਕੀਤਾ, ਜਿਨ੍ਹਾਂ 'ਤੇ ਆਰੋਪ ਸੀ ਕਿ ਉਨ੍ਹਾਂ ਵੱਲੋਂ ਫਿਰੌਤੀਆਂ ਮੰਗੀਆਂ ਜਾ ਰਹੀਆਂ ਅਤੇ ਕਈ ਥਾਵਾਂ 'ਤੇ ਇਨ੍ਹਾਂ ਵੱਲੋਂ ਫਾਇਰਿੰਗ ਵੀ ਕੀਤੀ ਗਈ ਸੀ।ਜਾਣਕਾਰੀ ਦਿੰਦੇ ਹੋਏ ਡੀ ਐੱਸ ਪੀ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਕੋਟਕਪੂਰਾ ਨਜ਼ਦੀਕ ਇੱਕ ਪਿੰਡ 'ਚ ਕੁੱਝ ਸ਼ੱਕੀ ਵਿਅਕਤੀ ਘੁੰਮ ਰਹੇ ਹਨ, ਜਿਨ੍ਹਾਂ ਕੋਲ ਹਥਿਆਰ ਵੀ ਹਨ, ਜਿਸ ਤੋਂ ਬਾਅਦ ਸੀਆਈਏ ਦੀ ਟੀਮ ਨਾਲ ਉਕਤ ਜਗ੍ਹਾ 'ਤੇ ਰੇਡ ਕੀਤੀ ਗਿਆ, ਜਿੱਥੇ ਕੁੱਝ ਲੁਕੇ ਹੋਏ ਵਿਅਕਤੀਆਂ ਵੱਲੋਂ ਪੁਲਸ 'ਤੇ ਫਾਇਰ ਕਰ ਦਿੱਤੇ, ਜਿਸ ਤੋਂ ਬਾਅਦ ਪੁਲਸ ਵੱਲੋਂ ਵੀ ਜਵਾਬੀ ਫਾਇਰ ਕੀਤੇ ਗਏ, ਜਿਸ ਦੌਰਾਨ ਦੋ ਗੈਂਗਸਟਰਾਂ ਦੇ ਪੈਰਾਂ 'ਚ ਗੋਲ਼ੀਆਂ ਲੱਗਣ ਨਾਲ ਜ਼ਖ਼ਮੀ ਹੋ ਗਏ, ਜਦਕਿ ਉਨ੍ਹਾਂ ਦਾ ਇੱਕ ਸਾਥੀ ਫਰਾਰ ਹੋਣ 'ਚ ਕਾਮਯਾਬ ਹੋ ਗਿਆ।ਉਨ੍ਹਾਂ ਦੱਸਿਆ ਕਿ ਜਿਹੜੇ ਦੋ ਜ਼ਖਮੀ, ਜਿਨ੍ਹਾਂ ਨੂੰ ਪੁਲਸ ਨੇ ਕਾਬੂ ਕੀਤਾ, ਉਨ੍ਹਾਂ ਦੀ ਪਹਿਚਾਣ ਪਰਮਿੰਦਰ ਸਿੰਘ ਤੇ ਹੈਪੀ ਵਜੋਂ ਹੋਈ ਹੈ, ਜਿਨ੍ਹਾਂ ਤੋਂ ਅਸਲਾ ਵੀ ਬਰਾਮਦ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਵੱਲੋਂ ਫਰੀਦਕੋਟ ਦੇ ਕਈ ਲੋਕਾਂ ਤੋਂ ਫਿਰੌਤੀਆਂ ਮੰਗੀਆਂ ਗਈਆਂ ਸਨ ਅਤੇ ਪਿਛਲੇ ਦਿਨੀਂ ਕੋਟਕਪੂਰਾ 'ਚ ਇਨ੍ਹਾਂ ਵੱਲੋਂ ਸ਼ਰੇਆਮ ਫਾਇਰਿੰਗ ਕੀਤੀ ਗਈ ਸੀ ਤੇ ਹੋਰ ਵੀ ਕਈ ਮਾਮਲੇ ਇਨ੍ਹਾਂ ਖਿਲਾਫ ਦਰਜ ਹਨ।ਫਿਲਹਾਲ ਇਨ੍ਹਾਂ ਨੂੰ ਇਲਾਜ ਲਈ ਫਰੀਦਕੋਟ ਦੇ ਮੈਡੀਕਲ ਹਸਪਤਾਲ ਲਿਆਂਦਾ ਗਿਆ ਹੈ।

# ਵਿਆਹ ਦੀ ਵਰ੍ਹੇਗੰਢ ਮੌਕੇ ਬੂਟੇ ਲਾਏ



**ਸੰਗਰੂਰ (ਪ੍ਰਵੀਨ ਸਿੰਘ)**-ਅਫ਼ਸਰ ਕਲੋਨੀ ਪਾਰਕ ਵੈੱਲਫੇਅਰ ਸੁਸਾਇਟੀ ਦੇ ਸਰਪ੍ਰਸਤ ਸਰਪੰਚ ਸੁਰਿੰਦਰ ਸਿੰਘ ਭਿੰਡਰ ਨੇ ਆਪਣੇ ਮਾਪਿਆਂ ਡਾਕਟਰ ਜੀਤ ਸਿੰਘ ਭਿੰਡਰ ਤੇ ਮਨਜੀਤ ਕੌਰ ਭਿੰਡਰ ਦੀ ਵਿਆਹ ਦੀ 50ਵੀਂ ਵਰ੍ਹੇਗੰਢ ਮੌਕੇ ਅਫ਼ਸਰ ਕਲੋਨੀ ਦੇ ਪਾਰਕ ਵਿੱਚ ਬੂਟੇ ਲਾਏ।ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਬੂਟੇ ਲਗਾਉਣਾ ਵਕਤ ਦੀ ਪ੍ਰਮੁੱਖ ਲੋੜ ਹੈ।ਇਸ ਨਾਲ ਵਾਤਾਵਰਣ ਸ਼ੁੱਧ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਛਾਂ ਸਮੇਤ ਬੂਟਿਆਂ ਦੇ ਅਣਗਿਣਤ ਲਾਭ ਹਨ।ਵਾਤਾਵਰਣ ਨੂੰ ਸ਼ੁਧ ਰੱਖਦੇ ਹਨ, ਮੀਂਹ ਪਵਾਉਣ ਵਿੱਚ ਬੂਟਿਆਂ ਦਾ ਵਿਸ਼ੇਸ਼ ਯੋਗਦਾਨ ਹੈ।ਇਹ ਅਲਟਰਾ ਵਾਇਲੇਟ ਕਿਰਨਾਂ ਦੇ ਪ੍ਰਭਾਵ ਨੂੰ ਘਟਾਉਂਦੇ ਹਨ।ਇਸ ਮੌਕੇ ਹਾਜ਼ਰ ਮਾਸਟਰ ਪਰਮਵੇਦ ਤੇ ਕ੍ਰਿਸ਼ਨ ਸਿੰਘ ਕਿਹਾ ਕਿ ਜਿੱਥੇ ਸਾਨੂੰ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ, ਉਥੇ ਉਨ੍ਹਾਂ ਦੀ ਸੰਭਾਲ ਵੀ ਅਤੀ ਜ਼ਰੂਰੀ ਹੈ।ਉਨ੍ਹਾਂ ਲੋਕਾਂ ਨੂੰ ਵੱਧ ਤੋਂ ਵੱਧ ਬੂਟੇ ਲਗਾਉਣ, ਖ਼ਾਸ ਕਰਕੇ ਆਪਣੇ ਤੇ ਆਪਣੇ ਬੱਚਿਆਂ ਦੇ ਜਨਮ ਦਿਨ ਨੂੰ ਬੂਟੇ ਲਾ ਕੇ ਮਨਾਉਣ ਲਈ ਪ੍ਰੇਰਿਤ ਕੀਤਾ।

# ਵਾਪਸ ਲਈਆਂ ਗਰਾਂਟਾਂ ਸਿੱਖਿਆ ਵਿਭਾਗ ਤੁਰੰਤ ਜਾਰੀ ਕਰੇ : ਜਗਨੰਦਨ, ਸਰਾਰੀ



**ਜਲਾਲਾਬਾਦ (ਜੀਤ ਕੁਮਾਰ, ਜੰਗੀਰ ਕੌਰ)**-ਸਿੱਖਿਆ ਵਿਭਾਗ ਦੇ ਹੈੱਡ ਟੀਚਰ/ਸੈਂਟਰ ਹੈੱਡ ਟੀਚਰ ਵਿੰਗ ਪੰਜਾਬ ਦੇ ਆਗੂ ਜਗਨੰਦਨ ਸਿੰਘ ਤੇ ਅਸ਼ੋਕ ਸਰਾਰੀ ਸੀਨੀਅਰ ਮੀਤ ਪ੍ਰਧਾਨ ਪੰਜਾਬ ਨੇ ਕਿਹਾ ਕਿ ਸਿੱਖਿਆ ਵਿਭਾਗ ਤੇ ਪੰਜਾਬ ਸਰਕਾਰ ਵੱਲੋਂ ਸਾਲ 2023-24 ਦੇ ਵਿੱਦਿਅਕ ਸੁਧਾਰ ਲਈ ਹਰ ਸਾਲ ਦੀ ਤਰ੍ਹਾਂ ਜਾਰੀ ਕੀਤੀਆਂ ਜਾਂਦੀਆਂ ਗ੍ਰਾਂਟਾਂ ਨੂੰ ਬਿਨਾਂ ਕਿਸੇ ਠੋਸ ਕਾਰਨ ਵਾਪਸ ਲੈ ਲਿਆ ਹੈ, ਜਦਕਿ ਜ਼ਿਆਦਾਤਰ ਅਧਿਆਪਕ ਵਰਗ ਦੁਆਰਾ ਹਰ ਸਾਲ ਦੀ ਤਰ੍ਹਾਂ ਸਿੱਖਿਆ ਸੁਧਾਰ ਲਈ ਲੋੜੀਂਦੇ ਸਾਮਾਨ ਖਰੀਦ ਕੇ ਗਰਾਂਟ ਨੂੰ ਖਰਚ ਕਰ ਲਿਆ ਗਿਆ ਸੀ। ਵਿਭਾਗ ਵੱਲੋਂ ਵੀ ਵਾਰ ਵਾਰ ਇਹੋ ਹੀ ਕਿਹਾ ਜਾਂਦਾ ਰਿਹਾ ਕਿ ਤਕਨੀਕੀ ਕਰਨਾਂ ਕਰਕੇ ਗਰਾਂਟ ਨੂੰ ਰੋਕਿਆ ਗਿਆ ਹੈ ਤੇ ਜਲਦੀ ਆਨ ਲਾਈਨ ਜਾਰੀ ਕੀਤੇ ਪੀ ਪੀ ਏ/ਪੈਮੇਂਟ ਕਲੀਅਰ ਹੋ ਜਾਏਗੀ, ਜਿਸ ਕਰਕੇ ਬਹੁਤ ਸਾਰੇ ਸਕੂਲ ਮੁਖੀਆਂ ਨੇ ਤਾਂ ਜਿਸ ਫਾਰਮ ਤੋਂ ਸਾਮਾਨ ਲਿਆ, ਆਨਲਾਈਨ ਪੀਪੀਏ ਵੀ ਜਾਰੀ ਕਰ ਦਿੱਤੇ ਗਏ ਹਨ, ਪਰ ਵਿਭਾਗ ਵੱਲੋਂ ਉਨ੍ਹਾ ਨੂੰ ਕਲੀਅਰ ਨਹੀਂ ਕੀਤਾ ਗਿਆ ਅਤੇ ਅਚਾਨਕ ਹੀ ਮਾਰਚ 2024 ਨੂੰ ਖਾਤਿਆਂ ਵਿੱਚੋਂ ਰਾਸ਼ੀ ਵਾਪਸ ਕਰ ਲਈ ਗਈ, ਜਿਸ ਕਰਕੇ ਸਕੂਲ ਮੁਖੀ ਵੱਖ ਵੱਖ ਫਰਮਾਂ ਦੇ ਲੱਖਾਂ ਰੁਪਏ ਦੇ ਕਰਜ਼ਾਈ ਹੋਏ ਪਏ ਹਨ। ਵਿਭਾਗ ਤੇ ਸਰਕਾਰ ਦੀ ਅਣਗਹਿਲੀ ਦਾ ਖਮਿਆਜ਼ਾ ਸਕੂਲ ਮੁਖੀ ਭੁਗਤ ਰਹੇ ਹਨ।

ਉਨ੍ਹਾਂ ਸਿੱਖਿਆ ਵਿਭਾਗ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਕੂਲਾਂ ਦੇ ਖਾਤਿਆਂ ਵਿੱਚ ਵਾਪਸ ਕੀਤੀ ਰਾਸ਼ੀ ਤੁਰੰਤ ਜਾਰੀ ਕੀਤੀ ਜਾਵੇ ਤਾਂ ਕਿ ਸਕੂਲ ਮੁਖੀਆਂ ਨੂੰ ਮਾਨਸਿਕ ਪ੍ਰਸ਼ਾਨੀ ਤੋਂ ਬਚਾਉਣ ਦੇ ਨਾਲ ਨਾਲ ਸਰਕਾਰੀ ਸਕੂਲਾਂ ਨੂੰ ਸਮੇਂ ਦਾ ਹਾਣੀ ਬਣਾਇਆ ਜਾ ਸਕੇ। ਇਸ ਤੋਂ ਇਲਾਵਾ ਸਕੂਲਾਂ ਦੇ ਕਮਰਿਆਂ ਤੇ ਚਾਰਦੀਵਾਰੀਆਂ ਲਈ ਜਾਰੀ ਕੀਤੀਆਂ ਗ੍ਰਾਂਟਾਂ ਦੀਆਂ ਬਾਕੀ ਰਹਿੰਦੀਆਂ ਕਿਸ਼ਤਾਂ ਵੀ ਜਾਰੀ ਕੀਤੀਆਂ ਜਾਣ।

# ਸ਼ੇਰਗੜ੍ਹ ਬੇਟ ਵਿਖੇ ਬਾਬਾ ਸੰਤੋਖ ਸਿੰਘ ਦੀ ਯਾਦ 'ਚ ਮੇਲਾ ਤੇ ਭੰਡਾਰਾ ਕਰਾਇਆ

**ਕੰਵਰ ਗਰੇਵਾਲ, ਆਤਮਾ ਬੁੱਢੇਵਾਲੀਆ ਤੇ ਪੰਮਾ ਡੂਮੇਵਾਲ ਨੇ ਰੰਗ ਬੰਨ੍ਹਿਆ**



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬੇਟ ਇਲਾਕੇ ਦੇ ਪਿੰਡ ਸ਼ੇਰਗੜ੍ਹ ਵਿਖੇ ਦਰਗਾਹ ਪੀਰ ਬਾਬਾ ਫਲਾਹੀ ਵਾਲਾ ਵਿਖੇ ਬਾਬਾ ਸੰਤੋਖ ਸਿੰਘ ਦੀ 10ਵੀਂ ਬਰਸੀ 'ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਤਿੰਨ ਦਿਨਾ ਮੇਲਾ ਤੇ ਭੰਡਾਰਾ ਕਰਵਾਇਆ ਗਿਆ। ਮੁੱਖ ਸੇਵਾਦਾਰ ਬਾਬਾ ਦੀਪਾ ਦੀ ਅਗਵਾਈ ਵਿੱਚ ਤਿੰਨ ਦਿਨਾ ਮੇਲੇ ਵਿੱਚ ਹਜ਼ਾਰਾਂ ਦੀ ਤਾਦਾਦ ਵਿੱਚ ਸੰਗਤਾਂ ਨੇ ਪੁੱਜ ਕੇ ਪੀਰ ਬਾਬਾ ਫਲਾਹੀ ਵਾਲੇ ਦੀ ਮਜ਼ਾਰ 'ਤੇ ਸਿਜਦਾ ਕੀਤਾ ਤੇ ਮੇਲੇ ਦਾ ਆਨੰਦ ਮਾਣਿਆ। ਮੇਲੇ ਦੇ ਪਹਿਲੇ ਦਿਨ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਬਾਬਾ ਸੰਤੋਖ ਸਿੰਘ ਦੀ ਯਾਦ ਵਿੱਚ ਪਾਠ ਦੇ ਭੋਗ ਪਾਏ ਗਏ ਤੇ ਬਾਬਾ ਪਰਮਪ੍ਰੀਤ ਸਿੰਘ ਖਾਲਸਾ ਨੱਥਮੱਲਪੁਰਾ ਨੇ ਸੰਗਤਾਂ ਨੂੰ ਗੁਰਬਾਣੀ ਵਿਚਾਰਾਂ ਨਾਲ ਨਿਹਾਲ ਕੀਤਾ। ਮੇਲੇ ਵਿੱਚ ਬਿੰਦਰ ਕੱਵਾਲ ਹੰਬੋਵਾਲ ਬੇਟ, ਗਾਇਕ ਭਗਤ ਸਿੰਘ ਭਗਤੂ ਤੇ ਗਾਇਕ ਜੱਸਾ ਫ਼ਤਹਿਪੁਰੀਆਂ ਨੇ ਸੂਫ਼ੀਆਨਾ ਕਲਾਮ ਸੁਣਾ ਕੇ ਹਾਜ਼ਰੀ ਲਵਾਈ। ਮੇਲੇ ਦੇ ਦੂਜੇ ਦਿਨ ਗਾਇਕ ਪੰਮਾ ਡੂਮੇਵਾਲ ਨੇ 'ਇੱਥੇ ਠੇਕੇ 'ਤੇ ਸ਼ਰਾਬ ਜਿੰਨੀ ਵਿਕਦੀ ਓਨਾ ਨੀਂ ਫਰੂਟ ਵਿਕਦਾ, ਕੋਈ ਵਿਰਲਾ ਹੀ ਹੋਊ ਗਾਹਕ ਸੱਚ ਹੱਥੋਂ ਹੱਥੀ ਝੂਠ ਵਿਕਦਾ' ਅਤੇ 'ਮਹਿਲਾਂ ਵਾਲੇ ਖਾਣ ਗੋਲੀਆਂ ਨੀਂਦ ਦੀਆਂ, ਕੁੱਲੀਆਂ ਵਾਲੇ ਬਿਨਾਂ ਬਿਸਤਰੇ ਸੌਂਦੇ ਦੇਖੇ ਮੈਂ' ਗਾ ਕੇ ਰੰਗ ਬੰਨ੍ਹਿਆ। ਮੇਲੇ ਦੇ ਅੰਤਿਮ ਦਿਨ ਗਾਇਕ ਆਤਮ ਬੁੱਢੇਵਾਲੀਆ, ਐਸ਼ ਕੌਰ ਤੇ ਜਗਜੀਤ ਕੌਰ ਨੇ 'ਸ਼ਹੀਦ ਭਗਤ ਸਿੰਘ ਦੀ ਵਾਰ', 'ਕਾਹਦੇ ਰਿਸ਼ਤੇ ਜੱਗ 'ਤੇ ਭੈਣਾਂ ਵੀਰਾਂ ਨੂੰ ਤਰਸ ਦੀਆਂ', 'ਭਾਬੀ ਜੱਟ ਦੀ ਰੇਡ 'ਤੇ ਡੇਢ-ਡੇਢ ਲੱਖ ਲੱਗਦਾ' ਗਾਇਆ ਤੇ ਸੂਫ਼ੀ ਗਾਇਕ ਕਨਵਰ ਗਰੇਵਾਲ ਨੇ 'ਈਦ ਮੁਬਾਰਕ ਹੋਵੇ ਸੱਜਣਾ ਹਾਣ ਦਿਆ', 'ਆਜਾ ਵੇਖ ਮਰਦਾਨਿਆਂ ਉਹ ਰੰਗ ਕਰਤਾਰ ਦੇ' ਅਤੇ 'ਨਾ ਜਾਂਈ ਮਸਤਾਂ ਦੇ ਵਿਹੜੇ ਮਸਤ ਬਨਾ ਦੇਣਗੇ ਬੀਬਾ' ਗਾ ਕੇ ਮੇਲੀਆਂ ਨੂੰ ਝੂਮਣ ਲਾ ਦਿੱਤਾ। ਮੇਲੇ ਵਿਚ ਪੁੱਜੇ ਕਲਾਕਾਰਾਂ ਨੂੰ ਮੁੱਖ ਸੇਵਾਦਾਰ ਬਾਬਾ ਦੀਪਾ ਤੇ ਪ੍ਰਬੰਧਕ ਕਮੇਟੀ ਵੱਲੋਂ ਨਗਦ ਰਾਸ਼ੀ ਤੇ ਲੋਈਆਂ ਭੇਟ ਕਰਕੇ ਸਨਮਾਨਤ ਕੀਤਾ ਗਿਆ। ਨੌਜਵਾਨਾਂ ਵੱਲੋਂ ਖੂਨਦਾਨ ਕੈਂਪ ਵਿੱਚ ਵੱਧ ਚੜ੍ਹ ਕੇ ਖੂਨ ਦਾ ਦਾਨ ਕੀਤਾ ਗਿਆ। ਮੇਲੇ ਦੇ ਅਖੀਰ 'ਚ ਬਾਬਾ ਦੀਪਾ ਜੀ ਨੇ ਆਈ ਸੰਗਤ ਦਾ ਧੰਨਵਾਦ ਕੀਤਾ। ਆਈਆਂ ਸੰਗਤਾਂ ਲਈ ਤਿੰਨੋਂ ਦਿਨ ਠੰਢੇ-ਮਿੱਠੇ ਜਲ ਦੀ ਛਬੀਲ ਤੇ ਅਟੁੱਟ ਲੰਗਰ ਵਰਤਾਏ ਗਏ।

# ਨਸ਼ਾ ਤਸਕਰਾਂ ਤੇ ਸ਼ਰਾਰਤੀ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ : ਮੀਨਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਭਾਗੀਰਥ ਸਿੰਘ ਮੀਨਾ ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹਾ ਅੰਦਰ ਸ਼ਰਾਰਤੀ ਅਨਸਰਾਂ ਤੇ ਨਸ਼ਿਆਂ ਦੇ ਸੌਦਾਗਰਾਂ ਖਿਲਾਫ ਮੁਹਿੰਮ ਵਿੱਢੀ ਗਈ ਹੈ, ਜਿਸ ਤਹਿਤ ਪੁਲਸ ਦੀਆਂ ਅਲੱਗ ਅਲੱਗ ਟੁਕੜੀਆਂ ਬਣਾ ਕੇ ਨਾਕਾਬੰਦੀ ਕਰ ਸਰਚ ਅਭਿਆਨ ਚਲਾਏ ਜਾ ਰਹੇ ਹਨ ਅਤੇ ਨਸ਼ੇ ਵੇਚਣ ਵਾਲਿਆਂ ਦੇ ਟਿਕਾਣਿਆਂ 'ਤੇ ਸਰਚ ਕੀਤਾ ਜਾ ਰਿਹਾ ਹੈ।ਇਸੇ ਤਹਿਤ ਹੀ ਭਾਗੀਰਥ ਸਿੰਘ ਮੀਨਾ ਐੱਸ.ਐੱਸ.ਪੀ. ਦੀ ਅਗਵਾਈ ਹੇਠ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੀਆਂ ਚਾਰੇ ਸਬ ਡਵੀਜ਼ਨਾਂ, ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਤੇ ਲੰਬੀ ਦੇ ਪਿੰਡਾਂ ਅਤੇ ਕਸਬਿਆਂ ਅੰਦਰ ਸਰਚ ਅਪ੍ਰੇਸ਼ਨ ਚਲਾਇਆ ਗਿਆ।ਇਸ ਮੌਕੇ ਸ੍ਰੀ ਮਨਮੀਤ ਸਿੰਘ ਢਿੱਲੋਂ ਐੱਸ ਪੀ (ਡੀ), ਸਤਨਾਮ ਸਿੰਘ ਡੀ.ਐੱਸ.ਪੀ. (ਸ੍ਰੀ ਮੁਕਤਸਰ ਸਾਹਿਬ), ਫਤਿਹ ਸਿੰਘ ਬਰਾੜ ਡੀ.ਐੱਸ.ਪੀ. (ਲੰਬੀ), ਜਸਬੀਰ ਸਿੰਘ ਡੀ.ਐੱਸ.ਪੀ (ਗਿੱਦੜਬਾਹਾ), ਪਵਨਜੀਤ ਡੀ.ਐੱਸ.ਪੀ. (ਮਲੋਟ), ਜਸਪਾਲ ਸਿੰਘ ਡੀ.ਐੱਸ.ਪੀ. (ਡੀ), ਸਮੂਹ ਮੁੱਖ ਅਫਸਰਾਨ ਥਾਣਾ ਤੇ 300 ਦੇ ਕ੍ਰੀਬ ਪੁਲਸ ਅਧਿਕਾਰੀ/ਕ੍ਰਮਚਾਰੀ ਮੌਜੂਦ ਸਨ। ਇਸ ਮੌਕੇ ਮਨਮੀਤ ਸਿੰਘ ਢਿੱਲੋਂ ਐੱਸ ਪੀ (ਡੀ) ਸ੍ਰੀ ਮੁਕਤਸਰ ਸਾਹਿਬ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਅੱਜ ਕਾਸੋ ਅਪ੍ਰੇਸ਼ਨ ਤਹਿਤ ਜ਼ਿਲ੍ਹੇ ਅੰਦਰ ਨਸ਼ੇ ਵੇਚਣ ਵਾਲੇ ਸ਼ੱਕੀ ਥਾਵਾਂ ਅਤੇ ਜਿਨ੍ਹਾਂ 'ਤੇ ਪਹਿਲਾਂ ਐੱਨ.ਡੀ.ਪੀ. ਐਕਟ ਦੇ ਮਾਮਲੇ ਦਰਜ ਹਨ, ਉਨ੍ਹਾਂ ਦੇ ਘਰਾਂ/ਥਾਵਾਂ 'ਤੇ ਪੁਲਸ ਵੱਲੋਂ ਰੇਡ ਕਰ ਸਰਚ ਕੀਤਾ ਗਿਆ। ਇਸ ਸਰਚ ਅਪ੍ਰੇਸ਼ਨ ਦੌਰਾਨ ਏਰੀਏ ਨੂੰ ਨਾਕਾ ਬੰਦੀ ਕਰ ਬਾਹਰ ਤੇ ਅੰਦਰ ਆਉਣ ਵਾਲੇ ਰਸਤਿਆਂ ਨੂੰ ਸੀਲ ਕੀਤਾ ਗਿਆ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਅੱਗੇ ਵੀ ਚਲਦੇ ਰਹਿਣਗੇ ਅਤੇ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।

# ਇੰਜ: ਰਤਨ ਕੁਮਾਰ ਮਿੱਤਲ ਨੇ ਪਾਵਰਕਾਮ ਦੇ ਮੁੱਖ ਇੰਜੀਨੀਅਰ ਆਈ ਟੀ ਵਜੋਂ ਚਾਰਜ ਸੰਭਾਲਿਆ

**ਡਿਜਿਟਲਾਇਜ਼ੇਸ਼ਨ ਰਾਹੀਂ ਲੋਕ ਹਿੱਤ 'ਚ ਕੰਮ ਹੋਰ ਲਗਨ ਦੀ ਪ੍ਰਗਟਾਈ ਵਚਨਬੱਧਤਾ**

**ਪਟਿਆਲਾ (ਪੱਤਰ ਪ੍ਰੇਰਕ)**

ਲੋਕ ਹਿੱਤ ਵਿੱਚ ਕੰਮ ਕਰਦਿਆਂ ਹੋਇਆਂ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਿਡ ਵਿੱਚ ਵੱਖੋ-ਵੱਖ ਅਹੁਦਿਆਂ 'ਤੇ ਸੇਵਾਵਾਂ ਨਿਭਾਉਣ ਵਾਲੇ ਉੱਪ-ਮੁੱਖ ਇੰਜੀਨੀਅਰ ਸੰਗਰੂਰ ਇੰਜ: ਰਤਨ ਕੁਮਾਰ ਮਿੱਤਲ ਤਰੱਕੀ ਉਪਰੰਤ ਚੀਫ ਇੰਜੀਨੀਅਰ ਆਈ ਟੀ ਪਟਿਆਲਾ ਵਜੋਂ ਆਪਣਾ ਨਵਾਂ ਅਹੁਦਾ ਸੰਭਾਲ ਲਿਆ।

ਜ਼ਿਕਰਯੋਗ ਹੈ ਕਿ ਇੰਜ. ਮਿੱਤਲ ਇਸ ਤੋਂ ਪਹਿਲਾਂ ਸੰਗਰੂਰ ਵਿੱਚ ਵੀ ਬਤੌਰ ਡਿਪਟੀ ਚੀਫ ਇੰਜੀਨੀਅਰ ਸੇਵਾਵਾਂ ਨਿਭਾਅ ਚੁੱਕੇ ਹਨ।ਬਠਿੰਡਾ ਵਿਖੇ ਜਗਦੀਸ਼ ਰਾਏ ਦੇ ਘਰ 17 ਜਨਵਰੀ 1970 ਨੂੰ ਜਨਮੇ ਇੰਜ: ਮਿੱਤਲ ਨੇ ਕੋਲਕਾਤਾ ਇੰਜੀਨੀਅਰਿੰਗ ਕਾਲਜ ਤੋਂ ਸਾਲ 1991 ਵਿੱਚ ਇਲੈਕਟਰੀਕਲ ਇੰਜੀਨੀਅਰਿੰਗ ਕੀਤੀ ਸੀ ਤੇ 1994 ਵਿੱਚ ਪੰਜਾਬ ਰਾਜ ਬਿਜਲੀ ਬੋਰਡ ਵਿੱਚ ਬਤੌਰ ਐੱਸਡੀਓ ਆਪਣੀਆਂ ਸੇਵਾਵਾਂ ਨਿਭਾਉਣੀਆਂ ਸ਼ੁਰੂ ਕੀਤੀਆਂ ਸਨ।ਉਨ੍ਹਾਂ ਕੋਲ ਵੱਖ-ਵੱਖ ਅਹੁਦਿਆਂ 'ਤੇ ਅਹਿਮ ਭੂਮਿਕਾਵਾਂ ਨਿਭਾਉਂਦੇ ਹੋਏ 30 ਸਾਲਾਂ ਦਾ ਵੱਖ ਵੱਖ ਖੇਤਰਾਂ ਦਾ ਤਜਰਬਾ ਹੈ।

ਇਸ ਦੌਰਾਨ ਉਹਨਾਂ ਨੇ ਪੀਐੱਸਪੀਸੀਐੱਲ ਦੀ ਮੈਨੇਜਮੈਂਟ ਸੀਐੱਮਡੀ ਇੰਜ: ਬਲਦੇਵ ਸਿੰਘ ਸਰਾਂ, ਡਾਇਰੈਕਟਰ ਵੰਡ ਇੰਜ: ਡੀਪੀਐੱਸ ਗਰੇਵਾਲ ਦਾ ਇਹ ਜ਼ਿੰਮੇਵਾਰੀ ਸੌਂਪਣ ਲਈ ਧੰਨਵਾਦ ਪ੍ਰਗਟਾਇਆ ਅਤੇ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਉਨ੍ਹਾਂ ਦੀਆਂ ਉਮੀਦਾਂ 'ਤੇ ਖਰੇ ਉਤਰਨ ਦਾ ਭਰੋਸਾ ਦਿੱਤਾ। ਉਨ੍ਹਾ ਕਿਹਾ ਕਿ ਪੀ ਐੱਸ ਪੀ ਸੀ ਐੱਲ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਹੇਠ ਤੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਦੇ ਦਿਸ਼ਾ ਨਿਰਦੇਸ਼ਾਂ 'ਤੇ ਚਲਦੇ ਹੋਏ ਲੋਕ ਹਿੱਤ ਵਿੱਚ ਕੰਮ ਕਰਨ ਲਈ ਵਚਨਬੱਧ ਹੈ।



ਇਸ ਮੌਕੇ ਚੀਫ ਇੰਜੀਨੀਅਰ ਇੰਜ: ਮਿੱਤਲ ਨੇ ਇੱਥੇ ਵਿਭਾਗ ਦੇ ਅਫਸਰਾਂ ਨਾਲ ਮੀਟਿੰਗ ਕੀਤੀ ਤੇ ਉਨ੍ਹਾਂ ਨੂੰ ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਕਰਨ ਦੇ ਸਖ਼ਤ ਨਿਰਦੇਸ਼ ਦਿੱਤੇ।

ਉਨ੍ਹਾਂ ਕਿਹਾ ਕਿ ਪੀਐੱਸਪੀਸੀਐੱਲ ਖਪਤਕਾਰਾਂ ਨੂੰ ਔਨਲਾਈਨ ਸੇਵਾਵਾਂ ਹੋਰ ਬਿਹਤਰ ਢੰਗ ਨਾਲ ਪ੍ਰਦਾਨ ਕੀਤੀਆਂ ਜਾਣਗੀਆਂ। ਬਿਲਿੰਗ ਨਾਲ ਸਬੰਧਤ ਮੁੱਦਿਆਂ ਨੂੰ ਹੋਰ ਬਿਹਤਰ ਢੰਗ ਨਾਲ ਹੱਲ ਕੀਤਾ ਜਾਵੇਗਾ, ਦਫਤਰੀ ਕੰਮਾਂ ਵਿੱਚ ਸੁਧਾਰ ਲਿਆਉਣ ਲਈ ਕਿਹਾ ਤੇ 1912 ਨੂੰ ਵਨ ਸਟਾਪ ਸਲੂਸ਼ਨ ਕੀਤਾ ਜਾਵੇਗਾ।ਇੰਜ: ਮਿੱਤਲ ਨੇ ਖੱਪਤਕਾਰਾਂ ਨੂੰ ਅਪੀਲ ਕੀਤੀ ਕਿ ਪੀਐੱਸਪੀਸੀਐੱਲ ਕੰਜ਼ਿਊਮਰ ਐਪ ਦੀ ਵੱਧ ਤੋਂ ਵੱਧ ਵਰਤੋਂ ਕਰਨ।

# ਆਪ ਵੱਲੋਂ ਨੀਟ ਪ੍ਰੀਖਿਆ 'ਚ ਧਾਂਦਲੀ ਨੂੰ ਲੈ ਕੇ ਵਿਸ਼ਾਲ ਵਿਰੋਧ ਪ੍ਰਦਰਸ਼ਨ




**ਜਲੰਧਰ (ਸ਼ੈਲੀ ਐਲਬਰਟ)** -ਆਮ ਆਦਮੀ ਪਾਰਟੀ ਪੰਜਾਬ ਨੇ ਨੀਟ ਪ੍ਰੀਖਿਆ ਚ ਧਾਂਦਲੀ ਨੂੰ ਲੈ ਕੇ ਵਿਸ਼ਾਲ ਪ੍ਰਦਰਸ਼ਨ ਕੀਤਾ ਅਤੇ ਪ੍ਰਧਾਨ ਮੰਤਰੀ ਅਤੇ ਕੇਂਦਰੀ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਮੰਗ ਕੀਤੀ। ਪਾਰਟੀ ਵਰਕਰਾਂ ਨੇ ਰੋਸ ਪ੍ਰਦਰਸ਼ਨ ਕਰਦਿਆਂ ਮੁੜ ਪ੍ਰੀਖਿਆ ਦੀ ਮੰਗ ਕੀਤੀ। ਦੂਜੇ ਪਾਸੇ ਆਪ ਅਹੁਦੇਦਾਰਾਂ ਨੇ ਕਿਹਾ ਕਿ ਨੀਟ ਪ੍ਰੀਖਿਆ 'ਚ ਧਾਂਦਲੀ ਦੇਸ਼-ਧ੍ਰੋਹ ਤੋਂ ਘੱਟ ਨਹੀਂ ਹੈ ।ਉਨ੍ਹਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਅਤੇ ਸਿੱਖਿਆ ਮੰਤਰੀ ਨੂੰ ਆਪਣੇ ਅਹੁਦਿਆਂ ਤੇ ਬਣੇ ਰਹਿਣ ਦਾ ਨੈਤਿਕ ਅਧਿਕਾਰ ਨਹੀਂ ਹੈ।। ਪ੍ਰਧਾਨ ਮੰਤਰੀ ਨੂੰ ਦੇਸ਼ ਤੋਂ ਮੁਆਫ਼ੀ ਮੰਗਣੀ ਚਾਹੀਦੀ ਹੈ ਅਤੇ ਕੇਂਦਰੀ ਸਿੱਖਿਆ ਮੰਤਰੀ ਨੂੰ ਤੁਰੰਤ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ । ਉਨ੍ਹਾਂ ਕਿਹਾ ਕਿ ਇਸ ਨਾਲ 24 ਲੱਖ ਬੱਚੇ ਪ੍ਰਭਾਵਿਤ ਹੋਏ ਹਨ। ਦੋ ਪੱਧਰਾਂ ਤੇ ਧਾਂਦਲੀ ਹੋਈ। ਇਸ ਤੋਂ ਪਹਿਲਾਂ ਬਿਹਾਰ ਅਤੇ ਗੁਜਰਾਤ ਵਿੱਚ ਪੇਪਰ ਲੀਕ ਹੋਏ ਅਤੇ 50-70 ਲੱਖ ਰੁਪਏ ਵਿੱਚ ਵੇਚੇ ਗਏ ਸਨ। ਇਸ ਤੋਂ ਬਾਅਦ ਐਨਟੀਏ ਨੇ ਕੁਝ ਵਿਦਿਆਰਥੀਆਂ ਨੂੰ ਗ਼ਲਤ ਤਰੀਕੇ ਨਾਲ ਗਰੇਸ ਅੰਕ ਦਿੱਤੇ। ।ਉਨ੍ਹਾਂ ਕਿਹਾ ਕਿ ਪੇਪਰ ਲੀਕ ਨਾਲ ਭਾਜਪਾ ਦਾ ਪੁਰਾਣਾ ਸਬੰਧ ਹੈ । ਭਾਜਪਾ ਸ਼ਾਸਤ ਰਾਜਾਂ ਵਿੱਚ ਪਿਛਲੇ 7 ਸਾਲਾਂ ਵਿੱਚ 70 ਪੇਪਰ ਲੀਕ ਹੋਏ ਹਨ। ਇਹ ਬਹੁਤ ਵੱਡਾ ਮਾਮਲਾ ਹੈ। ਉਨ੍ਹਾਂ ਦਾ ਮਾਲਕ ਵੱਡਾ ਆਦਮੀ ਹੈ।। ਇਸ ਲਈ ਇਹ ਮਾਮਲਾ ਸਿੱਧੇ ਤੌਰ ਤੇ ਸੁਪਰੀਮ ਕੋਰਟ ਨੂੰ ਦੇਖਣਾ ਚਾਹੀਦਾ ਹੈ। ।ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਭਾਰਤੀ ਡਾਕਟਰ ਪੂਰੀ ਦੁਨੀਆ ਵਿੱਚ ਜਾਣੇ ਜਾਂਦੇ ਹਨ। ਕਿਹਾ ਜਾਂਦਾ ਹੈ ਕਿ ਸਾਡੇ ਦੇਸ਼ ਦੇ ਡਾਕਟਰ ਬਹੁਤ ਬੁੱਧੀਮਾਨ ਹਨ, ਕਿਉਂਕਿ ਸਾਡੇ ਦੇਸ਼ ਵਿੱਚ ਮੈਡੀਕਲ ਕਾਲਜ ਵਿੱਚ ਦਾਖ਼ਲਾ ਲੈਣ ਵਾਲੇ ਬੱਚਿਆਂ ਦੀ ਚੋਣ ਮੈਰਿਟ ਦੇ ਆਧਾਰ 'ਤੇ ਕੀਤੀ ਜਾਂਦੀ ਹੈ। ਇਨ੍ਹਾਂ ਮੈਡੀਕਲ ਕਾਲਜਾਂ ਵਿੱਚ ਦੇਸ਼ ਭਰ ਦੇ ਵਧੀਆ ਬੱਚੇ ਦਾਖ਼ਲਾ ਲੈਂਦੇ ਹਨ। ਇਸੇ ਲਈ, ਇੱਕ ਪ੍ਰਣਾਲੀ ਹੈ ਜੋ ਇਹਨਾਂ ਮੈਡੀਕਲ ਡਾਕਟਰਾਂ ਦੀ ਚੰਗੀ ਸਿੱਖਿਆ ਅਤੇ ਸਿਖਲਾਈ ਲਈ ਕੰਮ ਕਰ ਰਹੀ ਹੈ। ਜੇਕਰ ਤੁਸੀਂ ਇਸ ਸਿਸਟਮ ਵਿੱਚ ਭ੍ਰਿਸ਼ਟਾਚਾਰ ਲਿਆਉਂਦੇ ਹੋ, ਤਾਂ ਭਵਿੱਖ ਵਿੱਚ ਇਸ ਦੇਸ਼ ਵਿੱਚੋਂ ਕੋਈ ਚੰਗਾ ਡਾਕਟਰ ਨਹੀਂ ਪੈਦਾ ਹੋਵੇਗਾ। ਜਿਸ ਦੇਸ਼ ਦੇ ਬੱਚਿਆਂ ਦੇ ਸੁਪਨਿਆਂ ਅਤੇ ਭਵਿੱਖ ਨੂੰ ਵਪਾਰ ਬਣਾ ਲਿਆ ਜਾਵੇ, ਉਹ ਦੇਸ਼ ਧ੍ਰੋਹ ਤੋਂ ਘੱਟ ਨਹੀਂ ਹੋ ਸਕਦਾ । ਹਰਚੰਦ ਸਿੰਘ ਬਰਸਟ ਸੂਬਾ ਜਨਰਲ ਸਕੱਤਰ ਨੇ ਕਿਹਾ ਕਿ ਜੇਕਰ ਦੇਸ਼ ਨੇ ਅੱਗੇ ਵਧਣਾ ਹੈ ਤਾਂ ਸੰਸਥਾਵਾਂ ਨੂੰ ਹੋਰ ਮਜ਼ਬੂਤ ਕਰਨਾ ਹੋਵੇਗਾ। ਇਸ ਤਰ੍ਹਾਂ ਸੰਸਥਾਵਾਂ ਨੂੰ ਤੋੜ ਕੇ ਦੇਸ਼ ਅੱਗੇ ਨਹੀਂ ਵਧ ਸਕਦਾ। ਅੱਜ ਮੱਧ ਵਰਗ, ਕਿਸਾਨ ਜਾਂ ਪਰਿਵਾਰ ਵਿੱਚੋਂ ਆਉਣ ਵਾਲੇ ਬੱਚੇ ਕੋਲ ਇੱਕ ਹੀ ਵਿਕਲਪ ਹੈ, ਜੇਕਰ ਉਹ ਕਿਸੇ ਤਰ੍ਹਾਂ ਚੰਗੀ ਤਰ੍ਹਾਂ ਪੜ੍ਹ ਕੇ ਇਹ ਇਮਤਿਹਾਨ ਪਾਸ ਕਰ ਲਵੇ ਤਾਂ ਉਸ ਦਾ ਭਵਿੱਖ ਸੁਧਰੇਗਾ। ਪਰ ਜੇਕਰ ਅੱਜ ਇਹ ਕਾਗ਼ਜ਼ ਵਿਕਣ ਲੱਗ ਪਏ ਅਤੇ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੋ ਗਿਆ ਤਾਂ ਉਸ ਦੀਆਂ ਉਮੀਦਾਂ ਅਤੇ ਸੁਪਨੇ ਤਬਾਹ ਹੋ ਜਾਣਗੇ।। ਇਸ ਮੌਕੇ ਪਾਰਟੀ ਦੇ ਜਨਰਲ ਸਕੱਤਰ ਅਤੇ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, 'ਆਪ' ਪੰਜਾਬ ਦੇ ਮੀਤ ਪ੍ਰਧਾਨ ਤੇ ਖੰਨਾ ਤੋਂ ਵਿਧਾਇਕ ਤਰਨਪ੍ਰੀਤ ਸਿੰਘ ਸੌਂਦ, ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਕੈਬਨਿਟ ਮੰਤਰੀ ਬਲਕਾਰ ਸਿੰਘ, ਸ਼ਰਨਪਾਲ ਸਿੰਘ ਮੱਕੜ ਚੇਅਰਮੈਨ ਯੋਜਨਾ ਬੋਰਡ, ਵਿਧਾਇਕ ਕੁਲਵੰਤ ਸਿੰਘ ਸਿੱਧੂ, ਵਿਧਾਇਕ ਅਸ਼ੋਕ ਪੱਪੀ ਪਰਾਸ਼ਰ, ਵਿਧਾਇਕ ਦਲਜੀਤ ਸਿੰਘ ਭੋਲਾ ਗਰੇਵਾਲ, ਵਿਧਾਇਕ ਹਰਦੀਪ ਸਿੰਘ ਮੁੰਡੀਆਂ, ਮਨਵਿੰਦਰ ਸਿੰਘ ਗਿਆਸਪੁਰਾ, ਅਮਨ ਬੱਗਾ ਅਤੇ ਪੰਜਾਬ ਦੇ ਵੱਖ-ਵੱਖ ਖੇਤਰਾਂ ਤੋਂ ਵਿਧਾਇਕ ਆਪਣੇ ਸਾਥੀਆਂ ਸਮੇਤ ਧਰਨੇ ਵਿੱਚ ਸ਼ਾਮਲ ਹੋਏ।

# ਨਸ਼ੀਲੇ ਪਦਾਰਥ ਵੇਚਣ ਵਾਲਿਆਂ ਨੂੰ ਤੁਰੰਤ ਗ੍ਰਿਫਤਾਰ ਕੀਤਾ ਜਾਵੇ- ਜਥੇ. ਜੁਗਨੂੰ



**ਕਾਲਾ ਸੰਘਿਆਂ** : ਪੰਜਾਬ ਵਿਚ ਪਿਛਲੇ ਕਾਫੀ ਸਮੇਂ ਤੋਂ ਨਸ਼ੀਲੇ ਪਦਾਰਥਾਂ ਦੀ ਵਰਤੋਂ ਨਾਲ ਹਜਾਰਾਂ ਨੌਜਵਾਨ ਆਪਣੀਆਂ ਕੀਮਤੀ ਜਾਨਾਂ ਗੁਆ ਚੁੱਕੇ ਹਨ ਤੇ ਸੈਂਕੜੇ ਪਰਵਾਰ ਇਸ ਦੀ ਲਪੇਟ ਵਿਚ ਆਕੇ ਬੁਰੀ ਤਰ੍ਹਾਂ ਤਬਾਹ ਹੋ ਚੁੱਕੇ ਹਨ। ਇਥੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਹਲਕਾ ਕਪੂਰਥਲਾ ਦੇ ਸੀਨੀਅਰ ਆਗੂ ਜਥੇਦਾਰ ਇੰਦਰਜੀਤ ਸਿੰਘ ਜੁਗਨੂੰ ਨੇ ਕਪੂਰਥਲਾ ਵਿਖੇ ਨਸ਼ਿਆਂ ਖਿਲਾਫ਼ ਜਾਗਰੂਕ ਕਰਨ ਲਈ ਨੌਜਵਾਨਾਂ ਦੀ ਇਕ ਮੀਟਿੰਗ ਨੂੰ ਸਬੋਧਨ ਕਰਦਿਆਂ ਕੀਤਾ। ਉਨਾਂ ਕਿਹਾ ਕਿ ਅੱਜ ਨਸ਼ਿਆਂ ਦੇ ਸੇਵਨ ਨਾਲ ਪੰਜਾਬ ਦੀ ਬਹੁਮੁੱਲੀ ਜਵਾਨੀ ਖੋਖਲੀ ਤੇ ਕਮਜ਼ੋਰ ਹੋ ਰਹੀ ਹੈ ਇਸ ਨੂੰ ਬਚਾਉਣ ਲਈ ਆਪਾਂ ਸਾਰਿਆਂ ਨੂੰ ਨਸ਼ਿਆਂ ਦੇ ਵਪਾਰੀਆਂ ਖਿਲਾਫ ਇਕਜੁੱਟ ਹੋਣਾ ਪਵੇਗਾ ਤਾਂ ਹੀ ਇਹ ਵੱਡਾ ਕੋੜ ਇਥੋਂ ਖ਼ਤਮ ਹੋਵੇਗਾ। ਜੁਗਨੂੰ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਨਸ਼ਾ ਵੇਚਣ ਵਾਲੇ ਤੇ ਉਨ੍ਹਾਂ ਨਸ਼ਾ ਤਸਕਰਾਂ ਦੀ ਮੱਦਦ ਕਰਨ ਵਾਲਿਆਂ ਪੁਲਸ ਮੁਲਾਜ਼ਮਾਂ ਖਿਲਾਫ ਤੇ ਹੋਰ ਕਾਲੀਆਂ ਭੇਡਾਂ ਖ਼ਿਲਾਫ਼ ਸਖ਼ਤ ਕਾਰਵਾਈ ਦੇ ਐਲਾਨ ਨੇ ਜਿਥੇ ਨਸ਼ਾ ਅਪਰਾਧੀਆਂ ਨੂੰ ਭਾਜੜਾਂ ਪਾਈਆ ਹਨ ਉਥੇ ਪਹਿਲੀ ਵਾਰ ਕਿਸੇ ਮੁੱਖ ਮੰਤਰੀ ਨੇ ਅਜਿਹਾ ਸਖ਼ਤ ਸਟੈਂਡ ਲੈ ਕੇ ਇਕ ਨਵਾਂ ਇਤਿਹਾਸ ਕਾਇਮ ਕੀਤਾ ਹੈ।

ਜੁਗਨੂੰ ਨੇ ਐਸ ਐਸ ਪੀ ਕਪੂਰਥਲਾ ਤੇ ਪੁਲਸ ਪ੍ਰਸ਼ਾਸਨ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਕਪੂਰਥਲਾ ਦੇ ਨਵਾਂ ਪਿੰਡ ਭੱਠਾ ਤੇ ਹੋਰ ਲਾਗਲੇ ਪਿੰਡਾਂ ਵਿਚ ਤੇ ਕਪੂਰਥਲਾ ਦੇ ਬਦਨਾਮ ਮੁਹੱਲਿਆਂ ਵਿਚ ਸ਼ਰੇਆਮ ਜ਼ਹਿਰੀਲੀ ਸ਼ਰਾਬ ਤੇ ਹੋਰ ਨਸ਼ੀਲੇ ਪਦਾਰਥ ਵੇਚਣ ਵਾਲਿਆਂ ਨੂੰ ਤਰੁੰਤ ਗ੍ਰਿਫਤਾਰ ਕੀਤਾ ਜਾਵੇ। ਇਸ ਮੌਕੇ ਨੌਜਵਾਨ ਆਗੂ ਭੁਪਿੰਦਰ ਸਿੰਘ ,ਵਿੱਕੀ ਸਿੰਘ ,ਰਾਜੀਵ ਸ਼ਰਮਾ ,ਸਤਨਾਮ ਸਿੰਘ, ਕਿਰਪਾਲ ਸਿੰਘ, ਦਿਪਕ ਕਸਪ ,ਨਰਿੰਦਰ ਸਿੰਘ ,ਹਰਪ੍ਰੀਤ ਸੂਦ ,ਗੁਰਪਾਲ ਸਿੰਘ ਸਿੱਧੂ, ਹਰਪ੍ਰੀਤ ਭੱਟੀ ,ਰਵੀ ਕੁਮਾਰ, ਮਿਥਣ ਕੁਮਾਰ ,ਰਣਜੀਤ ਸਿੰਘ , ਹਰਪਾਲ ਸਿੰਘ ਤੇ ਹੋਰ ਨੌਜਵਾਨ ਵੱਡੀ ਗਿਣਤੀ ਵਿਚ ਹਾਜਰ ਸਨ।

## ਜਲੰਧਰ ਪੱਛਮੀ ਵਿਧਾਨ ਸਭਾ ਉਪ ਚੋਣ 'ਚ ਬਸਪਾ ਉਮੀਦਵਾਰ ਹੋਣਗੇ ਬਿੰਦਰ ਲਾਖਾ

**ਜਲੰਧਰ (ਸ਼ੈਲੀ ਐਲਬਰਟ)** --ਬਹੁਜਨ ਸਮਾਜ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਜਸਵੀਰ ਸਿੰਘ ਗੜੀ ਨੇ ਪ੍ਰੈਸ ਨੋਟ ਰਾਹੀਂ ਜਾਣਕਾਰੀ ਦਿੰਦਿਆਂ ਕਿਹਾ ਕਿ ਜਲੰਧਰ ਪੱਛਮੀ ਵਿਧਾਨ ਸਭਾ ਦੀ ਉਹ ਚੋਣ ਲਈ ਬਸਪਾ ਦੇ ਉਮੀਦਵਾਰ ਬਿੰਦਰ ਲਾਖਾ ਹੋਣਗੇ। ਬਿੰਦਰ ਲਾਖਾ ਪਾਰਟੀ ਦੇ ਬੂਥ ਲੈਵਲ ਦੇ ਕੰਮ ਕਰਨ ਵਾਲੇ ਵਰਕਰ ਹਨ ।ਜੋ ਪਿਛਲੇ 25 ਸਾਲਾਂ ਤੋਂ ਵੱਖ-ਵੱਖ ਅਹੁਦਿਆਂ 'ਤੇ ਰਹਿੰਦੇ ਹੋਏ ਪਾਰਟੀ ਸੰਗਠਨ ਲਈ ਕੰਮ ਕਰ ਰਹੇ ਹਨ । ਪਾਰਟੀ ਦੇ ਸੂਬਾ ਜਨਰਲ ਸਕੱਤਰ ਬਲਵਿੰਦਰ ਕੁਮਾਰ ਨੇ ਇਸ ਮੌਕੇ ਕਿਹਾ ਕਿ ਬਹੁਜਨ ਸਮਾਜ ਪਾਰਟੀ ਵੱਲੋਂ ਇੱਕ ਵਰਕਰ ਨੂੰ ਟਿਕਟ ਦੇਣਾ ਉਹਨਾਂ ਹਜ਼ਾਰਾਂ ਵਰਕਰਾਂ ਦੇ ਮਾਣ ਸਨਮਾਨ ਦੀ ਗੱਲ ਕੀਤੀ ਹੈ ਜਿਹੜੇ ਹਮੇਸ਼ਾ ਅਨੁਸ਼ਾਸਨ ਵਿੱਚ ਰਹਿੰਦੇ ਹੋਏ ਪਿਛਲੀ ਕਤਾਰ ਵਿੱਚ ਵਿੱਚ ਰਹਿ ਕੇ ਅਣਥੱਕ ਕੰਮ ਕਰਦੇ ਹਨ । ਬਸਪਾ ਵੱਲੋਂ ਮਿਸ਼ਨਰੀ ਵਰਕਰ ਬਿੰਦਰ ਲਾਖਾ ਨੂੰ ਟਿਕਟ ਦੇਣ ਦਾ ਸਮੁੱਚੇ ਸੰਗਠਨ ਵੱਲੋਂ ਸਵਾਗਤ ਕੀਤਾ ਜਾਂਦਾ ਹੈ । ਇਸ ਮੌਕੇ ਬਸਪਾ ਸੂਬਾ ਪ੍ਰਧਾਨ ਵੱਲੋਂ ਉਮੀਦਵਾਰ ਨੂੰ ਪਾਰਟੀ ਟਿਕਟ ਦਿੱਤੀ ਗਈ । ਇਸ ਮੌਕੇ ਸੂਬਾ ਜਨਰਲ ਸਕੱਤਰ ਤੀਰਥ ਰਾਜਪੁਰਾ, ਸੂਬਾ ਕੈਸ਼ੀਅਰ ਪਰਮਜੀਤ ਮਲ, ਹਲਕਾ ਇੰਚਾਰਜ ਪੱਛਮੀ ਦਵਿੰਦਰ ਗੋਗਾ, ਐਸਡੀਓ ਜਰਨੈਲ ਢੰਡਾ, ਵਿਧਾਨ ਸਭਾ ਪੱਛਮੀ ਪ੍ਰਧਾਨ ਅਸ਼ੋਕ ਕੁਮਾਰ, ਐਡਵੋਕੇਟ ਦੀਪਕ ਕੁਮਾਰ, ਸੰਦੀਪ ਬਿੱਲਾ ਆਦਿ ਹਾਜਰ ਸਨ।

## ਸੇਵਾ-ਮੁਕਤ ਹੋਏ ਜਸਵੀਰ ਸਿੰਘ ਭਾਮ ਨੇ ਕਰਵਾਇਆ ਸ਼ੁਕਰਾਨਾ ਸਮਾਗਮ



**ਫਗਵਾੜਾ (ਡਾ. ਰਮਨ, ਢੱਡਾ)** ਨਗਰ ਨਿਗਮ ਦੇ ਟੈਕਸ ਵਿਭਾਗ ਵਿੱਚ 32 ਸਾਲ ਬੇਦਾਗ ਸੇਵਾਵਾਂ ਨਿਭਾਉਣ ਉਪਰੰਤ ਬਤੌਰ ਕੈਸ਼ੀਅਰ ਸੇਵਾ ਮੁਕਤ ਹੋਏ ਜਸਵੀਰ ਸਿੰਘਾਂ ਭਾਮ ਵਲੋਂ ਸ਼ੁਕਰਾਨਾ ਸਮਾਗਮ ਗੁਰਦੁਆਰਾ ਸ਼ਹੀਦ ਸਿੰਘ ਬਾਬਾ ਗਧੀਆ ਫਗਵਾੜਾ ਵਿਖੇ ਕਰਵਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਕੀਰਤਨ ਸਰਵਣ ਕਰਵਾਇਆ ਗਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਹੋਈ। ਇਸ ਉਪਰੰਤ ਸੰਬੋਧਨ ਕਰਦਿਆਂ ਬਹਾਦਰ ਸਿੰਘ ਸਾਬਕਾ ਸਰਪੰਚ ਸੰਗਤਪੁਰ ਨੇ ਕਿਹਾ ਕਿ ਸਮਾਜ ਭਲੇ ਲੋਕਾਂ ਦੇ ਕਰਕੇ ਹੀ ਚੱਲਦਾ ਹੈ। ਅਜਿਹੀ ਇਕ ਭਲੀ ਸ਼ਖਸੀਅਤ ਜਸਵੀਰ ਸਿੰਘ ਭਾਮ ਵੀ ਹਨ, ਜਿਹਨਾਂ ਨੇ ਨਗਰ ਨਿਗਮ ਦੀ ਸੇਵਾ ਦੇ ਨਾਲ ਹੀ ਸਮਾਜ ਸੇਵਾ ਵੀ ਜਾਰੀ ਰੱਖੀ ਜੋ ਲਗਾਤਾਰ ਜਾਰੀ ਹੈ ਅਤੇ ਆਸ ਕਰਦੇ ਹਾਂ ਕਿ ਉਹ ਆਪਣੇ ਜੀਵਨ ਕਾਲ ਵਿਚ ਕਦੇ ਵੀ ਸਮਾਜ ਦੀ ਸੇਵਾ ਤੋਂ ਮੁਕਤ ਨਹੀਂ ਹੋਣਗੇ। ਉਹਨਾਂ ਨੇ ਜਸਵੀਰ ਸਿੰਘ ਭਾਮ ਨੂੰ ਸੇਵਾ ਮੁਕਤੀ ਤੋਂ ਬਾਅਦ ਸੁਨਿਹਰੀ ਭਵਿੱਖ ਦੀ ਕਾਮਨਾ ਕੀਤੀ ਅਤੇ ਉਹਨਾਂ ਦੀ ਸਿਹਤਯਾਬੀ ਲਈ ਗੁਰੂ ਚਰਨਾਂ ਵਿਚ ਅਰਦਾਸ ਵੀ ਕੀਤੀ। ਇਸ ਮੌਕੇ ਬੋਲਦਿਆਂ ਆਰ.ਐਲ. ਜੱਸੀ ਨੇ ਕਿਹਾ ਕਿ ਜਸਵੀਰ ਸਿੰਘ ਨੇ ਆਪਣੇ ਨਾਮ ਨਾਲ ਇਨਸਾਫ ਕੀਤਾ ਹੈ। ਕਿਉਂਕਿ ਉਹਨਾਂ ਨੇ ਸਮਾਜ ਸੇਵਾ ਕਰਦਿਆਂ ਜੱਸ ਖੱਟਿਆ ਹੈ। ਉਹਨਾਂ ਕਿਹਾ ਕਿ ਮਨੁੱਖ ਕਦੇ ਵੀ ਰਿਟਾਇਰ ਨਹੀਂ ਹੁੰਦਾ ਅਤੇ ਜਿੰਦਗੀ ਨਿਰੰਤਰ ਕਰਮ ਕਰਦਿਆਂ ਚੱਲਦੀ ਰਹਿੰਦੀ ਹੈ। ਅਖੀਰ ਵਿਚ ਜਸਵੀਰ ਸਿੰਘ ਭਾਮ ਨੇ ਸਮੂਹ ਪਤਵੰਤਿਆਂ ਅਤੇ ਅਕਾਲ ਪੁਰਖ ਦੇ ਨਾਲ ਜੁੜੀ ਸੰਗਤ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਨਿਰਦੋਸ਼ ਖਾਲਸਾ, ਸ਼ਿੰਗਾਰਾ ਸਿੰਘ, ਰਾਜਬਲਵੀਰ ਸਿੰਘ, ਰਾਕੇਸ਼ ਕੁਮਾਰ ਜੇ.ਈ., ਯਸ਼ਪਾਲ, ਚੈਨ ਸਿੰਘ ਤੋਂ ਇਲਾਵਾ ਹੋਰ ਸੰਗਤਾਂ ਵੀ ਹਾਜਰ ਸਨ।

## ਖਾਨਖਾਨਾ ਵਿਖੇ ਸਾਈਂ ਮੌਲੇ ਸ਼ਾਹ ਦੀ ਯਾਦ 'ਚ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)** ਪਿੰਡ ਖਾਨਖਾਨਾ ਵਿਖੇ ਰੌਜਾ ਸਾਈਂ ਮੌਲੇ ਸ਼ਾਹ ਜੀ ਦੀ ਯਾਦ 'ਚ ਸਾਲਾਨਾ ਮੇਲਾ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਸਾਈਂ ਜਸਵੀਰ ਦਾਸ ਸਾਬਰੀ ਖਾਨਖਾਨਾ, ਬੀਬੀ ਤਾਰੋ ਸਾਬਰ, ਬਾਬਾ ਬਿੱਟੂ ਭਾਜੀ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰ ਮਾਸ਼ਾ ਅਲੀ, ਰਮੇਸ਼ ਚੌਹਾਨ,ਸੱਤੀ ਖੋਖੇਵਾਲੀਆ, ਗੁਰਵੀਰ ਸਿੱਧੂ - ਅਮਨ ਵਿਰਕ, ਰਾਜੇਸ਼ ਚਾਂਦ, ਸਰਤਾਜ ਅਲੀ,ਮਨੀ ਮਾਨ ਆਦਿ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ। ਸਟੇਜ ਸੈਕਟਰੀ ਦੀ ਭੂਮਿਕਾ ਬਿੱਟੂ ਮੇਹਟਾਂ ਨੇ ਬਾਖੂਬੀ ਨਿਭਾਈ।ਪ੍ਰਬੰਧਕਾਂ ਵਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ ,ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ । ਇਸ ਮੌਕੇ ਬਲਵੀਰ ਰਾਮ ਪ੍ਰਧਾਨ, ਗੁਰਦਿਆਲ ਬੱਧਣ, ਜਸਵਿੰਦਰ ਸੰਧੂ, ਮਦਨ ਲਾਲ, ਕਮਲਜੀਤ ਬੌਬੀ, ਜੋਗਾ ਰਾਮ, ਨਰਿੰਦਰ ਕੁਮਾਰ, ਮਾਸਟਰ ਪਰਮਜੀਤ, ਮਲਕੀਤ ਚੰਦ, ਜੀਵਨ ਸਿੰਘ, ਲੱਕੀ ਫਿਨਲੈਂਡ, ਦੀਪਾ ਇਟਲੀ, ਦੀਪਾ ਕੇਨੇਡਾ,ਪਾਲਾ ਬੱਧਣ, ਜੱਸੀ, ਗੋਗਾ, ਸਤਨਾਮ ਸੰਧੂ, ਨਰਿੰਦਰ ਸਿੰਘ ਸਾਬਕਾ ਸਰਪੰਚ, ਲੱਡੂ ਰਾਮ ਸਾਬਕਾ ਸਰਪੰਚ, ਦਵਿੰਦਰ ਸਿੰਘ ਪੰਚ, ਡਾ ਦੇਸ ਰਾਜ, ਹੁਸਨ ਲਾਲ, ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

## ਸਮਾਧਾਨ ਕੈਂਪਾਂ 'ਚ ਲੋਕ ਸੰਪਰਕ ਤੇ ਸ਼ਿਕਾਇਤ ਹੱਲ ਸਮਿਤੀਆਂ ਦੇ ਮੈਂਬਰਾਂ ਦੀ ਭਾਗੀਦਾਰੀ ਯਕੀਨੀ ਹੋਵੇ : ਪ੍ਰਸਾਦ

ਚੰਡੀਗੜ੍ਹ, 19 ਜੂਨ (ਕ੍ਰਿਸ਼ਨ ਗਰਗ)- - ਹਰਿਆਣਾ ਦੇ ਮੁੱਖ ਸਕੱਤਰ ਟੀਵੀਐਸਐਨ ਪ੍ਰਸਾਦ ਨੇ ਸਾਰੇ ਜ਼ਿਲ੍ਹਿਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਜਿਲ੍ਹਾ ਮੁੱਖ ਦਫਤਰਾਂ ਅਤੇ ਸਬ-ਡਿਵੀਜਨਾਂ ਵਿਚ ਪ੍ਰਬੰਧਿਤ ਸਮਾਧਾਨ ਕੈਂਪਾਂ ਵਿਚ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਹੱਲ ਸਮਿਤੀਆਂ ਦੇ ਆਮ ਮੈਂਬਰਾਂ ਦੀ ਭਾਗੀਦਾਰੀ ਯਕੀਨੀ ਕਰਨ।ਮੁੱਖ ਸਕੱਤਰ ਇੱਥੇ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿਚ ਪ੍ਰਬੰਧਿਤ ਕੀਤੇ ਜਾ ਰਹੇ ਸਮਾਧਾਨ ਕੈਂਪਾਂ ਦੌਰਾਨ ਜਨ ਸ਼ਿਕਾਇਤਾਂ ਦੇ ਹੱਲ ਦੀ ਪ੍ਰਗਤੀ ਦੀ ਸਮੀਖਿਆ ਲਈ ਵੀਡੀਓ ਕਾਨਫ੍ਰੈਂਸਿੰਗ ਰਾਹੀਂ ਸਾਰੇ ਮੁੱਖ ਕਮਿਸ਼ਨਰਾਂ ਅਤੇ ਡਿਪਟੀ ਕਮਿਸ਼ਨਰਾਂ ਦੇ ਨਾਲ ਮੀਟਿੰਗ ਦੀ ਅਗਵਾਈ ਕਰ ਰਹੇ ਸਨ।ਪਾਰਦਰਸ਼ਿਤਾ ਅਤੇ ਜਵਾਬਦੇਹੀ ਯਕੀਨੀ ਕਰਨ ਲਈ ਪ੍ਰਸਾਦ ਨੇ ਡਿਪਟੀ ਕਮਿਸ਼ਨਰਾਂ ਨੂੰ ਰੋਜਾਨਾ ਸਮਾਧਾਨ ਕੈਂਪਾਂ ਦੀ ਵੀਡੀਓਗ੍ਰਾਫੀ ਕਰਵਾਉਣ ਅਤੇ ਭਵਿੱਖ ਦੇ ਸੰਦਰਭ ਦੇ ਲਈ ਇੰਨ੍ਹਾਂ ਰਿਕਾਡਿੰਗ ਨੂੰ ਸੰਭਾਲਕੇ ਰੱਖਣ ਦੀ ਸਲਾਹ ਦਿੱਤੀ। ਉਨ੍ਹਾਂ ਨੇ ਸਾਰੇ ਜਿਲ੍ਹਿਆਂ ਨੂੰ ਹੋਰ ਵਿਭਾਗਾਂ ਦੀ ਸਹਿਭਾਗਤਾ ਦੇ ਕਾਰਨ ਅਣਸੁਲਝੀ ਵਜੋ ਵਰਗੀਕ੍ਰਿਤ ਸ਼ਿਕਾਇਤਾਂ ਦਾ ਡੇਟਾ ਸੰਕਲਿਤ ਕਰਨ ਦੇ ਵੀ ਨਿਰਦੇਸ਼ ਦਿੱਤੇ। ਇਹ ਡੇਟਾ ਵਿਭਾਗਵਾਰ ਅਤੇ ਸ਼੍ਰੇਣੀਵਾਰ ਢੰਗ ਨਾਲ ਸੰਕਲਿਤ ਕੀਤਾ ਜਾਵੇਗਾ।ਸ਼ਿਕਾਇਤ ਹੱਲ ਵਿਚ ਤੇਜੀ ਲਿਆਉਣ ਲਈ ਮੁੱਖ ਸਕੱਤਰ ਨੇ ਸਾਰੇ ਜ਼ਿਲ੍ਹਿਆਂ ਨੂੰ ਆਪਣੇ ਪੈਂਡਿੰਗ ਸ਼ਿਕਾਇਤ ਡੇਟਾ ਨੂੰ ਵਿਭਾਗ ਅਤੇ ਪ੍ਰਕਾਰ ਦੇ ਅਨੁਸਾਰ ਵਰਗੀਕ੍ਰਿਤ ਕਰ ਕੇ ਉਨ੍ਹਾਂ ਦੇ ਹੱਲ ਲਈ ਜਿਮੇਵਾਰ ਸਬੰਧਿਤ ਵਿਭਾਗਾਂ ਨੂੰ ਭੇਜਣ ਨੂੰ ਕਿਹਾ। ਸੁਚਾਰੂ ਤਾਲਮੇਲ ਅਤੇ ਸਮੇਂ 'ਤੇ ਹੱਲ ਯਕੀਨੀ ਕਰਨ ਲਈ ਮੁੱਖ ਸਕੱਤਰ ਦਫਤਰ ਨੂੰ ਜਾਣਕਾਰੀ ਦਿੱਤੀ ਜਾਵੇਗੀ।

ਸਰਬੋਤਮ ਪ੍ਰਥਾਵਾਂ ਦੀ ਜਾਣਕਾਰੀ ਸਾਂਝੀ ਕਰਨ ਨੂੰ ਪ੍ਰੋਤਸਾਹਿਤ ਕਰਨ ਦੇ ਲਈ ਪ੍ਰਸਾਦ ਨੇ ਸਾਰੇ ਜ਼ਿਲ੍ਹਿਆਂ ਵਿਚ ਸਮਾਧਾਨ ਸੈਲ ਟੀਮ ਵੱਲੋਂ ਪਹਿਲਾਂ ਤੋਂ ਉਪਲਬਧ ਕਰਾਏ ਗਏ ਗੂਗਲ ਫਾਰਮ ਰਾਹੀਂ ਆਪਣੀ ਸਫਲਤਾ ਦੀ ਕਹਾਣੀਆਂ ਨੂੰ ਸਾਂਝਾ ਕਰਨ ਲਈ ਕਿਹਾ। ਇਸ ਤੋਂ ਇਲਾਵਾ ਉਨ੍ਹਾਂ ਨੇ ਸਾਰੇ ਜ਼ਿਲ੍ਹਿਆਂ ਨੂੰ ਸਮਾਧਾਨ ਸੈਲ ਆਈਟੀ ਟੀਮ ਵੱਲੋਂ ਵਿਕਾਸ ਐਪਲੀਕੇਸ਼ਨ ਵਿਚ ਆਪਣੀ ਲੀਗੇਸੀ ਡੇਟਾ ਦੇ ਦਰਜ ਕਰਨ ਦੀ ਪ੍ਰਾਥਮਿਕਤਾ ਦੇਣ ਦੀ ਵੀ ਸਲਾਹ ਦਿੱਤੀ।ਮੀਟਿੰਗ ਵਿਚ ਮਾਨਵ ਸੰਸਾਧਨ ਵਿਭਾਗ ਦੇ ਪ੍ਰਧਾਨ ਸਕੱਤਰ ਡਾ. ਡੀ ਸੁਰੇਸ਼, ਹਰਿਆਣਾ ਮਾਸ ਕੈਪਿਡ ਟ੍ਰਾਂਸਪੋਰਟ ਕਾਰਪੋਰੇਸ਼ਨ ਦੇ ਪ੍ਰਬੰਧ ਨਿਦੇਸ਼ ਡਾ. ਚੰਦਰਸ਼ੇਖਰ ਖਰੇ, ਵਿਜੀਲੈਂਸ ਵਿਭਾਗ ਦੀ ਵਿਸ਼ੇਸ਼ ਸਕੱਤਰ ਡਾ. ਪ੍ਰਿਯੰਕਾ ਸੋਨੀ ਅਤੇ ਹਰਿਆਣਾ ਸ਼ਹਿਰੀ ਵਿਕਾਸ ਅਥਾਰਿਟੀ ਦੀ ਸਕੱਤਰ ਅਤੇ ਨਿਗਰਾਨੀ ਅਤੇ ਤਾਲਮੇਲ ਦੀ ਸੰਯੁਕਤ ਸਕੱਤਰ ਸ੍ਰੀਮਤੀ ਮੀਨਾਕਸ਼ੀ ਰਾਜ ਸਮੇਤ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਰਹੇ।

## ਹਰਗੋਬਿੰਦ ਕੌਰ ਦੀਆਂ ਸੇਵਾਵਾਂ ਖ਼ਤਮ ਕਰਨ ਦੀ ਜ਼ੋਰਦਾਰ ਨਿਖੇਧੀ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਨਾਲ ਸਬੰਧਿਤ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦੀਆਂ ਮਹਿਕਮੇ ਵਿਚੋਂ ਸੇਵਾਵਾਂ ਖ਼ਤਮ ਕਰਨ ਦੀ ਜੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ । ਯੂਨੀਅਨ ਦੀ ਬਲਾਕ ਪ੍ਰਧਾਨ ਰਣਜੀਤ ਕੌਰ ਨੂਰਮਹਿਲ ਨੇ ਕਿਹਾ ਹੈ ਕਿ ਸਾਰੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਹਰਗੋਬਿੰਦ ਕੌਰ ਦੇ ਨਾਲ ਚਟਾਨ ਵਾਂਗ ਖੜੀਆਂ ਹਨ ਤੇ ਪੰਜਾਬ ਸਰਕਾਰ ਨੂੰ ਮੂੰਹ ਤੋੜਵਾਂ ਜਵਾਬ ਦੇਣਗੀਆਂ । ਉਹਨਾਂ ਕਿਹਾ ਕਿ ਪਿਛਲੇਂ 30 ਸਾਲਾਂ ਤੋਂ ਹਰਗੋਬਿੰਦ ਕੌਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਹੱਕਾਂ ਖਾਤਰ ਸਰਕਾਰਾਂ ਨਾਲ ਲੜੀ ਹੈ । ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀ ਹਾਲਤ ਪਹਿਲਾਂ ਬਹੁਤ ਡਾਵਾਂਡੋਲ ਹੁੰਦੀ ਸੀ ਪਰ ਹਰਗੋਬਿੰਦ ਕੌਰ ਦੀ ਬਦੌਲਤ ਹੀ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦਾ ਮਾਣ ਸਨਮਾਨ ਹਰ ਥਾਂ ਵਧਿਆ । ਹਰਗੋਬਿੰਦ ਕੌਰ ਲੱਖਾਂ ਕਰੋੜਾਂ ਔਰਤਾਂ ਦੀ ਅਵਾਜ਼ ਬਣੇ ਹੋਏ ਹਨ ਅਤੇ ਹੱਕ ਅਤੇ ਇਨਸਾਫ਼ ਦੀ ਲੜਾਈ ਲੜ ਰਹੇ ਹਨ । ਪਰ ਪੰਜਾਬ ਸਰਕਾਰ ਨੇ ਬੁਖਲਾਹਟ ਵਿੱਚ ਆ ਕੇ ਘਟੀਆ ਕੰਮ ਕੀਤਾ ਹੈ ਜਿਸ ਦੀ ਉਹ ਜ਼ੋਰਦਾਰ ਨਿੰਦਾ ਕਰਦੇ ਹਨ । ਆਗੂਆਂ ਨੇ ਕਿਹਾ ਕਿ ਆਂਗਣਵਾੜੀ ਵਰਕਰ ਸੋਸ਼ਲ ਵਰਕਰ ਹੈ ਤੇ ਉਹ ਰਾਜਨੀਤਕ ਗਤੀਵਿਧੀਆਂ ਵਿੱਚ ਭਾਗ ਲੈ ਸਕਦੀ ਹੈ । ਉਹਨਾਂ ਕਿਹਾ ਕਿ ਹੋਰ ਵੀ ਬਹੁਤ ਸਾਰੀਆਂ ਆਂਗਣਵਾੜੀ ਵਰਕਰਾਂ ਪੰਚ, ਸਰਪੰਚ , ਬਲਾਕ ਸੰਮਤੀ ਮੈਂਬਰ , ਜ਼ਿਲਾ ਪ੍ਰੀਸ਼ਦ ਮੈਂਬਰ ਅਤੇ ਹੋਰ ਅਹੁਦਿਆਂ ਤੇ ਹਨ ਅਤੇ ਰਾਜਨੀਤਕ ਗਤੀਵਿਧੀਆਂ ਵਿੱਚ ਭਾਗ ਲੈ ਰਹੀਆਂ ਹਨ । ਪਰ ਇਕੱਲੀ ਹਰਗੋਬਿੰਦ ਕੌਰ ਨੂੰ ਹੀ ਕਿਉਂ ਨਿਸ਼ਾਨਾ ਬਣਾਇਆ ਗਿਆ ਹੈ ।ਇਸ ਮੌਕੇ ਰਜਵਿੰਦਰ ਕੌਰ, ਬਲਜਿੰਦਰ ਕੁਮਾਰੀ,ਨੀਲਮ, ਨਿਰਮਲ, ਨੀਲੋਂ,ਸੋਮਾ ,ਮੀਨਾ, ਦਲਵੀਰ, ਪਰਮਜੋਤ, ਸੁਰਿੰਦਰ,ਹਰਭਜਨ ਕੌਰ ਆਦਿ ਆਗੂ ਮੌਜੂਦ ਸਨ ।

## ਮੇਹਰ ਚੰਦ ਪੋਲੀਟੈਕਨਿਕ 'ਚ ਯੋਗਾ ਕੈਂਪ ਲਗਾਇਆ

**ਜਲੰਧਰ (ਸ਼ੈਲੀ ਐਲਬਰਟ)** -ਮੇਹਰ ਚੰਦ ਪੋਲੀਟੈਕਨਿਕ ਕਾਲਜ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਉਣ ਲਈ ਯੋਗਾ ਕੈਂਪ ਲਗਾਇਆ ਗਿਆ ।ਇਸ ਮੌਕੇ ਪਤੰਜਲੀ ਯੋਗਾ ਇੰਸਟ੍ਰਕਟਰ ਅਭਿਸ਼ੇਕ ਮਹਿਰਾ (ਯੂਥ ਹੈੱਡ) ਅਤੇ ਸ਼੍ਰੀਮਤੀ ਸੋਨੀਆ ਸੂਦ ਦੇ ਨਿਰਦੇਸ਼ਨ ਹੇਠ ਕਾਲਜ ਦੇ ਸਮੂਹ ਮੈਂਬਰਾਂ ਨੇ ਮਾਈਕਰੋ ਕਸਰਤ, ਆਸਣ ਅਤੇ ਪ੍ਰਾਣਾਯਾਮ ਦਾ ਅਭਿਆਸ ਕੀਤਾ ।ਸਭ ਤੋਂ ਪਹਿਲਾਂ ਲੰਮਾ ਸਾਹ ਲੈ ਕੇ ਸਮੂਹਿਕ ਆਵਾਜ਼ ਵਿੱਚ ਲਗਾਤਾਰ ਓਮ ਦਾ ਜਾਪ ਕੀਤਾ ਅਤੇ ਕੁਝ ਸਮਾਂ ਧਿਆਨ ਵਿੱਚ ਬੈਠ ਗਏ। ਫਿਰ ਹਰੇਕ ਆਸਣ ਅਤੇ ਸਾਹ ਲੈਣ ਦੀ ਕਸਰਤ ਦੇ ਨਾਲ-ਨਾਲ ਟ੍ਰੇਨਰਾਂ ਨੇ ਇਸ ਦੀ ਮਹੱਤਤਾ ਨੂੰ ਵੀ ਵਿਸਥਾਰ ਨਾਲ ਦੱਸਿਆ ਅਤੇ ਸਾਰਿਆਂ ਨੂੰ ਰੋਜ਼ਾਨਾ ਯੋਗਾ ਕਰਨ ਲਈ ਪ੍ਰੇਰਿਤ ਕਰਦੇ ਹੋਏ ਦੱਸਿਆ ਕਿ ਕਿਵੇਂ ਯੋਗਾ ਰੋਗ ਮੁਕਤ ਸਰੀਰ, ਸਿਹਤਮੰਦ ਮਨ ਅਤੇ ਸੰਤੁਲਿਤ ਜੀਵਨ ਲਈ ਸਹਾਇਕ ਹੈ।।ਕੈਂਪ ਦੀ ਸਮਾਪਤੀ ਹਾਸ-ਰਸ ਅਤੇ ਭਗਵਾਨ ਦੇ ਭਜਨ ਤੇ ਨੱਚਦੇ ਹੋਏ ਹੋਈ ।ਪਿੰਸੀਪਲ ਡਾ: ਜਗਰੂਪ ਸਿੰਘ ਨੇ ਯੋਗਾ ਇੰਸਟ੍ਰਕਟਰਾਂ ਦਾ ਸਨਮਾਨ ਕਰਦੇ ਹੋਏ ਕਿਹਾ ਕਿ ਇੰਸਟ੍ਰਕਟਰ ਅਭਿਸ਼ੇਕ ਮਹਿਰਾ ਇਸ ਕਾਲਜ ਦੇ ਵਿਦਿਆਰਥੀ ਰਹੇ ਹਨ ।ਉਨ੍ਹਾਂ ਇਸ ਸਮਾਗਮ ਦੇ ਆਯੋਜਨ ਲਈ ਯੋਗਾ ਕਲੱਬ ਦੇ ਪ੍ਰਧਾਨ ਪ੍ਰਭੂ ਦਿਆਲ ਦੀ ਸ਼ਲਾਘਾ ਕੀਤੀ ।ਇਸ ਮੌਕੇ ਕਾਲਜ ਦੇ ਵੱਖ-ਵੱਖ ਇੰਜਨੀਅਰਿੰਗ ਵਿਭਾਗਾਂ ਦੇ ਮੁਖੀ ਸੰਜੇ ਬਾਂਸਲ, ਰਾਜੀਵ ਭਾਟੀਆ, ਕਸ਼ਮੀਰ ਕੁਮਾਰ, ਸ਼੍ਰੀਮਤੀ ਰਿਚਾ ਅਰੋੜਾ, ਪ੍ਰਿੰਸ ਮਦਾਨ, ਹੀਰਾ ਮਹਾਜਨ, ਪ੍ਰਦੀਪ ਕੁਮਾਰ ਅਤੇ ਹੋਰ ਸਾਰੇ ਸਟਾਫ਼ ਮੈਂਬਰ ਵੀ ਹਾਜ਼ਰ ਸਨ।



## ਕੇਂਦਰ ਸਰਕਾਰ ਵੱਲੋਂ ਐਲਾਨੀ ਫਸਲਾਂ 'ਤੇ ਐੱਮ ਐੱਸ ਪੀ ਕਿਸਾਨਾਂ ਵੱਲੋਂ ਨਾ-ਮਨਜ਼ੂਰ

**ਨਵਾਂ ਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ )** ਇਥੇ ਕਿਸਾਨਾਂ ਦੀਆਂ ਵੱਖ-ਵੱਖ ਜਥੇਬੰਦੀਆਂ ਵੱਲੋਂ ਕੇਂਦਰ ਸਰਕਾਰ ਵੱਲੋਂ 2024-25 ਲਈ ਐਲਾਨੀ ਗਈ ਐਮਐਸਪੀ ਕਿਸਾਨਾਂ ਨਾਲ ਕੋ ਕੋਝਾ ਮਜ਼ਾਕ ਦੱਸਿਆ ਗਿਆ , ਝੋਨੇ ਦੇ ਭਾਅ ਵਿੱਚ ਸਿਰਫ 117 ਦਾ ਵਾਧਾ ਕਿਸਾਨਾਂ ਨਾਲ ਸਰਾਸਰ ਧੱਕਾ ਹੋਇਆ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਨੇ ਇਤਿਹਾਸਿਕ ਕਿਸਾਨ ਅੰਦੋਲਨ ਦੀ ਸਮਾਪਤੀ ਮੌਕੇ ਸਵਾਮੀ ਨਾਥਨ ਕਮਿਸ਼ਨ ਦੀਆਂ ਸਿਫਾਰਸ਼ਾਂ ਸੀ ਟੂ +50% ਅਨੁਸਾਰ ਰੇਟ ਜੋ ਕਿ 3100 ਰੁਪਿਆ ਪ੍ਰਤੀ ਕੁਇੰਟਲ ਬਣਦਾ ਹੈ ਦੇਣ ਦਾ ਵਾਅਦਾ ਕੀਤਾ ਸੀ। ਪਰ ਸਰਕਾਰ ਆਪਣੇ ਵਾਅਦੇ ਤੋਂ ਮੁੱਕਰ ਗਈ ਹੈ। ਇਸ ਤਰ੍ਹਾਂ ਕਿਸਾਨਾਂ ਨੂੰ ਲਗਾਤਾਰ ਘਾਟਾ ਪੈ ਰਿਹਾ ਹੈ ਉਹਨਾਂ ਮੰਗ ਕੀਤੀ ਕਿ ਸਰਕਾਰ ਸੁਆਮੀ ਨਾਥਨ ਕਮਿਸ਼ਨ ਦੀਆਂ ਸਿਫਾਰਿਸ਼ਾਂ ਮੁਤਾਬਕ ਫਸਲਾਂ ਦੇ ਭਾਅ ਮਿੱਥੇ ਅਤੇ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਵੇ। ਇਸ ਮੌਕੇ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਪੰਜਾਬ ਗੁਰਮੁਖ ਸਿੰਘ ਜ਼ਿਲ੍ਹਾ ਜਨਰਲ ਸਕੱਤਰ ਬੀਕੇਯੂ ਰਾਜੇਵਾਲ ਹਰਪਾਲ ਸਿੰਘ ਆਗੂ ਬੀਕੇਯੂ, ਪ੍ਰੇਮ ਸਿੰਘ ਸਰਪੰਚ ਅਤੇ ਕਲਮ ਗਹੂਣ ਹਾਜ਼ਰ ਸਨ।



## ਹਲਕਾ ਵਾਸੀਆਂ ਨੇ ਚੱਬੇਵਾਲ ਨੂੰ ਦਿੱਤੀਆਂ ਵਧਾਈਆਂ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਆਮ ਆਦਮੀ ਪਾਰਟੀ ਦੇ ਉਮੀਦਵਾਰ ਡਾਕਟਰ ਰਾਜ ਕੁਮਾਰ ਚੱਬੇਵਾਲ ਲੋਕ ਸਭਾ ਹੁਸ਼ਿਆਰਪੁਰ ਸੀਟ ਤੋ ਸ਼ਾਨਦਾਰ ਜਿੱਤ ਹਾਸਲ ਕਰਨ ਤੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਅਤੇ ਹਲਕਾ ਚੱਬੇਵਾਲ ਦੇ ਲੋਕਾਂ ਵੱਲੋਂ ਵਧਾਈਆਂ ਦੇਣ ਦਾ ਤਾਂਤਾ ਲੱਗਿਆ ਹੋਇਆ ਹੈ। ਇਸ ਮੌਕੇ ਜਸਵਿੰਦਰ ਸਿੰਘ ਪਠਾਨੀਆਂ ਪੰਚ ਨੇ ਸਮੂਹ ਵਰਕਰਾਂ ਵੱਲੋਂ ਲੋਕ ਸਭਾ ਹੁਸ਼ਿਆਰਪੁਰ ਦੇ ਸਮੂਹ ਵੋਟਰਾਂ ਅਤੇ ਸਪੋਟਰਾ ਧੰਨਵਾਦ ਕੀਤਾ। ਉਹਨਾਂ ਕਿਹਾ ਹੈ ਕਿ ਇਲਾਕੇ ਭਰ ਤੋਂ ਡਾਕਟਰ ਰਾਜ ਕੁਮਾਰ ਚੱਬੇਵਾਲ ਨੂੰ ਵਧਾਈਆਂ ਦੇਣ ਦਾ ਤਾਂਤਾ ਲੱਗਾ ਹੋਇਆ ਹੈ।ਉਨ੍ਹਾਂ ਕਿਹਾ ਕਿ ਡਾਕਟਰ ਰਾਜ ਕੁਮਾਰ ਚੱਬੇਵਾਲ ਨੇ ਪਿਛਲੇ ਕਾਫੀ ਸਮੇਂ ਤੋਂ ਹਲਕਾ ਚੱਬੇਵਾਲ ਦੀ ਸੇਵਾ ਕਰਦੇ ਆ ਰਹੇ ਹਨ। ਹੁਣ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਬਣ ਗਏ ਹਨ। ਇਸ ਮੌਕੇ ਪਠਾਨੀਆਂ ਪੰਚ ਬੱਡਲਾ ਨੇ ਕਿਹਾ ਕਿ ਹਲਕਾ ਚੱਬੇਵਾਲ ਦੇ ਬਾਕੀ ਰਹਿੰਦੇ ਵਿਕਾਸ ਕਾਰਜ ਡਾਕਟਰ ਰਾਜ ਕੁਮਾਰ ਚੱਬੇਵਾਲ ਆਪਣੇ ਇਲਾਕੇ ਦੇ ਪਹਿਲ ਦੇ ਆਧਾਰ ਕਰਵਾਉਣਗੇ। ਇਸ ਮੌਕੇ ਸਰਪੰਚ ਹਰੀਪਾਲ ਸਿੰਘ, ਜਸਵਿੰਦਰ ਸਿੰਘ ਪਠਾਨੀਆ ਪੰਚ, ਗਨੇਸ਼ ਕੁਮਾਰ ਗਿੰਨੀ ਬਲਾਕ ਪ੍ਰਧਾਨ, ਲੰਬਰਦਾਰ ਜਸਵੰਤ ਸਿੰਘ, ਰਾਮ ਪ੍ਰਸਾਦ ਮਾਹੀ, ਮਨੀਸ਼ ਕੁਮਾਰ, ਤਲਵਿੰਦਰ ਸਿੰਘ ਸਰਪੰਚ, ਹਰਚਰਨ ਸਿੱਧੂ, ਜਸਪਾਲ ਸਿੰਘ ਪਾਲੀ, ਜਤਿੰਦਰ ਸਿੱਧੂ ਹਰਪ੍ਰੀਤ ਸਿੱਧੂ, ਰਜਿੰਦਰ ਸਿੰਘ ਲਾਡੀ, ਚਮਲ ਲਾਲ, ਨਰਿੰਦਰ ਸਿੰਘ ਨਿੰਦੀ, ਨਰਿੰਦਰ ਸਿੰਘ ਮਹਾਵੀਰ ਵਾਲੇ, ਗੁਰਜੀਤ ਸਿੰਘ, ਗੁਰਕੀਰਤ ਸਿੰਘ, ਉਪਕਾਰ ਸਿੰਘ ਵਿਰਕ , ਕਰਨ ਸਿੰਘ ਪਠਾਣੀਆ, ਧਰਮਵੀਰ ਸਿੰਘ ਆਦਿ ਹਾਜ਼ਰ ਸਨ।

## ਬਿਨਪਾਲਕੇ ਵਿਖੇ ਠੰਢੇ-ਮਿੱਠੀ ਛਬੀਲ ਲਗਾਈ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**-ਡੇਰਾ ਸੱਚਖੰਡ ਬੱਲਾਂ ਦੇ ਮਹਾਨ ਸ਼ਹੀਦ ਸੰਤ ਰਾਮਾਨੰਦ ਜੀ ਦੀ ਯਾਦ ਵਿੱਚ ਪਿੰਡ ਬਿੰਨਪਾਲਕੇ ਦੇ ਐਨ. ਆਰ. ਆਈ. ਵੀਰਾਂ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਛਬੀਲ ਅਤੇ ਕੜਾਹ ਪ੍ਰਸ਼ਾਦ ਦਾ ਲੰਗਰ ਲਗਾਇਆ ਗਿਆ। ਸਾਰੇ ਨਗਰ ਨਿਵਾਸੀਆਂ ਨੇ ਬੜੇ ਉਤਸਾਹ ਅਤੇ ਸ਼ਰਧਾ ਦੇ ਨਾਲ ਸੇਵਾ ਕੀਤੀ। ਨੌਜਵਾਨਾਂ ਅਤੇ ਬੱਚਿਆਂ ਨੇ ਬੜੇ ਪ੍ਰੇਮ ਪਿਆਰ ਦੇ ਨਾਲ ਸੰਗਤਾਂ ਨੂੰ ਛਬੀਲ ਅਤੇ ਕੜਾਹ ਦਾ ਲੰਗਰ ਛਕਾਇਆ। ਇਸ ਮੌਕੇ ਅਮਰਜੀਤ (ਜੀਤੀ), ਅਸ਼ੋਕ ਕੁਮਾਰ, ਸੁੱਚਾ ਸਿੰਘ, ਹਰਬਲਿੰਦਰ ਬੋਲੀਨਾ, ਕਮਲਜੀਤ, ਹਰਜੀਤ ਸਿੰਘ, ਜਸਵਿੰਦਰ ਸਿੰਘ, ਹਰਦੀਪ ਸਿੰਘ, ਸਾਹਿਲ ਭੁੱਟਾ, ਸਤਪਾਲ ਸਿੰਘ, ਅਮਨਦੀਪ, ਜਸਵੀਰ ਸਿੰਘ, ਮਨਜੀਤ ਕੁਮਾਰ, ਵਿਜੇ ਕੁਮਾਰ, ਮਾਣਾ ਬਿੰਨਪਾਲਕੇ, ਵਿਸ਼ਾਲ, ਹਨੀ, ਰੂਬੀ, ਰਾਹੁਲ ਅਤੇ ਹੋਰ ਸੰਗਤਾਂ ਨੇ ਹਾਜ਼ਰੀ ਭਰੀ।

## ਜਮਹੂਰੀ ਕਿਸਾਨ ਸਭਾ ਨੇ ਫ਼ਸਲਾਂ ਦੇ ਭਾਅ ਦਾ ਵਾਧਾ ਕੀਤਾ ਰੱਦ

**ਜਲੰਧਰ (ਸ਼ੈਲੀ ਐਲਬਰਟ)**: ਜਮਹੂਰੀ ਕਿਸਾਨ ਸਭਾ ਪੰਜਾਬ ਨੇ ਕੇਂਦਰ ਸਰਕਾਰ ਵਲੋਂ ਫ਼ਸਲਾਂ ਦੇ ਭਾਅ ਦਾ ਵਾਧਾ ਰੱਦ ਕਰਦਿਆਂ ਕਿਹਾ ਕਿ ਸਰਕਾਰ ਦਾ ਦੁਗਣੀ ਆਮਦਨ ਦੇ ਵਾਅਦੇ ਦਾ ਪਰਦਾ ਚਾਕ ਹੋ ਗਿਆ ਹੈ। ਸਭਾ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਅਤੇ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਇਥੇ ਕਿਹਾ ਕਿ ਝੋਨੇ ਦੇ ਭਾਅ ਦਾ ਵਾਧਾ ਸਿਰਫ਼ 5.31 ਫ਼ੀਸਦ, ਮੱਕੀ ਦਾ ਵਾਧਾ 6.45 ਫ਼ੀਸਦ ਅਤੇ ਮੂੰਗੀ ਦਾ ਵਾਧਾ 1.44 ਫ਼ੀਸਦ ਦੇ ਮੁਕਾਬਲੇ ਮਹਿੰਗਾਈ ਦਾ ਬੇਓੜਕ ਵਾਧਾ ਹੋਇਆ ਹੈ। ਕਿਸਾਨਾਂ ਦੇ ਲਾਗਤ ਖ਼ਰਚੇ ਕਾਫੀ ਵੱਧ ਗਏ ਹਨ, ਜਿਸ ਕਾਰਨ ਇਹ ਨਿਗੂਣਾ ਵਾਧਾ ਊਠ ਤੋਂ ਛਾਨਣੀ ਲਾਹੁਣ ਬਰਾਬਰ ਹੀ ਹੈ। ਆਗੂਆਂ ਨੇ ਕਿਹਾ ਕਿ ਝੋਨੇ ਨੂੰ ਛੱਡ ਕੇ ਕਿਸੇ ਵੀ ਹੋਰ ਫ਼ਸਲ ਦੀ ਸਰਕਾਰੀ ਖਰੀਦ ਦੀ ਕੋਈ ਗਾਰੰਟੀ ਨਾ ਹੋਣ ਕਾਰਨ ਬਾਕੀ ਫ਼ਸਲਾਂ ਦੇ ਭਾਅ ਦੇ ਵਾਧੇ ਦਾ ਵੀ ਮਹਿਜ਼ ਐਲਾਨ ਹੀ ਰਹਿ ਜਾਂਦਾ ਹੈ। ਇਸ ਐਲਾਨ ਦਾ ਕਿਸਾਨਾਂ ਦੀ ਜੇਬ ਨੂੰ ਕੋਈ ਫਾਇਦਾ ਨਹੀਂ ਮਿਲਦਾ, ਸਗੋਂ ਇਸ ਨਾਮ ਹੇਠ ਮਹਿੰਗਾਈ ਜ਼ਰੂਰ ਵੱਧਦੀ ਹੈ।ਆਗੂਆਂ ਨੇ ਮੰਗ ਕੀਤੀ ਕਿ ਖਰੀਦ ਦੀ ਗਾਰੰਟੀ ਦੇ ਨਾਲ-ਨਾਲ ਮਹਿੰਗਾਈ ਅਤੇ ਲਾਗਤ ਖਰਚਿਆਂ ਨੂੰ ਦੇਖਦੇ ਹੋਏ ਸਵਾਮੀਨਾਥਨ ਕਮਿਸ਼ਨ ਦੀ ਸਿਫਾਰਸ਼ਾਂ ਮੁਤਾਬਿਕ ਸੀ 2+50 ਪ੍ਰਤੀਸ਼ਤ ਅਨੁਸਾਰ ਫ਼ਸਲਾਂ ਦੇ ਭਾਅ ਦਿੱਤੇ ਜਾਣ, ਜਿਸ ਨਾਲ ਹੀ ਕਿਸਾਨਾਂ ਦੀ ਆਮਦਨ ਵਧਾਈ ਜਾ ਸਕਦੀ ਹੈ।

# ਅਠਾਰਾਂ ਯੋਜਨਾਵਾਂ ਦੇ ਤਹਿਤ ਇਕ ਲੱਖ ਤੋਂ ਵੱਧ ਨਿਰਮਾਣ ਕਾਮਿਆਂ ਨੂੰ ਵੰਡੀ ਲੱਗਭੱਗ 80 ਕਰੋੜ ਦੀ ਰਕਮ : ਨਾਇਬ ਸਿੰਘ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਕਾਮਿਆਂ ਦੀ ਭਲਾਈ ਵਿਚ ਚਲਾਈ ਜਾ ਰਹੀ ਯੋਜਨਾਵਾਂ ਦਾ ਲਾਭ ਦੇਣ ਲਈ ਸੂਬਾ ਸਰਕਾਰ ਵੱਲੋਂ ਜੀਂਦ ਵਿਚ ਸੂਬਾ ਪੱਧਰੀ ਸ਼੍ਰਮਿਕ ਜਾਗਰੁਕਤਾ ਅਤੇ ਸਨਮਾਨ ਸਮਾਰੋਹ ਦਾ ਪ੍ਰਬੰਧ ਕੀਤਾ ਗਿਆ, ਜਿਸ ਵਿਚ ਮੁੱਖ ਮੰਤਰੀ ਨਾਇਬ ਸਿੰਘ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਇਸ ਸਮਾਰੋਹ ਵਿਚ ਮੁੱਖ ਮੰਤਰੀ ਨੇ 18 ਯੋਜਨਾਵਾਂ ਤਹਿਤ 1,02,629 ਕਾਮਿਆਂ ਨੂੰ 79.69 ਕਰੋੜ ਰੁਪਏ ਦੇ ਲਾਭ ਦੀ ਰਕਮ ਸਿੱਧੇ ਉਨ੍ਹਾਂ ਦੇ ਖਾਤਿਆਂ ਵਿਚ ਜਾਰੀ ਕੀਤੀ। ਸਮਾਰੋਹ ਵਿਚ ਮੁੱਖ ਮੰਤਰੀ ਨੇ ਸਾਂਕੇਤਿਕ ਰੂਪ ਨਾਲ ਵੱਖ-ਵੱਖ ਯੋਜਨਾਵਾਂ ਲਈ ਲਾਭਕਾਰਾਂ ਨੂੰ ਚੈਕ ਵੰਡੇ ਅਤੇ ਬੇਟੀਆਂ ਨੂੰ ਇਲੈਕਟ੍ਰਿਕ ਸਕੂਟੀ ਦੀ ਚਾਬੀ ਸੌਂਪੀ।ਇਸ ਦੌਰਾਨ ਮੁੱਖ ਮੰਤਰੀ ਨੇ ਦੋ ਨਵੀਂ ਯੋਜਨਾਵਾਂ ਨਾਂਅ: ਮੁੱਖ ਮੰਤਰੀ ਸ਼੍ਰਮਿਕ ਰਜਿਸਟ੍ਰੇਸ਼ਣ ਪ੍ਰੋਤਸਾਹਨ ਯੋਜਨਾ ਅਤੇ ਕੰਨਿਆਦਾਨ ਅਤੇ ਵਿਆਹ ਸਹਾਇਤਾ ਯੋਜਨਾ ਦੀ ਵੀ ਸ਼ੁਰੂਆਤ ਕੀਤੀ। ਮੁੱਖ ਮੰਤਰੀ ਸ਼੍ਰਮਿਕ ਰਜਿਸਟ੍ਰੇਸ਼ਣ ਪ੍ਰੋਤਸਾਹਨ ਯੋਜਨਾ ਤਹਿਤ ਹੁਣ ਨਿਰਮਾਣ ਮਜਦੂਰਾਂ ਨੂੰ ਰਜਿਸਟ੍ਰੇਸ਼ਣ ਕਰਨ 'ਤੇ 1100 ਰੁਪਏ ਦੀ ਰਕਮ ਪ੍ਰੋਤਸਾਹਨ ਸਵਰੂਪ ਦਿੱਤੀ ਜਾਵੇਗੀ। ਨਾਲ ਹੀ, ਕੰਨਿਆਦਾਨ ਅਤੇ ਵਿਆਹ ਸਹਾਇਤਾ ਯੋਜਨਾ ਤਹਿਤ ਕਾਮਿਆਂ ਨੂੰ ਉਨ੍ਹਾਂ ਦੀ ਬੇਟੀਆਂ ਦੇ ਵਿਆਹ ਲਈ 1 ਲੱਖ 1 ਹਜਾਰ ਰੁਪਏ ਦੀ ਰਕਮ ਦਿੱਤੀ ਜਾਵੇਗੀ, ਜਿਸ ਵਿੱਚੋਂ 75 ਫੀਸਦੀ ਰਕਮ ਵਿਆਹ ਦੇ ਤਿੰਨ ਦਿਨ ਪਹਿਲਾਂ ਮਿਲੇਗੀ। ਇਸ ਸਮਾਰੋਹ ਵਿਚ ਉਦਯੋਗ ਅਤੇ ਵਪਾਰ ਅਤੇ ਕਿਰਤ ਮੰਤਰੀ ਸ੍ਰੀ ਮੂਲਚੰਦ ਸ਼ਰਮਾ ਵੀ ਮੌਜੂਦ ਰਹੇ।ਸ੍ਰੀ ਨਾਇਬ ਸਿੰਘ ਨੇ ਕਿਹਾ ਕਿ ਉਨ੍ਹਾਂ ਨੇ ਅਧਿਕਾਰੀਆਂ ਦੇ ਨਾਲ ਮੀਟਿੰਗ ਕਰ ਨਿਰਦੇਸ਼ ਦਿੱਤੇ ਸਨ ਕਿ ਜਿਨ੍ਹਾਂ ਕਾਮਿਆਂ ਨੂੰ ਕਿਸੇ ਵੀ ਕਾਰਣ ਵਜੋ ਕੋਈ ਲਾਭ ਨਹੀਂ ਮਿਲਿਆ ਹੈ, ਉਨ੍ਹਾਂ ਦੀ ਸੂਚੀ ਤਿਆਰ ਕੀਤੀ ਜਾਵੇ ਅਤੇ ਸਾਰਿਆਂ ਨੂੰ ਇਕੱਠੇ ਲਾਭ ਜਾਰੀ ਕੀਤਾ ਜਾਵੇ।ਜਾਰੀ ਕੀਤੇ ਗਏ ਲਾਭਾਂ ਵਿਚ 42,166 ਮਹਿਲਾਵਾਂ ਦੇ ਖਾਤਿਆਂ ਵਿਚ ਸਿਲਾਈ ਮਸ਼ੀਨ ਦੇ ਲਈ 15 ਕਰੋੜ 7 ਲੱਖ ਰੁਪਏ, ਸਾਈਕਲ ਯੋਜਨਾ ਤਹਿਤ 19,925 ਕਾਮਿਆਂ ਨੂੰ 9.95 ਕਰੋੜ ਰੁਪਏ, ਓਜਾਰ ਖਰੀਦਣ ਲਈ 19,880 ਕਾਮਿਆਂ ਨੂੰ 15.90 ਕਰੋੜ ਰੁਪਏ, ਰਜਿਸਟਰਡ ਕਾਮਿਆਂ ਦੇ ਬੱਚਿਆਂ ਦੀ ਸਿਖਿਆ ਲਈ 3068 ਬੱਚਿਆਂ ਨੂੰ 2.96 ਕਰੋੜ ਰੁਪਏ, ਇਲੈਕਟ੍ਰਿਕ ਸਕੂਟਰ ਯੋਜਨਾ ਤਹਿਤ ਈ-ਸਕੂਟਰ ਦੀ ਖਰੀਦ ਲਈ 1446 ਬੱਚਿਆਂ ਨੂੰ 7.23 ਕਰੋੜ ਰੁਪਏ ਦੀ ਰਕਮ ਸਿੱਧੇ ਉਨ੍ਹਾਂ ਦੇ ਖਾਤਿਆਂ ਵਿਚ ਪਾਈ ਗਈ ਹੈ।ਇਸੀ ਤਰ੍ਹਾਂ ਬੇਟੀ ਦੇ ਵਿਆਹ ਲਈ ਮਾਲੀ ਸਹਾਇਤਾ ਅਤੇ ਕੰਨਿਆਦਾਨ ਯੋਜਨਾ ਤਹਿਤ ਅੱਜ 1206 ਕਾਮਿਆਂ ਦੇ ਖਾਤਿਆਂ ਵਿਚ 12.18 ਕਰੋੜ ਰੁਪਏ, ਰਜਿਸਟਰਡ ਕਾਮਿਆਂ ਦੇ ਮੇਧਾਵੀ ਬੱਚਿਆਂ ਲਈ ਸਕਾਲਰਸ਼ਿਪ ਯੋਜਨਾ ਤਹਿਤ 379 ਬੱਚਿਆਂ ਨੂੰ 1.25 ਕਰੋੜ ਰੁਪਏ, ਪੁੱਤਰ ਦੇ ਵਿਆਹ ਲਈ ਮਾਲੀ ਸਹਾਇਤਾ ਯੋਜਨਾ ਤਹਿਤ 34 ਕਾਮਿਆਂ ਨੂੰ 7 ਲੱਖ ਰੁਪਏ ਦੀ ਰਕਮ ਸਿੱਧੇ ਉਨ੍ਹਾਂ ਦੇ ਖਾਤਿਆਂ ਵਿਚ ਪਾਈ ਗਈ ਹੈ। ਇਸ ਤੋਂ ਇਲਾਵਾ, ਹੋਰ ਯੋਜਨਾਵਾਂ ਤਹਿਤ ਵੀ ਕਈ ਕਰੋੜਾਂ ਰੁਪਏ ਦੇ ਲਾਭ ਦਿੱਤੇ ਗਏ ਹਨ। ਮੁੱਖ ਮੰਤਰੀ ਨੇ ਕਾਮਿਆਂ ਲਈ ਐਲਾਨ ਕਰਦੇ ਹੋਏ ਕਿਹਾ ਕਿ ਮੁੱਖ ਮੰਤਰੀ ਤੀਰਥ ਦਰਸ਼ਨ ਯੋਜਨਾ ਤਹਿਤ ਕਾਮਿਆਂ ਨੂੰ ਵੀ ਅਯੋਧਿਆ ਦਰਸ਼ਨ ਕਰਾਇਆ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਸਾਡੀ ਡਬਲ ਇੰਜਨ ਦੀ ਸਰਕਾਰ ਲਗਾਤਾਰ ਨਾਗਰਿਕਾਂ ਨੂੰ ਯੋਜਨਾਵਾਂ ਦਾ ਲਾਭ ਦੇ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਉਸ ਸਾਕਬਾ ਮੁੱਖ ਮੰਤਰੀ ਮਨੋਹਰ ਲਾਲ ਨੇ ਪਿਛਲੇ 10 ਸਾਲਾਂ ਵਿਚ ਜਿਸ ਤਰ੍ਹਾ ਨਾਲ ਸੂਬੇ ਵਿਚ ਕੰਮ ਕੀਤੇ ਹਨ, ਸਮਾਨ ਰੂਪ ਨਾਲ ਹਰ ਵਿਅਕਤੀ ਦਾ ਵਿਕਾਸ ਕਰਨ ਦਾ ਕੰਮ ਕੀਤਾ ਹੈ ਅਤੇ ਪੋਰਟਲ ਰਾਹੀਂ ਅੱਜ ਕਾਮਿਆਂ ਦੇ ਖਾਤਿਆਂ ਵਿਚ ਯੋਜਨਾਵਾਂ ਦਾ ਲਾਭ ਪਹੁੰਚ ਰਿਹਾ ਹੈ। ਸ੍ਰੀ ਨਾਇਬ ਸਿੰਘ ਨੇ ਵਿਰੋਧੀ ਧਿਰ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਵਿਰੋਧੀ ਪਾਰਟੀ ਦੇ ਨੇਤਾ ਕਹਿੰਦੇ ਹਨ ਕਿ ਜਦੋਂ ਉਹ ਸੱਤਾ ਵਿਚ ਆਉਣਗੇ ਤਾਂ ਉਹ ਪੋਰਟਲ ਨੂੰ ਬੰਦ ਕਰ ਦੇਣਗੇ। ਕਾਂਗਰਸ ਦੇ ਨੇਤਾ ਭੁਪੇਂਦਰ ਹੁਡਾ ਜਦੋਂ ਪਟਲ ਨੂੰ ਬੰਦ ਕਰਨ ਦੀ ਗੱਲ ਕਰਦੇ ਹਨ ਤਾਂ ਭ੍ਰਿਸ਼ਟਾਚਾਰ ਦੀ ਬੂਹ ਆਉਂਦੀ ਹੈ। ਕਿਉਂਕਿ ਕਿ ਜਦੋਂ ਕਾਂਗਰਸ ਦੀ ਸਰਕਾਰ ਸੀ, ਉਸ ਸਮੇਂ ਕਾਮੇ ਨੂੰ ਲਾਭ ਨਹੀਂ ਪਹੁੰਚਦਾ ਸੀ, ਪਰ ਸਾਡੀ ਸਰਕਾਰ ਨੇ ਪੋਰਟਲ ਰਾਹੀਂ ਹਰ ਵਰਗ ਨੂੰ ਲਾਭ ਪਹੁੰਚਾਉਣ ਦਾ ਕੰਮ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਸਾਡੀ ਸਰਕਾਰ ਨੇ ਪਿਛਲੇ ਲਗਭਗ 10 ਸਾਲਾਂ ਵਿਚ ਕਾਮਿਆਂ ਦੇ ਲਈ ਆਯੁਸ਼ਮਾਨ ਕਾਰਡ ਅਤੇ ਚਿਰਾਯੂ ਯੋਜਨਾ ਤਹਿਤ ਲਾਭ ਪ੍ਰਦਾਨ ਕੀਤਾ ਹੈ।ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸ ਸਰਕਾਰ ਨੇ ਲੋਕਾਂ ਨੂੰ ਪਲਾਟ ਦੇਣ ਦੀ ਗੱਲ ਕਹੀ, ਪਰ ਉਨ੍ਹਾਂ ਨੇ ਨਾ ਤਾਂ ਪਲਾਟ ਦਾ ਕਬਜਾ ਦਿੱਤਾ, ਨਾ ਹੀ ਕੋਈ ਕਾਗਜ ਦਿੱਤਾ, ਉਨ੍ਹਾਂ ਨੂੰ ਉਨ੍ਹਾਂ ਦੇ ਹਲਾਤਾਂ ਤੇ ਛੱਡ ਦਿੱਤਾ। ਪਰ ਸਾਡੀ ਸਰਕਾਰ ਨੇ ਅਜਿਹੇ ਸਾਰੇ ਲੋਕਾਂ ਨੂੰ ਚੋਣ ਕਰ ਉਨ੍ਹਾਂ ਨੂੰ 100-100 ਗਜ ਦੇ ਪਲਾਟ ਦਿੱਤੇ ਅਤੇ ਉਨ੍ਹਾਂ ਦੇ ਕਬਜਾ ਪ੍ਰਮਾਣ ਪੱਤਰ ਵੀ ਪ੍ਰਦਾਨ ਕੀਤੇ। ਇਸ ਤੋਂ ਇਲਾਵਾ, ਜਿਨ੍ਹਾਂ ਪਿੰਡਾਂ ਵਿਚ ਜਮੀਨ ਦਿੱਤੇ ਅਤੇ ਉਨ੍ਹਾਂ ਦੇ ਕਬਜਾ ਪ੍ਰਮਾਣ ਪੱਤਰ ਵੀ ਪ੍ਰਦਾਨ ਕੀਤੇ। ਇਸ ਤੋਂ ਇਲਾਵਾ, ਜਿਨ੍ਹਾਂ ਪਿੰਡਾਂ ਵਿਚ ਜਮੀਨ ਨਹੀਂ ਹੈ, ਲੋਕਾਂ ਦੇ ਖਾਤਿਆਂ ਵਿਚ ਪਲਾਟ ਖਰੀਦਣ ਲਈ 1 ਲੱਖ ਰੁਪਏ ਦੀ ਰਕਮ ਵੀ ਦਿੱਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਕਾਂਗਰਸ ਦੇ ਲੋਕ ਗੁਮਰਾਹ ਕਰ ਕੇ ਵੋਟ ਲੈਣ ਦਾ ਕੰਮ ਕਰਦੇ ਹਨ, ਜਦੋਂ ਕਿ ਸਾਡੀ ਸਰਕਾਰ ਨੇ ਹਰ ਵਿਅਕਤੀ ਤਕ ਯੋਜਨਾਵਾਂ ਦਾ ਲਾਭ ਪਹੁੰਚਾਉਣ ਦਾ ਕੰਮ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਸਾਡੀ ਸਰਕਾਰ ਗਰੀਬ ਦੇ ਹਿੱਤ ਵਿਚ ਮਜਬੂਤ ਫੈਸਲੇ ਲੈ ਰਹੀ ਹੈ ਅਤੇ ਇਸੀ ਦੇ ਕਾਰਨ ਅੱਜ ਲੋਕਾਂ ਦਾ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਸਾਡੀ ਡਬਲ ਇੰਜਨ ਦੀ ਸਰਕਾਰ 'ਤੇ ਭਰੋਸਾ ਵਧਿਆ ਹੈ। ਉਨ੍ਹਾਂ ਨੇ ਨਾਗਰਿਕਾਂ ਨੂੰ ਭਰੋਸਾ ਦਿਵਾਉਂਦੇ ਹੋਏ ਕਿਹਾ ਕਿ ਹੁਣ ਤੁਹਾਡੇ ਲਾਭ ਨੂੰ ਕੋਈ ਨਹੀਂ ਰੋਕ ਸਕਦਾ।ਉਨ੍ਹਾਂ ਨੇ ਕਿਹਾ ਕਿ ਹੈਪੀ ਪਰਿਯੋਜਨਾ ਸ਼ੁਰੂ ਕਰ ਹਰਿਆਣਾ ਸਰਕਾਰ ਨੇ ਇਕ ਲੱਖ ਤੋਂ ਘੱਟ ਸਾਲਾਨਾ ਆਮਦਨ ਵਾਲੇ ਪਰਵਾਰ ਦੇ ਹਰ ਮੈਂਬਰ ਨੂੰ ਪ੍ਰਤੀ ਸਾਲ 1 ਹਜਾਰ ਕਿਲੋਮੀਟਰ ਮੁਫਤ ਯਾਤਰਾ ਦਾ ਲਾਭ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਸੂਰਿਆ ਘਰ ਮੁਫਤ ਬਿਜਲੀ ਯੋਜਨਾ ਦੀ ਵੀ ਸ਼ੁਰੂਆਤ ਕੀਤੀ ਜਾ ਚੁੱਕੀ ਹੈ। ਇਸ ਦੇ ਤਹਿਤ 1,80,000 ਰੁਪਏ ਤੋਂ ਘੱਟ ਸਾਲਾਨਾ ਆਮਦਨ ਵਾਲੇ ਪਰਵਾਰ ਮੁਫਤ ਵਿਚ ਯੋਜਨਾ ਦਾ ਲਾਭ ਚੁੱਕ ਪਾਉਣਗੇ। ਇਕ ਲੱਖ 80 ਹਜਾਰ ਰੁਪਏ ਤੋਂ 3 ਲੱਖ ਰੁਪਏ ਤਕ ਦੀ ਸਾਲਾਨਾ ਆਮਦਨ ਵਾਲੇ ਪਰਵਾਰਾਂ ਨੂੰ ਇਸ ਯੋਜਨਾ ਦੇ ਤਹਿਤ ਵੀਹ ਹਜਾਰ ਰੁਪਏ ਦੀ ਸਬਸਿਡੀ ਮਿਲੇਗੀ। ਉਨ੍ਹਾਂ ਨੇ ਕਿਹਾ ਕਿ ਸਰਕਾਰ ਨੇ ਬਿਜਲੀ ਦੇ ਬਿੱਲ ਦਾ ਮਹੀਨਾ ਚਾਰਜ ਹਟਾਉਣ ਦਾ ਫੈਸਲਾ ਕੀਤਾ ਹੈ। ਹੁਣ ਜਿੰਨ੍ਹੇ ਯੂਨਿਟ ਬਿਜਲੀ ਦੀ ਖਪਤ ਹੋਵੇਗੀ ਉਨ੍ਹਾਂ ਹੀ ਬਿੱਲ ਖਪਤਕਾਰ ਤੋਂ ਲਿਆ ਜਾਵੇਗਾ। ਇਸ ਮੌਕੇ 'ਤੇ ਉਦਯੋਗ ਅਤੇ ਵਪਾਰ ਅਤੇ ਕਿਰਤ ਮੰਤਰੀ ਮੂਲਚੰਦ ਸ਼ਰਮਾ ਨੇ ਮੁੱਖ ਮੰਤਰੀ ਨਾਇਬ ਸਿੰਘ ਦਾ ਧੰਨਵਾਦ ਪ੍ਰਗਟਾਉਂਦੇ ਹੋਏ ਕਿਹਾ ਕਿ ਅੱਜ ਦੇ ਇਸ ਇਤਿਹਾਸਕ ਦਿਨ 'ਤੇ ਮੁੱਖ ਮੰਤਰੀ ਨੇ ਕਾਮਿਆਂ ਨੂੰ ਵੱਖ-ਵੱਖ ਯੋਜਨਾਵਾਂ ਦਾ ਲਾਭ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਸੂਬਾ ਕਿਸਾਨਾਂ ਅਤੇ ਮਜਦੂਰਾਂ ਦਾ ਸੂਬਾ ਹੈ ਅਤੇ ਇਸ ਹਰਿਆਣਾ ਸੂਬੇ ਨੂੰ ਬੁਲੰਦੀਆਂ 'ਤੇ ਲੈ ਜਾਣ ਵਿਚ ਸਾਡੇ ਕਾਮੇ ਦਾ ਮਹਤੱਵਪੂਰਨ ਯੋਗਦਾਨ ਹੈ। ਕਾਮਿਆਂ ਦੀ ਬਦੌਲਤ ਅੱਜ ਸੂਈ ਤੋਂ ਲੈ ਕੇ ਹਵਾਈ ਜਹਾਜ ਤਕ ਦੇ ਪੂਰਜੇ ਹਰਿਆਣਾ ਵਿਚ ਬਨਾਉਣ ਦਾ ਕੰਮ ਹੋਰਿਹਾ ਹੈ।ਇਸ ਮੌਕੇ 'ਤੇ ਰਾਜ ਸਭਾ ਸਾਂਸਦ ਕ੍ਰਿਸ਼ਣ ਲਾਲ ਪੰਵਾਰ, ਜੀਂਦ ਤੋਂ ਵਿਧਾਇਕ ਕ੍ਰਿਸ਼ਣ ਮਿੱਢਾ, ਕਿਰਤ ਵਿਭਾਗ ਦੇ ਪ੍ਰਧਾਨ ਸਕੱਤਰ ਰਾਜੀਵ ਰੰਜਨ, ਕਿਰਤ ਕਮਿਸ਼ਨਰ ਹਰਿਆਣਾ ਮਨੀਰਾਮ ਸ਼ਰਮਾ ਸਮੇਤ ਵੱਡੀ ਗਿਣਤੀ ਵਿਚ ਕਾਮੇ ਮੌਜੂਦ ਸਨ।

# ਸੂਬੇ 'ਚ ਸੱਤ ਹੋਰ ਸੀ ਬੀ ਜੀ ਪ੍ਰੋਜੈਕਟ ਲਗਾਉਣ ਦੀ ਤਿਆਰੀ : ਅਮਨ ਅਰੋੜਾ



**ਚੰਡੀਗੜ੍ਹ, (ਗੁਰਜੀਤ ਬਿੱਲਾ)**—ਪੰਜਾਬ ਨੂੰ ਦੇਸ਼ ਵਿੱਚ ਸਾਫ-ਸੁਥਰੀ ਅਤੇ ਗਰੀਨ ਊਰਜਾ ਦੇ ਉਤਪਾਦਨ ਵਿੱਚ ਮੋਹਰੀ ਸੂਬਾ ਬਣਾਉਣ ਦੇ ਉਦੇਸ਼ ਨਾਲ ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਸਾਲ ਦੇ ਅੰਤ ਤੱਕ 7 ਹੋਰ ਕੰਪਰੈੱਸਡ ਬਾਇਓਗੈਸ (ਸੀ.ਬੀ.ਜੀ.) ਪ੍ਰੋਜੈਕਟ ਕਾਰਜਸ਼ੀਲ ਹੋਣ ਦੀ ਆਸ ਹੈ। ਇਹ ਪ੍ਰੋਜੈਕਟ ਸਾਲਾਨਾ 4.20 ਲੱਖ ਟਨ ਪਰਾਲੀ ਦੀ ਖ਼ਪਤ ਕਰਕੇ ਪ੍ਰਤੀ ਦਿਨ 79 ਟਨ ਸੀ.ਬੀ.ਜੀ. ਪੈਦਾ ਕਰਨਗੇ।ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਵੱਲੋਂ ਸੂਬੇ ਵਿੱਚ ਲਾਗੂ ਕੀਤੇ ਜਾ ਰਹੇ ਪ੍ਰੋਜੈਕਟਾਂ ਦੀ ਸਮੀਖਿਆ ਲਈ ਸੱਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਅਮਨ ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ 469.50 ਟਨ ਸੀਬੀਜੀ ਰੋਜ਼ਾਨਾ ਦੀ ਕੁੱਲ ਸਮਰੱਥਾ ਵਾਲੇ 38 ਪ੍ਰਾਜੈਕਟ ਅਲਾਟ ਕੀਤੇ ਹਨ, ਜਿਨ੍ਹਾਂ ਵਿੱਚ ਫਸਲੀ ਰਹਿੰਦ-ਖੂੰਹਦ ਈਂਧਣ ਵਜੋਂ ਵਰਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਰਾਲੀ ਸਾੜਨ ਦੇ ਮਾਮਲਿਆਂ ਨੂੰ ਠੱਲ੍ਹ ਪਾਉਣ ਲਈ ਕੀਤੇ ਜਾ ਰਹੇ ਯਤਨਾਂ ਵਿੱਚ ਇਹ ਪ੍ਰੋਜੈਕਟ ਸਹਾਈ ਹੋਣਗੇ। ਇਸ ਤੋਂ ਇਲਾਵਾ ਇਹ ਪ੍ਰੋਜੈਕਟ ਕਿਸਾਨਾਂ ਲਈ ਆਮਦਨ ਦੇ ਵਾਧੂ ਸਰੋਤ ਪੈਦਾ ਕਰਨ ਦੇ ਨਾਲ ਨਾਲ ਹੁਨਰਮੰਦ ਅਤੇ ਗ਼ੈਰ-ਹੁਨਰਮੰਦ ਕਾਮਿਆਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਣਗੇ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਸੀ.ਬੀ.ਜੀ. ਪ੍ਰੋਜੈਕਟਾਂ ਲਈ ਭਰਪੂਰ ਸੰਭਾਵਨਾਵਾਂ ਹਨ ਕਿਉਂਕਿ ਸੂਬੇ ਵਿੱਚ ਹਰ ਸਾਲ ਲਗਭਗ 20 ਮਿਲੀਅਨ ਟਨ ਝੋਨੇ ਦੀ ਪਰਾਲੀ ਪੈਦਾ ਹੁੰਦੀ ਹੈ, ਜਿਸ ਵਿੱਚੋਂ ਲਗਭਗ 10 ਮਿਲੀਅਨ ਟਨ ਦਾ ਹੀ ਵਿਗਿਆਨਕ ਢੰਗ ਨਾਲ ਨਿਪਟਾਰਾ ਕੀਤਾ ਜਾਂਦਾ ਹੈ। ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਵਿਭਾਗ ਦੇ ਸਕੱਤਰ ਰਵੀ ਭਗਤ ਨੇ ਅਮਨ ਅਰੋੜਾ ਨੂੰ ਦੱਸਿਆ ਕਿ 462 ਟਨ ਸੀ.ਬੀ.ਜੀ. ਪ੍ਰਤੀ ਦਿਨ ਦੀ ਕੁੱਲ ਸਮਰੱਥਾ ਵਾਲੇ 32 ਹੋਰ ਪ੍ਰੋਜੈਕਟ ਅਲਾਟਮੈਂਟ ਪ੍ਰਕਿਰਿਆ ਅਧੀਨ ਹਨ।

ਇਨ੍ਹਾਂ ਪ੍ਰੋਜੈਕਟਾਂ ਵਿੱਚ ਸਾਲਾਨਾ ਲਗਭਗ 14.04 ਲੱਖ ਟਨ ਝੋਨੇ ਦੀ ਪਰਾਲੀ ਦੀ ਖਪਤ ਹੋਵੇਗੀ।ਅਮਨ ਅਰੋੜਾ ਨੇ ਸੋਲਰ ਪੰਪ ਸਕੀਮ ਦੀ ਸਥਿਤੀ ਦਾ ਵੀ ਜਾਇਜ਼ਾ ਲਿਆ, ਜਿਸ ਤਹਿਤ ਸੂਬੇ ਵਿੱਚ ਖੇਤੀਬਾੜੀ ਲਈ ਕਿਸਾਨਾਂ ਨੂੰ 20,000 ਨਵੇਂ ਸੋਲਰ ਪੰਪ ਮੁਹੱਈਆ ਕਰਵਾਏ ਜਾਣੇ ਹਨ। ਜ਼ਿਕਰਯੋਗ ਹੈ ਕਿ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਡਾਰਕ ਜ਼ੋਨਾਂ ਵਿੱਚ ਇਹ ਸੋਲਰ ਪੰਪ ਉਨ੍ਹਾਂ ਕਿਸਾਨਾਂ ਨੂੰ ਹੀ ਅਲਾਟ ਕੀਤੇ ਜਾਣਗੇ, ਜਿਨ੍ਹਾਂ ਕੋਲ ਸਪ੍ਰਿੰਕਲਰ ਅਤੇ ਡਰਿੱਪ ਸਿੰਜਾਈ ਪ੍ਰਣਾਲੀ ਮੌਜੂਦ ਹੈ। ਕਿਸਾਨਾਂ ਨੂੰ ਸੋਲਰ ਪੰਪਾਂ ਲਈ 60 ਫੀਸਦੀ ਸਬਸਿਡੀ ਦਿੱਤੀ ਜਾਵੇਗੀ।ਉਨ੍ਹਾਂ ਨੇ ਪੇਡਾ ਦੇ ਡਾਇਰੈਕਟਰ ਐਮ.ਪੀ. ਸਿੰਘ ਨੂੰ ਸੂਬੇ ਵਿੱਚ ਚੱਲ ਰਹੇ ਹਰੀ ਊਰਜਾ ਪ੍ਰੋਜੈਕਟਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਨ ਲਈ ਵੀ ਕਿਹਾ।

# ਜਿੰਪਾ ਵੱਲੋਂ ਨਹਿਰੀ ਪਾਣੀ ਸਕੀਮਾਂ ਨੂੰ ਸਮੇਂ ਸਿਰ ਪੂਰਾ ਕਰਨ ਦੇ ਸਖ਼ਤ ਨਿਰਦੇਸ਼



**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਪੰਜਾਬ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਇੱਥੇ ਪੰਜਾਬ ਭਵਨ ਵਿਖੇ ਵਿਭਾਗ ਦੇ ਕੰਮਾਂ ਦੀ ਸਮੀਖਿਆ ਲਈ ਇੱਕ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ।ਉਨ੍ਹਾਂ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਗਰਮੀ ਦੇ ਇਸ ਮੌਸਮ ਵਿੱਚ ਕਿਸੇ ਵੀ ਪਿੰਡ ਵਾਸੀ ਨੂੰ ਪਾਣੀ ਦੀ ਕੋਈ ਕਿੱਲਤ ਨਾ ਆਵੇ ਅਤੇ ਜਿਨ੍ਹਾਂ ਇਲਾਕਿਆਂ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਸੁਚਾਰੂ ਨਹੀਂ ਹੈ ਉੱਥੇ ਤੁਰੰਤ ਬਦਲਵੇਂ ਪ੍ਰਬੰਧ ਕੀਤੇ ਜਾਣ। ਉਨ੍ਹਾਂ ਪੰਜਾਬ ਵਿਚ ਕਾਰਜ ਅਧੀਨ 15 ਨਹਿਰੀ ਪਾਣੀ ਸਕੀਮਾਂ ਨੂੰ ਮਿੱਥੇ ਸਮੇਂ ਵਿਚ ਪੂਰਾ ਕਰਕੇ ਲੋਕ ਅਰਪਿਤ ਕਰਨ ਦੀਆਂ ਹਦਾਇਤਾਂ ਵੀ ਜਾਰੀ ਕੀਤੀਆਂ।ਇਸ ਮੌਕੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਨੂੰ ਦੱਸਿਆ ਗਿਆ ਕਿ 2940 ਕਰੋੜ ਰੁਪਏ ਦੀ ਲਾਗਤ ਨਾਲ ਪੰਜਾਬ ਦੇ ਵੱਖ-ਵੱਖ ਇਲਾਕਿਆਂ 'ਚ 15 ਨਹਿਰੀ ਪਾਣੀ ਆਧਾਰਿਤ ਸਕੀਮਾਂ ਕਾਰਜ ਅਧੀਨ ਹਨ। ਇਨ੍ਹਾਂ ਵਿੱਚੋਂ ਜ਼ਿਆਦਾਤਰ ਸਕੀਮਾਂ ਇਸੇ ਸਾਲ ਦੇ ਅੰਤ ਤੱਕ ਚਾਲੂ ਹੋ ਜਾਣਗੀਆਂ ਅਤੇ ਕੁਝ ਸਕੀਮਾਂ ਅਗਲੇ ਸਾਲ ਤੱਕ ਚੱਲਣ ਦੀ ਸੰਭਾਵਨਾ ਹੈ। ਇਨ੍ਹਾਂ ਸਕੀਮਾਂ ਦੇ ਸ਼ੁਰੂ ਹੋਣ ਨਾਲ 1706 ਪਿੰਡਾਂ ਦੇ 4 ਲੱਖ 33055 ਘਰਾਂ ਦੇ 24 ਲੱਖ 73 ਹਜ਼ਾਰ 261 ਲੋਕਾਂ ਨੂੰ ਫਾਇਦਾ ਮਿਲੇਗਾ।ਇਹ ਸਕੀਮਾਂ ਮੰਡੋਲੀ ਤੇ ਪਾਬਰਾ (ਪਟਿਆਲਾ), ਨਾਨੋਵਾਲ (ਫਤਹਿਗੜ੍ਹ ਸਾਹਿਬ), ਪਾਰੋਵਾਲ ਤੇ ਕੁੰਜਰ (ਗੁਰਦਾਸਪੁਰ), ਚਵਿੰਡਾ ਕਲਾਂ, ਗੌਂਸਲ ਅਫਗਾਨਾ ਤੇ ਕੰਦੋਵਾਲੀ (ਅੰਮ੍ਰਿਤਸਰ), ਸੰਗਨਾ, ਭੁੱਚਰ ਕਲਾਂ (ਤਰਨਤਾਰਨ), ਮਾਣਕਪੁਰ (ਰੂਪਨਗਰ), ਪੱਤਰੇਵਾਲਾ, ਘੱਟਿਆ ਵਾਲੀ ਬੋਦਲਾ (ਫਾਜ਼ਿਲਕਾ), ਸੋਹਣਗੜ੍ਹ ਰੱਤੇਵਾਲਾ (ਫਿਰੋਜ਼ਪੁਰ) ਅਤੇ ਤਲਵਾੜਾ (ਹੁਸ਼ਿਆਰਪੁਰ) 'ਚ ਸਥਿਤ ਹਨ। ਜਿੰਪਾ ਨੇ ਹਦਾਇਤ ਕੀਤੀ ਕਿ ਨਹਿਰੀ ਪਾਣੀ ਆਧਾਰਿਤ ਇਨ੍ਹਾਂ ਸਕੀਮਾਂ ਨੂੰ ਸਮੇਂ ਸਿਰ ਪੂਰਾ ਕਰਕੇ ਲੋਕ ਅਰਪਿਤ ਕੀਤਾ ਜਾਵੇ ਤਾਂ ਜੋ ਹਰੇਕ ਪਿੰਡ ਵਾਸੀ ਤੱਕ ਸਾਫ ਪਾਣੀ ਦੀ ਸਪਲਾਈ ਯਕੀਨੀ ਹੋਵੇ।

ਇਸ ਮੌਕੇ ਵਿਭਾਗ ਦੇ ਉੱਚ ਅਧਿਕਾਰੀਆਂ ਨੇ ਮੰਤਰੀ ਨੂੰ ਦੱਸਿਆ ਕਿ ਪਾਣੀ ਸਪਲਾਈ ਨਾ ਹੋਣ ਦੀਆਂ ਮਈ ਮਹੀਨੇ ਵਿਚ ਟੋਲ ਫ੍ਰੀ ਨੰਬਰ 1800-180-2468 ਉੱਤੇ ਆਈਆਂ 1463 ਸ਼ਿਕਾਇਤਾਂ ਵਿਚੋਂ 1433 ਸ਼ਿਕਾਇਤਾਂ ਨੂੰ ਹੱਲ ਕਰ ਲਿਆ ਗਿਆ ਹੈ ਅਤੇ ਜੂਨ ਮਹੀਨੇ ਵਿਚ ਆਈਆਂ 947 ਸ਼ਿਕਾਇਤਾਂ ਵਿਚੋਂ ਵੀ 17 ਜੂਨ ਤੱਕ 548 ਸ਼ਿਕਾਇਤਾਂ ਦਾ ਨਿਪਟਾਰਾ ਕਰ ਦਿੱਤਾ ਗਿਆ ਹੈ।ਜਿੰਪਾ ਨੇ ਉੱਚ ਅਧਿਕਾਰੀਆਂ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਆਵਾਮ ਪੱਖੀ ਕਾਰਜ/ਸਕੀਮਾਂ ਲੋਕ ਅਰਪਿਤ ਕਰਨ ਮੌਕੇ ਸਥਾਨਕ ਨੁਮਾਇੰਦਿਆਂ ਜਿਵੇਂ ਕਿ ਵਿਧਾਇਕ, ਐਮ.ਸੀ., ਸਰਪੰਚ-ਪੰਚ ਆਦਿ ਨੂੰ ਜ਼ਰੂਰ ਸ਼ਾਮਲ ਕੀਤਾ ਜਾਵੇ। ਇਸ ਮੌਕੇ ਉਨ੍ਹਾਂ ਪਹਿਲਾਂ ਤੋਂ ਜਾਰੀ ਸਕੀਮਾਂ, ਆਰ.ਓ ਪਲਾਂਟਾਂ, ਟਿਊਬਵੈੱਲਾਂ ਅਤੇ ਹੋਰ ਕੰਮਾਂ ਬਾਬਤ ਵੀ ਜਾਣਕਾਰੀ ਹਾਸਲ ਕੀਤੀ ਅਤੇ ਜ਼ਰੂਰੀ ਦਿਸ਼ਾਂ-ਨਿਰਦੇਸ਼ ਜਾਰੀ ਕੀਤੇ।ਬ੍ਰਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ ਦੇ ਬਜਵਾੜਾ ਸੀਵਰੇਜ ਪ੍ਰੋਜੈਕਟ ਬਾਰੇ ਵੀ ਜਾਣਕਾਰੀ ਲਈ। ਉਨ੍ਹਾਂ ਨੂੰ ਦੱਸਿਆ ਗਿਆ ਕਿ ਇਸ ਪ੍ਰੋਜੈਕਟ ਦੇ ਪੂਰਾ ਹੋਣ ਦੀ ਸਮਾਂ ਸੀਮਾ ਅਗਸਤ 2025 ਹੈ। ਜਿੰਪਾ ਨੇ ਕਿਹਾ ਕਿ ਇਹ ਪ੍ਰੋਜੈਕਟ ਹਰ ਹਾਲ ਵਿਚ ਨਿਰਧਾਰਿਤ ਸਮੇਂ ਵਿਚ ਪੂਰਾ ਕਰਕੇ ਲੋਕ ਅਰਪਿਤ ਕੀਤਾ ਜਾਵੇ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਇਸ ਪ੍ਰੋਜੈਕਟ ਦੀ ਚੰਗੀ ਤਰ੍ਹਾਂ ਨਿਗਰਾਨੀ ਕੀਤੀ ਜਾਵੇ ਅਤੇ ਇਹ ਸੁਨਿਸ਼ਚਿਤ ਕੀਤਾ ਜਾਵੇ ਕਿ ਸੀਵਰੇਜ ਵਿਛਾਉਣ ਸਮੇਂ ਨਗਰ ਵਾਸੀਆਂ ਨੂੰ ਘੱਟ ਤੋਂ ਘੱਟ ਦਿੱਕਤਾਂ ਪੇਸ਼ ਆਉਣ।ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਨੇ ਦਿਹਾਤੀ ਇਲਾਕਿਆਂ ਵਿਚ ਕੂੜਾ ਪ੍ਰਬੰਧਨ ਲਈ ਵਿਆਪਕ ਪੱਧਰ 'ਤੇ ਮੁਹਿੰਮ ਚਲਾਉਣ ਦੀ ਹਦਾਇਤ ਵੀ ਕੀਤੀ। ਉਨ੍ਹਾਂ ਕਿਹਾ ਕਿ ਕੂੜੇ ਦੇ ਸੁਚੱਜੇ ਪ੍ਰਬੰਧਨ ਲਈ ਲੋਕਾਂ ਦਾ ਸਾਥ ਬਹੁਤ ਜ਼ਰੂਰੀ ਹੈ ਇਸ ਲਈ ਲੋਕਾਂ ਨੂੰ ਪ੍ਰੇਰਿਤ ਤੇ ਜਾਗਰੂਕ ਕਰਕੇ ਪੰਜਾਬ ਦੇ ਪਿੰਡਾਂ ਨੂੰ ਸਾਫ-ਸੁਥਰਾ ਬਣਾਉਣ ਲਈ ਵਿਭਾਗ ਨੂੰ ਕਾਰਗਰ ਕਦਮ ਉਠਾਉਣੇ ਚਾਹੀਦੇ ਹਨ। ਮੀਟਿੰਗ ਵਿਚ ਪ੍ਰਮੁੱਖ ਸਕੱਤਰ ਨੀਲਕੰਠ ਅਵਹਦ, ਵਿਭਾਗ ਮੁਖੀ ਅਮਿਤ ਤਲਵਾੜ, ਸਾਰੇ ਚੀਫ ਇੰਜੀਨੀਅਰ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

# ਦੋ ਨੌਜਵਾਨ ਨਸ਼ੀਲੇ ਪਾਊਡਰ ਸਮੇਤ ਕਾਬੂ



**ਚਮਕੌਰ ਸਾਹਿਬ ( ਗੁਰਵਿੰਦਰਪਾਲ ਸਿੰਘ ਬੌਬੀ )**-ਸਥਾਨਕ ਪੁਲਸ ਵੱਲੋਂ ਪਿੰਡ ਸੱਲੋਮਾਜਰਾ ਰੋਡ 'ਤੇ ਦੋ ਨੌਜਵਾਨਾਂ ਨੂੰ ਨਸ਼ੀਲੇ ਪਾਊਡਰ ਸਮੇਤ ਕਾਬੂ ਕਰਕੇ ਕੇਸ ਦਰਜ ਕੀਤਾ ਗਿਆ ।

ਥਾਣਾ ਮੁਖੀ ਕਮਲ ਤਨੇਜਾ ਨੇ ਦੱਸਿਆ ਕਿ ਪੁਲਸ ਚੌਕੀ ਬੇਲਾ ਦੇ ਇੰਚਾਰਜ ਸੋਹਣ ਸਿੰਘ ਨੇ ਪੁਲਸ ਮੁਲਾਜ਼ਮਾਂ ਸਮੇਤ ਸ਼ਹਿਰ ਵਿਚ ਪਿੰਡ ਸੱਲੋਮਾਜਰਾ ਰੋਡ 'ਤੇ ਚੈਕਿੰਗ ਲਈ ਨਾਕਾ ਲਗਾਇਆ ਹੋਇਆ ਸੀ ਤਾਂ ਪਿੰਡ ਸੱਲੋਮਾਜਰਾ ਵਲੋਂ ਦੋ ਨੌਜਵਾਨ ਪੈਦਲ ਆ ਰਹੇ ਸਨ, ਜਦੋਂ ਉਨ੍ਹਾਂ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਤਲਾਸ਼ੀ ਲਈ ਤਾਂ ਉਨ੍ਹਾਂ ਕੋਲੋਂ 7 ਗ੍ਰਾਮ ਨਸ਼ੀਲਾ ਪਾਊਡਰ ਬਰਾਮਦ ਹੋਇਆ । ਦੋਵਾਂ ਮੁਲਜਮਾਂ ਦੀ ਪਹਿਚਾਣ ਰਜਿੰਦਰ ਸਿੰਘ ਅਤੇ ਤਰਸੇਮ ਸਿੰਘ ਵਾਸੀ ਚਮਕੌਰ ਸਾਹਿਬ ਵਜੋਂ ਹੋਈ । ਪੁਲਸ ਨੇ ਦੋਵਾਂ ਨੂੰ ਕਾਬੂ ਕਰਕੇ ਕੇਸ ਦਰਜ ਕਰ ਲਿਆ ਹੈ ।

# ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਅਗਲੇ ਹਫ਼ਤੇ ਮੋਰਚਾ ਲਾਉਣ ਦਾ ਐਲਾਨ




**ਹੁਸ਼ਿਆਰਪੁਰ** : ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਦੀ ਅਗਵਾਈ ਹੇਠ ਇੱਕ ਵਫ਼ਦ ਨੇ ਐੱਸ.ਐੱਸ.ਪੀ. ਹੁਸ਼ਿਆਰਪੁਰ ਸੁਰੇਂਦਰ ਲਾਂਬਾ ਨਾਲ ਮੁਲਾਕਾਤ ਕਰਨ ਉਪਰੰਤ ਪੁਲਿਸ ਅਧਿਕਾਰੀਆਂ ਵਲੋਂ ਪਿੰਡ ਟਾਹਲੀ ਥਾਣਾ ਟਾਂਡਾ ਨਾਲ ਸਬੰਧਤ ਜੇਲ੍ਹ ਡੱਕੇ ਤਿੰਨ ਦਲਿਤ ਮਜ਼ਦੂਰਾਂ ਦੀ ਰਿਹਾਈ ਵਿੱਚ ਕੀਤੀ ਜਾ ਰਹੀ ਦੇਰੀ ਵਿਰੁੱਧ ਅਗਲੇ ਹਫ਼ਤੇ ਐੱਸ.ਐੱਸ.ਪੀ. ਦਫ਼ਤਰ ਅੱਗੇ ਮੋਰਚਾ ਲਗਾਉਣ ਦਾ ਐਲਾਨ ਕੀਤਾ ਹੈ। ਇਸ ਸੰਬੰਧੀ ਰੂਪ ਰੇਖਾ ਉਲੀਕਣ ਲਈ ਜਥੇਬੰਦੀ ਵਲੋਂ ਸੂਬਾ ਕਮੇਟੀ ਨੇ 21 ਜੂਨ ਨੂੰ ਆਪਣੀ ਹੰਗਾਮੀ ਮੀਟਿੰਗ ਬੁਲਾ ਲਈ ਗਈ ਹੈ।ਐੱਸ.ਐੱਸ.ਪੀ. ਨੂੰ ਮਿਲੇ ਵਫ਼ਦ ਵਿੱਚ ਭਰਾਤਰੀ ਜਥੇਬੰਦੀ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਸਿੰਘ ਢੇਸੀ ਅਤੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਆਗੂ ਮਾਸਟਰ ਸੁਖਦੇਵ ਡਾਨਸੀਵਾਲ ਵੀ ਮੌਜੂਦ ਰਹੇ। ਉਪਰੰਤ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਅਤੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਕਿਹਾ ਕਿ ਪੁਲਸ ਪ੍ਰਸ਼ਾਸਨ ਜੇਲ੍ਹ ਡੱਕੇ ਦਲਿਤ ਮਜ਼ਦੂਰਾਂ ਨੂੰ ਰਿਹਾਅ ਕਰਨ ਦੇ ਵਾਅਦੇ ਉੱਪਰ ਅਮਲ ਕਰਨ ਦੀ ਥਾਂ ਸੱਤਾਧਾਰੀ ਧਿਰ ਆਮ ਆਦਮੀ ਪਾਰਟੀ ਦੇ ਟਾਂਡਾ ਤੋਂ ਵਿਧਾਇਕ ਦੇ ਦਬਾਅ ਕਾਰਨ ਜਾਣਬੁੱਝ ਕੇ ਦੇਰੀ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕ ਸਭਾ ਚੋਣਾਂ ਦੌਰਾਨ 20 ਮਈ ਨੂੰ ਗੁਰਦੁਆਰਾ ਸਾਹਿਬ ਸੰਤ ਪ੍ਰੇਮ ਸਿੰਘ ਪਿੰਡ ਟਾਹਲੀ ਵਿਖੇ ਪੁੱਜੇ ਐੱਮ ਐੱਲ ਏ ਟਾਂਡਾ ਨੂੰ ਸਮਾਂ ਲੈ ਕੇ ਸਵਾਲ ਪੁੱਛਣ ਵਾਲੇ ਦਲਿਤ ਮਜ਼ਦੂਰਾਂ ਨੂੰ ਬੁਖਲਾਹਟ ਵਿੱਚ ਆ ਕੇ ਉਸ ਨੇ ਉਹਨਾਂ ਮਜ਼ਦੂਰਾਂ ਨੂੰ ਜਾਤੀ ਨੀਵਾਂ ਦਿਖਾਉਣ ਖਾਤਰ ਵੀਡੀਓ ਬਣਾ ਰਹੇ ਨੌਜਵਾਨ ਤੋਂ ਮੋਬਾਇਲ ਫ਼ੋਨ ਹੀ ਨਹੀਂ ਝਪਟਿਆ ਸਗੋਂ ਦਲਿਤ ਮਜ਼ਦੂਰਾਂ ਨਾਲ ਲੋਕਾਂ ਦੇ ਇਕੱਠ ਵਿੱਚ ਧੱਕੇਸ਼ਾਹੀ ਵੀ ਕੀਤੀ ਅਤੇ ਉਲ਼ਟ ਆਪਣੇ ਰੁਸੂਖ਼ ਦੀ ਦੁਰਵਰਤੋਂ ਕਰਕੇ ਮਨਘੜ੍ਹਤ ਫ਼ਿਲਮੀ ਕਹਾਣੀ ਬਣਾ ਕੇ ਸੰਗੀਨ ਧਾਰਾਵਾਂ ਤਹਿਤ ਝੂਠਾ ਕੇਸ ਪਵਾ ਕੇ ਤਿੰਨ ਦਲਿਤ ਮਜ਼ਦੂਰਾਂ ਨਾਵਲ ਗਿੱਲ ਟਾਹਲੀ, ਬੁੱਧ ਰਾਜ ਅਤੇ ਧਰਮਿੰਦਰ ਸਿੰਘ ਨੂੰ ਜੇਲ੍ਹ ਭਿਜਵਾ ਦਿੱਤਾ। ਉਨ੍ਹਾਂ ਪੁਲਿਸ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਸਮਾਂ ਰਹਿੰਦਿਆਂ ਜੇਲ੍ਹ ਡੱਕੇ ਦਲਿਤ ਮਜ਼ਦੂਰਾਂ ਨੂੰ ਰਿਹਾਅ ਨਾ ਕੀਤਾ ਅਤੇ ਉੱਚ ਜਾਤੀ ਦੇ ਘੁਮੰਡੀ ਐੱਮ.ਐੱਲ.ਏ. ਟਾਂਡਾ ਅਤੇ ਉਸਦੇ ਹਮਾਇਤੀਆਂ ਖਿਲਾਫ਼ ਐੱਸ.ਸੀ, ਐੱਸ.ਟੀ. ਐਕਟ ਤੇ ਹੋਰ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਕਾਰਵਾਈ ਨਾ ਕੀਤੀ ਗਈ ਤਾਂ ਦਲਿਤ, ਮਜ਼ਦੂਰ ਐੱਸ.ਐੱਸ.ਪੀ. ਦਫ਼ਤਰ ਅੱਗੇ ਮੋਰਚਾ ਲਗਾਉਣ ਲਈ ਮਜ਼ਬੂਰ ਹੋਣਗੇ।

# ਸੇਂਟ ਸੋਲਜਰ ਕਾਲਜ ਆਫ਼ ਐਜੂਕੇਸ਼ਨ ਨੇ ਠੰਢੀ- ਮਿੱਠੀ ਛਬੀਲ ਲਗਾਈ



**ਜਲੰਧਰ, (ਇਕਬਾਲ ਸਿੰਘ ਉੱਭੀ)**- ਸੇਂਟ ਸੋਲਜਰ ਕਾਲਜ ਆਫ਼ ਐਜੂਕੇਸ਼ਨ ਵੱਲੋਂ ਨਿਰਜਲਾ ਇਕਾਦਸ਼ੀ ਦਾ ਤਿਉਹਾਰ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ । ਜਿਸ ਦੀ ਅਗਵਾਈ ਕਾਲਜ ਪ੍ਰਿੰਸੀਪਲ ਅਲਕਾ ਗੁਪਤਾ ਨੇ ਕੀਤੀ।

ਕਾਲਜ ਦੇ ਅਧਿਆਪਕਾਂ ਅਤੇ ਐੱਨ. ਐੱਸ. ਐੱਸ ਯੂਨਿਟ ਦੇ ਵਿਦਿਆਰਥੀਆਂ ਨੇ ਇਕੱਠੇ ਹੋ ਕੇ ਲੋਕਾਂ ਦੀ ਪਿਆਸ ਬੁਝਾਉਣ ਲਈ ਠੰਡੇ ਮਿੱਠੇ ਛਬੀਲ ਲਗਾਈ , ਜਿਸ ਦਾ ਮੁੱਖ ਕਾਰਨ ਲੋਕਾਂ ਨੂੰ ਇਸ ਕਹਿਰ ਦੀ ਗਰਮੀ ਤੋਂ ਰਾਹਤ ਦਿਵਾਉਣਾ ਅਤੇ ਆਸ਼ਾਵਾਦ ਅਤੇ ਵਿਸ਼ਵਾਸ ਦਾ ਸੰਦੇਸ਼ ਦੇਣਾ ਸੀ। ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਸਮੂਹ ਵਿਦਿਆਰਥੀਆਂ ਨੂੰ ਨਿਰਜਲਾ ਇਕਾਦਸ਼ੀ ਦੇ ਪਵਿੱਤਰ ਤਿਉਹਾਰ ਦੀ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਅਜਿਹੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਇਹ ਗਤੀਵਿਧੀਆਂ ਏਕਤਾ, ਅਨੁਸ਼ਾਸਨ ਅਤੇ ਮਾਨਵਤਾ ਨੂੰ ਜਾਗ੍ਰਿਤ ਕਰਦੀਆਂ ਹਨ।

# ਪਨਬਸ ਮੁਲਾਜ਼ਮਾਂ ਦੀ ਠੇਕੇਦਾਰ ਵੱਲੋਂ ਕੀਤੀ ਜਾ ਰਹੀ ਨਜਾਇਜ਼ ਲੁੱਟ ਖਿਲਾਫ ਸੰਘਰਸ਼ ਦੀ ਤਿਆਰੀ : ਨਰਿੰਦਰ ਪੰਡੋਰੀ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪੰਜਾਬ ਰੋਡਵੇਜ਼/ਪਨਬਸ/ਪੀ.ਆਰ.ਟੀ.ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਦੇ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਨੇ ਕਿਹਾ ਕਿ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰਦੇ ਮੁਲਾਜ਼ਮਾਂ ਜਿਨ੍ਹਾਂ ਦਾ ਗੁਜ਼ਾਰਾ ਪਨਬਸ 'ਚ ਨੌਕਰੀ ਦੇ ਨਾਲ ਹੀ ਚਲਦਾ ਹੈ, ਮਈ ਦੀ ਤਨਖ਼ਾਹ ਜੋ 1 ਜੂਨ ਨੂੰ ਪੈਣੀ ਚਾਹੀਦੀ ਸੀ ਅੱਜ 19 ਜੂਨ ਹੋ ਚੁੱਕੀ ਹੈ, ਨਹੀਂ ਆਈ ਜਿਸ ਕਾਰਨ ਪਰਵਾਰ ਦਾ ਗੁਜ਼ਾਰੇ ਚਲਾਉਣੇ ਮੁਸ਼ਕਲ ਹੋ ਰਹੇ ਹਨ। 12-12 ਘੰਟੇ ਕੰਮ ਕਰਨ ਦੇ ਬਾਵਜੂਦ ਸਾਨੂੰ ਸਮੇਂ ਸਿਰ ਤਨਖਾਹ ਨਹੀਂ ਦਿੱਤੀ ਜਾਂਦੀ ਜਦੋਂ ਕਿ ਸਾਡਾ ਵਿਭਾਗ ਪਬਲਿਕ ਨੂੰ ਸਫ਼ਰ ਕਰਵਾਉਂਣ ਦੇ ਰੋਜ਼ ਪੈਸੇ ਵੱਟਦਾ ਹੈ ਪਰੰਤੂ ਵਿਭਾਗ ਵੱਲੋਂ ਫਰੀ ਸਫਰ ਸਹੂਲਤਾਂ ਦੇ ਪੈਸੇ ਨਹੀਂ ਆਏ ਜਾਂ ਫਿਰ ਠੇਕੇਦਾਰ ਵੱਲੋਂ ਜਮ੍ਹਾ ਨਹੀਂ ਕਰਾਇਆ ਗਿਆ, ਅਜਿਹੇ ਬਹਾਨੇ ਘੜ ਕੇ ਤਨਖਾਹਾਂ ਲੇਟ ਕੀਤੀਆਂ ਜਾਂਦੀਆਂ ਹਨ। ਦੂਸਰੇ ਪਾਸੇ ਠੇਕੇਦਾਰ ਵੱਲੋਂ ਵੱਡੇ ਪੱਧਰ 'ਤੇ ਮੁਲਾਜ਼ਮਾਂ ਦੀ ਲੁੱਟ ਕੀਤੀ ਜਾ ਰਹੀ ਹੈ। ਸਿਕਿਉਰਟੀਆਂ ਦਾ ਕਰੋੜਾਂ ਰੁਪਈਆ ਠੇਕੇਦਾਰ ਵੱਲੋਂ ਨਜਾਇਜ਼ ਤਰੀਕੇ ਨਾਲ ਤਨਖਾਹਾਂ ਵਿੱਚੋਂ ਕੱਟਿਆ ਗਿਆ ਹੈ। ਐਗਰੀਮੈਂਟ ਅਨੁਸਾਰ ਕਿਸੇ ਵੀ ਮੁਲਾਜ਼ਮ ਦੇ ਗਰੁੱਪ ਇੰਸ਼ੋਰੈਂਸ ਨਹੀਂ ਕਰਾਇਆ ਗਿਆ ਵੈਲਫੇਅਰ ਫੰਡ ਜਮ੍ਹਾ ਨਹੀਂ ਕਰਾਇਆ ਜਾਂਦਾ, ਜਿਸ ਕਾਰਨ ਮੁਲਾਜ਼ਮਾਂ ਨੂੰ ਵੱਡੇ ਪੱਧਰ 'ਤੇ ਵਿੱਤੀ ਨੁਕਸਾਨ ਝੱਲਣਾ ਪੈ ਰਿਹਾ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਸਮੇਂ ਠੇਕੇਦਾਰ ਦੀ ਗਿਣਤੀ ਇੱਕ ਦੀ ਬਜਾਏ ਦੋ ਹੋਈ ਹੈ ਅਤੇ ਸਰਕਾਰ ਠੇਕੇਦਾਰ ਵਿਚੋਲੀਆਂ ਨੂੰ ਕੱਢਣ ਦੀ ਬਜਾਏ ਉਨ੍ਹਾਂ ਨੂੰ ਵੱਡੇ ਪੱਧਰ 'ਤੇ ਮੁਲਾਜ਼ਮਾਂ ਦਾ ਸ਼ੋਸ਼ਣ ਕਰਨ ਦੀ ਖੁੱਲ੍ਹ ਦੇ ਰਹੀ ਹੈ। ਇਸ ਚੀਜ਼ ਨੂੰ ਮੁੱਖ ਰੱਖਦੇ ਹੋਏ ਜਥੇਬੰਦੀ ਵੱਲੋਂ ਤਿੱਖਾ ਸੰਘਰਸ਼ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ।ਸੂਬਾ ਸਕੱਤਰ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਹਰ ਵਾਰ ਹੀ ਮੈਨੇਜਮੈਂਟ ਤੇ ਸਰਕਾਰ ਮੁਲਾਜ਼ਮਾਂ ਦੀਆਂ ਤਨਖ਼ਾਹਾਂ 'ਚ ਦਿੱਕਤ ਪੈਦਾ ਕਰਦੀ ਹੈ ਕਦੇ ਵੀ ਸਮੇਂ ਸਿਰ ਤਨਖਾਹ ਨਹੀਂ ਦਿੱਤੀ ਜਾਂਦੀ ਜਿਸ ਕਾਰਨ ਮੁਲਾਜ਼ਮਾਂ ਦੇ ਪਰਵਾਰਾਂ ਦਾ ਸੰਤੁਲਨ ਵਿਗੜ ਜਾਂਦਾ ਹੈ। ਇੱਕ ਠੇਕੇਦਾਰ ਦੀ ਗਲਤੀ ਦੇ ਕਾਰਨ ਖਮਿਆਜ਼ਾ ਆਮ ਵਰਕਰ ਨੂੰ ਭੁਗਤਾਨ ਪੈਂਦਾ ਹੈ। ਯੂਨੀਅਨ ਨੇ ਫੈਸਲਾ ਕੀਤਾ ਕਿ ਜੇਕਰ ਮੰਗਾਂ ਦਾ ਹੱਲ ਨਹੀਂ ਹੁੰਦਾ ਜਾਂ ਕੋਈ ਮੀਟਿੰਗ ਕਰਕੇ ਮੈਨੇਜਮੈਂਟ ਹੱਲ ਨਹੀਂ ਕੱਢਦੀ ਤਾਂ ਕੱਲ੍ਹ ਨੂੰ ਮੁਕੰਮਲ ਚੱਕਾ ਜਾਮ ਕਰਕੇ ਮੁੱਖ ਮੰਤਰੀ ਰਿਹਾਇਸ਼ ਚੰਡੀਗੜ੍ਹ ਵਿਖੇ ਪੰਜਾਬ ਦੇ ਸਾਰੇ ਡੀਪੂਆਂ ਦਾ ਇਕੱਠ ਕਰਕੇ ਧਰਨਾ ਦਿੱਤਾ ਜਾਏਗਾ ।

# ਗੁੱਜਰਾਂ 'ਤੇ ਲੱਗੀ ਪਾਬੰਦੀ ਦੇ ਹੁਕਮਾਂ ਨੂੰ ਲਾਗੂ ਕਰਾਉਣ ਸੰਬੰਧੀ ਵਫਦ ਡੀ ਸੀ ਨੂੰ ਮਿਲਿਆ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ ਦਾ ਇੱਕ ਵਫਦ ਕਿਸਾਨ ਆਗੂਆਂ ਗੁਰਦੀਪ ਸਿੰਘ ਖੁਣਖੁਣ, ਹਰਪ੍ਰੀਤ ਸਿੰਘ ਲਾਲੀ, ਰਣਧੀਰ ਸਿੰਘ ਅਸਲਪੁਰ ਦੀ ਅਗਵਾਈ ਹੇਠ ਗੁੱਜਰਾਂ ਵੱਲੋਂ ਪਸ਼ੂਆਂ ਨੂੰ ਖੁੱਲ੍ਹੇ ਵਿੱਚ ਚਰਾਉਣ 'ਤੇ ਲੱਗੀ ਪਾਬੰਦੀ ਦੇ ਹੁਕਮਾਂ ਨੂੰ ਲਾਗੂ ਕਰਾਉਣ ਸੰਬੰਧੀ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੂੰ ਮਿਲਿਆ। ਇਸ ਸਮੇਂ ਆਗੂਆਂ ਨੇ ਦੱਸਿਆ ਕਿ ਖੁੱਲ੍ਹੇ ਖੇਤ ਅਤੇ ਚਰਾਂਦਾਂ ਦੇ ਖਤਮ ਹੋ ਜਾਣ ਨਾਲ ਖੁੱਲ੍ਹੇ ਵਿੱਚ ਪਸ਼ੂਆਂ ਨੂੰ ਚਰਾਉਣਾ ਸੰਭਵ ਨਹੀਂ ਰਹਿ ਗਿਆ ਪਰ ਗੁੱਜਰ ਭਾਈਚਾਰੇ ਦੇ ਲੋਕਾਂ ਵੱਲੋਂ ਆਕਸਰ ਸੜਕਾਂ ਦੇ ਕੰਢੇ ਜੰਗਲਾਤ ਵਿਭਾਗ ਦੀ ਜਾਇਦਾਦ ਵਿੱਚ ਲੱਗੇ ਹੋਏ ਦਰੱਖਤਾਂ ਦਾ ਜਿੱਥੇ ਵੱਡੀ ਪੱਧਰ 'ਤੇ ਨੁਕਸਾਨ ਕਰਦੇ ਹਨ ਉੱਥੇ ਜ਼ਿਮੀਦਾਰਾਂ ਦੀ ਫਸਲ ਅਤੇ ਲੱਗੇ ਹੋਏ ਦਰੱਖਤਾਂ ਦਾ ਵੀ ਵੱਡੀ ਪੱਧਰ 'ਤੇ ਨੁਕਸਾਨ ਕਰਦੇ ਹਨ। ਇਸ ਸਮੇਂ ਜਦੋਂ ਕੋਈ ਕਿਸਾਨ ਇਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕਰਦਾ ਹੈ ਤਾਂ ਕਈ ਵਾਰੀ ਫੌਜਦਾਰੀ ਦਾ ਕੇਸ ਬਣਨ ਦੇ ਵੀ ਆਸਾਰ ਬਣ ਜਾਂਦੇ ਹਨ।

ਉਨ੍ਹਾਂ ਦੱਸਿਆ ਕਿ ਇਹ ਲੋਕ ਜੰਗਲਾਤ ਵਿਭਾਗ ਅਧੀਨ ਆਉਂਦੇ ਦਰਿਆਵਾਂ ਦੇ ਕੰਢੇ, ਚੋਆਂ, ਨਾਲਿਆਂ, ਬੰਨ੍ਹਾਂ ਦੇ ਰਕਬੇ ਵਿੱਚ ਲੱਗੇ ਹੋਏ ਦਰੱਖਤਾਂ ਦਾ ਵੱਡੀ ਪੱਧਰ 'ਤੇ ਨੁਕਸਾਨ ਕਰਦੇ ਹਨ। ਇਸ ਸਮੇਂ ਕਿਸਾਨ ਆਗੂਆਂ ਨੇ ਕਿਹਾ ਕਿ ਬਿਸਤ ਦੁਆਬਾ ਨਹਿਰ ਵਿੱਚ ਅਤੇ ਇਸ ਵਿੱਚੋਂ ਹੋਰ ਨਿਕਲਦੀਆਂ ਨਹਿਰਾਂ ਚੋਆਂ ਦੇ ਬੰਨ੍ਹ, ਦਰਿਆ ਬਿਆਸ ਦੇ ਕੰਢੇ ਬਣੇ ਧੁੱਸੀ ਬੰਨ ਵਿੱਚੋਂ ਡੰਗਰਾਂ ਨੂੰ ਪਾਣੀ ਪਿਲਾਉਣ ਅਤੇ ਚਰਾਉਣ ਲਈ ਜਾਂਦੇ ਸਮੇਂ ਇਨ੍ਹਾਂ ਦਾ ਭਾਰੀ ਨੁਕਸਾਨ ਕਰਦੇ ਹਨ ਜਿਸ ਨਾਲ ਬਰਸਾਤਾਂ ਵਿੱਚ ਇਨ੍ਹਾਂ ਵਿੱਚ ਪਾੜ ਪੈਣ ਨਾਲ ਹੜ੍ਹ ਆਉਣ ਦੀ ਗੰਭੀਰ ਸਥਿਤੀ ਬਣ ਜਾਂਦੀ ਹੈ ਅਤੇ ਭਾਰੀ ਜਾਨੀ ਮਾਲੀ ਨੁਕਸਾਨ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ। ਇਸ ਹੋ ਰਹੇ ਨੁਕਸਾਨ ਨੂੰ ਸਮਾਂ ਰਹਿੰਦੇ ਹੋਏ ਤੁਰੰਤ ਕੀਤੇ ਹੋਏ ਹੁਕਮਾਂ ਨੂੰ ਲਾਗੂ ਕਰਵਾ ਕੇ ਰੋਕਿਆ ਜਾਵੇ। ਇਸ ਸਮੇਂ ਡਿਪਟੀ ਕਮਿਸਨਰ ਕੋਮਲ ਮਿੱਤਲ ਵੱਲੋਂ ਕਿਸਾਨ ਆਗੂਆਂ ਨੂੰ ਕਾਰਵਾਈ ਕਰਨ ਦਾ ਭਰੋਸਾ ਦਿੱਤਾ।

ਇਸ ਸਮੇਂ ਅਵਤਾਰ ਸਿੰਘ ਖਡਿਆਲਾ, ਵੈਦ ਗੁਰਜੀਤ ਸਿੰਘ ਕੋਟਲੀ, ਗੁਰਨਾਮ ਸਿੰਘ ਸਿੰਗੜੀਵਾਲਾ ਤੇ ਬਲਦੇਵ ਸਿੰਘ ਅਸਲਪੁਰ ਆਦਿ ਹਾਜ਼ਰ ਸਨ।

# ਕਟਾਰੂ ਚੱਕ ਵੱਲੋਂ ਹਾੜ੍ਹੀ ਮੰਡੀਕਰਨ ਸੀਜ਼ਨ ਨੂੰ ਸਫ਼ਲਾਪੂਰਵਕ ਨੇਪਰੇ ਚਾੜ੍ਹਨ ਲਈ ਵਿਭਾਗ ਦੀ ਸ਼ਲਾਘਾ



**ਚੰਡੀਗੜ੍ਹ (ਗੁਰਜੀਤ ਬਿੱਲਾ)**—ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਅਧੀਨ ਪੰਜਾਬ ਸਰਕਾਰ ਸੂਬੇ ਦੇ ਆਰਥਿਕ ਢਾਂਚੇ ਦੀ ਰੀੜ੍ਹ ਦੀ ਹੱਡੀ ਬਣੇ ਖੇਤੀਬਾੜੀ ਸੈਕਟਰ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਸਾਲ ਦਾ ਸਫ਼ਲ ਹਾੜ੍ਹੀ ਮੰਡੀਕਰਨ ਸੀਜ਼ਨ (ਆਰ. ਐਮ. ਐਸ.) ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹੈ।ਮੌਜੂਦਾ ਖਰੀਦ ਸੀਜ਼ਨ ਨੂੰ ਕਾਮਯਾਬੀ ਨਾਲ ਨੇਪਰੇ ਚਾੜ੍ਹਨ ਲਈ ਸਮੁੱਚੇ ਵਿਭਾਗ ਦੀ ਸ਼ਲਾਘਾ ਕਰਦਿਆਂ ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਸਮੀਖਿਆ ਮੀਟਿੰਗ ਦੌਰਾਨ ਕਿਹਾ ਕਿ ਇਹ ਬੜੇ ਮਾਣ ਵਾਲੀ ਗੱਲ ਹੈ ਕਿ ਖਰੀਦ ਸੀਜ਼ਨ ਨੂੰ ਨਿਰਵਘਨ ਢੰਗ ਨਾਲ ਸਫ਼ਲਤਾਪੂਰਵਕ ਨੇਪਰੇ ਚਾੜ੍ਹਿਆ ਗਿਆ ਹੈ।ਮੀਟਿੰਗ ਦੌਰਾਨ ਉਨ੍ਹਾਂ ਨੂੰ ਦੱਸਿਆ ਗਿਆ ਕਿ ਇਸ ਸੀਜ਼ਨ ਵਿੱਚ ਰਿਕਾਰਡ ਕਾਇਮ ਕਰਦਿਆਂ ਇੱਕ ਦਿਨ ਵਿੱਚ 12.83 ਲੱਖ ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਅਤੇ ਉਸੇ ਦਿਨ ਹੀ 12.47 ਲੱਖ ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ। ਕੈਬਨਿਟ ਮੰਤਰੀ ਨੇ ਕਿਸਾਨਾਂ ਦੇ ਖਾਤਿਆਂ ਵਿੱਚ 28341.28 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਟਰਾਂਸਫਰ ਕਰਨ ਲਈ ਵਿਭਾਗ ਦੀ ਸ਼ਲਾਘਾ ਵੀ ਕੀਤੀ।ਇਸ ਮੌਕੇ ਮੰਤਰੀ ਨੂੰ ਦੱਸਿਆ ਗਿਆ ਕਿ ਹਰੇਕ ਲੈਣ-ਦੇਣ ਵਿੱਚ ਪਾਰਦਰਸ਼ਿਤਾ ਨੂੰ ਯਕੀਨੀ ਬਣਾਉਣ ਲਈ 13145 ਈ-ਪੀਓਐਸ ਮਸ਼ੀਨਾਂ ਦਿੱਤੀਆਂ ਗਈਆਂ ਹਨ। ਇਸ ਤੋਂ ਇਲਾਵਾ, ਮੰਤਰੀ ਦੇ ਧਿਆਨ ਵਿਚ ਇਹ ਵੀ ਲਿਆਂਦਾ ਗਿਆ ਕਿ ਸੂਬਾ ਸਰਕਾਰ ਵੱਲੋਂ ਈ-ਸ਼੍ਰਮ ਪੋਰਟਲ 'ਤੇ 42 ਲੱਖ ਤੋਂ ਵੱਧ ਪ੍ਰਵਾਸੀ ਮਜ਼ਦੂਰ ਪਹਿਲਾਂ ਹੀ ਰਜਿਸਟਰ ਕੀਤੇ ਜਾ ਚੁੱਕੇ ਹਨ ਤਾਂ ਜੋ ਉਹ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ (ਐਨ.ਐਫ.ਐਸ.ਏ.) ਤਹਿਤ ਲਾਭ ਲੈ ਸਕਣ।ਵਿਭਾਗੀ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਇਸੇ ਕਾਰਗੁਜ਼ਾਰੀ ਨੂੰ ਜਾਰੀ ਰੱਖਣ ਲਈ ਪ੍ਰੇਰਿਤ ਕਰਦਿਆਂ ਮੰਤਰੀ ਨੇ ਉਮੀਦ ਪ੍ਰਗਟਾਈ ਕਿ ਵਿਭਾਗ ਇਸ ਸਾਲ ਹੋਰ ਵੀ ਬਿਹਤਰ ਕਾਰਗੁਜ਼ਾਰੀ ਪੇਸ਼ ਕਰੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਮੁੱਖ ਸਕੱਤਰ ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਵਿਕਾਸ ਗਰਗ, ਡਾਇਰੈਕਟਰ ਪੁਨੀਤ ਗੋਇਲ, ਸਮੂਹ ਡਿਪਟੀ ਡਾਇਰੈਕਟਰ (ਫੀਲਡ) ਅਤੇ ਸਮੂਹ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰ (ਡੀ.ਐਫ.ਐਸ.ਸੀ.) ਹਾਜ਼ਰ ਸਨ।

# 3 ਲੱਖ ਰੁਪਏ ਦੀ ਕੀਮਤ ਦੇ ਗਹਿਣੇ ਚੋਰੀ



**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ )**- ਪਿੰਡ ਝਾਂਡੀਆਂ ਖੁਰਦ ਵਿਖੇ ਦੇਰ ਰਾਤ ਚੋਰ ਇਕ ਮਜ਼ਦੂਰ ਦੇ ਘਰ 'ਚੋਂ ਲੱਖਾਂ ਦੀ ਕੀਮਤ ਦੇ ਗਹਿਣੇ ਚੋਰੀ ਕਰਕੇ ਰਫੂਚੱਕਰ ਹੋ ਗਏ । ਇਸ ਘਟਨਾ ਸਬੰਧੀ ਪਰਵਾਰਕ ਮੈਂਬਰਾਂ ਨੂੰ ਸਵੇਰੇ ਉੱਠਣ 'ਤੇ ਪਤਾ ਚੱਲਿਆ ।

ਪ੍ਰਾਪਤ ਜਾਣਕਾਰੀ ਅਨੁਸਾਰ ਨਰੇਸ਼ ਕੁਮਾਰ ਪੁੱਤਰ ਤਰਸੇਮ ਲਾਲ ਜੋ ਮਜ਼ਦੂਰੀ ਦਾ ਕੰਮ ਕਰਦਾ ਹੈ ਰਾਤ ਆਪਣੇ ਘਰ ਦੇ ਬਰਾਂਡੇ 'ਚ ਪਰਵਾਰ ਨਾਲ ਸੁੱਤਾ ਹੋਇਆ ਸੀ । ਇਸ ਦੌਰਾਨ ਘਰ ਦੇ ਅੰਦਰ ਦਾਖਿਲ ਹੋਏ ਚੋਰ, ਬਰਾਂਡੇ ਦੇ ਨਾਲ ਲੱਗਦੇ ਕਮਰੇ ਦਾ ਦਰਵਾਜ਼ਾ ਖੋਲ੍ਹ ਕੇ ਅਲਮਾਰੀ ਤੇ ਟਰੰਕਾਂ ਦੀ ਫਰੋਲਾ-ਫਰਾਲੀ 'ਚ ਜੁੱਟ ਗਏ । ਪਰਵਾਰ ਨੂੰ ਕੂਲਰ ਦੀ ਅਵਾਜ਼ ਕਾਰਨ ਚੋਰਾਂ ਦੇ ਦਾਖਿਲ ਹੋਣ ਦਾ ਪਤਾ ਨਹੀਂ ਚੱਲ ਸਕਿਆ ਅਤੇ ਜਦੋਂ ਉਨ੍ਹਾਂ ਸਵੇਰੇ ਉੱਠ ਕੇ ਦੇਖਿਆ ਤਾਂ ਅਲਮਾਰੀ ਤੇ ਟਰੰਕਾਂ 'ਚੋਂ ਸਮਾਨ ਬਾਹਰ ਕੱਢ ਕੇ ਵਿਖੇਰਿਆ ਹੋਇਆ ਸੀ । ਸੂਚਨਾ ਮਿਲਣ 'ਤੇ ਪਿੰਡ ਦੀ ਸਰਪੰਚ ਦੇ ਪਤੀ ਗੁਰਚਰਨ ਸਿੰਘ ਵੀ ਮੌਕੇ 'ਤੇ ਪਹੁੰਚ ਗਏ । ਘਰ ਦੇ ਮਾਲਿਕ ਨਰੇਸ਼ ਕੁਮਾਰ ਅਤੇ ਗੁਰਚਰਨ ਸਿੰਘ ਨੇ ਦੱਸਿਆ ਕਿ ਚੋਰਾਂ ਵੱਲੋਂ ਇਕ ਜੋੜਾ ਸੋਨੇ ਦੀਆਂ ਵਾਲੀਆਂ, ਇਕ ਸੋਨੇ ਦਾ ਹਾਰ, ਇਕ ਸੋਨੇ ਦੀ ਅੰਗੂਠੀ ਅਤੇ ਇਕ ਚਾਂਦੀ ਦੀਆਂ ਝਾਂਜਰਾਂ ਦਾ ਜੋੜਾ ਜਿਸਦੀ ਅੰਦਾਜ਼ਨ ਕੀਮਤ ਕਰੀਬ 3 ਲੱਖ ਰੁਪਏ ਬਣਦੀ ਹੈ ਚੋਰੀ ਕਰ ਲਿਆ ਗਿਆ ਹੈ ।

# ਡੇਢ ਕਿੱਲੋ ਅਫੀਮ ਸਮੇਤ ਦੋ ਕਾਬੂ



**ਅੱਡਾ ਸਰਾਂ (ਜਸਵੀਰ ਕਾਜਲ)**- ਐਸ. ਆਈ. ਅਮਨਦੀਪ ਸਿੰਘ ਮੁੱਖ ਥਾਣਾ ਅਫ਼ਸਰ ਬੁੱਲੋਵਾਲ ਦੀ ਅਗਵਾਈ ਹੇਠ ਪੁਲਸ ਨੇ ਦੋ ਵਿਅਕਤੀਆਂ ਨੂੰ ਨਸ਼ੀਲੇ ਪਦਾਰਥ ਸਮੇਤ ਕਾਬੂ ਕੀਤਾ ਹੈ। ਪੁਲਸ ਟੀ ਪੁਆਇੰਟ ਫਤੋਵਾਲ ਮੋੜ ਵਹੀਕਲਾਂ ਦੀ ਚੈਕਿੰਗ ਕਰ ਰਹੀ ਸੀ ਕਿ ਬੁੱਲੋਵਾਲ ਸਾਈਡ ਤੋਂ ਇੱਕ ਮੋਟਰਸਾਈਕਲ ਬਿਨਾਂ ਨੰਬਰੀਆਇਆ ਜਿਸ ਨੂੰ ਟਾਰਚ ਦਾ ਇਸ਼ਾਰਾ ਕਰਕੇ ਰੁੱਕਣ ਦਾ ਇਸ਼ਾਰਾ ਕੀਤਾ।

ਮੋਟਰਸਾਈਕਲ ਸਵਾਰ ਨਾਕਾ ਬੰਦੀ ਦੇਖ ਕੇ ਆਪਣਾ ਮੋਟਰਸਾਈਕਲ ਮੋੜਨ ਲੱਗੇ ਤੇ ਮੋਟਰਸਾਈਕਲ ਸਲਿਪ ਹੋ ਗਿਆ। ਦੋਨੇ ਨੌਜਵਾਨ ਭੱਜਣ ਲੱਗੇ ਤਾਂ ਐਸ ਆਈ ਮੁੱਖ ਅਫਸਰ ਥਾਣਾ ਸਮੇਤ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕੀਤਾ। ਉਨ੍ਹਾਂ ਦੀ ਪਛਾਣ ਵਜਿੰਦਰਪਾਲ ਪੁੱਤਰ ਮਹਿੰਦਰਪਾਲ ਅਤੇ ਕ੍ਰਿਸ਼ਨ ਪਾਲ ਪੁੱਤਰ ਪ੍ਰੇਮ ਸਿੰਘ ਪਾਲ ਵਾਸੀ ਬਰਮਾਈ ਬਜ਼ੁਰਗ ਗੁਰਦਾਨੀ ਥਾਣਾ ਬਿਲਗੀ ਜ਼ਿਲ੍ਹਾ ਬਦਾਇਉ ਸਟੇਟ ਉੱਤਰ ਪ੍ਰਦੇਸ਼ ਵਜੋਂ ਹੋਈ ।ਤਲਾਸ਼ੀ ਕਰਨ 'ਤੇ ਉਨ੍ਹਾਂ ਕੋਲੋਂ 1 ਕਿਲੋ 5 ਸੌ ਗ੍ਰਾਮ ਅਫੀਮ ਬ੍ਰਾਮਦ ਹੋਈ।

# ਮਧੂ ਬਾਲਾ ਦੀ ਰਸਮ ਕਿਰਿਆ ਉਪਰੰਤ ਸ਼ਰਧਾਂਜਲੀ ਸਮਾਗਮ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਬਾਬਾ ਗਰੀਬ ਨਾਥ ਮੰਦਿਰ ਰਾਏਪੁਰ ਮਦਾਨ ਦੇ ਸੰਸਥਾਪਕ ਸੰਤ ਬਾਬਾ ਨਸੀਬ ਸਿੰਘ ਦੀ ਪੁੱਤਰੀ ਸ਼੍ਰੀਮਤੀ ਮਧੁਬਾਲਾ ਪਤਨੀ ਕ੍ਰਿਸ਼ਨ ਕੁਮਾਰ ਰਾਣਾ ਜਿਨ੍ਹਾਂ ਦਾ 7 ਜੂਨ 2024 ਨੂੰ ਅਚਾਨਕ ਦੇਹਾਂਤ ਹੋ ਗਿਆ ਸੀ, ਦੀ ਆਤਮਾ ਦੀ ਸ਼ਾਂਤੀ ਲਈ ਰਸਮ ਕਿਰੀਆ ਅੱਜ ਸ਼ਕਤੀ ਮੰਦਿਰ ਹੁਸ਼ਿਆਰਪੁਰ ਵਿਖੇ ਆਯੋਜਿਤ ਕੀਤੀ ਗਈ। ਇਸ ਮੌਕੇ ਤੇ ਗਰੁਡ ਪੁਰਾਣ ਦੇ ਪਾਠ ਦੇ ਭੋਗ ਤੋਂ ਬਾਅਦ ਸ਼ਰਧਾਂਜਲੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 'ਤੇ ਹੁਸ਼ਿਆਰਪੁਰ ਦੀਆਂ ਮਸ਼ਹੂਰ ਹਸਤੀਆਂ ਰਾਕੇਸ਼ ਮਰਵਾਹਾ, ਵਿਸ਼ਵ ਪ੍ਰਸਿੱਧ ਗਾਇਕ ਗੁਰਦੀਪ ਸਿੰਘ, ਤੀਕਸ਼ਨ ਸੂਦ ਅਤੇ ਸਾਬਕਾ ਸਾਂਸਦ ਅਵੀਨਾਸ਼ ਰਾਏ ਖੰਨਾ ਨੇ ਪਰਵਾਰ ਦੇ ਨਾਲ ਸੰਵੇਦਨਾ ਪ੍ਰਗਟ ਕੀਤੀ।ਖੰਨਾ ਨੇ ਸ਼ਰਧਾਂਜਲੀ ਦਿੰਦੇ ਹੋਏ ਕਿਹਾ ਕਿ ਅੱਜ ਦੇ ਭੌਤਿਕਵਾਦੀ ਯੁਗ ਵਿੱਚ ਲੋਕ ਧਰਮ ਕਾਰਜਾਂ ਤੋਂ ਪਿਛੇ ਹੱਟ ਕੇ ਪੈਸੇ ਪਿੱਛੇ ਦੌੜ ਰਹੇ ਹਨ। ਉਨ੍ਹਾਂ ਦਾ ਮੁੱਖ ਉਦੇਸ਼ ਡਾਲਰ ਅਤੇ ਪਾਊਂਡ ਕਮਾਉਣਾ ਹੀ ਬਣ ਗਿਆ ਹੈ ਜੋ ਕਿ ਇਸ ਨਸ਼ਵਰ ਸੰਸਾਰ ਨੂੰ ਛੱਡਣ ਤੋਂ ਬਾਅਦ ਕਿਸੀ ਕੰਮ ਨਹੀਂ ਆਉਂਦੇ। ਮੌਤ ਤੋਂ ਬਾਅਦ ਇਨਸਾਨ ਦੇ ਕਰਮ ਹੀ ਉਸ ਦੇ ਨਾਲ ਜਾਂਦੇ ਹਨ। ਇਸ ਲਈ ਸਾਨੂੰ ਸਾਰਿਆਂ ਨੂੰ ਚਾਹੀਦਾ ਹੈ ਕਿ ਪੈਸਾ ਕਮਾਉਣ ਦੇ ਨਾਲ-ਨਾਲ ਚੰਗੇ ਕਰਮ ਵੀ ਕਰੀਏ ਤਾਂਕਿ ਸਾਡਾ ਲੋਕ ਅਤੇ ਪਰਲੋਕ ਦੋਨੋਂ ਸੁਧਰ ਸਕਣ। ਉਨਾਂ ਨੇ ਕਿਹਾ ਕਿ ਸਵ:ਮਧੁਬਾਲਾ ਧਾਰਮਿਕ ਰੁਚੀ ਵਾਲੀ ਅਤੇ ਸਮਾਜ ਸੇਵਾ ਦੇ ਕਾਰਜ ਕਰਨ ਵਾਲੀ ਮਹਿਲਾ ਸੀ, ਉਨਾਂ ਦਾ ਐਨੀ ਛੋਟੀ ਉਮਰ ਵਿੱਚ ਚਲੇ ਜਾਣਾ ਪਰਵਾਰ ਅਤੇ ਸਮਾਜ ਦੇ ਲਈ ਕਦੀ ਨਾ ਪੂਰਾ ਹੋਣ ਵਾਲਾ ਨੁਕਸਾਨ ਹੈ। ਅਸੀਂ ਭਗਵਾਨ ਤੋਂ ਪ੍ਰਾਥਨਾ ਕਰਦੇ ਹਾਂ ਕਿ ਉਹ ਪਰਵਾਰ ਨੂੰ ਇਸ ਗਹਿਰੇ ਸਦਮੇ ਨੂੰ ਸਹਿਣ ਦੀ ਸ਼ਕਤੀ ਪ੍ਰਦਾਨ ਕਰਨ। ਇਸ ਮੌਕੇ 'ਤੇ ਹਰੀਸ਼ ਐਰੀ, ਸਾਬਕਾ ਜੱਜ ਅਸ਼ੋਕ ਕੁਮਾਰ, ਲੁਧਿਆਣਾ ਤੋਂ ਅਸ਼ਵਨੀ ਸ਼ਰਮਾ, ਐਲੀ ਰਾਕੇਸ਼ ਦੱਤਾ, ਐਲੀ ਰਮੇਸ਼ ਕੁਮਾਰ ਅਤੇ ਪ੍ਰਸਿੱਧ ਨਿਰਦੇਸ਼ਕ ਅਤੇ ਕਲਾਕਾਰ ਅਸ਼ੋਕ ਪੁਰੀ ਅਤੇ ਹੋਰ ਪਤਵੰਤੇ ਭਾਰੀ ਗਿਣਤੀ ਵਿੱਚ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੀਆਂ ਬੈਂਕਾਂ ਦੀ ਕਾਰਗੁਜ਼ਾਰੀ ਦਾ ਲਿਆ ਜਾਇਜ਼ਾ

## ਕਮਜ਼ੋਰ ਵਰਗਾਂ, ਬੇਰੁਜ਼ਗਾਰਾਂ ਤੇ ਸਵੈ-ਸਹਾਇਤਾ ਸਮੂਹਾਂ ਨੂੰ ਵੱਧ ਤੋਂ ਵੱਧ ਕਰਜ਼ੇ ਦੇਣ ਦੇ ਦਿੱਤੇ ਨਿਰਦੇਸ਼



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਅੱਜ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਚ ਜ਼ਿਲ੍ਹੇ ਦੀਆਂ ਵੱਖ-ਵੱਖ ਬੈਂਕਾਂ ਦੀ ਕਾਰਗੁਜ਼ਾਰੀ ਦਾ ਜਾਇਜ਼ਾ ਲਿਆ। ਇਸ ਸਬੰਧੀ ਜ਼ਿਲ੍ਹਾ ਸਲਾਹਕਾਰ ਕਮੇਟੀ ਅਤੇ ਜ਼ਿਲ੍ਹਾ ਪੱਧਰੀ ਸਮੀਖਿਆ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਬੈਂਕਾਂ ਨੂੰ ਸਮਾਜ ਦੇ ਕਮਜ਼ੋਰ ਵਰਗਾਂ, ਪੜ੍ਹੇ-ਲਿਖੇ ਬੇਰੁਜ਼ਗਾਰਾਂ ਅਤੇ ਸਵੈ-ਸਹਾਇਤਾ ਸਮੂਹਾਂ ਨੂੰ ਵੱਧ ਤੋਂ ਵੱਧ ਕਰਜ਼ੇ ਦੇਣ ਦੇ ਉਪਰਾਲੇ ਕਰਨ ਦੇ ਨਿਰਦੇਸ਼ ਦਿੱਤੇ, ਤਾਂ ਜੋ ਵੱਧ ਤੋਂ ਵੱਧ ਲੋਕਾਂ ਨੂੰ ਆਪਣੇ ਪੈਰਾਂ 'ਤੇ ਖੜ੍ਹੇ ਕਰਕੇ ਉਨ੍ਹਾਂ ਦਾ ਜੀਵਨ ਪੱਧਰ ਉੱਚਾ ਚੁੱਕਿਆ ਜਾ ਸਕੇ। ਮੀਟਿੰਗ ਵਿਚ ਜ਼ਿਲ੍ਹੇ ਦੀ ਲੀਡ ਬੈਂਕ ਪੰਜਾਬ ਨੈਸ਼ਨਲ ਬੈਂਕ ਦੇ ਸਰਕਲ ਹੈੱਡ ਅਤੇ ਡੀ. ਜੀ. ਐਮ ਸੰਜੀਵ ਕੁਮਾਰ, ਜ਼ਿਲ੍ਹਾ ਲੀਡ ਮੈਨੇਜਰ ਰਾਜੇਸ਼ ਜੋਸ਼ੀ, ਆਰ. ਬੀ. ਆਈ ਦੇ ਐਲ. ਡੀ. ਓਸੰਜੀਵ ਸਿੰਘ, ਡੀ. ਡੀ. ਐਮ ਨਾਬਾਰਡ ਰਜਤ ਛਾਬੜਾ, ਜਨਰਲ ਮੈਨੇਜਰ ਡੀ. ਆਈ. ਸੀ ਅਰੁਣ ਕੁਮਾਰ ਅਤੇ ਵੱਖ-ਵੱਖ ਬੈਂਕਾਂ ਦੇ ਨੁਮਾਇੰਦੇ ਤੇ ਹੋਰ ਅਧਿਕਾਰੀ ਹਾਜ਼ਰ ਸਨ। ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਇਸ ਮੌਕੇ ਦੱਸਿਆ ਕਿ ਕਰਜ਼ਾ ਯੋਜਨਾ ਸਾਲ 2023-24 ਤਹਿਤ ਜ਼ਿਲ੍ਹੇ ਦੀਆਂ ਬੈਂਕਾਂ ਵੱਲੋਂ ਮਾਰਚ 2024 ਤੱਕ ਕੁੱਲ 14625.24 ਕਰੋੜ ਰੁਪਏ ਦੇ ਕਰਜ਼ੇ ਦਿੱਤੇ ਗਏ। ਇਸ ਵਿਚ ਤਰਜੀਹੀ ਖੇਤਰ ਨੂੰ 11040.75 ਕਰੋੜ ਰੁਪਏ ਦੇ ਕਰਜ਼ੇ ਦਿੱਤੇ ਗਏ ਜਦਕਿ ਗੈਰ-ਤਰਜੀਹੀ ਖੇਤਰ ਵਿਚ 3584.49 ਕਰੋੜ ਰੁਪਏ ਦੇ ਕਰਜ਼ੇ ਦਿੱਤੇ ਗਏ। ਉਨ੍ਹਾਂ ਦੱਸਿਆ ਕਿ ਤਰਜੀਹੀ ਖੇਤਰ ਵਿਚ 6768.76 ਕਰੋੜ ਰੁਪਏ ਖੇਤੀਬਾੜੀ ਲਈ, 3884.25 ਕਰੋੜ ਰੁਪਏ ਗੈਰ ਖੇਤੀ ਖੇਤਰ ਲਈ ਅਤੇ 387.74 ਕਰੋੜ ਰੁਪਏ ਹੋਰਨਾਂ ਤਰਜੀਹੀ ਖੇਤਰਾਂ ਨੂੰ ਕਰਜ਼ ਵਜੋਂ ਦਿੱਤੇ ਗਏ। ਉਨ੍ਹਾਂ ਸੀ. ਡੀ ਰੇਸ਼ੋ ਵਧਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਬੈਂਕਾਂ ਨੂੰ ਇਸ ਵੱਲ ਧਿਆਨ ਦੇਣ ਲਈ ਕਿਹਾ, ਤਾਂ ਜੋ ਵੱਧ ਤੋਂ ਵੱਧ ਲੋਕ ਖਾਸ ਤੌਰ 'ਤੇ ਪੜ੍ਹੇ-ਲਿਖੇ ਬੇਰੁਜ਼ਗਾਰ ਨੌਜਵਾਨਾਂ ਅਤੇ ਸਮਾਜ ਦੇ ਕਮਜ਼ੋਰ ਵਰਗਾਂ ਦੇ ਲੋਕ ਕਰਜ਼ੇ ਪ੍ਰਾਪਤ ਕਰਕੇ ਆਰਥਿਕ ਧੰਦੇ ਸ਼ੁਰੂ ਕਰਕੇ ਆਪਣਾ ਜੀਵਨ ਪੱਧਰ ਉੱਚਾ ਚੁੱਕ ਸਕਣ। ਡਿਪਟੀ ਕਮਿਸ਼ਨਰ ਨੇ ਸਵੈ-ਸਹਾਈ ਗਰੁੱਪਾਂ ਨੂੰ ਵੀ ਵੱਧ ਤੋਂ ਵੱਧ ਕਰਜ਼ਾ ਮੁਹੱਈਆ ਕਰਵਾਉਣ 'ਤੇ ਜ਼ੋਰ ਦਿੱਤਾ। ਉਨ੍ਹਾਂ ਬੈਂਕਾਂ ਨੂੰ ਵੱਖ-ਵੱਖ ਸਕੀਮਾਂ ਅਧੀਨ ਲੋਕਾਂ ਨੂੰ ਜਾਣਕਾਰੀ ਦੇਣ ਅਤੇ ਖੇਤੀਬਾੜੀ ਅਤੇ ਲਘੂ ਉਦਯੋਗਾਂ, ਸੇਵਾ ਖੇਤਰ, ਸਰਕਾਰੀ ਪ੍ਰੋਗਰਾਮਾਂ, ਜਿਵੇਂ ਕਿ ਪ੍ਰਧਾਨ ਮੰਤਰੀ ਰੋਜ਼ਗਾਰ ਸਿਰਜਣ ਪ੍ਰੋਗਰਾਮ, ਰਾਸ਼ਟਰੀ ਸ਼ਹਿਰੀ ਆਜੀਵਿਕਾ ਮਿਸ਼ਨ, ਪ੍ਰਧਾਨ ਸਵੈਨਿਧੀ ਯੋਜਨਾ, ਡੇਅਰੀ ਟਾਈਅੱਪ ਯੋਜਨਾ ਆਦਿ ਅਧੀਨ ਕਰਜ਼ੇ ਦੇਣ ਦੀ ਕਾਰਵਾਈ ਵਿਚ ਤੇਜ਼ੀ ਲਿਆਉਣ ਲਈ ਕਿਹਾ। ਉਨ੍ਹਾਂ ਬੈਂਕਾਂ ਨੂੰ ਕਿਹਾ ਕਿ ਡੀ. ਆਰ. ਆਈ ਸਕੀਮ ਵਿਚ ਵੱਧ ਤੋਂ ਵੱਧ ਗਰੀਬ ਲੋਕਾਂ ਨੂੰ ਕਰਜ਼ਾ ਦਿੱਤਾ ਜਾਵੇ ਤਾਂ ਜੋ ਉਨ੍ਹਾਂ ਦੀ ਆਮਦਨ ਵਿਚ ਵਾਧਾ ਹੋ ਸਕੇ ਅਤੇ ਉਨ੍ਹਾਂ ਦਾ ਜੀਵਨ ਪੱਧਰ ਉੱਚਾ ਚੁੱਕਿਆ ਜਾ ਸਕੇ। ਉਨ੍ਹਾਂ ਬੈਂਕਾਂ ਨੂੰ ਜ਼ੋਰ ਦੇ ਕੇ ਕਿਹਾ ਕਿ ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਯੋਜਨਾ ਅਤੇ ਪ੍ਰਧਾਨ ਮੰਤਰੀ ਜੀਵਨ ਜੋਤੀ ਬੀਮਾ ਯੋਜਨਾ ਦੇ ਅਧੀਨ ਵੱਧ ਤੋਂ ਵੱਧ ਗਰੀਬ ਲੋਕਾਂ ਦਾ ਬੀਮਾ ਕੀਤਾ ਜਾਵੇ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਨੈਸ਼ਨਲ ਬੈਂਕ ਦੇ ਸਰਕਲ ਹੈੱਡ ਅਤੇ ਡੀ ਜੀ ਐਮ ਸੰਜੀਵ ਕੁਮਾਰ ਨੇ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ ਦੇ ਬੈਂਕਾਂ ਵਿਚ ਜਮ੍ਹਾ ਰਾਸ਼ੀ, ਜੋ ਕਿ ਮਾਰਚ 2023 ਵਿਚ 40291 ਕਰੋੜ ਸੀ, ਉਹ ਮਾਰਚ 2024 ਵਿਚ ਵਧ ਕੇ 44273 ਕਰੋੜ ਰੁਪਏ ਹੋ ਗਈ ਹੈ। ਇਸੇ ਤਰ੍ਹਾਂ ਬੈਂਕਾਂ ਵੱਲੋਂ ਦਿੱਤੇ ਗਏ ਕੁੱਲ ਕਰਜ਼ੇ ਦੀ ਰਾਸ਼ੀ ਜੋ ਕਿ ਮਾਰਚ 2023 ਵਿਚ 11336 ਕਰੋੜ ਰੁਪਏ ਸੀ, ਮਾਰਚ 2024 ਵਿਚ ਵਧ ਕੇ 13380 ਕਰੋੜ ਰੁਪਏ ਹੋ ਗਈ ਹੈ।ਜ਼ਿਲ੍ਹਾ ਲੀਡ ਮੈਨੇਜਰ ਰਾਜੇਸ਼ ਜੋਸ਼ੀ ਨੇ ਇਸ ਮੌਕੇ ਦੱਸਿਆ ਕਿ ਜ਼ਿਲ੍ਹੇ ਦੀਆਂ ਬੈਂਕਾਂ ਵੱਲੋਂ 1822 ਕਿਸਾਨਾਂ ਨੂੰ 53.60 ਕਰੋੜ ਰੁਪਏ ਦੇ ਕਿਸਾਨ ਕਾਰਡ ਜਾਰੀ ਕੀਤੇ ਗਏ ਹਨ।ਉਨ੍ਹਾਂ ਬੈਂਕ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਨਵੇਂ ਕਾਰੋਬਾਰੀਆਂ ਨੂੰ ਵੱਧ ਤੋਂ ਵੱਧ ਕਰਜ਼ਾ ਪ੍ਰਦਾਨ ਕੀਤਾ ਜਾਵੇ, ਤਾਂ ਜੋ ਜ਼ਿਲ੍ਹੇ ਵਿਚ ਵੱਧ ਤੋਂ ਵੱਧ ਉਦਯੋਗ ਲੱਗ ਸਕਣ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਰੁਜ਼ਗਾਰ ਦੇ ਮੌਕੇ ਉਪਲਬੱਧ ਹੋ ਸਕਣ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਦਾ ਬੈਂਕਾਂ ਨੂੰ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਮੀਟਿੰਗ ਵਿਚ ਜ਼ਿਲ੍ਹਾ ਉਦਯੋਗ ਵਿਭਾਗ, ਐਸ. ਆਰ. ਐਲ. ਐਮ/ਐਨ. ਯੂ. ਐਲ. ਐਮ ਆਦਿ ਦੇ ਅਧਿਕਾਰੀ ਅਤੇ ਸਾਰੇ ਬੈਂਕਾਂ ਦੇ ਡੀ. ਸੀ. ਓ ਹਾਜ਼ਰ ਸਨ।

# ਮੁੱਖ ਮੰਤਰੀ ਦੀਆਂ ਹਦਾਇਤਾਂ 'ਤੇ ਪੁਲਸ ਨੇ ਨਸ਼ਾ ਸਮਗਲਰਾਂ ਖਿਲਾਫ਼ ਚੁੱਕਿਆ ਬੀੜਾ

## ਨਸ਼ਾ ਵੇਚਣ ਵਾਲਿਆਂ ਦੀਆਂ ਜਾਇਦਾਦਾਂ ਜ਼ਬਤ ਕੀਤੀਆਂ ਜਾਣਗੀਆਂ : ਡੀ ਐੱਸ ਪੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨਸ਼ੀਲੇ ਪਦਾਰਥ ਵੇਚਣ ਵਾਲੇ ਸਮਾਜ ਵਿਰੋਧੀ ਅਨਸਰਾਂ ਖਿਲਾਫ਼ ਸਖ਼ਤ ਕਦਮ ਚੁੱਕਦਿਆਂ ਸੂਬਾ ਪੁਲਸ ਨੂੰ ਜੋ ਹਦਾਇਤਾਂ ਕੀਤੀਆਂ ਹਨ, ਉਨ੍ਹਾਂ ਦੇ ਮੱਦੇਨਜ਼ਰ ਪੁਲਸ ਜ਼ਿਲ੍ਹਾ ਖੰਨਾ ਐੱਸ.ਐੱਸ.ਪੀ. ਅਵਨੀਤ ਕੌਂਡਲ ਨੇ ਹਰਕਤ 'ਚ ਆਉਂਦਿਆਂ ਸਮੁੱਚੇ ਜ਼ਿਲ੍ਹੇ ਦੇ ਪੁਲਸ ਅਫ਼ਸਰਾਂ ਨੂੰ ਹੁਕਮ ਕੀਤਾ ਹੈ ਕਿ ਨਸ਼ਾ ਵੇਚਣ ਵਾਲਿਆਂ 'ਤੇ ਸਖ਼ਤ ਤੋਂ ਸਖ਼ਤ ਕਦਮ ਚੁੱਕੇ ਜਾਣ। ਐੱਸ.ਐੱਸ.ਪੀ. ਖੰਨਾ ਵੱਲੋਂ ਜਾਰੀ ਹਦਾਇਤਾਂ ਤੋਂ ਬਾਅਦ ਡੀ.ਐੱਸ.ਪੀ. ਸਮਰਾਲਾ ਤਰਲੋਚਨ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਨਸ਼ੀਲੇ ਪਦਾਰਥ ਵੇਚਣ ਵਾਲੇ ਮੌਤ ਦੇ ਸੌਦਾਗਰਾਂ ਖਿਲਾਫ਼ ਸਖ਼ਤੀ ਵਰਤੀ ਜਾਵੇਗੀ ਤੇ ਉਨ੍ਹਾਂ ਦੀਆਂ ਜਾਇਦਾਦਾਂ ਨੂੰ ਜ਼ਬਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਸਰਚ ਅਭਿਆਨ ਜਾਰੀ ਰਹੇਗਾ ਤੇ ਤਲਾਸ਼ੀ ਦੌਰਾਨ ਕਿਸੇ ਤੋਂ ਵੀ ਨਸ਼ੀਲਾ ਪਦਾਰਥ ਜਾਂ ਗੈਰ-ਕਾਨੂੰਨੀ ਵਸਤੂ ਬਰਾਮਦ ਹੋਈ, ਉਹ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਨਸ਼ਾ ਤਸਕਰਾਂ ਨੂੰ ਚਿਤਾਵਨੀ ਦਿੱਤੀ ਕਿ ਉਹ ਆਪਣੀਆਂ ਗੈਰ-ਕਾਨੂੰਨੀ ਗਤੀਵਿਧੀਆਂ ਬੰਦ ਕਰ ਦੇਣ, ਕਿਉਂਕਿ ਨਸ਼ਿਆਂ ਕਾਰਨ ਕਈ ਘਰ ਉਜੜ ਰਹੇ ਹਨ ਤੇ ਜਵਾਨੀ ਤਬਾਹ ਹੋ ਰਹੀ ਹੈ, ਇਸ ਲਈ ਜੇਕਰ ਕਿਸੇ ਤੋਂ ਵੀ ਆਉਣ ਵਾਲੇ ਸਮੇਂ 'ਚ ਨਸ਼ਾ ਫੜਿਆ ਗਿਆ ਤਾਂ ਸਰਕਾਰ ਦੇ ਆਦੇਸ਼ਾਂ ਤਹਿਤ ਉਸ ਦੀ ਜਾਇਦਾਦ ਵੀ ਜ਼ਬਤ ਹੋਵੇਗੀ। ਡੀ.ਐੱਸ.ਪੀ. ਨੇ ਕਿਹਾ ਕਿ ਨਸ਼ਾ ਸਪਲਾਈ ਦੀ ਚੈਨ ਤੋੜਨ ਲਈ ਪੁਲਸ ਗੰਭੀਰਤਾ ਨਾਲ ਕੰਮ ਕਰੇਗੀ ਅਤੇ ਜਿਸ ਕੋਲੋਂ ਵੀ ਨਸ਼ਾ ਬਰਾਮਦ ਹੋਇਅ, ਉਸ ਦੀ ਜਾਂਚ ਕੀਤੀ ਜਾਵੇਗੀ ਕਿ ਉਹ ਕਿੱਥੋਂ ਲੈ ਕੇ ਆਇਆ ਅਤੇ ਉਸ ਨੇ ਕਿੱਥੇ ਸਪਲਾਈ ਕਰਨਾ ਸੀ। ਥਾਣਾ ਮੁਖੀ ਮਾਛੀਵਾੜਾ ਇੰਸਪੈਕਟਰ ਭਿੰਦਰ ਸਿੰਘ ਖੰਗੂੜਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰ ਦੀ ਨਸ਼ਿਆਂ ਖਿਲਾਫ਼ ਵਿੱਢੀ ਮੁਹਿੰਮ ਵਿੱਚ ਸਹਿਯੋਗ ਦੇਣ ਤੇ ਜੇਕਰ ਕੋਈ ਵੀ ਵਿਅਕਤੀ ਨਸ਼ੀਲਾ ਪਦਾਰਥ ਵੇਚਦਾ ਹੈ ਤਾਂ ਉਸ ਦੀ ਸੂਚਨਾ ਪੁਲਸ ਨੂੰ ਦੇਣ ਅਤੇ ਜਾਣਕਾਰੀ ਦੇਣ ਵਾਲੇ ਦਾ ਨਾਮ ਤੇ ਪਤਾ ਗੁਪਤ ਰੱਖਿਆ ਜਾਵੇਗਾ, ਮੌਕਾ ਆਉਣ 'ਤੇ ਉਸ ਦਾ ਬਣਦਾ ਮਾਣ ਸਨਮਾਨ ਕੀਤਾ ਜਾਵੇਗਾ।

# ਰਾਤ ਸਮੇਂ ਘਰਾਂ 'ਚੋਂ ਚੋਰੀਆਂ ਕਰਨ ਵਾਲੇ ਗਰੋਹ ਦੇ 4 ਮੈਂਬਰ ਕਾਬੂ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**

ਸ੍ਰੀ ਵਰੁਣ ਸ਼ਰਮਾ ਸੀਨੀਅਰ ਕਪਤਾਨ ਪੁਲਸ ਨੇ ਦੱਸਿਆ ਕਿ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਸਪੈਸ਼ਲ ਮੁਹਿੰਮ ਚਲਾਈ ਹੋਈ ਹੈ, ਇੰਸਪੈਕਟਰ ਸ਼ਮਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਪਟਿਆਲਾ ਦੀ ਟੀਮ ਵੱਲੋਂ ਰਾਤ ਸਮੇਂ ਘਰਾਂ ਵਿੱਚੋਂ ਚੋਰੀਆਂ ਕਰਨ ਵਾਲੇ ਗਰੋਹ ਦੇ 4 ਮੈਂਬਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਵਿਨੈ ਕੁਮਾਰ ਪੁੱਤਰ ਪਤੰਬਰ ਵਾਸੀ ਮਕਾਨ ਨੰਬਰ 102 ਗਲੀ ਨੰਬਰ 10 ਦੇਵ ਨਗਰ ਲੁਧਿਆਣਾ, ਪ੍ਰਵੀਨ ਕੁਮਾਰ ਪੁੱਤਰ ਸਿੰਦਰਪਾਲ ਵਾਸੀ ਮਕਾਨ ਨੰਬਰ 264 ਪਿੰਡ ਬਾਰਨਹਾੜਾ ਹੰਬੜਾ ਰੋਡ ਲੁਧਿਆਣਾ, ਅਮਿਤ ਕੁਮਾਰ ਪੁੱਤਰ ਹੀਰਾ ਲਾਲ ਵਾਸੀ ਪਿੰਡ ਸਿਉਣਾ ਥਾਣਾ ਤ੍ਰਿਪੜੀ ਜ਼ਿਲ੍ਹਾ ਪਟਿਆਲਾ, ਸੂਰਜ ਭਾਨ ਪੁੱਤਰ ਰਾਮ ਅਧਾਰ ਵਾਸੀ ਕਿਰਾਏਦਾਰ ਮਕਾਨ ਨੰਬਰ 10 ਨੇੜੇ ਧਮੋਟ ਪੈਟਰੋਲ ਪੰਪ ਲਹਿਲ ਕਲੋਨੀ ਪਟਿਆਲਾ ਨੂੰ ਗ੍ਰਿਫਤਾਰ ਕਰਨ ਦੀ ਸਫਲਤਾ ਹਾਸਲ ਕੀਤੀ ਹੈ।ਉਨ੍ਹਾ ਦੱਸਿਆ ਕਿ ਸੀ.ਆਈ.ਏ. ਪਟਿਆਲਾ ਦੀ ਟੀਮ ਦੇ ਏ.ਐੱਸ.ਆਈ. ਸੂਰਜ ਪ੍ਰਕਾਸ ਨੇ ਗੁਪਤ ਸੂਚਨਾ ਦੇ ਅਧਾਰ 'ਤੇ ਰਾਤ ਸਮੇਂ ਘਰਾਂ ਵਿੱਚੋਂ ਚੋਰੀਆਂ ਕਰਨ ਵਾਲੇ ਗਰੋਹ ਖਿਲਾਫ ਮੁਕੱਦਮਾ ਨੰਬਰ 120 ਮਿਤੀ 19.06.2024 ਅ/ਧ 380,411 ਹਿੰ:ਦਿੰ: ਥਾਣਾ ਕੋਤਵਾਲੀ ਪਟਿਆਲਾ ਵਿਖੇ ਦਰਜ ਕਰਕੇ ਉਕਤ ਦੋਸ਼ੀਆਨ ਨੂੰ ਨੇੜੇ ਸਬਜ਼ੀ ਮੰਡੀ ਪਟਿਆਲਾ ਤੋਂ2 ਕਾਬੂ ਕਰਕੇ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਪਾਸੋਂ ਇਕ ਮੋਟਰਸਾਇਕਲ ਤੇ ਚੋਰੀ ਕਰਨ ਵਾਲੇ ਔਜ਼ਾਰ, ਪੇਚਕਸ, ਸੱਬਲ ਆਦਿ ਬਰਾਮਦ ਕਰਨ ਦੀ ਸਫਲਤਾ ਹਾਸਲ ਕੀਤੀ ਗਈ ਹੈ ਅਤੇ ਪਟਿਆਲੇ ਦੀਆਂ ਕਈ ਵਾਰਦਾਤਾਂ ਟਰੇਸ ਹੋਈਆਂ ਹਨ।ਗ੍ਰਿਫਤਾਰ ਹੋਏ ਦੋਸ਼ੀਆਨ ਦੀ ਪੁੱਛਗਿੱਛ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਇਹ ਗਰੋਹ ਪਟਿਆਲਾ ਸ਼ਹਿਰ ਤੇ ਆਸ-ਪਾਸ ਇਲਾਕਾ ਕਲੋਨੀਆਂ ਤੇ ਹੋਰ ਥਾਵਾਂ 'ਤੇ ਪਹਿਲਾਂ ਦਿਨ ਸਮੇਂ ਬੰਦ ਪਏ ਘਰਾਂ ਦੀ ਰੈਕੀ ਕਰਕੇ ਫਿਰ ਰਾਤ ਸਮੇਂ ਘਰ ਦੇ ਤਾਲੇ ਤੋੜ ਕੇ ਘਰ ਵਿੱਚੋਂ ਪੈਸੇ ਤੇ ਗਹਿਣੇ ਆਦਿ ਦੀ ਚੋਰੀ ਕਰਦੇ ਹਨ। ਇਸ ਗਰੋਹ ਖਿਲਾਫ ਪਹਿਲਾਂ ਵੀ ਚੋਰੀ ਆਦਿ ਦੇ ਮੁਕੱਦਮੇ ਦਰਜ ਹਨ, ਜਿਨ੍ਹਾਂ ਵਿੱਚ ਇਹ ਗ੍ਰਿਫਤਾਰ ਹੋ ਕੇ ਵੱਖ-ਵੱਖ ਜੇਲ੍ਹਾਂ ਪਟਿਆਲਾ ਤੇ ਲੁਧਿਆਣਾ ਵਿਖੇ ਰਹਿ ਚੁੱਕੇ ਹਨ।

# ਰਿਸ਼ਵਤ ਮੰਗਣ ਵਾਲਾ ਸਹਾਇਕ ਸਬ-ਇੰਸਪੈਕਟਰ ਵਿਜੀਲੈਂਸ ਬਿਊਰੋ ਵੱਲੋਂ ਕਾਬੂ

**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਥਾਣਾ ਸਮਰਾਲਾ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਸਿਕੰਦਰ ਰਾਜ ਨੂੰ 18,000 ਰੁਪਏ ਦੀ ਰਿਸ਼ਵਤ ਮੰਗਣ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ, ਜੋ ਹੁਣ ਥਾਣਾ ਦੋਰਾਹਾ ਜ਼ਿਲ੍ਹਾ ਲੁਧਿਆਣਾ ਵਿਖੇ ਪੁਲਸ ਵਿੱਚ ਤਾਇਨਾਤ ਹੈ।ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਖੁਲਾਸਾ ਕੀਤਾ ਕਿ ਉਕਤ ਪੁਲਸ ਮੁਲਾਜ਼ਮ ਵਿਰੁੱਧ ਇਹ ਮੁਕੱਦਮਾ ਸੈਕਟਰ 32-ਏ, ਚੰਡੀਗੜ੍ਹ ਰੋਡ, ਲੁਧਿਆਣਾ ਦੇ ਵਸਨੀਕ ਰਵਿੰਦਰ ਸਿੰਘ ਵੱਲੋਂ ਦਰਜ ਕਰਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਗਿਆ ਹੈ।

ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੇ ਬਿਆਨ ਦਰਜ ਕਰਾਏ ਸਨ ਕਿ 13 ਮਾਰਚ, 2021 ਨੂੰ ਉਸ ਦੇ ਡਰਾਈਵਰ ਰਾਜਦੀਪ ਸਿੰਘ ਵਾਸੀ ਖਡੂਰ ਸਾਹਿਬ, ਤਰਨਤਾਰਨ, ਜ਼ਿਲ੍ਹਾ ਤਰਨਤਾਰਨ ਤੇ ਹੈਲਪਰ ਬਿਰਜੂ, ਵਾਸੀ ਸੰਜੇ ਗਾਂਧੀ ਕਲੋਨੀ, ਲੁਧਿਆਣਾ ਨੇੜੇ ਨੀਲੋਂ ਪੁਲ, ਸਮਰਾਲਾ ਵਿਖੇ ਇੱਕ ਸੜਕ ਹਾਦਸੇ ਦਾ ਸ਼ਿਕਾਰ ਹੋ ਗਏ ਸਨ।ਉਸ ਦਿਨ ਥਾਣਾ ਸਮਰਾਲਾ ਤੋਂ ਏ.ਐਸ.ਆਈ. ਸਿਕੰਦਰ ਰਾਜ ਹੋਰ ਪੁਲਸ ਮੁਲਾਜ਼ਮਾਂ ਦੇ ਨਾਲ ਮੌਕੇ 'ਤੇ ਪਹੁੰਚਿਆ ਅਤੇ ਦੋਵੇਂ ਵਾਹਨਾਂ ਨੂੰ ਥਾਣੇ ਲੈ ਗਏ।



ਇਸ ਤੋਂ ਬਾਅਦ ਏ.ਐਸ.ਆਈ. ਸਿਕੰਦਰ ਰਾਜ ਨੇ ਸ਼ਿਕਾਇਤਕਰਤਾ ਤੋਂ ਉਸ ਦੇ ਡਰਾਈਵਰ ਨੂੰ ਜ਼ਮਾਨਤ ਦਿਵਾਉਣ, ਉਸਦੀ ਗੱਡੀ ਵਿੱਚ ਲੱਦਿਆ ਸਮਾਨ ਛੱਡਣ ਤੇ ਉਸਦੇ ਡਰਾਈਵਰ ਖਿਲਾਫ ਦਰਜ ਹੋਏ ਹਾਦਸੇ ਦੇ ਕੇਸ 'ਚੋਂ ਬਰੀ ਕਰਾਉਣ ਬਦਲੇ 20,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ। ਆਖਰਕਾਰ ਸੌਦਾ 18,000 ਰੁਪਏ ਵਿੱਚ ਹੋਇਆ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਉਕਤ ਪੁਲਿਸ ਮੁਲਾਜ਼ਮ ਵੱਲੋਂ ਰਿਸ਼ਵਤ ਦੀ ਮੰਗ ਸਬੰਧੀ ਗੱਲਬਾਤ ਰਿਕਾਰਡ ਕਰ ਲਈ ਤੇ ਸਬੂਤ ਵਜੋਂ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤੀ।ਬੁਲਾਰੇ ਨੇ ਦੱਸਿਆ ਕਿ ਜਾਂਚ ਦੌਰਾਨ ਸ਼ਿਕਾਇਤ ਵਿੱਚ ਲਾਏ ਗਏ ਦੋਸ਼ ਸਹੀ ਤੇ ਦਰੁਸਤ ਪਾਏ ਗਏ ਹਨ।ਇਸ ਤੋਂ ਬਾਅਦ ਥਾਣਾ ਦੋਰਾਹਾ ਵਿਖੇ ਤਾਇਨਾਤ ਏਐਸਆਈ ਸਿਕੰਦਰ ਰਾਜ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ।ਉਕਤ ਮੁਲਜ਼ਮ ਨੂੰ ਬਿਊਰੋ ਦੀ ਲੁਧਿਆਣਾ ਰੇਂਜ ਦੀ ਟੀਮ ਵੱਲੋਂ ਥਾਣਾ ਦੋਰਾਹਾ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ ਤੇ ਭਲਕੇ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

## ਕਾਤਰਾਂ

### ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਕੁੱਟਮਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਏਕਤਾ ਨਗਰ ਅਲੀ ਕੇ ਰੋਡ ਵਿਖੇ ਪੈਸਿਆਂ ਦੇ ਲੈਣ ਦੇਣ ਸਬੰਧੀ ਹੋਏ ਝਗੜੇ ਨੂੰ ਲੈ ਕੇ ਇਕ ਵਿਅਕਤੀ ਦੀ ਕੁੱਟਮਾਰ ਕਰਕੇ ਸੱਟਾਂ ਮਾਰਨ ਦੇ ਦੋਸ਼ ਵਿਚ ਥਾਣਾ ਸਿਟੀ ਫ਼ਿਰੋਜ਼ਪੁਰ ਪੁਲਿਸ ਨੇ ਇਕ ਵਿਅਕਤੀ ਖਿਲਾਫ 325, 323 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਜਗਦੀਸ਼ ਸਿੰਘ ਪੁੱਤਰ ਨਿਰੰਜਨ ਸਿੰਘ ਵਾਸੀ ਕੰਬੋਜ਼ ਨਗਰ ਨੇ ਦੱਸਿਆ ਕਿ ਉਸ ਦਾ ਇਕ ਵਿਅਕਤੀ ਨਾਲ ਪੈਸਿਆਂ ਦੇ ਲੈਣ ਦੇਣ ਦਾ ਝਗੜਾ ਚੱਲ ਰਿਹਾ ਹੈ। ਜਗਦੀਸ਼ ਸਿੰਘ ਨੇ ਦੱਸਿਆ ਕਿ ਇਸੇ ਝਗੜੇ ਦੇ ਚੱਲਦਿਆਂ ਦੋਸ਼ੀ ਕਪਿਲ ਉਰਫ ਦਾਨਾ ਵਾਸੀ ਜੈ ਮਾਂ ਚਿੰਤਪੁਰਨੀ ਆਟੋ ਸਪੇਅਰ ਪਾਰਟਸ ਬਾਹਰਵਾਰ ਅਮ੍ਰਿਤਸਰੀ ਗੇਟ ਸਿਟੀ ਫ਼ਿਰੋਜ਼ਪੁਰ ਨੇ ਉਸ ਦੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ। ਜਗਦੀਸ਼ ਸਿੰਘ ਨੇ ਦੱਸਿਆ ਕਿ ਉਸ ਦਾ ਇਲਾਜ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਚੱਲ ਰਿਹਾ ਹੈ। ਮਾਮਲੇ ਦੀ ਜਾਂਚ ਕਰ ਰਹੇ ਰਮਨ ਕੁਮਾਰ ਨੇ ਦੱਸਿਆ ਕਿ ਪੁਲਸ ਨੇ ਐਕਸਰੇ ਰਿਪੋਰਟ ਮੌਸੂਲ ਹੋਣ 'ਤੇ ਉਕਤ ਦੋਸ਼ੀ ਖਿਲਾਫ਼ ਮੁੱਕਦਮਾ ਦਰਜ ਰਜਿਸਟਰ ਕੀਤਾ ਗਿਆ ਹੈ।

### ਸੂਏ 'ਚੋਂ ਅਣਪਛਾਤੀ ਲਾਸ਼ ਮਿਲੀ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪਿੰਡ ਬੱਲੋਂ ਵਿਖੇ ਉਸ ਸਮੇਂ ਸਨਸਨੀ ਫੈਲ ਗਈ, ਜਦੋਂ ਸੂਏ ਦੇ ਪੁਲ ਥੱਲੇ ਝਾੜੀਆਂ ਵਿੱਚ ਫਸੀ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਨੂੰ ਵੇਖਿਆ ਗਿਆ। ਮੌਕੇ 'ਤੇ ਇੱਕਠੇ ਹੋਏ ਪਿੰਡ ਵਾਸੀਆਂ ਵੱਲੋਂ ਥਾਣਾ ਸਦਰ ਰਾਮਪੁਰਾ, ਚੌਕੀ ਚਾਉਕੇ ਤੇ ਸਹਾਰਾ ਸਮਾਜ ਸੇਵਾ ਰਾਮਪੁਰਾ ਫੂਲ ਨੂੰ ਲਾਸ਼ ਬਾਰੇ ਜਾਣੂ ਕਰਵਾਇਆ ਗਿਆ। ਮੌਕੇ 'ਤੇ ਪਹੁੰਚੇ ਪੁਲਸ ਕਰਮਚਾਰੀ ਤੇ ਸਹਾਰਾ ਸਮਾਜ ਸੇਵਾ ਦੀ ਟੀਮ ਵੱਲੋਂ ਘਟਨਾ ਸਥਾਨ ਦਾ ਜਾਇਜ਼ਾ ਲਿਆ ਗਿਆ। ਇਸ ਸਬੰਧੀ ਸਹਾਰਾ ਸਮਾਜ ਸੇਵਾ ਦੇ ਮੁਖੀ ਸੰਦੀਪ ਵਰਮਾ ਨੇ ਦੱਸਿਆ ਕਿ ਇਹ ਸੂਆ ਹਰੀਕੇ ਨਹਿਰ ਵਿੱਚੋਂ ਹੰਡਿਆਇਆ ਹੁੰਦਾ ਹੋਇਆ ਇਸ ਪਿੰਡ ਬੱਲੋਂ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਲਾਸ਼ ਨੂੰ ਪੁਲਸ ਦੀ ਮੌਜੂਦਗੀ ਵਿੱਚ ਸਹਾਰਾ ਵਾਇਸ ਪ੍ਰਧਾਨ ਸੁਖਦੇਵ ਸਿੰਘ ਕਾਲ੍ਹਾ, ਵਰਕਰ ਜਗਤਾਰ ਸਿੰਘ, ਜਗਸੀਰ ਸਿੰਘ, ਓਮ ਪ੍ਰਕਾਸ਼, ਨਿਰਮਲ ਸਿੰਘ, ਹਨੀ ਸਿੰਘ ਨੇ ਸੂਏ ਵਿੱਚੋਂ ਬਾਹਰ ਕੱਢਿਆਸ਼ ਲਾਸ਼ ਨਗਨ ਹਾਲਤ ਵਿੱਚ ਸੀ, ਦਾੜੀ ਕੱਟੀ ਹੋਈ, ਸਿਰ ਦੇ ਵਾਲ ਦਰਮਿਆਨੇ ਰੱਖੇ ਹੋਏ ਨੇ, ਕੱਦ 5 ਫੁੱਟ 7 ਇੰਚ, ਉਮਰ ਕਰੀਬ 45/50 ਸਾਲ ਤੇ ਲਾਸ਼ 4/5 ਦਿਨ ਪੁਰਾਣੀ ਜਾਪ ਰਹੀ ਹੈ। ਲਾਸ਼ ਨੂੰ ਪੁਲਸ ਦੇ ਦੇਖ-ਰੇਖ ਹੇਠ ਸਿਵਲ ਹਸਪਤਾਲ ਰਾਮਪੁਰਾ ਫੂਲ ਦੀ ਮੋਰਚਰੀ ਵਿੱਚ 72 ਘੰਟੇ ਸ਼ਨਾਖਤ ਲਈ ਰੱਖਿਆ ਗਿਆ ਹੈ।

### ਨਹਿਰ 'ਚ ਤੈਰਦੀ ਲਾਸ਼ ਮਿਲੀ

**ਦਿੜ੍ਹਬਾ (ਜਸਵੀਰ ਲਾਡੀ)**-ਪਿੰਡ ਨੀਲੋਵਾਲ ਰੇਲਵੇ ਪੁਲ ਨਜ਼ਦੀਕ ਨਹਿਰ 'ਚ ਇੱਕ ਤੈਰਦੀ ਹੋਈ ਨੌਜਵਾਨ ਦੀ ਲਾਸ਼ ਮਿਲਣ ਦੀ ਜਾਣਕਾਰੀ ਮਿਲੀ ਹੈ।ਏ.ਐਸ.ਆਈ ਬਲਦੇਵ ਸਿੰਘ ਨੇ ਦੱਸਿਆ ਕਿ ਕੁਲਦੀਪ ਸਿੰਘ (34) ਪੁੱਤਰ .ਕਲਾਧਾਰੀ ਪਿੰਡ ਘਨੋੜ ਜੱਟਾਂ ਦੀ ਲਾਸ਼ ਨਹਿਰ ਦੇ ਪਾਣੀ ਵਿੱਚ ਤੈਰਦੀ ਜਾ ਰਹੀ ਸੀ।ਬੱਕਰੀਆਂ ਵਾਲਿਆਂ ਨੂੰ ਪਤਾ ਲੱਗਣ ਤੇ ਉਨ੍ਹਾਂ ਪਿੰਡ ਦੇ ਕਸਤੀਰ ਸਿੰਘ ਪੰਚ ਨੂੰ ਸੂਚਨਾ ਦਿੱਤੀ।ਕੁਲਦੀਪ ਸਿੰਘ ਦੇ ਸਿਰ ਵਿਚ ਗੰਭੀਰ ਸੱਟਾਂ ਲੱਗੀਆਂ ਹੋਈਆਂ ਹਨ।ਸੱਟਾਂ ਦੇਖ ਕੇ ਲੋਕਾਂ ਵੱਲੋਂ ਅੰਦਾਜ਼ਾ ਲਾਇਆ ਜਾ ਰਿਹਾ ਹੈ ਕਿ ਇਹ ਖੁਦਕੁਸ਼ੀ ਨਹੀਂ, ਸਗੋਂ ਕਿਸੇ ਖੁੰਦਕਬਾਜ਼ੀ ਦਾ ਸਿੱਟਾ ਹੈ।ਬਲਦੇਵ ਸਿੰਘ ਏ ਐਸ ਆਈ ਦਾ ਕਹਿਣਾ ਹੈ ਕਿ ਮ੍ਰਿਤਕ ਕੁਲਦੀਪ ਸਿੰਘ ਦੇ ਵਾਰਸਾਂ ਨੂੰ ਬੁਲਾਇਆ ਗਿਆ ਹੈ, ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਵਿਖੇ ਭੇਜਿਆ ਗਿਆ ਹੈ। ਥਾਣਾ ਛਾਜਲੀ ਦੀ ਪੁਲਸ ਕੁਲਦੀਪ ਸਿੰਘ ਦੀ ਮੌਤ ਦੀ ਘਟਨਾ ਦੀ ਜਾਂਚ ਕਰ ਰਹੀ ਹੈ।

### 50 ਲੀਟਰ ਲਾਹਣ ਸਮੇਤ ਗ੍ਰਿ੍ਫ਼ਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਮਮਦੋਟ ਪੁਲਸ ਨੇ ਗਸ਼ਤ ਅਤੇ ਛਾਪੇਮਾਰੀ ਦੌਰਾਨ 50 ਲੀਟਰ ਲਾਹਣ ਸਮੇਤ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕਰਕੇ ਦੋ ਖਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਬਲਵੰਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿੱਚ ਰਹੀਮੇ ਕੇ ਸ਼ੈਲਰ ਪਾਸ ਪੁੱਜੇ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀਅਨ ਦੇਸਾ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਪੋਜੋਕੇ ਉਤਾੜ ਤੇ ਗੁਰਜੰਟ ਸਿੰਘ ਪੁੱਤਰ ਅਰਜਨ ਸਿੰਘ ਵਾਸੀ ਦੋਨਾ ਤੇਲੂ ਮੱਲ ਨਜਾਇਜ਼ ਸ਼ਰਾਬ ਕਸੀਦ ਕਰਕੇ ਵੇਚਣ ਦੇ ਆਦੀ ਹਨ, ਜਿਨ੍ਹਾਂ ਨੇ ਅੱਜ ਵੀ ਭਾਰੀ ਮਾਤਰਾ ਵਿਚ ਘਰ ਵਿਚ ਲਾਹਣ ਪਾਈ ਹੋਈ ਹੈ। ਜੇਕਰ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਵੱਲੋਂ ਦੋਸ਼ੀਅਨ 'ਤੇ ਛਾਪੇਮਾਰੀ ਕਰਕੇ ਦੋਸ਼ੀ ਗੁਰਜੰਟ ਸਿੰਘ ਨੂੰ ਕਾਬੂ ਕੀਤਾ ਤੇ ਤਲਾਸ਼ੀ ਦੌਰਾਨ 50 ਲੀਟਰ ਲਾਹਣ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

# ਵਰਲਡ 'ਵਰਸਿਟੀ ਵਿਖੇ ਐਕਸਿਸ ਬੈਂਕ ਵੱਲੋਂ ਪਲੇਸਮੈਂਟ ਡਰਾਈਵ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਯੂਨੀਵਰਸਿਟੀ ਵਿਖੇ ਐਕਸਿਸ ਬੈਂਕ ਵੱਲੋਂ ਸਫਲ ਪਲੇਸਮੈਂਟ ਡਰਾਈਵ ਦਾ ਆਯੋਜਨ ਕੀਤਾ ਗਿਆ।2024 ਗ੍ਰੈਜੂਏਟਾਂ ਨੂੰ ਨਿਸ਼ਾਨਾ ਬਣਾਉਣ ਵਾਲੇ ਇਸ ਇਵੈਂਟ ਵਿੱਚ ਜੋਸ਼ ਭਰੀ ਭਾਗੀਦਾਰੀ ਦੇਖਣ ਨੂੰ ਮਿਲੀ ਤੇ ਨਤੀਜੇ ਵਜੋਂ ਵਿਦਿਆਰਥੀਆਂ ਨੂੰ ਨੌਕਰੀਆਂ ਦੀਆਂ ਕਈ ਪੇਸ਼ਕਸ਼ਾਂ ਮਿਲੀਆਂ।

ਐਕਸਿਸ ਬੈਂਕ ਦੇ ਨੁਮਾਇੰਦਿਆਂ ਨੇ ਪ੍ਰੀ-ਪਲੇਸਮੈਂਟ ਲੈਕਚਰ ਵਿੱਚ ਬੈਂਕ ਦੇ ਸੱਭਿਆਚਾਰ ਤੇ ਵਿਕਾਸ ਦੇ ਮੌਕਿਆਂ, ਨੌਕਰੀ ਦੇ ਵੇਰਵੇ ਦੀ ਰੂਪਰੇਖਾ, ਭੂਮਿਕਾਵਾਂ ਤੇ ਜ਼ਿੰਮੇਵਾਰੀਆਂ, ਕੈਰੀਅਰ ਦੀ ਤਰੱਕੀ ਅਤੇ ਅਹੁਦਿਆਂ ਨਾਲ ਜੁੜੇ ਲਾਭਾਂ ਬਾਰੇ ਸੰਖੇਪ ਜਾਣਕਾਰੀ ਦਿੱਤੀ।ਚੋਣ ਪ੍ਰਕਿਰਿਆ ਦੌਰਾਨ ਇਹ ਜਾਣਕਾਰੀ ਭਰਪੂਰ ਸੈਸ਼ਨ ਵਿਦਿਆਰਥੀਆਂ ਲਈ ਬਹੁਤ ਲਾਹੇਵੰਦ ਸਾਬਿਤ ਹੋਇਆ।ਪਲੇਸਮੈਂਟ ਡਰਾਈਵ ਵਿੱਚ ਯੂਨੀਵਰਸਿਟੀ ਦੇ ਨਾਲ-ਨਾਲ ਨੇੜਲੇ ਕਾਲਜਾਂ ਦੇ ਵਿਦਿਆਰਥੀਆਂ ਨੇ ਵੀ ਭਾਗ ਲਿਆ। ਐਕਸਿਸ ਬੈਂਕ ਦੇ ਨੁਮਾਇੰਦਿਆਂ ਸ਼੍ਰੀ ਗੌਰਵ ਤੇ ਸ਼੍ਰੀਮਤੀ ਕਨਿਕਾ ਨੇ ਨਿੱਜੀ ਇੰਟਰਵਿਊ ਤੇ ਇੱਕ ਔਨਲਾਈਨ ਟੈਸਟ ਸਮੇਤ ਇੱਕ ਵਿਆਪਕ ਚੋਣ ਪ੍ਰਕਿਰਿਆ ਦਾ ਆਯੋਜਨ ਕੀਤਾ।ਉਨ੍ਹਾਂ ਜਾਣਕਾਰੀ ਦਿੱਤੀ ਕਿ ਸਖਤ ਮੁਲਾਂਕਣ ਇਹ ਯਕੀਨੀ ਬਣਾਉਂਦਾ ਹੈ ਕਿ ਸਿਰਫ ਸਭ ਤੋਂ ਵੱਧ ਯੋਗ ਉਮੀਦਵਾਰਾਂ ਦੀ ਚੋਣ ਕੀਤੀ ਗਈ ਸੀ।ਟ੍ਰੇਨਿੰਗ ਤੇ ਪਲੇਸਮੈਂਟ ਦੇ ਇੰਚਾਰਜ ਡਾ: ਕਮਲਜੀਤ ਕੌਰ ਨੇ ਡਰਾਈਵ ਦੀ ਸਫਲਤਾ 'ਤੇ ਤਸੱਲੀ ਪ੍ਰਗਟ ਕੀਤੀ ਤੇ ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਉਨ੍ਹਾ ਕਿਹਾ ਕਿ ਇਸ ਪਲੇਸਮੈਂਟ ਡਰਾਈਵ ਦਾ ਸਕਾਰਾਤਮਕ ਨਤੀਜਾ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਤੇ ਲਗਨ ਅਤੇ ਯੂਨੀਵਰਸਿਟੀ ਦੇ ਫੈਕਲਟੀ ਵੱਲੋਂ ਦਿੱਤੇ ਸਹਿਯੋਗ ਨੂੰ ਦਰਸਾਉਂਦਾ ਹੈ।ਉਨ੍ਹਾ ਐਕਸਿਸ ਬੈਂਕ ਦੇ ਸਹਿਯੋਗ ਲਈ ਤੇ ਵਿਦਿਆਰਥੀਆਂ ਨੂੰ ਇਹ ਸ਼ਾਨਦਾਰ ਮੌਕਾ ਪ੍ਰਦਾਨ ਕਰਨ ਲਈ ਤਹਿ ਦਿਲੋਂ ਧੰਨਵਾਦ ਕੀਤਾ।ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ: ਪ੍ਰੀਤ ਪਾਲ ਸਿੰਘ ਨੇ ਵੀ ਸਫਲ ਉਮੀਦਵਾਰਾਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਮੁੱਖ ਅਧਿਆਪਕ ਜਥੇਬੰਦੀ ਦਾ ਵਫਦ ਜ਼ਿਲ੍ਹਾ ਸਿੱਖਿਆ ਅਧਿਕਾਰੀ ਨੂੰ ਮਿਲਿਆ



**ਮਾਨਸਾ (ਆਤਮਾ ਸਿੰਘ ਪਮਾਰ)**-ਮੁੱਖ ਅਧਿਆਪਕ ਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਜ਼ਿਲ੍ਹਾ ਇਕਾਈ ਮਾਨਸਾ ਦਾ ਇੱਕ ਵਫਦ ਸੂਬਾ ਪ੍ਰਧਾਨ ਅਮਨਦੀਪ ਸ਼ਰਮਾ ਦੀ ਅਗਵਾਈ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਾਇਮਰੀ ਮੈਡਮ ਮਲਕਾ ਰਾਣੀ ਨੂੰ ਮਿਲਿਆ।ਜਥੇਬੰਦੀ ਵੱਲੋਂ ਪ੍ਰਾਇਮਰੀ ਤੋਂ ਹੈੱਡ ਟੀਚਰ, ਸੈਂਟਰ ਹੈੱਡ ਟੀਚਰ ਦੀਆਂ ਤਰੱਕੀਆਂ ਕਰਨ ਸਬੰਧੀ ਤੇ ਸੀਨੀਅਰਤਾ ਸੂਚੀਆਂ ਵਿੱਚ ਸੋਧ ਕਰਨ ਸਬੰਧੀ ਗੱਲਬਾਤ ਰੱਖੀ ਗਈ ਤਾਂ ਉਨ੍ਹਾਂ ਕਿਹਾ ਕਿ ਪੰਜ ਈ ਟੀ ਟੀ ਅਧਿਆਪਕਾਂ ਨੂੰ ਇਸੇ ਹਫਤੇ ਹੀ ਹੈੱਡ ਟੀਚਰ ਬਣਾਇਆ ਜਾਵੇਗਾ।ਅਧਿਕਾਰੀ ਨੇ ਕਿਹਾ ਕਿ ਨਿਯਮਾਂ ਅਨੁਸਾਰ ਸੀਨੀਆਰਤਾ ਸੂਚੀ ਤਿਆਰ ਕੀਤੀ ਜਾਵੇਗੀ।ਇਸ ਸਬੰਧੀ ਜਸ਼ਨ ਤੇ ਮੈਡਮ ਇੰਦਰਜੀਤ ਕੌਰ ਦੀ ਡਿਊਟੀ ਲਗਾ ਦਿੱਤੀ ਗਈ ਹੈ।

ਜਥੇਬੰਦੀ ਵੱਲੋਂ ਨੌਕਰੀ ਛੱਡ ਚੁੱਕੇ ਈ.ਜੀ.ਐੱਸ, ਐੱਸ ਟੀ ਆਰ, ਸਿੱਖਿਆ ਕਰਮੀ ਅਧਿਆਪਕ ਜਿਨ੍ਹਾਂ ਦੀ ਵੈਰੀਫਿਕੇਸ਼ਨ ਦੋ ਲਿਸਟਾਂ ਵਿੱਚ ਨਾਮ ਨਹੀਂ ਆਇਆ, ਉਨ੍ਹਾਂ ਦੀਆਂ ਫਾਇਲਾਂ ਡੀ.ਪੀ.ਆਈ. ਦਫਤਰ ਭੇਜਣ ਸੰਬੰਧੀ ਗੱਲਬਾਤ ਰੱਖੀ ਗਈ ਅਤੇ ਤਿੰਨ ਫਾਈਲਾਂ ਜ਼ਿਲ੍ਹਾ ਸਿੱਖਿਆ ਅਫਸਰ ਮਾਨਸਾ ਨੂੰ ਦਿੱਤੀਆਂ ਗਈਆਂ।ਜਥੇਬੰਦੀ ਵੱਲੋਂ ਲੋਕ ਸਭਾ ਚੋਣਾਂ ਦੌਰਾਨ ਖਾਣੇ 'ਤੇ ਖਰਚ ਹੋਈ ਰਾਸ਼ੀ ਜਾਰੀ ਕਰਨ ਦੀ ਮੰਗ ਵੀ ਰੱਖੀ ਗਈ।ਇਸ ਸਬੰਧੀ ਉਨ੍ਹਾ ਕਿਹਾ ਕਿ ਸਾਰੇ ਬਿੱਲ ਡਿਪਟੀ ਕਮਿਸ਼ਨਰ ਮਾਨਸਾ ਨੂੰ ਭੇਜੇ ਜਾ ਚੁੱਕੇ ਹਨ ਤੇ ਜਲਦੀ ਹੀ ਗ੍ਰਾਂਟ ਜਾਰੀ ਕੀਤੀ ਜਾਵੇਗੀ।ਜਥੇਬੰਦੀ ਵੱਲੋਂ ਇੱਕ ਮੰਗ ਪੱਤਰ ਮਾਰਚ ਮਹੀਨੇ ਵਾਪਸ ਹੋਈਆਂ ਪੀ.ਐੱਫ.ਐੱਮ.ਐੱਸ. ਖਾਤਿਆਂ ਦੀਆਂ ਗਰਾਂਟਾਂ ਸਕੂਲਾਂ ਨੂੰ ਭੇਜਣ ਸਬੰਧੀ ਭੇਜਿਆ ਗਿਆ ਤਾਂ ਕਿ ਦੁਕਾਨਦਾਰਾਂ ਦੇ ਬਿਲਾਂ ਦੀ ਭਰਪਾਈ ਹੋ ਸਕੇ।ਇਸ ਸਮੇਂ ਗੁਰਜੰਟ ਸਿੰਘ ਬੱਛੂਆਣਾ, ਬਲਵਿੰਦਰ ਭੀਖੀ, ਅਕਬਰ ਬੱਪੀਆਣਾ, ਜਸ਼ਨ, ਮੈਡਮ ਇੰਦਰਜੀਤ ਕੌਰ ਆਦਿ ਹਾਜ਼ਰ ਸਨ।

# ਵਿਨ ਯੂਅਰ ਇੰਗਲਿਸ਼ ਸੰਸਥਾ ਨੇ ਡੈਨਮਾਰਕ ਦਾ ਸਟੱਡੀ ਵੀਜ਼ਾ ਲਵਾਇਆ



**ਜਗਰਾਉਂ (ਨਛੱਤਰ ਸੰਧੂ)**-ਜਗਰਾਓਂ ਦੀ ਨਾਮਵਰ ਵਿਨ ਯੂਅਰ ਇੰਗਲਿਸ਼ ਸੰਸਥਾ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਯੂਰਪ ਕੰਟਰੀ ਦੇ ਵੀਜ਼ੇ ਲਗਵਾ ਕੇ ਬਹੁਤ ਸਾਰੇ ਲੋਕਾਂ ਨੂੰ ਵਿਦੇਸ਼ ਦੀ ਯਾਤਰਾ ਕਰਵਾਈ ਹੈ।ਸੰਸਥਾ ਦੇ ਐੱਮ ਡੀ ਲਵਪ੍ਰੀਤ ਵਰਮਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਿਛਲੇ ਦਿਨੀਂ ਸਾਡੀ ਸੰਸਥਾ ਵੱਲੋਂ ਵਿਦਿਆਰਥਣ ਰਚਨਦੀਪ ਕੌਰ ਪੁੱਤਰੀ ਇਕਬਾਲ ਸਿੰਘ ਵਾਸੀ ਅਮਰਗੜ੍ਹ ਕਲੇਰਾਂ ਦਾ ਡੈਨਮਾਰਕ ਦਾ ਸਟੱਡੀ ਵਜ਼ਜ਼ਾ ਲਗਵਾ ਕੇ ਉਸ ਦੇ ਸੁਪਨਿਆਂ ਨੂੰ ਸਾਕਾਰ ਕੀਤਾ ਹੈ।ਉਨ੍ਹਾ ਦੱਸਿਆ ਕਿ ਸਾਡੀ ਸੰਸਥਾ ਵੱਲੋਂ ਬਹੁਤ ਹੀ ਘੱਟ ਪੈਸਿਆਂ ਵਿੱਚ ਪੂਰੀ ਫੈਮਿਲੀ ਨੂੰ ਯੂਰਪ ਭੇਜਿਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਮਿਹਨਤੀ ਤੇ ਤਜਰਬੇਕਾਰ ਸਟਾਫ ਸਦਕਾ ਸਾਡੀ ਸੰਸਥਾ ਵੀਜ਼ੇ ਲਗਵਾਉਣ ਵਿੱਚ ਦੂਸਰਿਆਂ ਤੋਂ ਮੋਹਰੀ ਰਹੀ ਹੈ।ਇਸ ਮੌਕੇ ਐੱਮ ਡੀ ਲਵਪ੍ਰੀਤ ਵਰਮਾ ਨੇ ਰਚਨਦੀਪ ਕੌਰ ਤੇ ਉਨ੍ਹਾਂ ਦੇ ਪਰਿਵਾਰ ਨਾਲ ਖੁਸ਼ੀ ਜ਼ਾਹਰ ਕਰਦਿਆਂ ਡੈਨਮਾਰਕ ਦੇ ਸਟੱਡੀ ਵੀਜ਼ੇ ਦੀ ਕਾਪੀ ਸੌਂਪਦਿਆਂਵਧਾਈ ਦਿੱਤੀ।

# ਰਿਟਾਇਰੀ ਮੁਲਾਜ਼ਮਾਂ ਦਾ ਵਫ਼ਦ ਡਵੀਜ਼ਨਲ ਇੰਜੀਨੀਅਰ ਨੂੰ ਮਿਲਿਆ

- ਸੀਨੀਅਰ ਅਧਿਕਾਰੀ ਨੇ ਮੌਕੇ 'ਤੇ ਮੰਨੀਆਂ ਕਈ ਮੰਗਾਂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪੰਜਾਬ ਜਲ ਸਰੋਤ ਵਿਭਾਗ ਦੇ ਸੇਵਾਮੁਕਤ ਕਰਮਚਾਰੀਆਂ ਨਾਲ ਸਬੰਧਤ ਰਿਟਾਇਰੀ ਯੂਨੀਅਨ ਮੁਲਾਜ਼ਮਾਂ ਦਾ ਇੱਕ ਵਫ਼ਦ ਹੈੱਡ ਆਫਿਸ ਵਿਖੇ ਡਵੀਜ਼ਨਲ ਇੰਜਨੀਅਰ ਨੂੰ ਮਿਲਿਆ ਤੇ ਆਪਣੀਆਂ ਮੰਗਾਂ ਮੰਨਵਾਉਣ ਨੂੰ ਲੈ ਕੇ ਵਿਚਾਰ ਚਰਚਾ ਕੀਤੀ ਗਈ। ਜਥੇਬੰਦੀ ਦੇ ਸੂਬਾ ਪ੍ਰੈੱਸ ਸਕੱਤਰ ਕਰਮਜੀਤ ਆਜ਼ਾਦ ਮਾਛੀਵਾੜਾ ਨੇ ਵਾਪਸੀ ਤੋਂ ਬਾਅਦ ਇੱਥੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਫ਼ਦ ਵਿੱਚ ਸੂਬਾ ਪ੍ਰਧਾਨ ਓਮ ਪ੍ਰਕਾਸ਼ ਚੰਡੀਗੜ੍ਹ, ਜਨਰਲ ਸਕੱਤਰ ਸੋਹਣ ਸਿੰਘ ਭੂਨੋ ਹੁਸ਼ਿਆਰਪੁਰ, ਜ਼ੋਰਾ ਸਿੰਘ ਲੁਧਿਆਣਾ ਤੇ ਬ੍ਰਿਜ ਬਿਹਾਰੀ ਹੁਸ਼ਿਆਰਪੁਰ ਨੇ ਡਵੀਜ਼ਨਲ ਇੰਜੀਨੀਅਰ ਨਮਨ ਕੁਮਾਰ ਜੈਨ ਨਾਲ ਮੁਲਾਕਾਤ ਕੀਤੀ। ਡਵੀਜ਼ਨਲ ਇੰਜਨੀਅਰ ਵੱਲੋਂ ਸੇਵਾਮੁਕਤ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਬੜੀ ਗੰਭੀਰਤਾ ਨਾਲ ਲਿਆ ਤੇ ਇੱਕ-ਇੱਕ ਮੰਗ 'ਤੇ ਆਪਣੇ ਸਟਾਫ਼ ਨੂੰ ਬੁਲਾ ਕੇ ਚਰਚਾ ਕੀਤੀ। ਉਨ੍ਹਾਂ ਆਪਣੇ ਅਧਿਕਾਰ ਹੇਠ ਆਉਂਦੀਆਂ ਮੰਗਾਂ ਨੂੰ ਮੌਕੇ 'ਤੇ ਹੀ ਮੰਨ ਲਿਆ ਤੇ ਬਾਕੀ ਰਹਿੰਦੀਆਂ ਮੰਗਾਂ ਦਾ ਵੀ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਮੁਲਾਜ਼ਮਾਂ ਨੂੰ ਕਿਹਾ ਕਿ ਤੁਸੀਂ ਸਾਡੇ ਵਿਭਾਗ ਦੇ ਸੇਵਾਮੁਕਤ ਹੋ ਚੁੱਕੇ ਸਨਮਾਨਯੋਗ ਸ਼ਖ਼ਸੀਅਤਾਂ ਹੋ। ਇਸ ਕਰਕੇ ਦਫ਼ਤਰ ਵਿੱਚ ਜਿੱਥੇ ਤੁਹਾਡਾ ਆਉਣ 'ਤੇ ਬਣਦਾ ਮਾਣ ਸਨਮਾਨ ਕੀਤਾ ਜਾਵੇਗ, ਉੱਥੇ ਜਾਇਜ਼ ਮੰਗਾਂ ਮੰਨਣ ਲਈ ਵੀ ਕੋਈ ਆਨਾਕਾਨੀ ਨਹੀਂ ਕੀਤੀ ਜਾਵੇਗੀ। ਵਫ਼ਦ ਵੱਲੋਂ ਸੀਨੀਅਰ ਅਧਿਕਾਰੀ ਦਾ ਸੇਵਾਮੁਕਤ ਮੁਲਾਜ਼ਮਾਂ ਪ੍ਰਤੀ ਵਰਤਿਆ ਗਿਆ ਸਵਾਗਤਯੋਗ ਰਵੱਈਏ ਦਾ ਧੰਨਵਾਦ ਕੀਤਾ ਗਿਆ।

# ਸਕੂਲ 'ਚ ਚੋਰੀ ਕਰਨ ਵਾਲੇ 2 ਕਾਬੂ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਐਲਨਾਬਾਦ ਪੁਲਸ ਨੇ ਵਾਰਡ ਨੰਬਰ 9 ਸਥਿਤ ਸੀਨੀਅਰ ਸੈਕੰਡਰੀ ਸਕੂਲ ਵਿੱਚੋਂ ਪਾਣੀ ਦੀ ਮੋਟਰ ਤੇ 2 ਸੀਸੀਟੀਵੀ ਕੈਮਰਿਆਂ ਦੀ ਚੋਰੀ ਦੀ ਗੁੱਥੀ ਨੂੰ ਸੁਲਝਾਉਂਦੇ ਹੋਏ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਦੋਵੇਂ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ ਹੈ।ਥਾਣਾ ਐਲਨਾਬਾਦ ਦੇ ਮੁੱਖ ਅਫਸਰ ਸੰਦੀਪ ਕੁਮਾਰ ਨੇ ਦੱਸਿਆ ਕਿ ਗ੍ਰਿਫਤਾਰ ਗਏ ਮੁਲਜ਼ਮਾਂ ਦੀ ਪਛਾਣ ਵਾਰਡ ਨੰਬਰ 17 ਐਲਨਾਬਾਦ ਦੇ ਕਿੰਦਰ ਸਿੰਘ ਤੇ ਰਾਜੂ ਪਿੰਡ ਕਾਸ਼ੀ ਵਜੋਂ ਹੋਈ ਹੈ।ਥਾਣਾ ਸਦਰ ਦੇ ਇੰਚਾਰਜ ਨੇ ਦੱਸਿਆ ਕਿ ਦੋਵਾਂ ਨੌਜਵਾਨਾਂ ਕੋਲੋਂ ਚੋਰੀ ਦੇ ਦੋ ਕੈਮਰੇ ਬਰਾਮਦ ਹੋਏ ਹਨ।

ਦੋਵੇਂ ਨੌਜਵਾਨ ਨਸ਼ੇ ਦੇ ਆਦੀ ਹਨ ਤੇ ਇਨ੍ਹਾਂ ਨੇ ਨਸ਼ੇ ਦੀ ਪੂਰਤੀ ਲਈ ਹੀ ਇਹ ਚੋਰੀਆਂ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਸਕੂਲ ਦੇ ਪ੍ਰਿੰਸੀਪਲ ਅਨਿਲ ਕੁਮਾਰ ਦੀ ਸ਼ਿਕਾਇਤ 'ਤੇ ਕੇਸ ਦਰਜ ਕਰਕੇ ਜਾਂਚ ਸ਼ੁਰੂ ਕੀਤੀ ਤਾਂ ਇਹ ਦੋਵੇਂ ਮੁਲਜ਼ਮ ਪੁਲਸ ਨੇ ਕਾਬੂ ਕਰ ਲਏ।

# ਢਾਈ ਲੱਖ ਬੂਟੇ ਲਗਾਉਣ ਦਾ ਟੀਚਾ ਹਰ ਹੀਲੇ ਕੀਤਾ ਜਾਵੇਗਾ ਪੂਰਾ : ਏ ਡੀ ਸੀ

- ਬੂਟੇ ਲਗਾਉਣ ਦੀ ਮੁਹਿੰਮ 'ਚ ਤੇਜ਼ੀ ਲਿਆਉਣ ਲਈ ਕੀਤੀ ਮੀਟਿੰਗ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਵਧ ਰਹੇ ਪ੍ਰਦੂਸ਼ਣ ਤੇ ਵਾਤਾਵਰਨ ਦੀ ਸ਼ੁੱਧਤਾ ਲਈ ਜ਼ਿਲ੍ਹੇ ਵਿੱਚ ਢਾਈ ਲੱਖ ਬੂਟੇ ਲਗਾਉਣ ਦਾ ਟੀਚਾ ਹਰ ਹੀਲੇ ਪੂਰਾ ਕੀਤਾ ਜਾਵੇਗਾ ਤਾਂ ਜੋ ਵੱਧ ਰਹੇ ਹਵਾ ਪ੍ਰਦੂਸ਼ਣ ਨੂੰ ਕੁਝ ਹੱਦ ਤੱਕ ਠੱਲ੍ਹ ਪਾਈ ਜਾ ਸਕੇ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰ. ਨਰਭਿੰਦਰ ਸਿੰਘ ਗਰੇਵਾਲ ਨੇ ਸਮੂਹ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗ ਦੌਰਾਨ ਕੀਤਾ। ਉਨ੍ਹਾ ਕਿਹਾ ਕਿ ਆਪਣੇ ਆਪਣੇ ਵਿਭਾਗ ਅਧੀਨ ਢੁੱਕਵੀਆਂ ਥਾਵਾਂ ਦੀ ਪਹਿਚਾਣ ਕਰਕੇ ਵੱਧ ਤੋਂ ਵੱਧ ਬੂਟੇ ਲਗਾਉਣ ਦੇ ਉਪਰਾਲੇ ਨੂੰ ਪੂਰੇ ਤਨ ਮਨ ਨਾਲ ਸ਼ੁਰੂ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਵਾਤਵਰਣ ਦੀ ਸ਼ੁੱਧਤਾ ਤੇ ਗਰਮੀ ਤੋਂ ਰਾਹਤ ਪਾਉਣ ਲਈ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਜ਼ਰੂਰਤ ਹੈ।ਉਨ੍ਹਾਂ ਦੱਸਿਆ ਕਿ ਦਰੱਖਤਾਂ ਦੀ ਘਾਟ ਕਾਰਨ ਹੀ ਅੱਜ ਸਾਨੂੰ ਅੱਤ ਦੀ ਗਰਮੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਇਸ ਗਰਮੀ ਤੋਂ ਬਚਾਅ ਲਈ ਲਗਾਏ ਜਾਣ ਵਾਲੇ ਇਨ੍ਹਾਂ ਬੂਟਿਆਂ ਵਿੱਚ



ਫੁੱਲ, ਫਲਦਾਰ, ਛਾਂਦਾਰ ਪੌਦੇ ਲਗਾਉਣ ਦਾ ਟੀਚਾ ਪੂਰਾ ਕੀਤਾ ਜਾਵੇਗਾ।ਇਸ ਮੌਕੇ ਉਨ੍ਹਾ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਿਲ ਕੇ ਵੱਧ ਤੋਂ ਵੱਧ ਬੂਟੇ ਲਾ ਕੇ ਸਾਫ ਸ਼ੁੱਧ ਹਵਾ ਤੇ ਆਕਸੀਜਨ ਦੇ ਲੇਵਲ ਨੂੰ ਵਧਾਉਣ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।ਉਨ੍ਹਾਂ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਬੂਟੇ ਲਗਾਉਣ ਦੀ ਇਸ ਮੁਹਿੰਮ ਵਿੱਚ ਤੇਜ਼ੀ ਲਿਆਂਦੀ ਜਾਵੇ।ਇਸ ਦੇ ਲਈ ਪਿੰਡਾਂ ਵਿੱਚ ਹੋਕੇ ਲਗਵਾਏ ਜਾਣ ਤਾਂ ਜੋ ਕੋਈ ਵੀ ਇਲਾਕਾ ਨਿਵਾਸੀ ਬੂਟੇ ਪ੍ਰਾਪਤ ਕਰਨ ਤੋਂ ਵਾਂਝਾ ਨਾ ਰਹਿ ਸਕੇ।ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਇਸ ਕੰਮ ਨੂੰ ਕੇਵਲ ਬੂਟਿਆਂ ਨੂੰ ਲਗਾਉਣ ਤੱਕ ਹੀ ਸੀਮਤ ਨਾ ਰੱਖਿਆ ਜਾਵੇ, ਬਲਕਿ ਬੂਟਿਆਂ ਦਾ ਪਾਲਣ ਪੋਸ਼ਣ ਬਾਰੇ ਵੀ ਲੋਕਾਂ ਨੂੰ ਗੰਭੀਰਤਾ ਨਾਲ ਦੱਸਿਆ ਜਾਵੇ।ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ/ਕਰਮਚਾਰੀ ਸ਼ਾਮਲ ਸਨ।

# ਸੜਕ ਹਾਦਸੇ 'ਚ ਜ਼ਖਮੀ ਮਜ਼ਦੂਰ ਦੀ ਮੌਤ, ਪਰਵਾਰ ਵੱਲੋਂ ਮਦਦ ਦੀ ਗੁਹਾਰ

**ਫ਼ਾਜ਼ਿਲਕਾ (ਕ੍ਰਿਸ਼ਨ ਸਿੰਘ)**-ਬੀਤੇ ਦਿਨੀਂ ਫ਼ਾਜ਼ਿਲਕਾ ਦੇ ਪਿੰਡ ਹੌਜ ਖ਼ਾਸ ਦੇ ਨਜ਼ਦੀਕ ਸੜਕ ਹਾਦਸੇ 'ਚ ਜ਼ਖਮੀ ਹੋਏ ਇੱਕ ਨੌਜਵਾਨ ਦੀ ਇਲਾਜ ਦੌਰਾਨ ਹਸਪਤਾਲ 'ਚ ਮੌਤ ਹੋ ਗਈ।ਇਸ ਬਾਰੇ ਜਾਣਕਾਰੀ ਦਿੰਦਿਆਂ ਮ੍ਰਿਤਕ ਜਗਰੂਪ ਸਿੰਘ (25) ਦੇ ਪਿਤਾ ਜਗਤਾਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦਾ ਲੜਕਾ ਜਗਰੂਪ ਸਿੰਘ 12 ਜੂਨ 2024 ਨੂੰ ਸਵੇਰੇ ਮਜ਼ਦੂਰੀ ਲਈ ਆਪਣੇ ਕੰਮ 'ਤੇ ਜਾ ਰਿਹਾ ਸੀ।ਇਸ ਦੌਰਾਨ ਉਹ ਪਿੰਡ ਛੱਪੜੀ ਵਾਲਾ ਤੇ ਹੌਜ ਖ਼ਾਸ ਵਿਚਕਾਰ ਕਿਸੇ ਵਿਅਕਤੀ ਵੱਲੋਂ ਵਿਛਾਈ ਗਈ ਬਿਜਲੀ ਦੀ ਤਾਰ ਦੀ ਚਪੇਟ 'ਚ ਆ ਕੇ ਗੰਭੀਰ ਜ਼ਖ਼ਮੀ ਹੋ ਗਿਆ।ਉਨ੍ਹਾ ਦੱਸਿਆ ਕਿ ਇਸ ਦੌਰਾਨ ਮੋਟਰਸਾਈਕਲ ਤੋਂ ਡਿੱਗਣ ਕਾਰਨ ਉਸ ਨੂੰ ਸੱਟਾਂ ਵੀ ਕਾਫੀ ਲੱਗੀਆਂ ਤੇ ਬਿਜਲੀ ਦਾ ਕਰੰਟ ਵੀ ਲੱਗਿਆ, ਜਿਸ ਤੋਂ ਬਾਅਦ ਉਸ ਨੂੰ ਸਰਕਾਰੀ ਹਸਪਤਾਲ ਫ਼ਾਜ਼ਿਲਕਾ ਲਿਜਾਇਆ ਗਿਆ, ਜਿੱਥੋਂ ਉਸ ਨੂੰ ਅੱਗੇ ਰੈਫਰ ਕਰ ਦਿੱਤਾ ਗਿਆ, ਜਿੱਥੇ ਜ਼ੇਰੇ ਇਲਾਜ ਹਫਤੇ ਬਾਅਦ ਉਸ ਦੀ ਮੌਤ ਹੋ ਗਈ।ਮ੍ਰਿਤਕ ਦੀ ਪਤਨੀ ਸੁਨੀਤਾ ਨੇ ਦੱਸਿਆ ਕਿ ਉਨ੍ਹਾਂ ਦੀਆਂ ਦੋ ਛੋਟੀਆਂ ਛੋਟੀਆਂ ਬੱਚੀਆਂ ਹਨ, ਜਿਨ੍ਹਾਂ ਦੇ ਸਿਰ ਤੋਂ ਹੁਣ ਪਿਤਾ ਦਾ ਸਾਇਆ ਉੱਠ ਗਿਆ ਹੈ।ਉਨ੍ਹਾ ਦੱਸਿਆ ਕਿ ਉਨ੍ਹਾਂ ਦੇ ਘਰਵਾਲੇ ਤੋਂ ਇਲਾਵਾ ਘਰ 'ਚ ਹੋਰ ਕੋਈ ਕਮਾਉਣ ਵਾਲਾ ਨਹੀਂ ਰਿਹਾ, ਜਿਸ ਕਾਰਨ ਉਨ੍ਹਾਂ ਦੇ ਛੋਟੇ ਬੱਚਿਆਂ ਦਾ ਪਾਲਣ ਪੋਸ਼ਣ ਕਰਨਾ ਬਹੁਤ ਔਖਾ ਹੋ ਜਾਏਗਾ।ਉਨ੍ਹਾ ਸਰਕਾਰ ਤੋਂ ਇਨਸਾਫ ਦਿਵਾਉਣ ਤੇ ਬੱਚਿਆਂ ਲਈ ਆਰਥਿਕ ਮਦਦ ਦੀ ਮੰਗ ਕੀਤੀ ਹੈ।ਓਧਰ ਪੁਲਸ ਵੱਲੋਂ ਸਿਵਿਲ ਹਸਪਤਾਲ ਫ਼ਾਜ਼ਿਲਕਾ ਪਹੁੰਚ ਕੇ ਇਸ ਸਬੰਧੀ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ।

# ਨਸ਼ਿਆਂ ਦੇ ਪਸਾਰੇ ਲਈ ਪਿਛਲੀਆਂ ਸਰਕਾਰਾਂ ਦੋਸ਼ੀ : ਜੌੜਾਮਾਜਰਾ

- ਮੁੱਖ ਮੰਤਰੀ ਦੀ ਅਗਵਾਈ ਹੇਠਲੀ ਸੂਬਾ ਸਰਕਾਰ ਨੇ ਨਸ਼ਾ ਤਸਕਰਾਂ 'ਤੇ ਸਿਕੰਜ਼ਾ ਕੱਸਿਆ

**ਪਟਿਆਲਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਪੰਜਾਬ ਪਾਵਰ ਲਿਫਟਿੰਗ ਐਸੋਸੀਏਸ਼ਨ ਵੱਲੋਂ ਕਰਵਾਈ ਜਾ ਰਹੀ ਸਬ ਜੂਨੀਅਰ ਤੇ ਜੂਨੀਅਰ ਮੈਨ ਤੇ ਵੂਮੈਨ ਪਾਵਰ ਲਿਫਟਿੰਗ ਨੈਸ਼ਨਲ ਚੈਂਪੀਅਨਸ਼ਿਪ ਦਾ ਉਦਘਾਟਨ ਕੀਤਾ।ਇੱਥੇ ਰਿੰਕ ਹਾਲ ਵਿਖੇ 28 ਰਾਜਾਂ ਤੋਂ ਪੁੱਜੇ ਕਰੀਬ 450 ਖਿਡਾਰੀਆਂ ਨੂੰ ਇਨ੍ਹਾਂ ਮੁਕਾਬਲਿਆਂ ਵਿੱਚ ਖੇਡ ਭਾਵਨਾ ਨਾਲ ਹਿੱਸਾ ਲੈਣ ਲਈ ਪ੍ਰੇਰਤ ਕਰਦਿਆਂ ਕੈਬਨਿਟ ਮੰਤਰੀ ਨੇ ਪੰਜਾਬ ਪਾਵਰ ਲਿਫਟਿੰਗ ਐਸੋਸੀਏਸ਼ਨ ਦੇ ਪ੍ਰਧਾਨ ਦਵਿੰਦਰ ਸਿੰਘ ਮੱਲੀ ਤੇ ਹੋਰ ਅਹੁਦੇਦਾਰਾਂ ਨੂੰ ਇਹ ਚੈਂਪੀਅਨਸ਼ਿਪ ਕਰਵਾਉਣ ਲਈ ਵਧਾਈ ਦਿੱਤੀ।ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ, ਜਿਨ੍ਹਾਂ ਕੋਲ ਜਲ ਸਰੋਤ, ਖਣਨ ਤੇ ਭੂ-ਵਿਗਿਆਨ, ਜਲ ਤੇ ਭੂਮੀ ਰੱਖਿਆ, ਬਾਗਬਾਨੀ, ਸੁਤੰਤਰਤਾ ਸੰਗਰਾਮੀ ਤੇ ਰੱਖਿਆ ਸੇਵਾਵਾਂ ਭਲਾਈ ਬਾਰੇ ਵਿਭਾਗ ਵੀ ਹਨ, ਨੇ ਇਸ ਮੌਕੇ ਦੱਸਿਆ ਕਿ ਸੂਬੇ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਨੇ ਵਿਸ਼ੇਸ਼ ਉਪਰਾਲੇ ਕੀਤੇ ਹਨ।ਚੇਤਨ ਸਿੰਘ ਜੌੜਾਮਾਜਰਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਨਸ਼ਿਆਂ ਬਾਰੇ ਪੁੱਛੇ ਸਵਾਲ ਦੇ ਜਵਾਬ 'ਚ ਕਿਹਾ ਕਿ ਨਸ਼ਿਆਂ ਦੇ ਪਸਾਰੇ ਲਈ ਪਿਛਲੀਆਂ ਸਰਕਾਰਾਂ ਦੋਸ਼ੀ ਹਨ, ਕਿਉਂਕਿ ਪਿਛਲੇ ਸਮੇਂ ਵਿੱਚ ਨਸ਼ਿਆਂ ਵਿਰੁੱਧ ਸਖ਼ਤੀ ਨਾਲ ਕਾਰਵਾਈ ਨਹੀਂ ਕੀਤੀ ਗਈ।ਉਨ੍ਹਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੌਜੂਦਾ ਪੰਜਾਬ ਸਰਕਾਰ ਨੇ ਇਮਾਨਦਾਰੀ ਨਾਲ ਨਸ਼ਾ ਤਸਕਰਾਂ 'ਤੇ ਸ਼ਿਕੰਜਾ ਕਸਦੇ ਹੋਏ ਕਾਰਵਾਈ ਕੀਤੀ ਹੈ, ਜਿਸ ਦੇ ਸਿੱਟੇ ਬਹੁਤ ਜਲਦ ਸਾਹਮਣੇ ਆਉਣਗੇ।ਕੈਬਨਿਟ ਮੰਤਰੀ ਜੌੜਾਮਾਜਰਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਖੇਡਾਂ ਤੇ ਖਿਡਾਰੀਆਂ ਨੂੰ ਪ੍ਰਫੁਲਤ ਕਰਨ ਲਈ ਵਿਸ਼ੇਸ਼ ਬਜਟ ਰੱਖਿਆ ਹੈ ਅਤੇ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਨਾਮਣਾ ਖੱਟਣ ਵਾਲੇ ਖਿਡਾਰੀਆਂ ਨੂੰ ਨਗ਼ਦ ਇਨਾਮ ਦੇਣ ਦੇ ਨਾਲ-ਨਾਲ ਸਰਕਾਰੀ ਨੌਕਰੀਆਂ ਵੀ ਪ੍ਰਦਾਨ ਕੀਤੀਆਂ ਹਨ।ਇਸ ਤੋਂ ਇਲਾਵਾ ਖੇਡਾਂ ਵਤਨ ਪੰਜਾਬ ਦੀਆਂ ਕਰਵਾਉਣ ਸਮੇਤ ਖੇਡ ਨਰਸਰੀਆਂ ਖੋਲ੍ਹੀਆਂ ਜਾ ਰਹੀਆਂ ਹਨ।



# ਸਰਕਾਰ ਦੇ ਤੁਗਲਕੀ ਫੈਸਲੇ ਨੇ ਬਿਜਲੀ ਕਾਰਪੋਰੇਸ਼ਨ ਤੇ ਕਿਸਾਨ ਕੁੜਿੱਕੀ 'ਚ ਫਸਾਏ : ਮਨਜੀਤ ਧਨੇਰ

**ਚੌਂਕੀਮਾਨ (ਬਲਬੀਰ ਮਾਨ)**-ਪੰਜਾਬ ਸਰਕਾਰ ਵੱਲੋਂ ਅਖਬਾਰਾਂ ਤੇ ਚੈਨਲਾਂ 'ਤੇ ਧੂਆਂਧਾਰ ਪ੍ਰਚਾਰ ਕੀਤਾ ਗਿਆ ਕਿ ਕਿਸਾਨ ਪੂਸਾ ਝੋਨਾ ਨਾ ਲਾਉਣ, ਸਗੋਂ ਉਸ ਦੀ ਥਾਂ 'ਤੇ ਪੀਆਰ 126 ਜਾਂ 131 ਹੀ ਲਾਉਣ। ਲੋਕ ਇਸ ਦਲੀਲ ਨਾਲ ਸਹਿਮਤ ਵੀ ਸਨ, ਕਿਉਂਕਿ ਪਾਣੀ ਬਚਾਉਣ ਲਈ ਪੂਸਾ ਝੋਨੇ ਦਾ ਖਹਿੜਾ ਛੱਡਣਾ ਹੀ ਪੈਣਾ ਹੈ ਅਤੇ ਲੇਟ ਵਰਾਇਟੀਆਂ, ਜੋ ਘੱਟ ਸਮੇਂ ਵਿੱਚ ਘੱਟ ਪਾਣੀ ਲੈ ਕੇ ਪੱਕਦੀਆਂ ਹਨ, ਉਹ ਹੀ ਲਾਈਆਂ ਜਾਣੀਆਂ ਚਾਹੀਦੀਆਂ ਹਨ, ਪਰ ਸਰਕਾਰ ਨੇ 15 ਜੂਨ ਦੇ ਆਸ-ਪਾਸ ਝੋਨਾ ਲਾਉਣ ਤੇ ਖੇਤਾਂ ਲਈ ਬਿਜਲੀ ਛੱਡਣ ਦਾ ਐਲਾਨ ਕਰਕੇ ਪਾਣੀ ਬਚਾਉਣ ਦੀਆਂ ਕੋਸ਼ਿਸ਼ਾਂ ਨੂੰ ਤਾਰਪੀਡੋ ਕਰਨ ਦਾ ਯਤਨ ਕਰਕੇ ਪੰਜਾਬ ਦੀ ਧਰਤੀ ਨੂੰ ਬੰਜਰ ਬਣਾਉਣ ਲਈ ਪੰਜਾਬ ਵਿਰੋਧੀ ਤਾਕਤਾਂ ਦਾ ਸਾਥ ਦਿੱਤਾ ਹੈ। 15 ਜੂਨ ਨੂੰ 126 ਜਾਂ 131 ਲੱਗ ਨਹੀਂ ਸਕਦਾ, ਸਗੋਂ ਪੂਸਾ ਝੋਨਾ ਹੀ ਲੱਗੇਗਾ, ਜੋ ਵੱਧ ਸਮੇਂ ਵਿੱਚ ਪੱਕਦਾ ਹੈ ਅਤੇ ਪਾਣੀ ਵੀ ਵੱਧ ਲੈਂਦਾ ਹੈ, ਕਿਸਾਨ ਵੀ ਲੂ ਤੇ ਗਰਮੀ ਦੇ ਹਾਲਾਤ ਵੇਖੇ ਬਗੈਰ ਝੋਨਾ ਲਾਉਣ ਲੱਗ ਪਏ ਹਨ, ਹੁਣ ਬਿਜਲੀ ਦੀ ਖਪਤ ਰਿਕਾਰਡ ਤੋੜ ਹੋ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਜੇ ਮੌਸਮ ਅਜਿਹਾ ਰਿਹਾ, ਕੱਟ ਵੀ ਲੱਗਣਗੇ, ਮਹਿੰਗੇ ਭਾਅ ਦਾ ਡੀਜ਼ਲ ਵੀ ਜੈਨਰੇਟਰਾਂ ਰਾਹੀਂ ਫੂਕਿਆ ਜਾਵੇਗਾ ਅਤੇ ਉਲਟਾ ਲੈਣੇ ਦੇ ਦੇਣੇ ਪੈਣਗੇ। ਕਿਸਾਨ ਭਰਾਵੋ ਮੌਸਮ ਦਾ ਮਿਜਾਜ਼ ਜ਼ਰੂਰ ਸਮਝ ਲਵੋ, ਜਿਹੜੇ ਬਿਜਾਈ ਲੇਟ ਕਰ ਸਕਦੇ ਹਨ, ਲੇਟ ਕਰੋ ਤਾਂ ਕਿ ਵਾਧੂ ਖਰਚੇ ਤੋਂ ਬਚਿਆ ਜਾ ਸਕੇ।

# ਆਂਗਣਵਾੜੀ ਵਰਕਰ ਵਜੋਂ ਹਰਗੋਬਿੰਦ ਕੌਰ ਦੀਆਂ ਸੇਵਾਵਾਂ ਕੀਤੀਆਂ ਖ਼ਤਮ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਅਧੀਨ ਪਿੰਡ ਚੱਕ ਕਾਲਾ ਸਿੰਘ ਵਾਲਾ ਦੇ ਆਂਗਣਵਾੜੀ ਸੈਂਟਰ ਵਿੱਚ ਬਤੌਰ ਆਂਗਣਵਾੜੀ ਵਰਕਰ 34 ਸਾਲ ਬੇਦਾਗ਼ ਸੇਵਾਵਾਂ ਦੇਣ ਵਾਲੀ ਆਂਗਣਵਾੜੀ ਵਰਕਰ ਹਰਗੋਬਿੰਦ ਕੌਰ ਜੋ ਆਂਗਣਵਾੜੀ ਇੰਪਲਾਈਜ਼ ਫੈਡਰੇਸ਼ਨ ਆਫ਼ ਇੰਡੀਆ ਦੇ ਕੌਮੀ ਪ੍ਰਧਾਨ ਤੇ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਹਨ ਨੂੰ ਸਬੰਧਤ ਮਹਿਕਮੇ ਵੱਲੋਂ ਉਨ੍ਹਾਂ ਦੀਆਂ ਸੇਵਾਵਾਂ ਖ਼ਤਮ ਕਰਨ ਚਿੱਠੀ ਭੇਜੀ ਗਈ ਹੈ।ਡਾਇਰੈਕਟਰ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਪੱਤਰ ਨੰਬਰ ਆਈ ਸੀ ਡੀ ਐਸ 2023/1996-2163 ਤਹਿਤ ਬਾਲ ਵਿਕਾਸ ਪ੍ਰੋਜੈਕਟ ਅਫ਼ਸਰ ਸ੍ਰੀ ਮੁਕਤਸਰ ਸਾਹਿਬ ਦੇ ਦਸਤਖਤਾਂ ਹੇਠ ਇਹ ਚਿੱਠੀ ਭੇਜੀ ਗਈ ਹੈ।ਮਹਿਕਮੇ ਵੱਲੋਂ ਦੋਸ਼ ਇਹ ਲਾਇਆ ਗਿਆ ਹੈ ਕਿ ਹਰਗੋਬਿੰਦ ਕੌਰ ਨੇ ਛੁੱਟੀਆਂ ਵਧ ਲਈਆਂ ਹਨ, ਜਿਸ ਕਰਕੇ ਆਂਗਣਵਾੜੀ ਸੈਂਟਰ ਦਾ ਕੰਮ ਪ੍ਰਭਾਵਤ ਹੋਇਆ ਹੈ।ਹਰਗੋਬਿੰਦ ਕੌਰ ਨੇ ਜਿੱਥੇ ਪੰਜਾਬ ਸਰਕਾਰ ਖਿਲਾਫ਼ ਔਰਤਾਂ ਨੂੰ ਹਜ਼ਾਰ ਹਜ਼ਾਰ ਰੁਪਏ ਨਾ ਦੇਣ ਦਾ ਮੁੱਦਾ ਚੁੱਕਿਆ, ਉਥੇ ਹੀ ਆਟੇ ਦਾਲ ਵਾਲੇ 11 ਲੱਖ ਰਾਸ਼ਨ ਕਾਰਡਾਂ ਤੇ ਗ਼ਰੀਬ ਲੋਕਾਂ ਨੂੰ ਬਿਜਲੀ ਦੇ ਵੱਧ ਆ ਰਹੇ ਬਿੱਲਾਂ ਦਾ ਮਾਮਲਾ ਉਠਾ ਕੇ ਸਰਕਾਰ ਨੂੰ ਘੇਰਿਆ।ਇਸ ਤੋਂ ਇਲਾਵਾ ਉਹ ਔਰਤ ਤੇ ਬਾਲ ਭਲਾਈ ਸੰਸਥਾ ਪੰਜਾਬ ਦੇ ਚੇਅਰਪਰਸਨ ਵੀ ਹਨ ਤੇ ਪੀੜਤ ਔਰਤਾਂ ਨੂੰ ਨਿਆਂ ਦਿਵਾਉਣ ਲਈ ਉਨ੍ਹਾਂ ਦੇ ਨਾਲ ਸਰਕਾਰ ਅਤੇ ਪ੍ਰਸ਼ਾਸਨ ਨਾਲ ਲੜਾਈ ਲੜਦੇ ਹਨ।ਇਸੇ ਕਰਕੇ ਸਰਕਾਰ ਉਨ੍ਹਾਂ ਦੇ ਖ਼ਿਲਾਫ਼ ਹੋ ਗਈ ਤੇ ਪਿਛਲੇ ਕਈ ਮਹੀਨਿਆਂ ਤੋਂ ਉਹਨਾਂ ਦੇ ਖ਼ਿਲਾਫ਼ ਨੌਕਰੀ ਤੋਂ ਕੱਢਣ ਲਈ ਸਾਜ਼ਿਸ਼ਾਂ ਰਚੀਆਂ ਜਾ ਰਹੀਆਂ ਸਨ।ਹਰਗੋਬਿੰਦ ਕੌਰ ਨੇ ਕਿਹਾ ਕਿ ਮੇਰੀਆਂ ਸੇਵਾਵਾਂ ਖ਼ਤਮ ਕਰਕੇ ਪੰਜਾਬ ਸਰਕਾਰ ਨੇ ਆਪਣੀ ਹਾਰ ਕਬੂਲੀ ਹੈ।ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰ ਬਿਨਾਂ ਤਨਖਾਹ ਤੋਂ ਛੁੱਟੀ ਨਹੀਂ ਲੈ ਸਕਦੀ। ਇਸ ਦਾ ਲੈਟਰ ਮਈ 2024 ਵਿੱਚ ਜਾਰੀ ਕੀਤਾ ਹੈ, ਜਦਕਿ ਛੁੱਟੀਆਂ ਮੈਂ 2023 ਵਿੱਚ ਲਈਆਂ ਸਨ, ਉਦੋਂ ਤੱਕ ਸਰਕਾਰ ਵੱਲੋਂ ਕੋਈ ਪੱਤਰ ਨਹੀਂ ਆਇਆ ਸੀ।

ਪਿਛਲੇ 30 ਸਾਲ ਤੋਂ ਜਦੋਂ ਤੋਂ ਮੈਂ ਯੂਨੀਅਨ ਵਿੱਚ ਕੰਮ ਕਰ ਰਹੀ ਹਾਂ। ਮੈਂ ਹਰ ਸਾਲ 20 ਤੋਂ ਉੱਪਰ ਛੁੱਟੀਆਂ ਲੈਂਦੀ ਰਹੀ ਹਾਂ, ਜਿੱਥੋਂ ਤੱਕ ਰਾਜਨੀਤਕ ਗਤੀਵਿਧੀਆਂ ਵਿੱਚ ਭਾਗ ਲੈਣ ਦਾ ਸਬੰਧ ਹੈ। ਆਂਗਣਵਾੜੀ ਵਰਕਰ ਇੱਕ ਸੋਸ਼ਲ ਵਰਕਰ ਹੈ ਤੇ ਉਸ ਨੂੰ ਚੋਣ ਲੜਨ ਦਾ ਅਧਿਕਾਰ ਹੈ, ਜਿਸ ਕਰਕੇ ਉਹ ਰਾਜਨੀਤਕ ਗਤੀਵਿਧੀਆਂ ਵਿੱਚ ਭਾਗ ਲੈ ਸਕਦੀ ਹੈ।ਇਹ ਬੇਬੁਨਿਆਦ ਇਲਜ਼ਾਮ ਲਾ ਕੇ ਮੇਰੀਆਂ ਸੇਵਾਵਾਂ ਖਤਮ ਕੀਤੀਆਂ ਗਈਆਂ ਹਨ, ਜਿਨ੍ਹਾਂ ਦਾ ਮੈਂ ਜੋਰਦਾਰ ਵਿਰੋਧ ਕਰਦੀ ਹਾਂ।ਉਨ੍ਹਾਂ ਕਿਹਾ ਕਿ ਸਰਕਾਰ ਨੇ ਪਹਿਲਾਂ ਇੱਕ ਕਮੇਟੀ ਬਿਠਾ ਕੇ ਮੇਰਾ ਸਾਰਾ ਕੰਮ ਚੈੱਕ ਕੀਤਾ, ਜਿਸ ਵਿੱਚ ਕੋਈ ਨੁਕਸ ਨਹੀਂ ਪਾਇਆ ਗਿਆ ਫਿਰ ਬਿਨਾਂ ਵਜ੍ਹਾ ਦਾ ਅਧਾਰ ਬਣਾ ਕੇ ਮੈਨੂੰ ਨੌਕਰੀ ਤੋਂ ਬਾਹਰ ਕੀਤਾ ਗਿਆ।

# ਪੰਜਾਬ ਐਂਡ ਸਿੰਧ ਬੈਂਕ ਦੇ ਸਥਾਪਨਾ ਦਿਵਸ ਮੌਕੇ ਖ਼ੂਨਦਾਨ ਕੈਂਪ ਸ਼ਲਾਘਾਯੋਗ ਉਪਰਾਲਾ : ਡੀ ਸੀ

- ਖੁਦ 29ਵੀਂ ਵਾਰ ਖੂਨ ਦਾਨ ਕਰਕੇ ਕੀਤਾ ਕੈਂਪ ਦਾ ਉਦਘਾਟਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤ ਦੀਆਂ ਸਭ ਤੋਂ ਪੁਰਾਣੀਆਂ ਬੈਂਕਾਂ ਵਿੱਚ ਸ਼ੁਮਾਰ ਪੰਜਾਬ ਐਂਡ ਸਿੰਧ ਬੈਂਕ ਵੱਲੋਂ ਆਪਣੇ 117ਵੇਂ ਸਥਾਪਨਾ ਦਿਵਸ ਨੂੰ ਸਮਰਪਤ ਦੇਸ਼ ਭਰ ਵਿੱਚ ਸਮਾਜਿਕ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਦੀ ਕੜੀ ਵਜੋਂ ਲੀਡ ਬੈਂਕ ਮੋਗਾ ਵੱਲੋਂ ਆਰਸੈਟੀ ਦੁਨੇਕੇ ਵਿਖੇ ਭਾਈ ਘਨੱਈਆ ਬਲੱਡ ਡੋਨਰਜ਼ ਸੁਸਾਇਟੀ ਮੋਗਾ ਦੇ ਸਹਿਯੋਗ ਨਾਲ ਖੂਨਦਾਨ ਕੈਂਪ ਲਾਇਆ ਗਿਆ, ਜਿਸ ਦਾ ਉਦਘਾਟਨ ਮੋਗਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਧੂਰੀ ਵੱਲੋਂ ਖੁਦ 29ਵੀਂ ਵਾਰ ਖੂਨ ਦਾਨ ਕਰਕੇ ਕੀਤਾ ਗਿਆ। ਇਸ ਮੌਕੇ ਉਨ੍ਹਾਂ ਆਪਣੇ ਸੰਬੋਧਨ ਦੌਰਾਨ ਲੀਡ ਬੈਂਕ ਮੋਗਾ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖੂਨ ਦਾਨ ਸਭ ਤੋਂ ਉੱਤਮ ਦਾਨ ਹੈ ਤੇ ਇਸ ਨਾਲ ਸਰੀਰ ਵਿੱਚ ਕੋਈ ਕਮਜ਼ੋਰੀ ਨਹੀਂ ਆਉਂਦੀ ਤੇ ਸਾਨੂੰ ਹਰ ਤਿੰਨ ਮਹੀਨੇ ਬਾਅਦ ਖੂਨ ਦਾਨ ਕਰਨ ਦੀ ਆਦਤ ਪਾਉਣੀ ਚਾਹੀਦੀ ਹੈ। ਉਨ੍ਹਾਂ ਪੰਜਾਬ ਐਂਡ ਸਿੰਧ ਬੈਂਕ ਦੇ 117ਵੇਂ ਸਥਾਪਨਾ ਦਿਵਸ ਦੀ ਸਮੂਹ ਕਰਮਚਾਰੀਆਂ ਤੇ ਅਧਿਕਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਬੈਂਕ ਦੀ ਸਥਾਪਨਾ ਨਾਲ ਹਰ ਆਮ ਨਾਗਰਿਕ ਨੂੰ ਬੈਂਕਿੰਗ ਸੇਵਾਵਾਂ ਮਿਲਣੀਆਂ ਸ਼ੁਰੂ ਹੋਈਆਂ ਹਨ। ਇਸ ਮੌਕੇ ਲੀਡ ਬੈਂਕ ਮੈਨੇਜਰ ਚਿਰੰਜੀਵ ਸਿੰਘ ਨੇ ਡਿਪਟੀ ਕਮਿਸ਼ਨਰ ਮੋਗਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਸਨਮਾਨਤ ਕੀਤਾ ਤੇ ਕੈਂਪ ਨੂੰ ਕਾਮਯਾਬ ਬਣਾਉਣ ਲਈ ਭਾਈ ਘਨੱਈਆ ਬਲੱਡ ਡੋਨਰਜ਼ ਸੁਸਾਇਟੀ ਮੋਗਾ ਤੇ ਸਮੂਹ ਖੂਨਦਾਨੀਆਂ ਦਾ ਵੀ ਧੰਨਵਾਦ ਕੀਤਾ। ਬੈਂਕ ਵੱਲੋਂ ਇਸ ਮੌਕੇ ਜ਼ੋਨਲ ਮੈਨੇਜਰ ਪੰਜਾਬ ਐਂਡ ਸਿੰਧ ਬੈਂਕ ਫਰੀਦਕੋਟ ਸ੍ਰੀ ਆਸ਼ੀਸ਼ ਰੰਜਨ ਸਮੇਤ ਬੈਂਕ ਦੇ ਅਧਿਕਾਰੀਆਂ ਕਰਮਚਾਰੀਆਂ ਤੇ ਸਮਾਜ ਸੇਵੀਆਂ ਵੱਲੋਂ ਵੀ ਖੂਨਦਾਨ ਕੀਤਾ ਗਿਆ। ਇਸ ਮੌਕੇ ਸੁਸਾਇਟੀ ਪ੍ਰਧਾਨ ਗੁਰਨਾਮ ਸਿੰਘ ਲਵਲੀ ਨੇ 77ਵੀਂ ਵਾਰ, ਜਦਕਿ ਸਰਪ੍ਰਸਤ ਮਹਿੰਦਰ ਪਾਲ ਲੂੰਬਾ ਵੱਲੋਂ 59ਵੀਂ ਵਾਰ ਖੂਨ ਦਾਨ ਕੀਤਾ ਗਿਆ। ਬੈਂਕ ਵੱਲੋਂ ਖੂਨਦਾਨੀਆਂ ਲਈ ਰਿਫਰੈਸ਼ਮੈਂਟ ਦਾ ਅੱਛਾ ਪ੍ਰਬੰਧ ਕੀਤਾ ਗਿਆ ਤੇ ਖੂਨਦਾਨੀਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਉਕਤ ਤੋਂ ਇਲਾਵਾ ਜ਼ੋਨਲ ਅਫਸਰ ਕੇਸ਼ਵ, ਆਰਸੈਟੀ ਡਾਇਰੈਕਟਰ ਗੌਰਵ ਕੁਮਾਰ, ਐੱਲ ਬੀ ਓ ਸੀ ਪੀ ਸਿੰਘ, ਸੀਨੀਅਰ ਮੈਨੇਜਰ ਨਿਤਿਨ ਮਿੱਤਲ, ਚੀਫ ਮੈਨੇਜਰ ਅਨੂਪ ਕੁਮਾਰ ਗੁਪਤਾ, ਅਫਸਰ ਵਿਵੇਕ ਕੁਮਾਰ, ਸੁਮਿਤ, ਸਹਾਇਕ ਰਿਚਾ ਅਗਰਵਾਲ, ਕੋਆਰਡੀਨੇਟਰ ਬੇਅੰਤ ਕੌਰ ਤੇ ਜਗਦੀਪ ਸਿੰਘ ਸਮਾਧ ਭਾਈ, ਸੁਸਾਇਟੀ ਦੇ ਮੀਤ ਪ੍ਰਧਾਨ ਗੁਰਦੀਪ ਸਿੰਘ ਦੀਪਾ, ਸਕੱਤਰ ਦਰਸ਼ਨ ਸਿੰਘ ਸੈਂਭੀ, ਜਨਰਲ ਸਕੱਤਰ ਅਮਨਦੀਪ ਸਿੰਘ, ਕੰਵਲਜੀਤ ਸਿੰਘ ਮਹੇਸਰੀ ਤੇ ਬਲਵੰਤ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖੂਨਦਾਨੀ ਤੇ ਬੈਂਕ ਕਰਮਚਾਰੀ ਹਾਜ਼ਰ ਸਨ।

# ਬੀ ਕੇ ਯੂ ਏਕਤਾ ਡਕੌਂਦਾ (ਧਨੇਰ) ਦਾ ਵਫਦ ਕਾਰਜਕਾਰੀ ਇੰਜੀਨੀਅਰ ਨੂੰ ਮਿਲਿਆ

**ਝੁਨੀਰ (ਆਤਮਾ ਸਿੰਘ ਪਮਾਰ)**-ਭਾਰਤੀ ਕਿਸਾਨ ਯੂਨੀਅਨ ਏਕਤਾ (ਡਕੌਂਦਾ) ਦਾ ਇਕ ਵਫਦ ਜ਼ਿਲ੍ਹੇ ਦੇ ਮੀਤ ਪ੍ਰਧਾਨ ਬਲਕਾਰ ਸਿੰਘ ਚਹਿਲ ਤੇ ਝੁਨੀਰ ਬਲਾਕ ਦੇ ਜਨਰਲ ਸਕੱਤਰ ਹਰਬੰਸ ਪਾਂਧੀ ਟਾਂਡੀਆਂ ਦੀ ਅਗਵਾਈ ਵਿੱਚ ਨਹਿਰੀ ਦਫਤਰ ਜਵਾਹਰਕੇ ਕੋਠੀ ਵਿਖੇ ਮੰਡਲ ਅਧਿਕਾਰੀ ਨੂੰ ਮਿਲਣ ਲਈ ਗਿਆ ਤਾਂ ਮੌਕੇ 'ਤੇ ਕਾਰਜਕਾਰੀ ਇੰਜੀਨੀਅਰ ਦੇ ਛੁੱਟੀ 'ਤੇ ਹੋਣ ਕਾਰਨ ਸਬੰਧਤ ਐੱਸ ਡੀ ਓ ਨਹਿਰੀ ਨੂੰ ਮਿਲ ਕੇ ਮੂਸਾ ਤੇ ਉੱਡਤ ਬਰਾਂਚ ਦੀਆਂ ਟੇਲਾਂ ਦਾ ਪਾਣੀ ਪੂਰਾ ਕਰਨ ਦੀ ਮੰਗ ਕੀਤੀ। ਇੱਕ ਪਾਸੇ ਤਾਂ ਸਰਕਾਰ ਕਹਿ ਰਹੀ ਹੈ ਕਿ ਧਰਤੀ ਹੇਠਲਾ ਪਾਣੀ ਡੂੰਘਾ ਜਾਣ ਕਰਕੇ ਪਾਣੀ ਦਾ ਇੱਕ ਬਹੁਤ ਵੱਡਾ ਸੰਕਟ ਆ ਸਕਦਾ ਹੈ।ਆਗੂਆਂ ਨੇ ਕਿਹਾ ਕਿ ਜੇਕਰ ਨਹਿਰੀ ਪਾਣੀ ਪੂਰਾ ਦਿੱਤਾ ਜਾਵੇ ਤਾਂ ਦੋਵੇਂ ਸਮੱਸਿਆਵਾਂ ਹੱਲ ਹੋ ਸਕਦੀਆਂ ਹਨ।ਮੌਕੇ 'ਤੇ ਆ ਕੇ ਮੱਖਣ ਸਿੰਘ ਉੱਡਤ ਨੇ ਦੱਸਿਆ ਕਿ ਪਿੰਡ ਉੱਡਤ ਭਗਤ ਰਾਮ ਦੇ ਮੋਘਾ ਨੰ. 81586 ਆਰ ਜੋ ਕਿ ਉੱਡਤ ਬਰਾਂਚ 'ਤੇ ਲੱਗਿਆ ਹੈ।ਇਸ ਮੋਘੇ ਦਾ ਲੈਵਲ ਉੱਚਾ ਹੋਣ ਕਰਕੇ ਪੂਰੇ ਭਰੇ ਸੂਏ ਤੋਂ ਵੀ 20 ਏਕੜ ਦੇ ਪਾਣੀ ਨਾਲ ਸਿਰਫ ਇੱਕ ਏਕੜ ਦੀ ਸਿੰਜਾਈ ਹੁੰਦੀ ਹੈ।ਇਸ ਤਰ੍ਹਾਂ ਦੀ ਹਾਲਤ ਕਈ ਹੋਰ ਮੋਘਿਆਂ ਦੀ ਵੀ ਹੈ, ਜਿਸ ਕਰਕੇ ਖੇਤ ਨੂੰ ਸਾਲ ਵਿੱਚ ਸਿਰਫ ਢਾਈ ਵਾਰੀ ਸਿੰਜਿਆ ਜਾ ਸਕਦਾ ਹੈ।ਅਧਿਕਾਰੀ ਨੇ ਵਿਸ਼ਵਾਸ ਦਿਵਾਇਆ ਕਿ ਟੇਲਾਂ 'ਤੇ ਪਾਣੀ ਪੂਰਾ ਕੀਤਾ ਜਾਵੇਗਾ ਤੇ ਮੋਘੇ ਦਾ ਮਸਲਾ ਵੀ ਹੱਲ ਕੀਤਾ ਜਾਵੇਗਾ।ਆਗੂ ਸਾਥੀਆਂ ਰਾਜ ਸਿੰਘ ਉਲਕ, ਤਿੱਤਰ ਸਿੰਘ ਟਾਂਡੀਆਂ ਤੇ ਮਿੱਠੂ ਸਿੰਘ ਨੇ ਇੱਕ ਵੱਖਰੇ ਬਿਆਨ ਵਿੱਚ ਕਿਹਾ ਕਿ ਜਲ ਸਰੋਤ ਵਿਭਾਗ ਦੇ ਸੈਕਟਰੀ ਸ਼੍ਰੀ ਕ੍ਰਿਸ਼ਨ ਕੁਮਾਰ ਆਈ ਏ ਐੱਸ ਨਹਿਰੀ ਪਟਵਾਰੀਆਂ ਤੋਂ ਧੱਕੇ ਨਾਲ ਲਿਖਵਾ ਰਹੇ ਹਨ ਕਿ ਪੰਜਾਬ ਵਿੱਚ ਸਿੰਚਾਈ 100% ਲਿਖੀ ਜਾਵੇ, ਜੋ ਕਿ ਸਚਾਈ ਤੋਂ ਕੋਹਾਂ ਦੂਰ ਹੈ, ਜਿਸ ਕਰਕੇ ਪਟਵਾਰ ਯੂਨੀਅਨ ਦੇ ਆਗੂਆਂ ਨੂੰ ਮੁਅੱਤਲ ਕਰਕੇ ਗਲਤ ਚਾਰਜਸ਼ੀਟਾਂ ਬਣਾ ਕੇ ਦੂਰ ਦੁਰਾਡੇ ਬਦਲੀਆਂ ਕਰ ਦਿੱਤੀਆਂ ਹਨ, ਪਰ ਇਹ ਸੰਘਰਸ਼ੀ ਯੋਧੇ ਆਪਣੀ ਸਚਾਈ 'ਤੇ ਕਾਇਮ ਰਹਿ ਕੇ ਸੰਘਰਸ਼ ਕਰ ਰਹੇ ਹਨ। ਸੋ ਜਥੇਬੰਦੀ ਵੱਲੋਂ ਇਨ੍ਹਾਂ ਦੇ ਸੰਘਰਸ਼ ਦੀ ਪੂਰਨ ਹਮਾਇਤ ਕੀਤੀ ਜਾਂਦੀ ਹੈ।

21-JUNE-PAGE-11-2024-.qxd 6/20/2024 10:42 PM Page 1



# ਮੋਦੀ ਸਰਕਾਰ ਨੂੰ ਹੁਣ ਮਨਮਰਜ਼ੀਆਂ ਨਹੀਂ ਕਰਨ ਦਿਆਂਗੇ : ਔਜਲਾ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਲਗਾਤਾਰ ਤੀਜੀ ਵਾਰ ਜਿੱਤ ਕੇ ਸੰਸਦ ਪਹੁੰਚੇ ਗੁਰਜੀਤ ਸਿੰਘ ਔਜਲਾ ਦੇ ਹੱਕ 'ਚ ਵੀਰਵਾਰ ਵਿਧਾਨ ਸਭਾ ਹਲਕਾ ਮਜੀਠਾ ਵਿੱਚ ਹਲਕਾ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਦੀ ਅਗਵਾਈ ਵਿੱਚ ਹੋਇਆ ਧੰਨਵਾਦੀ ਪ੍ਰੋਗਰਾਮ ਇੱਕ ਵਿਸ਼ਾਲ ਰੈਲੀ ਦਾ ਰੂਪ ਧਾਰਨ ਕਰ ਗਿਆ। ਰੈਲੀ ਨੂੰ ਸੰਬੋਧਨ ਕਰਦਿਆਂ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਪੰਜਾਬ ਦੇ ਸੂਝਵਾਨ ਵੋਟਰਾਂ ਨੇ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਨਕਾਰਦੇ ਹੋਏ ਕਾਂਗਰਸ ਪਾਰਟੀ ਦੇ ਹੱਕ ਵਿੱਚ ਸੱਤ ਸੀਟਾਂ ਜਿਤਾ ਕੇ ਵੱਡਾ ਫ਼ਤਵਾ ਦਿੱਤਾ। ਉਨ੍ਹਾਂ ਕਿਹਾ ਕਿ ਐਤਕੀਂ ਮੋਦੀ ਸਰਕਾਰ ਨੂੰ ਮਨਮਰਜ਼ੀਆਂ ਨਹੀਂ ਕਰਨ ਦਿਆਂਗੇ। ਔਜਲਾ ਨੇ ਭਗਵੰਤ ਪਾਲ ਸੱਚਰ ਨੂੰ ਕਿਹਾ ਕਿ ਹੁਣ ਤੋਂ ਹੀ ਹਲਕੇ ਵਿੱਚ ਕਾਂਗਰਸ ਪਾਰਟੀ ਦਾ ਦਫ਼ਤਰ ਖੋਲ੍ਹ ਦਿਓ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਹੋਵੇ। ਸੱਚਰ ਨੇ ਕਿਹਾ ਕਿ ਮਜੀਠੇ ਵਾਲਿਓ 2027 ਦੀ ਵਿਧਾਨ ਸਭਾ ਚੋਣਾਂ ਲਈ ਹੁਣ ਤੋਂ ਹੀ ਕਮਰਕੱਸੇ ਕਰ ਲਵੋ ਤਾਂ ਜੋ ਐਤਕੀਂ ਏਥੇ ਵੀ ਕਾਂਗਰਸ ਦੀ ਜਿੱਤ ਦਾ ਝੰਡਾ ਗੱਡ ਸਕੀਏ। ਉਨ੍ਹਾਂ ਕਿਹਾ ਕਿ ਸੱਚਰ ਫਾਰਮ ਹਾਊਸ 'ਤੇ ਦਫ਼ਤਰ ਖੋਲ੍ਹ ਦਿੱਤਾ ਹੈ। ਰੈਲੀ ਨੂੰ ਸਾਬਕਾ ਵਿਧਾਇਕ ਸਵਿੰਦਰ ਸਿੰਘ ਕੱਥੂਨੰਗਲ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵੀਲ, ਨਵਤੇਜ ਸਿੰਘ ਸੋਹੀਆਂ, ਸਤਨਾਮ ਸਿੰਘ ਕਾਜੀਕੋਟ, ਜਗਦੇਵ ਸਿੰਘ ਬੱਗਾ, ਨਿਸ਼ਾਨ ਸਿੰਘ ਭੰਗਾਲੀ, ਸੁੱਖਰਾਜ ਸਿੰਘ ਰੰਧਾਵਾ, ਝਿਲਮਿਲ ਸਿੰਘ, ਸਤਨਾਮ ਸਿੰਘ ਪਾਖਰਪੁਰ, ਦਲਜੀਤ ਸਿੰਖ ਔਲਖ, ਡਾ ਸੁੱਖਵਿੰਦਰ ਸਿੰਘ ਰੰਧਾਵਾ, ਸੁਲੱਖਣ ਸਿੰਘ ਦਫ਼ਤਰ ਸਕੱਤਰ, ਸੁੱਖਵਿੰਦਰ ਸਿੰਘ ਢਿੱਲੋਂ ਪਾਖਰਪੁਰ ,ਸਰਪੰਚ ਜਰਮਨਜੀਤ ਸਿੰਘ, ਸਰਪੰਚ ਜੋਬਿਨ ਦੁਧਾਲਾ, ਸਰਪੰਚ ਸਵਿੰਦਰ ਸਿੰਘ ਪੁਰਾਣਾ ਤਨੇਲ, ਦਲਜੀਤ ਸਿੰਘ ਪਾਖਰਪੁਰ , ਮੈਂਬਰ ਸਵਿੰਦਰ ਸਿੰਘ ਸਿਧਵਾਂ, ਬਲਦੇਵ ਸਿੰਘ ਬੰਟੀ , ਕਾਲਾ ਸਰਪੰਚ ਰਾਮਦਿਵਾਲੀ, ਰਿਕਾ ਕੱਥੂਨੰਗਲ, ਬਲਬੀਰ ਸਿੰਘ ਵਡਾਲਾ, ਵਿਕਟਰ ਸਪਾਰੀਵਿੰਡ, ਸਰਪੰਚ ਮਨੋਹਰ ਲਾਲ , ਜਸਪਾਲ ਜਲਾਲਪੁਰ, ਅਮਰਜੀਤ ਸਿੰਘ ਜੱਜੇਆਣੀ, ਕਾਮਰੇਡ ਦਲਜੀਤ ਸਿੰਘ, ਸਾਬ੍ਹੀ ਮਾਨ, ਗੁਰਵਿੰਦਰ ਮੈਂਬਰ ਚੋਗਾਵਾਂ, ਕਰਨ ਮੈਂਬਰ, ਜਗਦੇਵ ਸਿੰਘ ਚੋਗਾਵਾਂ, ਪਿਆਰਾ ਮਸੀਹ , ਸੋਨੀ ਗਿੱਲ ਪੰਧੇਰ , ਮਾਸਟਰ ਬਖਸ਼ੀਸ ਸਿੰਘ ਉਦੋਕੇ , ਧਰਮਪਾਲ ਕਲੇਰ ,ਮੋਹਨ ਸਿੰਘ ਅਠਵਾਲ, ਗੁਰਦੇਵ ਸਿੰਘ ਦਬੁਰਜੀ, ਸਤਨਾਮ ਸਿੰਘ ਚਾਚੋਵਾਲੀ, ਸਾਧਾ ਸਿੰਘ ਕੋਟਲੀ ਮੱਲੀਆਂ, ਸਰਪੰਚ ਗੁਰਮੇਜ ਸਿੰਘ ਨੰਗਲ ਪੰਨਵਾਂ, ਜੁਗਰਾਜ ਸਿੰਘ ਕੋਟਲਾ ਗੁੱਜਰਾਂ ,ਸੁੱਚਾ ਸਿੰਘ ਟਰਪਈ, ਸ਼ਿੰਗਾਰਾ ਸਿੰਘ ਸਹਨੇਵਾਲੀ, ਸਰਪੰਚ ਸੁੱਖਦੇਵ ਸਿੰਘ ਤਲਵੰਡੀ , ਸਰਪੰਚ ਰਣਜੀਤ ਸਿੰਘ ਨਿੱਕੀ ਮਰੜੀ, ਗੁਰਪ੍ਰੀਤ ਸਿੰਘ ਰਾਮਦਿਵਾਲੀ , ਹਰਜੀਤ ਸਿੰਘ ਨਵਾਂ ਤਨੇਲ, ਸਰਪੰਚ ਜਗਦੀਸ਼ ਸਿੰਘ, ਨਰਿੰਦਰ ਸਿੰਘ ਘਨਸ਼ਾਹਪੁਰ , ਗੁਰਦੇਵ ਸਿੰਘ ਮਹੱਦੀਪੁਰ , ਆਦਿ ਆਗੂ ਵੀ ਹਾਜ਼ਰ ਸਨ

# ਨੌਜਵਾਨ ਦੇ ਸੱਟਾਂ ਮਾਰ ਕੇ 38 ਹਜ਼ਾਰ ਨਗਦੀ ਤੇ ਪਲੈਟੀਨਾ ਮੋਟਰਸਾਈਕਲ ਖੋਹਣ ਵਾਲੇ ਦੋ ਨੌਜਵਾਨਾਂ ਵਿਰੁੱਧ ਕੇਸ ਦਰਜ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਨੇੜਲੇ ਕਸਬਾ ਨੌਸ਼ਹਿਰਾ ਮੱਝਾ ਸਿੰਘ ਤੋਂ ਪਿੰਡ ਸੁਚੈਨੀਆਂ ਨੂੰ ਜਾ ਰਹੇ ਪਲੈਟੀਨਾ ਮੋਟਰਸਾਈਕਲ ਇਕ ਨੌਜਵਾਨ ਦੇ ਇਕ ਬੁਲਟ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਨੇ ਸੱਟਾਂ ਮਾਰ ਕੇ ਉਸ ਦੀ ਜੇਬ ਵਿੱਚੋਂ 38 ਹਜ਼ਾਰ ਰੁਪਏ ਅਤੇ ਪਲੈਟੀਨਾ ਮੋਟਰਸਾਈਕਲ ਖੋਹ ਕੇ ਫਰਾਰ ਹੋ ਗਏ। ਪੀੜਤ ਹਰਪ੍ਰੀਤ ਸਿੰਘ ਪੁੱਤਰ ਦਿਲਬਾਗ ਸਿੰਘ ਵਾਸੀ ਸੁਚੈਨੀਆਂ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਹ ਕਸਬਾ ਨੌਸ਼ਹਿਰਾ ਮੱਝਾ ਸਿੰਘ ਤੋਂ ਆਪਣੇ ਸਿਰ ਦੇ ਵਾਲਾਂ ਦੀ ਕਟਿੰਗ ਕਰਵਾ ਕੇ ਆਪਣੇ ਪਲੈਟੀਨਾ ਮੋਟਰਸਾਈਕਲ ਨੰਬਰੀ ਪੀ ਬੀ 06 ਏ ਡਬਲਯੂ 4601 'ਤੇ ਸਵਾਰ ਹੋ ਕੇ ਵਾਪਸ ਆਪਣੇ ਘਰ ਪਿੰਡ ਸੁਚੈਨੀਆਂ ਜਾਂਦੇ ਸਮੇਂ ਜਦੋਂ ਨੈਸ਼ਨਲ ਹਾਈਵੇਅ ਰੋਡ ਤੋਂ ਸੁਚੈਨੀਆਂ ਵੱਲ ਨੂੰ ਥੋੜ੍ਹਾ ਅੱਗੇ ਗਿਆ ਤਾਂ ਪਿੰਡ ਸੁਚੇਤਗੜ੍ਹ ਦੀ ਹੱਦ ਵਿੱਚ ਪਿੱਛੋਂ ਕਾਲੇ ਰੰਗ ਦੇ ਇੱਕ ਬੁਲਟ ਮੋਟਰਸਾਈਕਲ ਪੀ ਬੀ 06 ਏ ਈ 8014 'ਤੇ ਸਵਾਰ ਹੋ ਕੇ ਆਏ ਗੁਰਜਿੰਦਰ ਸਿੰਘ ਤੇ ਪਵਿੱਤਰ ਸਿੰਘ ਪੁੱਤਰਾਨ ਬਿੱਟੂ ਵਾਸੀ ਡੁੱਡੀਪੁਰ ਨੇ ਰਵਾਇਤੀ ਹਥਿਆਰਾਂ ਨਾਲ ਉਸ ਦੇ ਸੱਟਾਂ ਮਾਰ ਕੇ ਜ਼ਖਮੀ ਕਰ ਦਿੱਤਾ ਅਤੇ ਉਸ ਦੀ ਜੇਬ ਵਿੱਚੋਂ 38000 ਰੁਪਏ ਅਤੇ ਪਲੈਟੀਨਾ ਮੋਟਰਸਾਈਕਲ ਖੋਹ ਕੇ ਭੱਜ ਗਏ।

ਉਸ (ਹਰਪ੍ਰੀਤ ਸਿੰਘ) ਦਾ ਰੌਲਾ ਸੁਣ ਕੇ ਉਸ ਦਾ ਦਾ ਦੋਸਤ ਕਮਲਪ੍ਰੀਤ ਸਿੰਘ ਵਾਸੀ ਕੋਟਲਾ ਚਾਹਲ ਮੌਕੇ 'ਤੇ ਆ ਗਿਆ ਤਾਂ ਉਸ ਨੇ ਜ਼ਖਮੀ ਹਾਲਤ ਵਿੱਚ ਹਰਪ੍ਰੀਤ ਸਿੰਘ ਨੂੰ ਕਮਿਊਨਿਟੀ ਸਿਹਤ ਕੇਂਦਰ ਨੌਸ਼ਹਿਰਾ ਮੱਝਾ ਸਿੰਘ ਵਿਖੇ ਇਲਾਜ ਲਈ ਦਾਖਲ ਕਰਵਾਇਆ।

ਪੁਲਸ ਥਾਣਾ ਸੇਖਵਾਂ ਦੀ ਚੌਂਕੀ ਨੌਸ਼ਹਿਰਾ ਮੱਝਾ ਸਿੰਘ ਦੇ ਇੰਚਾਰਜ ਸਹਾਇਕ ਸਬ ਇੰਸਪੈਕਟਰ ਰਮੇਸ਼ ਕੁਮਾਰ ਨੇ ਦੱਸਿਆ ਕਿ ਏ ਐਸ ਆਈ ਮੋਹਨ ਸਿੰਘ ਨੇ ਹਰਪ੍ਰੀਤ ਸਿੰਘ ਦੇ ਬਿਆਨਾਂ ਅਨੁਸਾਰ ਗੁਰਜਿੰਦਰ ਸਿੰਘ ਅਤੇ ਪਵਿੱਤਰ ਸਿੰਘ ਖ਼ਿਲਾਫ਼ ਧਾਰਾ 341, 323, 379-ਬੀ (2), 34 ਆਈ ਪੀ ਸੀ ਤਹਿਤ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# 24 ਘੰਟਿਆਂ ਦੌਰਾਨ ਹਰਚੋਵਾਲ 'ਚੋਂ ਦੂਸਰਾ ਸਪਲੈਂਡਰ ਮੋਟਰਸਾਈਕਲ ਚੋਰੀ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਪਿਛਲੇ 24 ਘੰਟਿਆਂ ਦੌਰਾਨ ਹਰਚੋਵਾਲ ਤੋਂ ਦੂਸਰਾ ਸਪਲੈਂਡਰ ਮੋਟਰਸਾਈਕਲ ਚੋਰੀ ਹੋਇਆ। ਇਸੇ ਤਰ੍ਹਾਂ ਪਿਛਲੇ 1 ਮਹੀਨੇ ਤੋਂ ਅੱਧੀ ਦਰਜਨ ਸਪਲੈਂਡਰ ਮੋਟਰਸਾਈਕਲ ਚੋਰੀ ਹੋ ਚੁੱਕੇ ਹਨ।ਇਸੇ ਤਰ੍ਹਾਂ ਇੱਕ ਹਫ਼ਤਾ ਪਹਿਲਾਂ ਪੰਜਾਬ ਨੈਸ਼ਨਲ ਬੈਂਕ ਤੋਂ ਇੱਕ ਲੱਖ ਰੁਪਏ ਖੋਹ ਕੇ ਫਰਾਰ ਹੋਏ ਲੁਟੇਰਿਆਂ ਦੀ ਫੁਟੇਜ ਤਸਵੀਰਾਂ ਨਜ਼ਰ ਆਉਣ ਦੇ ਬਾਵਜੂਦ ਅਜੇ ਤੱਕ ਲੁਟੇਰੇ ਪੁਲਸ ਦੀ ਗ੍ਰਿਫ਼ਤ ਤੋਂ ਬਾਹਰ ਹਨ। ਲੁਟੇਰਿਆਂ ਦੇ ਹੌਸਲੇ ਏਨੇ ਵਧ ਗਏ ਹਨ ਕਿ ਕਸਬਾ ਹਰਚੋਵਾਲ ਏਰੀਏ 'ਚ ਲੁਟੇਰਿਆਂ ਵੱਲੋਂ ਨਿੱਤ ਦਿਨ ਕੀਤੀਆਂ ਜਾ ਰਹੀਆਂ ਚੋਰੀਆ ਨਾਲ ਲੋਕਾਂ ਅੰਦਰ ਦਹਿਸ਼ਤ ਪਾਈ ਜਾ ਰਹੀ ਹੈ। ਜਿਸ ਦੀ ਮਿਸਾਲ ਪਿਛਲੇ 24 ਘੰਟਿਆਂ ਅੰਦਰ ਦੂਸਰਾ ਸਪਲੈਂਡਰ ਮੋਟਰਸਾਈਕਲ ਚੋਰੀ ਹੋਣ ਤੋਂ ਮਿਲ ਜਾਂਦੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਕਸਬਾ ਹਰਚੋਵਾਲ ਦੇ ਚੌਕ ਨਜ਼ਦੀਕ ਦੁਕਾਨਦਾਰ ਗੁਰਇਕਬਾਲ ਸਿੰਘ ਉਰਫ ਬੌਬੀ ਪੁੱਤਰ ਇੰਦਰਜੀਤ ਸਿੰਘ ਵਾਸੀ ਹਰਚੋਵਾਲ ਦਾ ਬੀਤੀ ਸ਼ਾਮ 8 ਵਜੇ ਸਪਲੈਂਡਰ ਮੋਟਰਸਾਈਕਲ ਪੀ ਬੀ 06-ਏ ਐਲ 6512 ਦੁਕਾਨ ਅੱਗੋਂ ਚੋਰੀ ਕਰ ਲਏ ਜਾਣ ਦੀ ਇਹ ਦੂਸਰੀ ਘਟਨਾ ਹੈ। ਇਸ ਤੋਂ ਇੱਕ ਦਿਨ ਪਹਿਲਾਂ ਗਗਨਦੀਪ ਸਿੰਘ ਰਿਆੜ ਦਾ ਸਪਲੈਂਡਰ ਮੋਟਰਸਾਈਕਲ ਚੋਰਾਂ ਵੱਲੋਂ ਚੋਰੀ ਕਰ ਲਿਆ ਗਿਆ ਸੀ ਅਤੇ 24 ਘੰਟਿਆਂ ਅੰਦਰ ਇਹ ਦੂਸਰੀ ਘਟਨਾ ਹੈ। ਪਿਛਲੇ ਇਕ ਮਹੀਨੇ ਵਿੱਚ ਇਹ ਛੇਵੀਂ ਘਟਨਾ ਹੈ। ਇਸੇ ਤਰ੍ਹਾਂ ਕੁਝ ਸਮਾਂ ਪਹਿਲਾਂ ਹਰਚੋਵਾਲ ਦੇ ਇੱਕ ਰੈਸਟੋਰੈਂਟ ਦੇ ਸਾਹਮਣੇ ਡਾਕਟਰ ਰਣਜੀਤ ਸਿੰਘ ਪੁੱਤਰ ਕਰਨ ਸਿੰਘ ਦਾ ਮੋਟਰਸਾਈਕਲ ਚੋਰੀ ਕੀਤਾ ਗਿਆ। ਕੁਝ ਦਿਨ ਪਹਿਲਾਂ ਇਕ ਗਾਹਕ ਨੇ ਪੰਜਾਬ ਨੈਸ਼ਨਲ ਬੈਂਕ ਹਰਚੋਵਾਲ ਤੋਂ ਇੱਕ ਲੱਖ ਰੁਪਏ ਕਢਵਾ ਕੇ ਬਾਹਰ ਨਿਕਲਿਆ ਤਾਂ ਲੁਟੇਰਾ ਗਰੋਹ ਨੇ ਇੱਕ ਲੱਖ ਰੁਪਏ ਖੋਹ ਲਏ ਸਨ ।ਜਿਸ ਦੀਆਂ ਤਸਵੀਰਾਂ ਬੈਂਕ ਦੇ ਸੀ ਸੀ ਟੀ ਵੀ ਕੈਮਰਿਆਂ ਵਿੱਚ ਇਨ੍ਹਾਂ ਲੁਟੇਰਿਆਂ ਦੀ ਫੁਟੇਜ ਤਸਵੀਰਾਂ ਨਜ਼ਰ ਆ ਰਹੀਆਂ ਹਨ । ਪਰ ਪੁਲਸ ਪ੍ਰਸ਼ਾਸਨ ਵਲੋਂ ਇਨ੍ਹਾਂ ਘਟਨਾਵਾਂ 'ਤੇ ਕਾਬੂ ਨਹੀਂ ਪਾਇਆ ਜਾ ਰਿਹਾ । ਇਨ੍ਹਾਂ ਘਟਨਾਵਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਕੌਂਸਲ ਮੈਂਬਰ ਗਗਨਦੀਪ ਸਿੰਘ ਰਿਆੜ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਦੇ ਡੀ ਜੀ ਪੀ, ਐਸ ਐਸ ਪੀ ਬਟਾਲਾ, ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਜ਼ੋਰਦਾਰ ਮੰਗ ਕਰਦਿਆਂ ਕਿਹਾ ਕਿ ਇਨ੍ਹਾਂ ਲੁਟੇਰਿਆਂ ਦੇ ਗਰੋਹ ਨੂੰ ਕਾਬੂ ਕਰਨ ਲਈ ਪੁਲਸ ਵੱਲੋਂ ਵਿਸ਼ੇਸ਼ ਤੌਰ ਉੱਤੇ ਕਦਮ ਚੁੱਕੇ ਜਾਣ ਤੇ ਚੋਰਾਂ ਦਾ ਪਤਾ ਲਗਾ ਕੇ ਕਾਬੂ ਕੀਤਾ ਜਾਵੇ।ਜਦੋਂ ਇਸ ਸਬੰਧੀ ਚੌਂਕੀ ਇੰਚਾਰਜ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਆਖਿਆ ਕਿ ਐਸ ਐਸ ਪੀ ਬਟਾਲਾ ਤੇ ਪੁਲਸ ਦੇ ਉੱਚ ਅਧਿਕਾਰੀਆਂ ਦੇ ਕਹਿਣ 'ਤੇ ਅਸੀਂ ਅਣ ਅਣਪਛਾਤੇ ਵਿਅਕਤੀਆਂ ਦੇ ਖਿਲਾਫ ਮੋਟਰਸਾਈਕਲ ਚੋਰੀ ਕਰਨ ਵਾਲਿਆਂ ਦੇ ਵਿਰੁੱਧ ਗਗਨਦੀਪ ਸਿੰਘ ਰਿਆੜ, ਨਰਿੰਦਰ ਸਿੰਘ, ਡਾਕਟਰ ਰਣਜੀਤ ਸਿੰਘ ਹਰਚੋਵਾਲ, ਗੁਰਇਕਬਾਲ ਸਿੰਘ ਦੇ ਬਿਆਨਾਂ ਅਧਾਰ 'ਤੇ ਪਰਚਾ ਰਜਿਸਟਰ ਕਰ ਦਿੱਤਾ ਗਿਆ ਹੈ। ਜਲਦੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ।

# ਸੂਬੇ ਦੇ 90 ਫੀਸਦੀ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ : ਸ਼ੈਰੀ ਕਲਸੀ



ਕਾਦੀਆ (ਯਾਦਵਿੰਦਰ ਸਿੰਘ ਮਲਹੋਤਰਾ)-ਪੰਜਾਬ ਸਰਕਾਰ ਵਲੋਂ ਸੂਬਾ ਵਾਸੀਆਂ ਨੂੰ 600 ਯੂਨਿਟ ਬਿਜਲੀ ਮੁਫਤ ਪ੍ਰਦਾਨ ਕੀਤੀ ਜਾ ਰਹੀ ਹੈ ਅਤੇ ਸੂਬੇ ਦੇ 90 ਫੀਸਦ ਘਰਾਂ ਦੇ ਬਿੱਲ ਜ਼ੀਰੋ ਆ ਰਹੇ ਹਨ, ਜਿਸ ਨਾਲ ਲੋਕਾਂ ਨੂੰ ਵੱਡੀ ਆਰਥਿਕ ਰਾਹਤ ਪ੍ਰਦਾਨ ਕੀਤੀ ਗਈ ਹੈ। ਇਹ ਪ੍ਰਗਟਾਵਾ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਵਾਰਡ ਨੰਬਰ 50 ਹਸਨਪੁਰ ਵਿਖੇ ਬਿਜਲੀ ਦੀ ਸਮੱਸਿਆ ਨੂੰ ਹੱਲ ਕਰਨ ਲਈ ਪਿੰਡ ਦੀ ਸਪਲਾਈ ਨੂੰ ਪਿੰਡ ਦੇ ਫੀਡਰ ਨਾਲੋਂ ਉਤਾਰ ਕੇ ਸ਼ਹਿਰੀ ਦੇ ਫੀਡਰ ਨਾਲ ਜੋੜਨ ਉਪਰੰਤ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ।ਇਸ ਮੌਕੇ ਵਾਰਡ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਬਹੁਤ ਪੁਰਾਣੀ ਮੰਗ ਨੂੰ ਪੂਰਾ ਕੀਤਾ ਗਿਆ ਹੈ।ਵਿਧਾਇਕ ਸ਼ੈਰੀ ਕਲਸੀ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਪੰਜਾਬ ਸਰਕਾਰ ਵਲੋਂ ਹੁਣ ਤੱਕ ਦੇ ਕਾਰਜਕਾਲ ਦੌਰਾਨ ਹਰੇਕ ਵਰਗ ਦੀ ਭਲਾਈ ਵਿੱਚ ਇਤਿਹਾਸਕ ਫੈਸਲੇ ਲਏ ਹਨ ਅਤੇ ਲੋਕ ਭਲਾਈ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ।ਉਨ੍ਹਾਂ ਅੱਗੇ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰੇਕ ਵਰਗ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਆਪ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਲੋਕਹਿੱਤ ਵਿੱਚ ਇਤਿਹਾਸਕ ਫੈਸਲੇ ਲਏ ਗਏ ਹਨ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਖੇਤੀਬਾੜੀ, ਸਨਅਤੀਕਰਨ, ਪ੍ਰਸ਼ਾਸਨਿਕ ਸੁਧਾਰ ਸਮੇਤ ਹਰ ਖੇਤਰ ਵਿੱਚ ਰਿਕਾਰਡ ਕੰਮ ਕੀਤੇ ਹਏ ਹਨ। ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਦੇ ਮੰਤਵ ਨਾਲ 'ਸਕੂਲ ਆਫ ਐਮੀਨੈਂਸ' ਬਣਾਏ ਗਏ ਹਨ। ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਦੇ ਮੰਤਵ ਨਾਲ ਕਰੀਬ 829 'ਆਮ ਆਦਮੀ ਕਲੀਨਿਕ' ਖੋਲ੍ਹੇ ਗਏ। ਇਸ ਤੋਂ ਇਲਾਵਾ ਸਰਕਾਰੀ ਸਕੂਲਾਂ ਨੂੰ ਅਪਗਰੇਡ ਕੀਤਾ ਜਾ ਰਿਹਾ ਹੈ ਅਤੇ ਪੰਜਾਬ ਸਰਕਾਰ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਯਤਨਸ਼ੀਲ ਹੈ।

# ਦਿਨੇਸ਼ ਬੱਬੂ ਵੱਲੋਂ ਭਾਜਪਾ ਵਰਕਰਾਂ ਤੇ ਸਪੋਰਟਰਾਂ ਦਾ ਧੰਨਵਾਦ



ਬਟਾਲਾ (ਤਰਲੋਕ ਬੱਗਾ)-ਭਾਜਪਾ ਜ਼ਿਲਾ ਪ੍ਰਧਾਨ ਹੀਰਾ ਵਾਲੀਆ ਦੀ ਅਗਵਾਈ ਵਿੱਚ ਜ਼ਿਲਾ ਦਫ਼ਤਰ ਵਿਖੇ ਇਕ ਵਿਸ਼ੇਸ਼ ਮੀਟਿੰਗ ਹੋਈ ਜਿਸ ਵਿਚ ਲੋਕ ਸਭਾ ਸੀਟ 'ਤੇ ਲੜੇ ਭਾਜਪਾ ਉਮੀਦਵਾਰ ਦਿਨੇਸ਼ ਸਿੰਘ ਬੱਬੂ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਮੌਕੇ ਦਿਨੇਸ਼ ਬੱਬੂ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਲਮੇਂ ਸਮੇਂ ਤੋਂ ਲੋਕ ਸਭਾ ਚੋਣਾਂ ਵਾਸਤੇ ਜਿੱਥੇ ਹਰ ਭਾਜਪਾ ਵਰਕਰ ਦਾ ਸਿਰ ਤੋਂ ਪੈਰਾਂ ਤੱਕ ਜ਼ੋਰ ਲੱਗਾ ਹੋਇਆ ਸੀ ਤੇ ਸਾਰੀ ਟੀਮ ਨੇ ਭਾਜਪਾ ਨੂੰ ਜਿਤਾਉਣ ਲਈ ਸਖਤ ਮਿਹਨਤ ਕੀਤੀ ਓਥੇ ਹੀ ਹਰ ਰਾਸ਼ਟਰੀ ਹਿਤ ਅਤੇ ਦੇਸ਼ ਪ੍ਰੇਮੀਆਂ ਵੱਲੋਂ ਵੀ ਪਾਰਟੀ ਨੂੰ ਜਿਤਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਗਈ।ਉਨ੍ਹਾਂ ਕਿਹਾ ਕਿ ਲੋਕ ਸਭਾ ਚੋਣਾਂ ਦੇ ਨਤੀਜਿਆਂ ਦਾ ਐਲਾਨ ਹੋ ਗਿਆ ਜਿਸ ਵਿਚ ਜ਼ਿਲਾ ਗੁਰਦਾਸਪੁਰ ਤੋਂ ਪਾਰਟੀ 2,81,182 ਦੇ ਕਰੀਬ ਵੋਟਾਂ ਪ੍ਰਾਪਤ ਕਰ ਕੇ ਦੂਸਰੇ ਨੰਬਰ 'ਤੇ ਰਹੀ।ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਵੋਟ ਦੀ ਪਰਚੀ ਵੋਟਰ ਹੱਥ ਹੁੰਦੀ ਹੈ ਜਿਸ ਦੇ ਇਸਤੇਮਾਲ ਨਾਲ ਉਹਦੀ ਪਸੰਦ ਦੇ ਉਮੀਦਵਾਰ ਨੂੰ ਰਾਜ ਪ੍ਰਬੰਧ ਵਿਚ ਆਪਣਾ ਯੋਗਦਾਨ ਪਾਉਣ ਦਾ ਮੌਕਾ ਮਿਲਦਾ ਹੈ।ਲੋਕ ਸਭਾ ਲਈ ਭਾਜਪਾ ਉਮੀਦਵਾਰ ਦਿਨੇਸ਼ ਬੱਬੂ ਨੇ ਕਿਹਾ ਕਿ ਲੋਕਤੰਤਰ ਵਿਚ ਹਰ ਵੋਟਰ ਨੂੰ ਆਪਣੀ ਮਰਜ਼ੀ ਦੇ ਉਮੀਦਵਾਰ ਨੂੰ ਚੁਣਨ ਦਾ ਹੱਕ ਹੁੰਦਾ ਹੈ ।ਅੱਜ ਵੋਟਰਾਂ ਨੇ ਆਪਣੀ ਪਸੰਦ ਦਾ ਇਜ਼ਹਾਰ ਕਰਦਿਆਂ ਹੋਇਆਂ ਉਮੀਦਵਾਰਾਂ ਨੂੰ ਅਗਲੇ 5 ਸਾਲ ਲਈ ਮੌਕਾ ਦਿੱਤਾ ਹੈ ਜਿਸਦੇ ਵਿਚ ਸਮੁੱਚੇ ਦੇਸ਼ ਵਿਚ 10 ਸਾਲ ਦੀ ਸਰਕਾਰ ਤੋਂ ਬਾਅਦ ਵੀ ਵੱਖੋ-ਵੱਖ ਸੂਬਿਆਂ ਵਿਚ ਭਾਜਪਾ ਨੂੰ ਵੋਟਰਾਂ ਦਾ ਪਿਆਰ ਮਿਲਿਆ ਹੈ।ਦਿਨੇਸ਼ ਬੱਬੂ ਨੇ ਕਿਹਾ ਕਿ ਪਾਰਟੀ ਅਤੇ ਪਾਰਟੀ ਵਰਕਰਾਂ ਵੱਲੋਂ ਸਖਤ ਮਿਹਨਤ ਕੀਤੀ ਗਈ ਜਿਸ ਸਦਕਾ ਭਾਜਪਾ ਨੂੰ ਇਤਿਹਾਸਕ ਸ਼ਹਿਰ ਬਟਾਲਾ ਦੇ ਲਗਭਗ ਸ਼ਹਿਰੀ ਬੂਥਾਂ ਵਿਚ ਲੋਕਾਂ ਨੇ ਫ਼ਤਵਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਉਹ ਭਾਰਤੀ ਜਨਤਾ ਪਾਰਟੀ ਦੇ ਸਾਰੇ ਵਰਕਰਾਂ ਅਤੇ ਸਪੋਰਟਰਾਂ ਦਾ ਧੰਨਵਾਦੀ ਹਾਂ।ਇਸ ਮੌਕੇ ਭਾਜਪਾ ਦੀ ਜ਼ਿਲਾ ਟੀਮ , ਮੰਡਲ ਪ੍ਰਧਾਨ ਅਤੇ ਵੱਡੀ ਗਿਣਤੀ ਵਿਚ ਭਾਜਪਾ ਵਰਕਰ ਹਾਜ਼ਿਰ ਸਨ।

# ਨੌਜਵਾਨ ਦੀ ਨਸ਼ੀਲਾ ਟੀਕਾ ਲਗਾਉਣ ਨਾਲ ਮੌਤ



ਝਬਾਲ (ਹਰਜਿੰਦਰ ਸਿੰਘ ਸੋਨੀ)-ਬੇਸ਼ੱਕ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੁਲਿਸ ਨੂੰ ਨਸ਼ਿਆਂ ਖ਼ਿਲਾਫ਼ ਸਖ਼ਤੀ ਨਾਲ ਪੇਸ਼ ਆਉਣ ਦੀਆਂ ਹਦਾਇਤਾਂ ਜਾਰੀ ਕੀਤੀਆਂ ਹਨ, ਪ੍ਰੰਤੂ ਦੂਸਰੇ ਪਾਸੇ ਸਰਹੱਦੀ ਇਲਾਕੇ ਵਿੱਚ ਇਹ ਪ੍ਰਕੋਪ ਰੁਕਣ ਦਾ ਨਾਂਅ ਨਹੀਂ ਲੈ ਰਿਹਾ ਅਤੇ ਇਹ ਨਸ਼ਿਆਂ ਦਾ ਦੈਂਤ ਨਿੱਤ ਨੌਜਵਾਨਾਂ ਨੂੰ ਨਿਗਲੀ ਜਾ ਰਿਹਾ।ਜਿਸ ਦੀ ਉਦਾਹਰਨ ਵੀਰਵਾਰ ਥਾਣਾ ਝਬਾਲ ਦੇ ਪਿੰਡ ਕੋਟ ਸਿਵਿਆਂ ਦਾ ਇਕ 28 ਸਾਲਾ ਨੌਜਵਾਨ ਜੋ ਪਰਵਾਰ ਦਾ ਇਕਲੌਤਾ ਸਹਾਰਾ ਸੀ, ਦੀ ਨਸ਼ੀਲਾ ਟੀਕਾ ਲਗਾਉਣ ਕਾਰਨ ਹੋਈ ਮੌਤ ਤੋਂ ਮਿਲੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਕੇਵਲ ਸਿੰਘ ਪੁੱਤਰ ਖਜ਼ਾਨ ਸਿੰਘ ਨੇ ਦੱਸਿਆ ਕਿ ਉਸ ਦੇ ਇਕ ਪੁੱਤਰ ਦੀ ਪਹਿਲਾਂ ਹੀ ਕੈਂਸਰ ਦੀ ਬਿਮਾਰੀ ਕਾਰਨ ਮੌਤ ਹੋਣ ਤੋਂ ਬਾਅਦ ਹਰਜੀਤ ਸਿੰਘ ਜਿਸ ਦਾ ਪੰਜ ਸਾਲ ਪਹਿਲਾਂ ਵਿਆਹ ਹੋਇਆ ਸੀ, ਪ੍ਰੰਤੂ ਅਜੇ ਕੋਈ ਬੱਚਾ ਨਹੀਂ ਸੀ ਹੋਇਆ ਮੇਰੇ ਪਰਵਾਰ ਦਾ ਇਕਲੌਤਾ ਸਹਾਰਾ ਸੀ।ਜੋ ਕਿ ਪਿਛਲੇ ਤਿੰਨ ਸਾਲ ਤੋਂ ਨਸ਼ੇ ਕਰ ਰਿਹਾ ਸੀ।ਹਰਜੀਤ ਸਿੰਘ ਕੱਲ੍ਹ ਦੁਪਿਹਰ ਦਾ ਘਰੋਂ ਗਿਆ ਵਾਪਸ ਨਹੀਂ ਆਇਆ, ਅਸੀਂ ਉਸ ਨੂੰ ਲੱਭ ਰਹੇ ਸਾਂ ਕਿ ਕਿਸੇ ਦਾ ਫੋਨ ਆਇਆ ਕਿ ਤੁਹਾਡਾ ਲੜਕਾ ਨਹਿਰ ਕੰਢੇ ਡਿੱਗਿਆ ਪਿਆ ਹੈ। ਜਦੋਂ ਅਸੀਂ ਜਾ ਕੇ ਵੇਖਿਆ ਤਾਂ ਉਨ੍ਹਾਂ ਦਾ ਲੜਕਾ ਹਰਜੀਤ ਸਿੰਘ ਮਰਿਆ ਪਿਆ ਸੀ ਤੇ ਨੇੜੇ ਸਰਿੰਜਾਂ ਤੇ ਪਰਨਾ ਅਤੇ ਪਾਣੀ ਪਿਆ ਸੀ।ਇਸ ਸਮੇਂ ਪਿੰਡ ਦੇ ਮੋਹਤਬਰਾਂ ਦੀ ਹਾਜ਼ਰੀ ਵਿੱਚ ਮ੍ਰਿਤਕ ਹਰਜੀਤ ਸਿੰਘ ਦੇ ਪਿਤਾ ਕੇਵਲ ਸਿੰਘ ਅਤੇ ਮਾਤਾ ਅਮਰਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਨੇ ਜਿੱਥੋਂ ਸਾਡਾ ਮੁੰਡਾ ਨਸ਼ਾ ਖਰੀਦਦਾ ਸੀ, ਬਾਰੇ ਝਬਾਲ ਪੁਲਸ ਦੇ ਮੁਖੀ ਨੂੰ ਜਾ ਕੇ ਦੱਸਿਆ, ਪ੍ਰੰਤੂ ਉਸ ਨੇ ਸਾਡੀ ਕੋਈ ਨਹੀਂ ਸੁਣੀ।ਉਨ੍ਹਾਂ ਕਿਹਾ ਕਿ ਸਾਡੇ ਪਿੰਡ ਦੇ ਆਸਪਾਸ ਪਿੰਡਾਂ ਵਿੱਚ ਸ਼ਰੇਆਮ ਨਸ਼ਾ ਵਿਕ ਰਿਹਾ ਹੈ ਜਿਨ੍ਹਾਂ ਨੂੰ ਪੁਲਿਸ ਦਾ ਕੋਈ ਡਰ ਨਹੀਂ। ਮ੍ਰਿਤਕ ਦੇ ਪਰਵਾਰਕ ਮੈਂਬਰਾਂ ਅਤੇ ਇਲਾਕੇ ਦੇ ਮੋਹਤਬਰਾਂ ਨੇ ਪੁਲਸ ਦੇ ਉੱਚ ਅਧਿਕਾਰੀਆਂ ਕੋਲੋਂ ਮੰਗ ਕੀਤੀ ਇਨ੍ਹਾਂ ਨਸ਼ਿਆਂ ਨੂੰ ਵੇਚਣ ਵਾਲੇ ਅਨਸਰਾਂ ਖਿਲਾਫ਼ ਸਖ਼ਤ ਕਾਰਵਾਈ ਕਰਕੇ ਲੋਕਾਂ ਦੇ ਖਾਲੀ ਹੋ ਰਹੇ ਘਰਾਂ ਨੂੰ ਬਚਾਇਆ ਜਾਵੇ।

# ਸਿੱਖਿਆ ਅਧਿਕਾਰੀ ਨੇ ਵੱਢੀਖੋਰ ਕਲਰਕ ਵਿਰੁੱਧ ਕਾਰਵਾਈ ਕਰਨ ਦੀ ਬਜਾਏ ਦਫ਼ਤਰੋਂ ਫਾਈਲ ਹੀ ਗੁੰਮ ਕਰਵਾਈ

ਵੇਰਕਾ ( ਰਾਣਾ )-ਸਰਕਾਰ ਵੱਖ-ਵੱਖ ਵਿਭਾਗਾਂ ਵਿੱਚੋਂ ਭ੍ਰਿਸ਼ਟਾਚਾਰ ਖਤਮ ਕਰਨ ਲਈ ਪੱਬਾਂ ਭਾਰ ਹੋਈ ਹੈ। ਪ੍ਰੰਤੂ ਵਿਭਾਗਾਂ ਵਿੱਚ ਬੈਠੇ ਭ੍ਰਿਸ਼ਟ ਲੋਕਾਂ ਨੂੰ ਆਪਣੇ ਵੱਡੇ ਅਧਿਕਾਰੀਆਂ ਅਤੇ ਸਰਕਾਰ ਦੀ ਕੋਈ ਪ੍ਰਵਾਹ ਨਹੀਂ।ਸਿੱਖਿਆ ਮਹਿਕਮੇ ਅੰਦਰ ਫੈਲੇ ਭ੍ਰਿਸ਼ਟਾਚਾਰ ਕਾਰਨ ਕਸੂਰਵਾਰ ਵਿਰੁੱਧ ਕਾਰਵਾਈ ਕਰਨੀ ਤਾਂ ਦੂਰ ਸਗੋਂ ਅਧਿਕਾਰੀ ਸ਼ਿਕਾਇਤ ਕਰਨ ਵਾਲਿਆਂ ਪੀੜਤਾਂ ਨੂੰ ਖੱਜਲ-ਖੁਆਰ ਕਰਦੇ ਹਨ। ਇਸ ਬਾਬਤ ਜ਼ਿਲ੍ਹਾ ਸਿੱਖਿਆ ਦਫ਼ਤਰ (ਐਲੀ:) ਅੰਮ੍ਰਿਤਸਰ ਦੇ ਭ੍ਰਿਸ਼ਟ ਸੀਨੀ: ਸਹਾਇਕ ਵੱਲੋਂ ਤਰੱਕੀ ਕਰਨ ਵਾਸਤੇ ਲਈ ਗਈ ਰਿਸ਼ਵਤ ਸੰਬੰਧੀ ਸਰਕਾਰ ਅਤੇ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਹਲਫ਼ੀਆ ਬਿਆਨ ਦੇਣ ਉਪਰੰਤ ਵੀ ਕੋਈ ਕਾਰਵਾਈ ਅਮਲ ਵਿੱਚ ਨਾ ਲਿਆਉਣਾ ਕਈ ਅਸ਼ੰਕੇ ਉਤਪੰਨ ਕਰਦਾ ਹੈ। ਇਸ ਸੰਬੰਧੀ ਹਰਮਨਦੀਪ ਸਿੰਘ ਸੈਂਟਰ ਹੈੱਡਟੀਚਰ ਸਰਕਾਰੀ (ਐਲੀ:) ਸਕੂਲ ਕਿਲਾ ਜੀਵਨ ਸਿੰਘ ਬਲਾਕ ਅੰਮ੍ਰਿਤਸਰ - 1 ਨੂੰ ਆਪਣੀ ਪਦਉਨਤੀ ਲੈਣ ਲਈ ਉਕਤ ਦਫ਼ਤਰ ਵਿਖੇ ਤੈਨਾਤ ਸੀਨੀ: ਸਹਾਇਕ ਅਨਿਲ ਕੁਮਾਰ ਨੇ ਤਰੱਕੀ ਕਰਨ ਦਾ ਝਾਂਸਾ ਦਿੰਦੇ ਹੋਏ 30,000 ਹਜ਼ਾਰ ਰੁਪਏ ਰਿਸ਼ਵਤ ਲੈ ਲਈ।ਇਸ ਉਪਰੰਤ ਉਸ ਨੂੰ ਯੋਗ ਲਾਭਪਾਤਰੀ ਹੋਣ ਦੇ ਬਾਵਜੂਦ ਤਰੱਕੀ ਨਸੀਬ ਨਹੀਂ ਹੋਈ ਅਤੇ ਨਾ ਪੈਸੇ ਵਾਪਸ ਮਿਲੇ। ਸਰਕਾਰ ਅਤੇ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਭ੍ਰਿਸ਼ਟ ਸੀਨੀ: ਸਹਾਇਕ ਖਿਲਾਫ ਹਲਫ਼ੀਆ ਬਿਆਨ ਦੇਣ ਉਪਰੰਤ ਵੀ ਕੋਈ ਕਾਰਵਾਈ ਨਹੀਂ ਕੀਤੀ ਗਈ । ਪੀੜਤ ਹਰਮਨਦੀਪ ਸਿੰਘ ਸੀ.ਐਚ.ਟੀ ਨੇ ਦੱਸਿਆ ਕਿ ਬੇਖੌਫ ਪੜਤਾਲੀਆ ਅਫ਼ਸਰ-ਕਮ ਰਜਿਸਟ੍ਰਾਰ (ਸੈਂ: ਸਿੱ:) ਐੱਸ.ਏ.ਐੱਸ ਨਗਰ ਪ੍ਰਭਜੀਤ ਸਿੰਘ ਨੇ ਕਾਰਵਾਈ ਕਰਨ ਦੀ ਬਜਾਏ ਉਪਰੋਕਤ ਮਾਮਲਾ ਮੁੱਢੋਂ ਹੀ ਰਫਾ-ਦਫਾ ਕਰ ਦਿੱਤਾ ਹੈ। ਜੋ ਸਿੱਧਾ ਭ੍ਰਿਸ਼ਟਾਚਾਰ ਵੱਲ ਸੰਕੇਤ ਕਰਦਾ ਹੈ। ਉਨ੍ਹਾਂ ਦੱਸਿਆ ਕਿ ਡੀ.ਪੀ.ਆਈ (ਸੈ:ਸਿੱ:) ਦਫ਼ਤਰ ਐਸ.ਏ.ਐੱਸ ਨਗਰ ਵਿੱਚੋਂ ਮੇਰੇ ਉਕਤ ਮਾਮਲੇ ਦੀ ਫਾਈਲ ਹੀ ਗੁੰਮ ਕਰਵਾ ਦਿੱਤੀ ਹੈ। ਮੈਨੂੰ ਵਾਰ-ਵਾਰ ਮਹਿਕਮੇ ਦੇ ਅਧਿਕਾਰੀਆਂ ਨਾਲ ਰਾਬਤਾ ਕਰਨ 'ਤੇ ਅੱਜ ਤੱਕ ਕੋਈ ਇਨਸਾਫ ਨਹੀਂ ਮਿਲਿਆ। ਇਸ ਦੌਰਾਨ ਭਰੋਸੇਯੋਗ ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਮਹਿਕਮੇ ਦੇ ਵੱਡੇ ਅਧਿਕਾਰੀ ਭ੍ਰਿਸ਼ਟ ਸੀਨੀ: ਸਹਾਇਕ ਨੂੰ ਬਤੌਰ ਸੁਪਰਡੈਂਟ ਤਰੱਕੀ ਦੇਣ ਲਈ ਕਾਹਲੇ ਹਨ। ਪੀੜਤ ਸੈਂਟਰ ਹੈੱਡਟੀਚਰ ਹਰਮਨਦੀਪ ਸਿੰਘ ਨੇ ਮੁੱਖ ਮੰਤਰੀ ਪੰਜਾਬ ਸਰਕਾਰ ਚੰਡੀਗੜ੍ਹ, ਸਿੱਖਿਆ ਮੰਤਰੀ ਪੰਜਾਬ ਸਰਕਾਰ ਚੰਡੀਗੜ੍ਹ, ਸਿੱਖਿਆ ਸਕੱਤਰ ਪੰਜਾਬ ਸਰਕਾਰ ਚੰਡੀਗੜ੍ਹ, ਡੀ.ਜੀ.ਐਸ.ਈ ਸਿੱਖਿਆ ਵਿਭਾਗ (ਸਕੂਲਜ਼) ਪੰਜਾਬ ਅਜੀਤਗੜ੍ਹ ਅਤੇ ਡੀ.ਪੀ.ਆਈ (ਸੈ:ਸਿੱ:) ਪੰਜਾਬ ਐੱਸ.ਏ.ਐੱਸ ਨਗਰ ਪਾਸੋਂ ਭ੍ਰਿਸ਼ਟ ਸੀਨੀ: ਸਹਾਇਕ ਅੰਮ੍ਰਿਤਸਰ ਅਤੇ ਪੱਖਪਾਤੀ ਪੜਤਾਲੀਆ ਅਫ਼ਸਰ ਅਜੀਤਗੜ੍ਹ ਸਣੇ ਉਕਤ ਮਾਮਲੇ ਦੀ ਦਫ਼ਤਰ ਵਿੱਚੋਂ ਫਾਈਲ ਗੁੰਮ ਕਰਨ ਵਾਲਿਆਂ ਖਿਲਾਫ ਵੀ ਢੁੱਕਵੀਂ ਤੇ ਲੋੜੀਂਦੀ ਫੌਰੀ ਕਾਨੂੰਨੀ ਕਾਰਵਾਈ ਕਰਨ ਦੀ ਗੁਹਾਰ ਲਗਾਈ ਹੈ। ਇਸ ਸੰਬੰਧ ਵਿੱਚ ਡੀ.ਪੀ.ਆਈ (ਸੈ:ਸਿੱ:) ਪੰਜਾਬ ਅਜੀਤਗੜ੍ਹ ਪਰਮਜੀਤ ਸਿੰਘ ਨਾਲ ਸੰਪਰਕ ਕਰਨ ਤੇ ਉਨ੍ਹਾਂ ਆਖਿਆ ਕਿ ਇਹ ਮਾਮਲਾ ਮੇਰੇ ਧਿਆਨ ਵਿੱਚ ਨਹੀਂ। ਜਦੋਂ ਸੁਪਰਡੈਂਟ ਤਰੱਕੀ ਕਰਨ ਲਈ ਫਾਈਲ ਮੇਰੇ ਟੇਬਲ 'ਤੇ ਆਏਗੀ, ਤਦ ਵੇਖਾਂਗੇ।

# ਨਸ਼ੀਲੀਆਂ ਗੋਲੀਆਂ ਸਮੇਤ ਸਕੂਟਰੀ ਸਵਾਰ ਦੋ ਨੌਜਵਾਨ ਕਾਬੂ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਇਥੋਂ ਨਜ਼ਦੀਕ ਮੋੜ ਪਿੰਡ ਜੋਈਆਂ ਤੋਂ ਪੁਲਸ ਨੇ ਸਕੂਟਰੀ ਸਵਾਰ ਦੋ ਨੌਜਵਾਨਾਂ ਨੂੰ 118 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਹੈ। ਥਾਣਾ ਸਦਰ ਗੁਰਦਾਸਪੁਰ ਦੇ ਏ ਐਸ ਆਈ ਜੀਵਨ ਅਤੇ ਏ ਐਸ ਆਈ ਹਰਜੀਤ ਸਿੰਘ ਨੇ ਸਮੇਤ ਪੁਲਸ ਪਾਰਟੀ ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਗਸਤ ਦੌਰਾਨ ਇਥੋਂ ਨਜ਼ਦੀਕ ਮੋੜ ਪਿੰਡ ਜੋਈਆਂ ਤੋਂ ਸ਼ੱਕ ਦੇ ਅਧਾਰ 'ਤੇ ਸਕੂਟਰੀ ਐਕਟਿਵਾ ਨੰਬਰੀ ਪੀ ਬੀ 18 ਸੀ 6878 'ਤੇ ਸਵਾਰ ਦੋ ਨੌਜਵਾਨਾਂ ਨੂੰ ਰੋਕ ਕੇ ਸਕੂਟਰੀ ਦੀ ਚੈਕਿੰਗ ਕੀਤੀ ਤਾਂ ਸਕੂਟਰੀ ਦੀ ਡਿੱਗੀ ਵਿੱਚੋਂ ਇੱਕ ਮੋਮੀ ਲਿਫਾਫਾ ਬਾਰਮਦ ਹੋਇਆ ਜਿਸ ਵਿੱਚੋਂ 118 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ।

ਮੁਲਜ਼ਮਾਂ ਦੀ ਪਛਾਣ ਦੀਪਕ ਕੁਮਾਰ ਪੁੱਤਰ ਜੁਗਲ ਕਿਸ਼ੋਰ ਵਾਸੀ ਅਖਲਾਸਪੁਰ ਥਾਣਾ ਧਾਰੀਵਾਲ, ਅਵੀਨਾਸ਼ ਕੁਮਾਰ ਪੁੱਤਰ ਰਮੇਸ਼ ਕੁਮਾਰ ਵਾਸੀ ਸਿੰਘਪੁਰਾ ਥਾਣਾ ਧਾਰੀਵਾਲ ਵਜੋਂ ਹੋਈ। ਪੁਲਸ ਨੇ ਦੀਪਕ ਕੁਮਾਰ ਅਤੇ ਅਵੀਨਾਸ਼ ਕੁਮਾਰ ਨੂੰ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਵਿਰੁੱਧ ਐਨ ਡੀ ਪੀ ਐਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਹੈ।

# ਡਰੱਗ ਕੰਟਰੋਲ ਅਫਸਰ ਵੱਲੋਂ ਵੱਖ ਵੱਖ ਪਿੰਡਾਂ ਦੇ ਮੈਡੀਕਲ ਸਟੋਰਾਂ ਦੀ ਅਚਨਚੇਤ ਚੈਕਿੰਗ

## 100 ਦੇ ਕਰੀਬ ਨਸ਼ੀਲੇ ਕੈਪਸੂਲ ਬਰਾਮਦ



ਗੁਰਦਾਸਪੁਰ, ( ਦਿਨੇਸ਼ ਕੁਮਾਰ )-ਪੰਜਾਬ ਸਰਕਾਰ ਵਲੋਂ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਸਬੰਧੀ ਸ਼ੁਰੂ ਕੀਤੀ ਮੁਹਿੰਮ ਨੂੰ ਅੱਗੇ ਵਧਾਉਂਦੇ ਹੋਏ ਡਰੱਗ ਕੰਟਰੋਲ ਅਫਸਰ ਵਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਵੱਖ ਵੱਖ ਪਿੰਡਾਂ ਵਿੱਚ ਸਥਿਤ ਮੈਡੀਕਲ ਸਟੋਰਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ 100 ਦੇ ਕਰੀਬ ਨਸ਼ਾ ਕਰਨ ਵਾਲੇ ਨਸ਼ੀਲੇ ਕੈਪਸੂਲ ਬਰਾਮਦ ਕੀਤੇ ਗਏ। ਜਾਣਕਾਰੀ ਦਿੰਦੇ ਹੋਏ ਡਰੱਗ ਕੰਟਰੋਲ ਅਫਸਰ ਬਬਲੀਨ ਕੌਰ ਨੇ ਦੱਸਿਆ ਕਿ ਅੱਜ ਚੈਕਿੰਗ ਦੌਰਾਨ ਤਹਿਸੀਲ ਬਟਾਲਾ ਦੇ ਪਿੰਡ ਮਰਾੜ ਵਿਖੇ ਸਥਿਤ ਗੁਰੂ ਕਿਰਪਾ ਮੈਡੀਕਲ ਸਟੋਰ 'ਤੇ ਛਾਪਾਮਾਰੀ ਕੀਤੀ ਤਾਂ ਮੈਡੀਕਲ ਸਟੋਰ ਤੋਂ 100 ਦੇ ਕਰੀਬ ਨਸ਼ੀਲੇ ਕੈਪਸੂਲ ਬਰਾਮਦ ਕੀਤੇ ਅਤੇ ਚੈਕਿੰਗ ਦੌਰਾਨ ਪਾਇਆ ਗਿਆ ਕਿ ਮੈਡੀਕਲ ਸਟੋਰ 'ਤੇ ਬੈਠਾ ਵਿਅਕਤੀ ਗੁਰਪ੍ਰੀਤ ਸਿੰਘ ਕਵਾਲੀਫਾਈਡ ਵਿਅਕਤੀ ਨਹੀਂ ਸੀ ਜਦਕਿ ਨਿਯਮਾਂ ਅਨੁਸਾਰ ਕਵਾਲੀਫਾਈਡ ਵਿਅਕਤੀ ਹੀ ਦਵਾਈ ਵੇਚਣ ਦਾ ਕੰਮ ਕਰ ਸਕਦਾ ਹੈ ਅਤੇ ਮੈਡੀਕਲ ਸਟੋਰ ਉਪਰ ਸੇਲ ਪਰਚੇਜ਼ ਦਾ ਰਿਕਾਰਡ ਵੀ ਪੂਰਾ ਨਹੀਂ ਸੀ। ਡਰੱਗ ਕੰਟਰੋਲ ਅਫਸਰ ਨੇ ਦੱਸਿਆ ਕਿ ਨਿਮਰ ਮੈਡੀਕਲ ਸਟੋਰ ਪਿੰਡ ਰਿਆਲੀਕਲਾਂ ਦੀ ਚੈਕਿੰਗ ਕੀਤੀ ਗਈ ਤਾਂ ਇਸ ਮੈਡੀਕਲ ਸਟੋਰ ਉਪਰ ਵੀ ਅਧਿਕਾਰਤ ਵਿਅਕਤੀ ਨਹੀਂ ਬੈਠਾ ਸੀ ਅਤੇ ਸਟੋਰ ਦਾ ਰਿਕਾਰਡ ਵੀ ਮੇਲ ਨਹੀਂ ਖਾ ਰਿਹਾ ਸੀ ਅਤੇ ਸਡਿਊਲਡ ਐਚ-1 ਰਜਿਸਟਰ ਵੀ ਕੰਪਲੀਟ ਨਹੀ ਕੀਤਾ ਗਿਆ ਸੀ। ਇਸੇ ਤਰ੍ਹਾਂ ਸਵਾਮੀ ਮੈਡੀਕਲ ਸਟੋਰ ਪਿੰਡ ਸੂਰਪਵਾਲੀ ਕਲਾਂ ਅਤੇ ਅਜੇ ਮੈਡੀਕਲ ਸਟੋਰ ਪਿੰਡ ਘਸੀਟਪੁਰਾ ਵਿਖੇ ਸਥਿਤ ਮੈਡੀਕਲ ਸਟੋਰਾਂ ਦੀ ਚੈਕਿੰਗ ਕੀਤੀ ਗਈ ਤਾਂ ਉਥੇ ਚੈਕਿੰਗ ਦੌਰਾਨ ਸਾਰਾ ਕੁਝ ਠੀਕ ਪਾਇਆ ਗਿਆ। ਉਨਾ ਦੱਸਿਆ ਕਿ ਚੈਕਿੰਗ ਦੌਰਾਨ ਜਿਨ੍ਹਾਂ ਦੁਕਾਨਾਂ ਤੋਂ ਨਸ਼ੇ ਦੇ ਕੈਪਸੂਲ ਬਰਾਮਦ ਹੋਏ ਹਨ, ਇਸ ਸਬੰਧੀ ਅਗਲੇਰੀ ਕਾਰਵਾਈ ਕਰਦੇ ਹੋਏ ਜ਼ਬਤ ਕੀਤੀਆਂ ਨਸ਼ੀਲੀਆਂ ਦਵਾਈਆਂ ਕੋਰਟ ਵਿਚ ਪੇਸ਼ ਕੀਤੀਆਂ ਗਈਆਂ ਅਤੇ ਸਾਰੀ ਚੈਕਿੰਗ ਤੇ ਕਾਰਵਾਈ ਦੀ ਰਿਪੋਰਟ ਉੱਚ ਅਫਸਰਾਂ ਨੂੰ ਅਗਲੇਰੀ ਕਾਰਵਾਈ ਵਾਸਤੇ ਭੇਜ ਦਿੱਤੀ ਗਈ ਹੈ। ਡਰੱਗ ਕੰਟਰੋਲ ਅਫਸਰ ਨੇ ਜ਼ਿਲ੍ਹਾ ਗੁਰਦਾਸਪੁਰ ਦੇ ਸਾਰੇ ਮੈਡੀਕਲ ਸਟੋਰ ਵਾਲਿਆਂ ਨੂੰ ਨਿਰਦੇਸ਼ ਦਿੱਤੇ ਕਿ ਕੋਈ ਵੀ ਡਾਕਟਰ ਦੀ ਪਰਚੀ ਤੋਂ ਬਿਨਾਂ ਪ੍ਰਤੀਬੰਧਿਤ ਦਵਾਈ ਨੂੰ ਨਾ ਵੇਚੇ ਅਤੇ ਜੇਕਰ ਕੋਈ ਵੀ ਮੈਡੀਕਲ ਸਟੋਰ ਮਾਲਕ ਸਰਕਾਰ ਵਲੋਂ ਪ੍ਰਤੀਬੰਧਿਤ ਦਵਾਈ ਦੀ ਵਿਕਰੀ ਕਰਦਾ ਫੜਿਆ ਗਿਆ ਤਾਂ ਉਸ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਸਾਰੇ ਮੈਡੀਕਲ ਸਟੋਰ ਮਾਲਕਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਆਪਣੇ ਮੈਡੀਕਲ ਸਟੋਰਾਂ ਉਪਰ ਸੀ.ਸੀ.ਟੀ.ਵੀ ਕੈਮਰੇ ਲਗਾਉਣ।

# ਯੂ ਏ ਪੀ ਏ ਮੁਕੱਦਮੇ ਦੀਆਂ ਸਜ਼ਾਵਾਂ ਵਾਪਸ ਲੈਣ ਦੀ ਮੰਗ, ਪ੍ਰਧਾਨ ਮੰਤਰੀ ਨੂੰ ਭੇਜਿਆ ਮੰਗ ਪੱਤਰ



**ਪੱਟੀ/ਖਡੂਰ ਸਾਹਿਬ (ਬਲਦੇਵ ਸਿੰਘ ਸੰਧੂ /ਸ਼ਮਸ਼ੇਰ ਸਿੰਘ ਯੋਧਾ/ਸਰਬਜੋਤ ਸਿੰਘ ਸੰਧਾ)** - ਉੱਘੀ ਲੇਖਕਾ ਅਰੁੰਧਤੀ ਰੌਏ ਤੇ ਪ੍ਰੋ. ਸ਼ੇਖ ਸ਼ੌਕਤ ਹੁਸੈਨ ਵਿਰੁੱਧ ਲਾਇਆ ਯੂ ਏ ਪੀ ਏ ਮੁਕੱਦਮਾ ਵਾਪਸ ਲੈਣ ਅਤੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਤੇ ਝੂਠੇ ਕੇਸਾਂ ਵਿਚ ਜੇਲਾਂ 'ਚ ਬੰਦ ਸਮਾਜਿਕ ਸਿਆਸੀ ਕਾਰਕੁੰਨਾਂ ਦੀ ਰਿਹਾਈ ਨੂੰ ਲੈ ਕੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੀਂ ਪ੍ਰਧਾਨ ਮੰਤਰੀ ਨੂੰ ਮੰਗ ਪੱਤਰ ਭੇਜਿਆ ਗਿਆ। ਜਿਸ ਦੀ ਅਗਵਾਈ ਪੰਜਾਬ ਦੀਆਂ ਪ੍ਰਮੁੱਖ ਖ਼ੱਬੀਆਂ ਧਿਰਾਂ ਆਰ.ਐਮ ਪੀ.ਆਈ, ਜ਼ਿਲ੍ਹਾ ਸਕੱਤਰ ਮੁਖਤਾਰ ਸਿੰਘ ਮੱਲਾ, ਸੀ ਪੀ ਆਈ (ਐਮ ਐਲ) ਲਿਬਰੇਸ਼ਨ ਦੇ ਜ਼ਿਲ੍ਹਾ ਕਾਰਜਕਾਰੀ ਸਕੱਤਰ ਦਲਵਿੰਦਰ ਸਿੰਘ ਪੰਨੂ, ਸੀ ਪੀ ਆਈ, (ਐਮ ਐਲ) ਨਿਊ ਡੈਮੋਕਰੇਸੀ ਦੇ ਆਗੂ ਬਲਵਿੰਦਰ ਸਿੰਘ ਸਖੀਰਾ ਅਤੇ ਜਮਹੂਰੀ ਅਧਿਕਾਰ ਸਭਾ ਦੇ ਆਗੂ ਨਰਭਿੰਦਰ ਸਿੰਘ ਪੱਧਰੀ ਨੇ ਕੀਤੀ। ਪਰਗਟ ਸਿੰਘ ਜਾਮਾਰਾਏ, ਮਾਸਟਰ ਨਛੱਤਰ ਸਿੰਘ ਮੁਗਲਚੱਕ, ਨਰਭਿੰਦਰ ਸਿੰਘ ਪੱਧਰੀ ਨੇ ਕਿਹਾ ਕਿ ਵਿਸ਼ਵ ਪ੍ਰਸਿੱਧ ਲੇਖਕਾ ਅਰੁੰਧਤੀ ਰੌਏ ਅਤੇ ਪ੍ਰੋ. ਸ਼ੇਖ ਸ਼ੌਕਤ ਹੁਸੈਨ ਵਿਰੁੱਧ ਉਨ੍ਹਾਂ ਵਲੋਂ 14 ਸਾਲ ਪਹਿਲਾਂ ਦਿੱਲੀ ਵਿਖੇ ਇਕ ਸੈਮੀਨਾਰ ਵਿਚ ਕੀਤੇ ਭਾਸ਼ਨ ਬਦਲੇ ਹੁਣ ਦਿੱਲੀ ਦੇ ਲੈਫਟੀਨੈਂਟ ਗਵਰਨਰ ਵਲੋਂ ਯੂ ਏ ਪੀ ਏ ਲਾਉਣ ਦਾ ਹੁਕਮ ਦੇਣ ਦੀ ਸਖਤ ਨਿਖੇਧੀ ਕੀਤੀ ਗਈ ਅਤੇ ਇਹ ਹੁਕਮ ਵਾਪਸ ਲੈਣ ਦੀ ਮੰਗ ਕੀਤੀ ਹੈ ਕਿਉਂਕਿ 14 ਸਾਲਾ ਪੁਰਾਣੇ ਮਾਮਲੇ ਨੂੰ ਅਧਾਰ ਬਣਾ ਕੇ ਯੂ ਏ ਪੀ ਏ ਲਾਉਣਾ ਜਮਹੂਰੀ ਹੱਕਾਂ ਦੀ ਘੋਰ ਉਲੰਘਣਾ ਅਤੇ ਸਪਸ਼ਟ ਤੌਰ ਤੇ ਜ਼ੁਬਾਨ ਬੰਦੀ ਦੀ ਇਕ ਬਦਲਾ ਲਊ ਕਾਰਵਾਈ ਹੈ।

ਇਸ ਲਈ ਸਾਡੀ ਮੰਗ ਹੈ ਕਿ ਇਹ ਫੈਸਲਾ ਤੁਰੰਤ ਵਾਪਸ ਲਿਆ ਜਾਣਾ ਚਾਹੀਦਾ ਹੈ।ਇਨ੍ਹਾਂ ਆਗੂਆਂ ਨੇ ਅਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਮੂਹ ਕੈਦੀਆਂ ਅਤੇ ਝੂਠੇ ਕੇਸਾਂ ਵਿਚ ਸਾਲਾਂ ਤੋਂ ਬਿਨਾਂ ਮੁਕੱਦਮਾ ਚਲਾਏ ਜੇਲ੍ਹਾਂ ਵਿਚ ਡੱਕੇ ਸਾਰੇ ਸਮਾਜਿਕ ਤੇ ਸਿਆਸੀ ਕਾਰਕੁੰਨਾਂ ਨੂੰ ਫੌਰੀ ਤੌਰ 'ਤੇ ਰਿਹਾਅ ਕੀਤੇ ਜਾਣ ਦੀ ਵੀ ਪੁਰਜ਼ੋਰ ਮੰਗ ਕੀਤੀ ।

ਇਸ ਮੌਕੇ ਚਮਨ ਲਾਲ ਦਰਾਜਕੇ, ਬਲਦੇਵ ਸਿੰਘ ਪੰਡੋਰੀ, ਦਲਜੀਤ ਸਿੰਘ ਦਿਆਲਪੁਰਾ, ਤਰਕਸ਼ੀਲ ਸੁਸਾਇਟੀ ਦੇ ਆਗੂ ਮਾਸਟਰ ਤਰਸੇਮ ਸਿੰਘ ਲਾਲੂ ਘੁੰਮਣ, ਤਰਲੋਚਨ ਸਿੰਘ ਤਰਨ ਤਾਰਨ ਤੋਂ ਇਲਾਵਾ ਹੋਰ ਜ਼ਿਲ੍ਹਾ ਆਗੂ ਹਾਜ਼ਰ ਸਨ ।

# ਪੋਲਟਰੀ ਫਾਰਮ ਤੋਂ 40 ਮੁਰਗੇ,15 ਚਕੋਰਾਂ, 8 ਕਬੂਤਰ ਤੇ ਕੂਲਰ ਸਮੇਤ ਹੋਰ ਸਮਾਨ ਚੋਰੀ

ਕਾਲ਼ਾ ਸੰਘਿਆਂ (ਮਨਜੀਤ ਮਾਨ)-ਸਥਾਨਕ ਕਸਬਾ ਕਾਲ਼ਾ ਸੰਘਿਆਂ ਵਿਖੇ ਤਲਵੰਡੀ ਮਾਧੋ ਰੋਡ 'ਤੇ ਸਥਿਤ ਪੋਲਟਰੀ ਫਾਰਮ ਤੋਂ ਦਰਜਨਾਂ ਮੁਰਗੇ, ਚਕੋਰਾਂ, ਕਬੂਤਰ, ਕੂਲਰ,ਪੱਖਾ ਅਤੇ ਮੁਰਗਿਆਂ ਦੇ ਪਿੰਜਰਿਆਂ ਸਮੇਤ ਹੋਰ ਸਮਾਨ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪੋਲਟਰੀ ਫਾਰਮ ਦੇ ਮਾਲਕ ਹਰਭਜਨ ਸਿੰਘ ਵਾਸੀ ਖੁਸਰੋਪੁਰ ਨੇ ਦੱਸਿਆ ਕਿ ਉਹਨਾਂ ਵੱਲੋਂ ਕੁੱਝ ਸਮਾਂ ਪਹਿਲਾਂ ਹੀ ਕਾਲ਼ਾ ਸੰਘਿਆਂ ਵਿਖੇ ਪੋਲਟਰੀ ਫਾਰਮ ਦਾ ਕੰਮ ਸ਼ੁਰੂ ਕੀਤਾ ਸੀ ਅਤੇ ਰਾਤ ਸਮੇਂ ਚੋਰਾਂ ਨੇ ਪੋਲਟਰੀ ਫਾਰਮ ਦਾ ਸ਼ਟਰ ਬਿਜਲੀ ਵਾਲੇ ਕਟਰ ਨਾਲ ਕੱਟ ਕੇ ਅੰਦਰ ਰੱਖੇ 40 ਮੁਰਗੇ, 15 ਚਕੋਰਾਂ 8 ਕਬੂਤਰਾਂ ਸਮੇਤ ਇਕ ਕੂਲਰ, ਇਕ ਪੱਖਾ, ਤਿੰਨ ਵੱਡੇ ਲੋਹੇ ਦੇ ਪਿੰਜਰਿਆਂ ਸਮੇਤ ਹੋਰ ਸਮਾਨ ਚੋਰੀ ਕਰ ਲਿਆ।ਚੋਰਾਂ ਨੇ ਸ਼ਟਰ ਕੱਟਣ ਲਈ ਨਾਲ ਲਿਆਂਦੇ ਕਟਰ ਨੂੰ ਚਲਾਉਣ ਲਈ ਬਿਜਲੀ ਦੀ ਤਾਰ ਨੂੰ ਕੁੰਢੀ ਵੀ ਲਾਈ। ਸਥਾਨਕ ਪੁਲਸ ਨੂੰ ਜਾਣਕਾਰੀ ਦਿੱਤੀ ਗਈ ਹੈ।

# ਪਿੰਡ ਲਹੀਆ 'ਚ ਸਲਾਨਾ ਜੋੜ ਮੇਲਾ ਸ਼ਰਧਾ ਭਾਵਨਾ ਨਾਲ ਮਨਾਇਆ



ਝਬਾਲ (ਹਰਜਿੰਦਰ ਸਿੰਘ ਸੋਨੀ)-ਪਿੰਡ ਲਹੀਆ ਵਿਖੇ ਗੁਰਦੁਆਰਾ ਦਮਦਮਾ ਸਾਹਿਬ ਮਹਾਨ ਸੂਰਬੀਰ ਯੋਧੇ ਬਾਬਾ ਬਿਧੀ ਚੰਦ ਦੂਜਾ ਘੋੜਾ ਲਿਆਉਣ ਸਮੇਂ ਇਸ ਅਸਥਾਨ 'ਤੇ ਠਹਿਰੇ ਸਨ ਤੇ ਇਸ਼ਨਾਨ ਕਰਕੇ ਨਿਤਨੇਮ ਕੀਤਾ।ਉਸ ਪਵਿੱਤਰ ਦਿਹਾੜੇ ਨੂੰ ਯਾਦ ਕਰਦਿਆਂ ਸਲਾਨਾ ਜੋੜ ਮੇਲਾ ਸਰਬੱਤ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਸ਼ਰਧਾ-ਭਾਵਨਾ ਨਾਲ ਮਨਾਇਆ ਗਿਆ।ਇਹ ਜੋੜ ਮੇਲਾ ਸੱਚਖੰਡ ਵਾਸੀ ਸੰਤ ਬਾਬਾ ਸੋਹਣ ਸਿੰਘ, ਸੱਚਖੰਡ ਵਾਸੀ ਸੰਤ ਬਾਬਾ ਦਯਾ ਸਿੰਘ ਨੇ ਸ਼ੁਰੂ ਕਰਵਾਇਆ। ਓਸੇ ਤਰ੍ਹਾ ਜਥੇਦਾਰ ਬਾਬਾ ਅਵਤਾਰ ਸਿੰਘ ਸੁਰਸਿੰਘ 12ਵੇਂ ਮੁਖੀ ਸੰਪ੍ਰਦਾਇ ਦਲ ਪੰਥ ਬਾਬਾ ਬਿਧੀ ਚੰਦ ਜੀ ਸੁਰਸਿੰਘ ਵਾਲਿਆਂ ਵੱਲੋਂ ਅੱਜ ਵੀ ਸੇਵਾ ਨਿਭਾਈ ਜਾ ਰਹੀ ਹੈ।ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਅਰੰਭ ਕੀਤੇ ਗਏ ਲੜੀਵਾਰ ਪਾਠਾ ਦੀ ਅਰੰਭਤਾ ਉਪਰੰਤ ਅਗਲੇ ਦਿਨ ਦਲ ਪੰਥ ਦਾ ਉਤਾਰਾ ਹੋਇਆ।ਨਿਤਨੇਮ ਮਰਯਾਦਾ ਅਨੁਸਾਰ ਤਿੰਨੇ ਦਿਨ ਸਵੇਰੇ-ਸ਼ਾਮ ਦੀਵਾਨ ਸਜਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਉਪਰੰਤ ਦੀਵਾਨ ਹਾਲ ਵਿੱਚ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਦੀਵਾਨ ਸਜਾਇਆ ਗਿਆ।ਜਿਸ ਵਿੱਚ ਕਥਾ-ਕੀਰਤਨ ਅਤੇ ਪੰਥ ਦੇ ਪ੍ਰਸਿੱਧ ਢਾਡੀ, ਕਵੀਸ਼ਰੀ ਜਥਿਆਂ ਨੇ ਬਾਬਾ ਬਿਧੀ ਚੰਦ ਦਾ ਜੀਵਨ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਜਦ ਕਿ ਜਥੇਦਾਰ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲਿਆਂ ਨੇ ਸੰਗਤਾਂ ਨਾਲ ਗੁਰਮਿਤ ਦੀ ਸਾਂਝ ਪਾਉਂਦਿਆਂ ਅੰਮ੍ਰਿਤ ਪਾਨ ਕਰਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਤ ਕੀਤਾ। ਅੰਮ੍ਰਿਤ ਸੰਚਾਰ ਦੌਰਨ ਸੈਕੜੇ ਪ੍ਰਾਣੀਆਂ ਨੇ ਅੰਮ੍ਰਿਤ ਪਾਨ ਕੀਤਾ।ਇਸ ਮੌਕੇ ਉਚੇਚੇ ਤੌਰ 'ਤੇ ਪੁੱਜੇ ਸੰਤਾਂ , ਮਹੰਤਾਂ, ਮਹਾਪੁਰਖਾਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਸ਼ਾਮ ਨੂੰ ਭਾਈ ਲੱਧਾ ਜੀ ਕਬੱਡੀ ਕਲੱਬ, ਪਿੰਡ ਭਾਈ ਲੱਧੂ ਅਤੇ ਦੂਜੀ ਟੀਮ ਬਾਬਾ ਦਯਾ ਸਿੰਘ ਜੀ ਕਬੱਡੀ ਕਲੱਬ ਸੁਰ ਸਿੰਘ+ਬੈਂਕਾ ਦੀਆਂ ਟੀਮਾਂ ਦਰਮਿਆਨ ਮੈਚ ਹੋਇਆ।ਉਪਰੰਤ ਨਿਸ਼ਾਨ-ਧੌਂਸਿਆਂ ਦੀ ਤਾਬਿਆਂ ਮਹੱਲਾ ਕੱਢਿਆ ਗਿਆ ਜਿਸ ਵਿੱਚ ਘੋੜ-ਦੌੜ, ਨੇਜੇਬਾਜ਼ੀ ਅਤੇ ਗਤਕੇ ਦਾ ਅਖਾੜਾ ਸਜਾਇਆ ਗਿਆ।ਸੰਪ੍ਰਦਾਇ ਦਲ ਬਾਬਾ ਬਿਧੀ ਚੰਦ ਦੇ 12ਵੇਂ ਮੁਖੀ ਜਥੇਦਾਰ ਸੰਤ ਬਾਬਾ ਅਵਤਾਰ ਸਿੰਘ ਅਤੇ ਇਲਾਕਾ ਨਿਵਾਸੀ ਨਗਰ ਲਹੀਆਂ ਦੀਆਂ ਸਰਬੱਤ ਸੰਗਤਾਂ ਤੇ ਸੇਵਾਦਾਰਾ ਦਾ ਧੰਨਵਾਦ ਕੀਤਾ।ਇਸ ਮੌਕੇ ਬਾਬਾ ਰਜਿੰਦਰਪਾਲ ਸਿੰਘ, ਬਾਬਾ ਹਰਜੀਤ ਸਿੰਘ ਸੁਰਸਿੰਘ, ਸਟੇਜ ਸੰਚਾਲਕ ਗਿਆਨੀ ਅਵਤਾਰ ਸਿੰਘ, ਮਹੰਤ ਕਸ਼ਮੀਰ ਸਿੰਘ ਸੇਵਾਦਾਰ ਗੁ: ਦਮਦਮਾ ਸਾਹਿਬ ਲਹੀਆ, ਸਿੱਖ ਵਿਦਿਆਲੇ ਦਾ ਢਾਡੀ ਜਥਾ ਗਿਆਨੀ ਜੱਜਬੀਰ ਸਿੰਘ, ਢਾਡੀ ਜਥਾ ਗੁਰਭੇਜ ਸਿੰਘ ਚਵਿੰਡਾ, ਕਵੀਸ਼ਰ ਗੁਰਨਾਮ ਸਿੰਘ ਮਨਿਆਲਾ, ਰਾਗੀ ਜਥਾ ਭਾਈ ਗੁਰਸੇਵਕ ਸਿੰਘ, ਕਵੀਸ਼ਰ ਜਥਾ ਗੁਰਜੰਟ ਸਿੰਘ ਬੈਂਕਾਂ, ਗਿਆਨੀ ਅੰਮ੍ਰਿਤਪਾਲ ਸਿੰਘ,ਕਥਾ ਵਾਚਕ ਗਿਆਨੀ ਸੁਖਦੇਵ ਸਿੰਘ, ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਭੰਗੂ, ਬੀਕੇਯੂ ਜ਼ਿਲ੍ਹਾ ਆਗੂ ਜਗਬੀਰ ਸਿੰਘ ਬੱਬੂ ਗੰਡੀਵਿੰਡ, ਰਾਣਾ ਸਰਾਏ ਅਮਾਨਤ ਖਾਂ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਵੀ ਹਾਜ਼ਰ ਸਨ।

# ਯੋਗ ਦਾ ਸਹਾਰਾ ਲੈ ਕੇ ਮਨੁੱਖ ਸੌ ਸਾਲ ਤੱਕ ਨਿਰੋਗੀ ਜੀਵਨ ਜੀ ਸਕਦਾ : ਸਵਾਮੀ ਵਿਗਿਆਨਾਨੰਦ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਵਲੋਂ ਸਥਾਨਕ ਗਾਂਧੀ ਪਾਰਕ ਵਿਖੇ ਦੋ ਦਿਨਾ ਵਿਲੱਖਣ ਯੋਗ ਸ਼ਿਵਰ ਦੇ ਅੱਜ ਦੂਜੇ ਦਿਨ ਸੰਸਥਾਨ ਵਲੋਂ ਆਸ਼ੂਤੋਸ਼ ਮਹਾਰਾਜ ਦੇ ਸ਼ਿਸ਼ ਸਵਾਮੀ ਵਿਗਿਆਨਾਨੰਦ ਨੇ ਦੱਸਿਆ ਕਿ ਵਧਦੇ ਹੋਏ ਪ੍ਰਦੂਸ਼ਣ, ਉਦਯੋਗਾਂ, ਸ਼ਹਿਰੀਕਰਨ ਅਤੇ ਰੁੱਖਾਂ ਦੇ ਕਟਾਵ ਕਾਰਨ ਕੁਦਰਤੀ ਆਪਦਾਂ ਵਧਦੀਆਂ ਜਾ ਰਹੀਆਂ ਹਨ। ਨਾਲ ਹੀ ਪ੍ਰਦੂਸ਼ਿਤ ਹਵਾ ਵਿੱਚ ਸਾਹ ਲੈਣਾ ਵੀ ਮੁਸ਼ਕਲ ਹੋ ਚੁੱਕਿਆ ਹੈ। ਸਿੱਟੇ ਵਜੋਂ ਅੱਜ ਦਿਲ ਦੀਆਂ ਬਿਮਾਰੀਆਂ ਦੇ ਨਾਲ ਹੀ ਟੀ ਬੀ, ਕੈਂਸਰ, ਸ਼ੂਗਰ, ਤਰ੍ਹਾਂ ਤਰ੍ਹਾਂ ਦੇ ਬੁਖਾਰ, ਡੇਂਗੂ, ਚਿਕਨਗੁਨੀਆ ਆਦਿ ਬਿਮਾਰੀਆਂ ਵਿੱਚ ਵਾਧਾ ਹੋ ਰਿਹਾ ਹੈ।ਸਵਾਮੀ ਨੇ ਦੱਸਿਆ ਕਿ ਵਿਸ਼ਵ ਸਵਾਸਥ ਸੰਗਠਨ ਦੇ ਅਨੁਸਾਰ ਵਿਗਿਆਨ ਦਾ ਸਹਾਰਾ ਲੈ ਕੇ ਚਾਹੇ ਆਧੁਨਿਕ ਚਿਕਿਤਸਾ ਪੱਧਤੀ ਨੇ ਬਹੁਤ ਤਰੱਕੀ ਕੀਤੀ ਹੈ, ਫਿਰ ਵੀ ਬਹੁਤ ਸਾਰੀਆਂ ਐਸੀਆਂ ਬਿਮਾਰੀਆਂ ਹਨ ਜਿਸ ਦਾ ਇਲਾਜ ਆਧੁਨਿਕ ਚਿਕਿਤਸਾ ਪੱਧਤੀ ਵਿੱਚ ਤਾਂ ਨਹੀਂ ਪਰੰਤੂ ਭਾਰਤੀ ਵੈਦਿਕ ਯੋਗ ਦਰਸ਼ਨ ਵਿੱਚ ਸੌ ਫੀਸਦੀ ਹੈ। ਯੋਗ ਦਾ ਸਹਾਰਾ ਲੈ ਕੇ ਮਨੁੱਖ ਚਾਹੇ ਤਾਂ ਸੌ ਸਾਲ ਤਕ ਵੀ ਨਿਰੋਗੀ ਅਤੇ ਬਿਮਾਰੀਆਂ ਤੋਂ ਮੁਕਤ ਹੋ ਕੇ ਜੀਵਨ ਬਤੀਤ ਕਰ ਸਕਦਾ ਹੈ। ਸਵਾਮੀ ਨੇ ਸਾਧਕਾਂ ਨੂੰ ਨਾੜੀ ਸ਼ੋਧਨ, ਅਨੁਲੋਮ ਵਿਲੋਮ, ਪ੍ਰਾਣਾਯਾਮ, ਸਕੰਧ ਚਾਲਨ, ਪਾਦ ਚਾਲਨ, ਅਰਧ ਚੰਦ੍ਰਾਸਨ ਉਤਿਸ਼ਟ ਤਾਨ ਆਸਨ ਅਤੇ ਮੰਡੂਕਆਸਨ ਆਦਿ ਕਿਰਿਆਵਾਂ ਦਾ ਅਭਿਆਸ ਕਰਵਾਇਆ ਅਤੇ ਨਾਲ ਹੀ ਇਨ੍ਹਾਂ ਦੇ ਸਰੀਰਿਕ ਅਤੇ ਵਿਗਿਆਨਕ ਲਾਭ ਵੀ ਦੱਸੇ। ਕੁਦਰਤੀ ਸੋਮਿਆਂ ਦੀ ਰੱਖਿਆ ਵੱਲ ਧਿਆਨ ਦਿਵਾਉਂਦੇ ਹੋਏ ਸਵਾਮੀ ਨੇ ਸਾਧਕਾਂ ਨੂੰ ਪੌਧਾਰੋਪਣ ਕਰਨ ਅਤੇ ਜਲ ਬਚਾਉਣ ਦੀ ਪ੍ਰੇਰਨਾ ਵੀ ਦਿੱਤੀ ਅਤੇ ਸੰਕਲਪ ਵੀ ਦਿਵਾਇਆ। ਸੰਸਥਾਨ ਵੱਲੋਂ ਆਪਣੇ ਸੰਰਕਸ਼ਣ ਪ੍ਰਕਲਪ ਦੇ ਅੰਤਰਗਤ ਅੱਜ ਪੂਰੇ ਦੇਸ਼ ਵਿਚ ਪੌਦੇ ਲਗਾਏ ਜਾ ਰਹੇ ਹਨ ਅਤੇ ਨਾਲ ਹੀ ਇਨ੍ਹਾਂ ਦਾ ਸੰਰਕਸ਼ਣ ਵੀ ਕੀਤਾ ਜਾ ਰਿਹਾ ਹੈ। ਪ੍ਰੋਗਰਾਮ ਦਾ ਆਰੰਭ ਪ੍ਰੇਰਨਾਦਾਇਕ ਭਗਤੀ ਗੀਤਾਂ ਦਾ ਗਾਇਨ ਕਰਕੇ ਹੋਇਆ। ਸਾਧਕਾਂ ਨੇ ਸਰੀਰਿਕ ਅਤੇ ਆਤਮਿਕ ਲਾਭਾਂ ਤੋਂ ਭਰਪੂਰ ਇਸ ਪ੍ਰੋਗਰਾਮ ਦਾ ਪੂਰਾ ਲਾਭ ਪ੍ਰਾਪਤ ਕੀਤਾ।

# ਪੇਂਡੂ ਬੇਰੁਜ਼ਗਾਰ ਨੌਜਵਾਨਾਂ ਲਈ ਡੇਅਰੀ ਫਾਰਮਿੰਗ ਸਿਖਲਾਈ ਕੋਰਸ 24 ਤੋਂ



ਧਾਰੀਵਾਲ, (ਮਨਦੀਪ ਸਿੰਘ ਵਿੱਕੀ ) - ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ/ਲੜਕੀਆਂ,ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਲਾਕ-ਬੀ, ਚੌਥੀ ਮੰਜ਼ਿਲ, ਕਮਰਾ ਨੰ:508 ਵਿਖੇ 24 ਜੂਨ ਤੱਕ ਅਰਜ਼ੀਆਂ ਦੇ ਸਕਦੇ ਹਨ।ਜਾਇੰਟ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ, ਪੰਜਾਬ ਕਸ਼ਮੀਰ ਸਿੰਘ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਣਾਉਣ ਲਈ 2 ਹਫ਼ਤੇ ਦੀ ਡੇਅਰੀ ਸਿਖਲਾਈ ਮਿਤੀ 24 ਜੂਨ ਤੋਂ ਡੇਅਰੀ ਸਿਖਲਾਈ 'ਤੇ ਵਿਸਥਾਰ ਕੇਂਦਰ, ਵੇਰਕਾ (ਜ਼ਿਲ੍ਹਾ ਅੰਮ੍ਰਿਤਸਰ) ਵਿਖੇ ਕਰਵਾਈ ਜਾਣੀ ਹੈ। ਇਸ ਸਿਖਲਾਈ ਕੋਰਸ ਵਿੱਚ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਬੇਰੁਜ਼ਗਾਰ ਨੌਜਵਾਨ ਲੜਕੇ/ਲੜਕੀਆਂ ਜੋ ਘੱਟੋ ਘੱਟ 5ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ।ਸਿਖਲਾਈ ਉਪਰੰਤ ਵਿਭਾਗ ਵੱਲੋਂ ਸਬੰਧਤਾਂ ਨੂੰ ਵੱਖ-ਵੱਖ ਬੈਂਕਾਂ ਤੋਂ ਡੇਅਰੀ ਕਰਜ਼ੇ ਦੀ ਸੁਵਿਧਾ ਰਾਹੀਂ 2 ਤੋਂ 20 ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਤ ਕਰਵਾ ਕੇ 25 ਫ਼ੀਸਦੀ ਜਨਰਲ ਅਤੇ 33 ਫ਼ੀਸਦੀ ਅ.ਜਾਤੀ ਲਈ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਚਾਹਵਾਨ ਲੜਕੇ/ਲੜਕੀਆਂ ਇਸ ਸਬੰਧੀ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ, ਗੁਰਦਾਸਪੁਰ ਨਾਲ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ਼ ਫ਼ੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਫੋਨ ਨੰਬਰ 8054800880, 7508973471 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਪਿੰਡ ਤੂਤ 'ਚ ਮਲੇਰੀਆ ਮਹੀਨਾ ਮਨਾਇਆ



ਪੱਟੀ, (ਬਲਦੇਵ ਸਿੰਘ ਸੰਧੂ /ਸ਼ਮਸ਼ੇਰ ਸਿੰਘ ਯੋਧਾ) - ਸਿਹਤ ਵਿਭਾਗ ਵੱਲੋਂ ਪਿੰਡ ਤੂਤ ਦੇ ਸਬ ਸੈਂਟਰ ਵਿਖੇ ਮਲੇਰੀਆ ਮਹੀਨਾ ਮਨਾਇਆ ਗਿਆ। ਸਿਵਲ ਸਰਜਨ ਡਾ. ਭਾਰਤ ਭੂਸ਼ਨ ਦੀ ਯੋਗ ਅਗਵਾਈ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਅਫਸਰ ਸਿਮਰਨ ਕੌਰ ਤੇ ਡਾ. ਅਮਨਦੀਪ ਸਿੰਘ ਦੀ ਰਹਿਨੁਮਾਈ ਤੇ ਸੀ ਐਚ ਸੀ ਖੇਮਕਰਨ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸਰਬਜੀਤ ਸਿੰਘ ਦੀ ਦੇਖ ਰੇਖ ਹੇਠ ਸਬ ਸੈਂਟਰ ਤੂਤ ਵਿਖੇ ਮਲੇਰੀਆ ਮਹੀਨਾ ਮਨਾਇਆ ਗਿਆ। ਬਲਵਿੰਦਰ ਸਿੰਘ ਐਸ ਆਈ ਨੇ ਦੱਸਿਆ ਕਿ ਮਲੇਰੀਆ ਬੁਖਾਰ ਮਾਦਾ ਐਨਾਫਲੀਜ਼ ਦੇ ਨਾਮ ਦੇ ਮੱਛਰ ਦੇ ਕੱਟਣ ਦੇ ਨਾਲ ਹੁੰਦਾ ਹੈ। ਇਹ ਮੱਛਰ ਸਾਡੇ ਘਰਾਂ ਦੇ ਆਲੇ ਦੁਆਲੇ ਖੜ੍ਹੇ ਪਾਣੀ ਅਤੇ ਗੰਦਗੀ ਵਾਲੀਆਂ ਜਗ੍ਹਾ 'ਤੇ ਪੈਦਾ ਹੁੰਦਾ ਹੈ। ਇਸ ਲਈ ਸਾਨੂੰ ਘਰਾਂ ਦੇ ਆਲੇ ਦੁਆਲੇ ਦੀ ਸਾਫ ਸਫਾਈ ਰੱਖਣੀ ਚਾਹੀਦੀ ਹੈ। ਪਾਣੀ ਖੜ੍ਹਾ ਨਹੀ ਹੋਣ ਦੇਣਾ ਚਾਹੀਦਾ। ਘਰਾਂ ਵਿਚ ਲੱਗੇ ਕੂਲਰਾਂ, ਫਰਿਜਾਂ ਦੀਆਂ ਟਰੇਆਂ, ਗਮਲਿਆਂ ਆਦਿ ਦੀ ਹਫਤੇ ਵਿਚ ਇਕ ਵਾਰ ਸਾਫ ਸਫਾਈ ਜ਼ਰੂਰ ਕਰਨੀ ਚਾਹੀਦੀ ਹੈ ਤਾਂ ਜੋ ਮਲੇਰੀਆ ਦਾ ਮੱਛਰ ਪੈਦਾ ਨਾ ਹੋ ਸਕਣ। ਮਲੇਰੀਆ ਦੇ ਮੱਛਰ ਤੋ ਬਚਾਅ ਵਾਸਤੇ ਸਾਨੂੰ ਪੂਰੇ ਬਾਜੂ ਦੇ ਕੱਪੜੇ ਪਹਿਨਣੇ ਚਾਹੀਦੇ, ਘਰਾਂ ਨੂੰ ਜਾਲੀਦਾਰ ਦਰਵਾਜ਼ਿਆਂ ਦੀ ਵਰਤੋਂ ਕਰਨੀ ਚਾਹੀਦੀ, ਮੱਛਰ ਭਜਾਊ ਕਰੀਮਾਂ ਦੀ ਵਰਤੋਂ ਕਰਨੀ ਚਾਹੀਦੀ ਹੈ। ਇਸ ਮੌਕੇ ਏ ਐਨ ਐਮ ਰਜਵੰਤ ਕੌਰ, ਮ ਪ ਹ ਵ ਗੁਰਜੀਤ ਸਿੰਘ ਅਤੇ ਆਸ਼ਾ ਵਰਕਰ ਅਤੇ ਪਿੰਡ ਦੇ ਮੋਹਤਬਰ ਵਿਅਕਤੀ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਗੁਰਵੀਰ ਸਿੰਘ, ਤਰਨ ਤਾਰਨ



ਪ੍ਰਭਲੀਨ ਕੌਰ

# ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਵੱਲ ਧਿਆਨ ਦੇਵੇ : ਅਜਨੋਹਾ




**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)** ਮੁਲਾਜ਼ਮ-ਪੈਨਸ਼ਨਰ ਸਾਂਝਾ ਫਰੰਟ ਦੀ ਇੱਕ ਅਹਿਮ ਮੀਟਿੰਗ ਪੈਨਸ਼ਨਰ ਆਗੂ ਪ੍ਰਿੰਸੀਪਲ ਪਿਆਰਾ ਸਿੰਘ ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਆਗੂ ਉਂਕਾਰ ਸਿੰਘ ਅਤੇ ਫੈਡਰੇਸ਼ਨ ਆਗੂ ਮਨਜਿੰਦਰ ਸਿੰਘ ਲੱਕੀ ਦੀ ਅਗਵਾਈ ਵਿੱਚ ਹੋਈ। ਮੀਟਿੰਗ ਵਿੱਚ ਮੁਲਾਜ਼ਮ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਆਪਣੇ ਸੰਬੋਧਨ ਦੌਰਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਮੁਲਾਜਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਲਗਾਤਾਰ ਘੇਸਲ ਵੱਟੀ ਹੋਈ ਹੈ। ਪੁਰਾਣੀ ਪੈਨਸ਼ਨ ਬਹਾਲ ਕਰਨ, ਸੇਵਾਮੁਕਤੀ ਦੇ ਨੇੜੇ ਅਤੇ ਬੇਕਸੂਰ ਪੁਲਸ ਮੁਲਾਜ਼ਮਾਂ ਦੀਆਂ ਦੂਰ-ਦੁਰਾਡੇ ਜਬਰੀ ਬਦਲੀਆਂ, ਪੇਅ-ਕਮਿਸ਼ਨ ਬਕਾਏ, ਪੈਨਸ਼ਨਰਾਂ ਲਈ 2.59 ਗੁਣਾਂਕ, ਮੁਲਾਜਮਾਂ ਦੇ ਬੰਦ ਕੀਤੇ 37 ਭੱਤੇ, ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ, ਜਬਰੀ ਥੋਪਿਆ ਕੇਂਦਰੀ ਪੇਅ-ਕਮਿਸ਼ਨ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਰੈਗੂਲਰ ਕਰਨ, ਮਿਡ-ਡੇ-ਮੀਲ ਵਰਕਰ- ਡੇਲੀਵੇਜ ਵਰਕਰ- ਆਊਟਸੋਰਸ ਮੁਲਾਜਮ ਅਤੇ ਇਨਲਿਸਟਮੈਂਟ ਮੁਲਾਜਮਾਂ ਸਬੰਧੀ ਕੋਈ ਵੀ ਜਮੀਨੀ ਪੱਧਰ 'ਤੇ ਫੈਸਲੇ ਪੰਜਾਬ ਸਰਕਾਰ ਵਲੋਂ ਨਹੀਂ ਕੀਤੇ ਗਏ। ਆਗੂਆਂ ਵਲੋਂ ਕਿਹਾ ਗਿਆ ਕਿ ਪੰਜਾਬ ਸਰਕਾਰ ਜਲਦ ਤੋਂ ਜਲਦ ਮੁਲਾਜਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ ਮੰਗਾਂ ਵੱਲ ਧਿਆਨ ਦੇਵੇ। ਇਸ ਮੌਕੇ ਸਤਨਾਮ ਸਿੰਘ, ਟੇਕ ਚੰਦ, ਅਮਰਜੀਤ ਸਿੰਘ, ਕਸ਼ਮੀਰ ਸਿੰਘ, ਮਹਿੰਦਰ ਪਾਲ, ਮੋਹਣ ਸਿੰਘ, ਬਲਵਿੰਦਰ ਰਾਮ, ਸੁਰਜੀਤ ਸਿੰਘ, ਰਵਿੰਦਰ ਕੁਮਾਰ ਅਤੇ ਵੱਡੀ ਗਿਣਤੀ ਵਿੱਚ ਮੁਲਾਜ਼ਮ ਅਤੇ ਪੈਨਸ਼ਨਰਜ ਮੌਜੂਦ ਸਨ।

## ਡਿਪਟੀ ਕਮਿਸ਼ਨਰ ਵੱਲੋਂ ਸਟਰਾਂਗ ਰੂਮ ਤੇ ਗਿਣਤੀ ਕੇਂਦਰ ਦਾ ਦੌਰਾ



**ਜਲੰਧਰ ( ਸ਼ੈਲੀ ਐਲਬਰਟ)**:ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਵਿਧਾਨ ਸਭਾ ਹਲਕਾ 034-ਜਲੰਧਰ ਪੱਛਮੀ (ਅ.ਜ.) ਦੀ ਜਿਮਨੀ ਚੋਣ ਦੇ ਮੱਦੇਨਜ਼ਰ ਸਥਾਨਕ ਲਾਇਲਪੁਰ ਖਾਲਸਾ ਕਾਲਜ ਫਾਰ ਵੂਮੈਨ ਵਿਖੇ ਪ੍ਰਸਤਾਵਿਤ ਗਿਣਤੀ ਕੇਂਦਰ ਅਤੇ ਪੋਸਟ ਪੋਲ ਈ.ਵੀ.ਐਮ. ਸਟਰਾਂਗ ਰੂਮ ਦਾ ਦੌਰਾ ਕੀਤਾ।ਡਿਪਟੀ ਕਮਿਸ਼ਨਰ ਨੇ ਵਧੀਕ ਡਿਪਟੀ ਕਮਿਸ਼ਨਰ ਜਸਬੀਰ ਸਿੰਘ ਅਤੇ ਏ.ਡੀ.ਸੀ.ਪੀ. ਸੁਖਵਿੰਦਰ ਸਿੰਘ ਸਮੇਤ ਪ੍ਰਸਤਾਵਿਤ ਗਿਣਤੀ ਕੇਂਦਰ ਅਤੇ ਸਟਰਾਂਗ ਰੂਮ ਵਿਖੇ ਪ੍ਰਬੰਧਾਂ ਦਾ ਬਾਰੀਕੀ ਨਾਲ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਕਿਹਾ ਸਮੁੱਚੇ ਇੰਤਜ਼ਾਮ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਯਕੀਨੀ ਬਣਾਏ ਜਾਣ। ਡਾ. ਅਗਰਵਾਲ ਨੇ ਵਿਧਾਨ ਸਭਾ ਹਲਕੇ ਲਈ 10 ਜੁਲਾਈ ਨੂੰ ਵੋਟਾਂ ਪੈਣ ਉਪਰੰਤ ਸਟਰਾਂਗ ਰੂਮਾਂ ਵਿੱਚ ਰੱਖੀਆਂ ਜਾਣ ਵਾਲੀਆਂ ਵੋਟਿੰਗ ਮਸ਼ੀਨਾਂ ਦੀ 24 ਘੰਟੇ ਨਿਗਰਾਨੀ ਲਈ ਸੀ.ਸੀ.ਟੀ.ਵੀ. ਕੈਮਰੇ, ਨਿਰਵਿਘਨ ਬਿਜਲੀ ਸਪਲਾਈ, ਅੱਗ ਤੋਂ ਸੁਰੱਖਿਆ ਦੇ ਉਪਾਅ, ਸੁਰੱਖਿਆ ਆਦਿ ਦੇ ਵੇਰਵੇ ਲੈਂਦਿਆਂ ਉਕਤ ਸਾਰੇ ਇੰਤਜ਼ਾਮ ਅਗਾਊਂ ਮੁਕੰਮਲ ਕਰਨ ਦੀਆਂ ਹਦਾਇਤਾਂ ਦਿੱਤੀਆਂ। ਉਨ੍ਹਾਂ ਗਿਣਤੀ ਕੇਂਦਰ ਅਤੇ ਸਟਰਾਂਗ ਰੂਮ ਦੀ ਫੁੱਲ ਪਰੂਫ ਸੁਰੱਖਿਆ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸੁਰੱਖਿਆ ਪੱਖੋਂ ਪ੍ਰਬੰਧ ਪੁਖ਼ਤਾ ਹੋਣੇ ਚਾਹੀਦੇ ਹਨ। ਜਿਮਨੀ ਚੋਣਾਂ ਅਮਾਨ-ਅਮਾਨ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਦੀ ਵਚਨਬੱਧਤਾ ਦਹੁਰਾਉਂਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੁੱਚੀ ਚੋਣ ਪ੍ਰਕਿਰਿਆ ਨਿਰਵਿਘਨ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹੀ ਜਾਵੇਗੀ।

## ਨੇਤਰ ਦਾਨੀ ਪਰਵਾਰਾਂ ਨੇ ਜ਼ਿਲ੍ਹੇ ਦਾ ਨਾਂਅ ਦੇਸ਼ ਭਰ 'ਚ ਰੋਸ਼ਨ ਕੀਤਾ : ਪ੍ਰੋਫੈਸਰ ਸੁਨੇਤ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ )**—ਹੁਸ਼ਿਆਰਪੁਰ ਦੀ ਉੱਘੀ ਸਮਾਜ ਸੇਵੀ ਸੰਸਥਾ ਨੇਤਰ ਦਾਨ ਐਸੋਸੀਏਸ਼ਨ ਜਿਸ ਦਾ ਮੁੱਖ ਦਫਤਰ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਸਥਿਤ ਹੈ ਪਿਛਲੇ 25 ਸਾਲਾਂ ਤੋਂ ਵੱਧ ਸਮੇਂ ਤੋਂ ਨੇਤਰ ਦਾਨ ਮਹਾਨ ਦਾਨ ਦੇ ਸੰਦੇਸ਼ ਨੂੰ ਘਰ ਘਰ ਪਹੁਚਾਉਣ ਲਈ ਉਪਰਾਲੇ ਕਰ ਰਹੀ ਹੈ। ਹੁਸ਼ਿਆਰਪੁਰ ਦੇ ਨੇਤਰ ਦਾਨੀ ਪਰਵਾਰਾਂ ਨੇ ਜਿਥੇ ਮਾਨਵਤਾ ਦੀ ਸੇਵਾ ਲਈ ਆਪਣੇ ਸਾਕ ਸਬੰਧੀਆਂ ਦੀਆਂ ਅੱਖਾਂ ਦਾਨ ਕਰਵਾਕੇ ਸੈਂਕੜੇ ਹੀ ਪੁਤਲੀ ਦੀ ਖਰਾਬੀ ਕਾਰਨ ਨੇਤਰਹੀਣ ਹੋਏ ਲੋਕਾਂ ਦੀ ਜ਼ਿੰਦਗੀ ਨੂੰ ਰੋਸ਼ਨ ਕਰਨ ਲਈ ਵੱਡਮੁੱਲਾ ਯੋਗਦਾਨ ਪਾਇਆ ਹੈ ਉਥੇ ਇਸ ਮਹਾਨ ਸੇਵਾ ਕਾਰਜ ਨੇ ਹੁਸ਼ਿਆਰਪੁਰ ਦਾ ਨਾਂਅ ਵੀ ਦੇਸ਼ ਭਰ ਵਿੱਚ ਰੋਸ਼ਨ ਕੀਤਾ ਹੈ। ਇਹ ਸ਼ਬਦ ਐਸੋਸੀਏਸ਼ਨ ਦੇ ਸਰਪ੍ਰਸਤ ਪ੍ਰੋਫੈਸਰ ਬਹਾਦਰ ਸਿੰਘ ਸੁਨੇਤ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਮੁਕਤ ਧਾਮ, ਕੱਚਾ ਟੋਬਾ ਵਿਖੇ ਹੋਏ ਸਮਾਗਮ ਦੌਰਾਨ ਕਹੇ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਨੇਤਰ ਦਾਨ ਸੇਵਾ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣ ਅਤੇ ਕਿਹਾ ਅੱਖਾਂ ਦੀ ਪੁਤਲੀ ਦੀ ਖਰਾਬੀ ਕਾਰਨ ਨੇਤਰਹੀਣ ਵਿਅਕਤੀਆਂ ਦਾ ਇਲਾਜ ਐਸੋਸੀਏਸ਼ਨ ਵੱਲੋਂ ਮੁਫ਼ਤ ਕਰਵਾ ਕੇ ਦਿੱਤਾ ਜਾਂਦਾ ਹੈ ।ਇਸ ਮੌਕੇ 'ਤੇ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਬਚਿੱਤਰ ਸਿੰਘ, ਗੁਰਦੀਪ ਸਿੰਘ, ਕਰਮਜੀਤ ਕੌਰ ਅਤੇ ਗੁਰਿੰਦਰ ਕੌਰ ਵੱਲੋਂ ਆਪਣੀਆਂ ਅੱਖਾਂ ਦਾਨ ਕਰਨ ਦੇ ਪ੍ਰਣ ਪੱਤਰ ਭਰੇ ਅਤੇ ਕਿਹਾ ਕਿ ਉਹ ਨੇਤਰ ਦਾਨ ਸੇਵਾ ਨੂੰ ਘਰ ਘਰ ਪਹੁੰਚਾਉਣਗੇ ਤਾਂ ਕਿ ਦੇਸ਼ ਦੇ ਹਰ ਨੇਤਰਹੀਣ ਦੀ ਜ਼ਿੰਦਗੀ ਨੂੰ ਰੋਸ਼ਨ ਕੀਤਾ ਜਾ ਸਕੇ।ਐਸੋਸੀਏਸ਼ਨ ਦੇ ਮੈਂਬਰਾਂ ਗੁਰਪ੍ਰੀਤ ਸਿੰਘ, ਹਰਭਜਨ ਸਿੰਘ ਅਤੇ ਜਤਿੰਦਰ ਕੌਰ ਵੱਲੋਂ ਨੇਤਰਦਾਨ ਕਰਨ ਵਾਲੇ ਵਿਅਕਤੀਆਂ ਨੂੰ ਸਨਮਾਨਿਤ ਕੀਤਾ।

# ਜ਼ਿਲ੍ਹਾ ਟਾਸਕ ਫੋਰਸ ਵੱਲੋਂ ਬਾਲ ਮਜ਼ਦੂਰੀ ਸੰਬੰਧੀ ਚੈਕਿੰਗ



**ਨਵਾਂਸ਼ਹਿਰ (ਮਨੋਜ ਲਾਡੀ)**–ਬਾਲ ਮਜ਼ਦੂਰੀ ਖਿਲਾਫ ਐਕਸ਼ਨ ਮਹੀਨਾ ਮਨਾਉਂਦੇ ਹੋਏ ਜ਼ਿਲ੍ਹਾ ਨਵਾਂਸ਼ਹਿਰ ਦੇ ਬਲਾਚੌਰ ਬਲਾਕ ਵਿੱਚ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ (ਆਈ.ਏ.ਐਸ) ਅਤੇ ਡਾਇਰੈਕਟਰ ਸਮਾਜਿਕ ਸੁਰੱਖਿਆ ਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਟਾਸਕ ਫੋਰਸ ਵੱਲੋਂ ਬਾਲ ਮਜ਼ਦੂਰੀ ਸਬੰਧੀ ਚੈਕਿੰਗ ਕੀਤੀ ਗਈ। ਇਹ ਚੈਕਿੰਗ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਦੀ ਅਗਵਾਈ ਹੇਠ ਕੀਤੀ ਗਈ। ਚੈਕਿੰਗ ਦੌਰਾਨ ਬਲਾਚੌਰ ਬਲਾਕ ਦੇ ਗੜ੍ਹਸ਼ੰਕਰ ਰੋਡ, ਭੱਦੀ ਰੋਡ ਅਤੇ ਚੰਡੀਗੜ੍ਹ ਚੌਂਕ ਅਤੇ ਮੇਨ ਬਾਜ਼ਾਰ ਤੇ ਢਾਬਿਆਂ 'ਤੇ ਚੈਕਿੰਗ ਕੀਤੀ ਗਈ, ਟੀਮ ਵੱਲੋਂ ਬਾਲ ਭਿਖਿਆ ਵਿੱਚ ਲੱਗੇ ਹੋਏ ਇੱਕ ਬੱਚੇ ਨੂੰ ਰੈਸਕਿਊ ਕੀਤਾ ਗਿਆ ਅਤੇ ਮੌਕੇ 'ਤੇ ਹਾਜ਼ਰ ਲੇਬਰ ਅਫਸਰ ਵੱਲੋਂ ਬਾਲ ਮਜ਼ਦੂਰੀ ਕਰਵਾਉਣ ਵਾਲੇ ਦੁਕਾਨਦਾਰ ਖਿਲਾਫ ਚਲਾਨ ਵੀ ਕੱਟਿਆ ਗਿਆ।ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਬੱਚੇ ਨੂੰ ਬਾਲ ਭਲਾਈ ਕਮੇਟੀ ਅੱਗੇ ਪੇਸ਼ ਕੀਤਾ ਗਿਆ। ਬਾਲ ਭਲਾਈ ਕਮੇਟੀ ਵੱਲੋਂ ਰੈਸਕਿਊ ਕੀਤੇ ਗਏ ਬੱਚੇ ਦੇ ਦਸਤਾਵੇਜ ਵੈਰੀਫਾਈ ਕੀਤੇ ਗਏ ਅਤੇ ਬੱਚੇ ਦੇ ਮਾਂ ਪਿਓ ਬਿਹਾਰ ਵਿੱਚ ਹੋਣ ਕਾਰਨ ਬੱਚੇ ਦੇ ਰਿਸ਼ਤੇਦਾਰ ਨੂੰ ਬਾਲ ਭਲਾਈ ਕਮੇਟੀ ਵੱਲੋਂ ਫਿਟ ਪਰਸਨ ਕਰਾਰ ਦਿੰਦੇ ਹੋਏ ਉਹਨਾਂ ਦੇ ਸਪੁਰਦ ਕੀਤਾ ਗਿਆ । ਚੈਕਿੰਗ ਟੀਮ ਵਿੱਚ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਤੋਂ ਰਜਿੰਦਰ ਕੌਰ ਬਾਲ ਸੁਰੱਖਿਆ ਅਫਸਰ, ਸੰਤੋਸ਼ ਡਾਟਾ ਐਂਟਰੀ ਆਪਰੇਟਰ , ਸਿੱਖਿਆ ਵਿਭਾਗ ਤੋਂ ਟੀਚਰ ਚਰਨਜੀਤ ਸਿੰਘ, ਗੁਰਪ੍ਰੀਤ ਸਿੰਘ ਸਿਹਤ ਵਿਭਾਗ, ਸਮਾਜਿਕ ਸੁਰੱਖਿਆ ਦਫਤਰ ਤੋਂ ਸਿੰਦਰਪਾਲ ਕਲਰਕ, ਹਰਵਿੰਦਰ ਸਿੰਘ ਲੇਬਰ ਅਫਸਰ, ਪੁਲਸ ਵਿਭਾਗ ਤੋਂ ਅਮਰਜੀਤ ਸਿੰਘ ਏਐਸਆਈ ਅਤੇ ਮਨਦੀਪ ਕੌਰ ਕਾਂਸਟੇਬਲ ਅਤੇ ਨਗਰ ਕੌਂਸਲ ਵਿਭਾਗ ਤੋਂ ਬਲਜੀਤ ਸਿੰਘ ਹਾਜ਼ਰ ਸਨ।

# ਪੰਜਾਬ ਮੰਡੀ ਬੋਰਡ ਨੇ ਗੁਰੂ ਅਰਜਨ ਦੇਵ ਦੀ ਸ਼ਹਾਦਤ ਨੂੰ ਸਮਰਪਤ ਛਬੀਲ ਲਗਾਈ




**ਐਸ.ਏ.ਐਸ. ਨਗਰ ( ਗੁਰਜੀਤ ਬਿੱਲਾ)** - ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਿਤ ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਰਹਿਨੁਮਾਈ ਹੇਠ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ। ਬਰਸਟ ਨੇ ਕਿਹਾ ਕਿ ਹਰ ਵਿਅਕਤੀ ਨੂੰ ਸ਼ਾਂਤੀ ਦੇ ਪੁੰਜ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੋਂ ਸਿੱਖਿਆ ਲੈਣੀ ਚਾਹੀਦੀ ਹੈ। ਸਾਨੂੰ ਗੁਰੂ ਜੀ ਦੀ ਸ਼ਹਾਦਤ ਨੂੰ ਆਪਣੇ ਮਨ ਵਿੱਚ ਵਸਾ ਕੇ ਰੱਖਣਾ ਚਾਹੀਦਾ ਹੈ ਤਾਂ ਜੋ ਜੀਵਨ ਵਿੱਚ ਆਉਣ ਵਾਲੀ ਕਿਸੇ ਵੀ ਔਖੀ ਘੜੀ ਵਿੱਚ ਅਸੀਂ ਆਪਣੇ ਮਾਰਗ ਤੋਂ ਨਾ ਡੋਲੀਏ।ਉਨ੍ਹਾਂ ਕਿਹਾ ਕਿ ਗੁਰੂ ਜੀ ਨੂੰ ਤੱਤੀ ਤਵੀ 'ਤੇ ਬਿਠਾਇਆ ਗਿਆ ਅਤੇ ਉਨ੍ਹਾਂ 'ਤੇ ਗਰਮ ਰੇਤ ਪਾਈ ਗਈ, ਪਰ ਗੁਰੂ ਜੀ ਸ਼ਾਂਤ ਰਹੇ। ਸਾਨੂੰ ਵੀ ਉਨ੍ਹਾਂ ਵਾਂਗ ਆਪਣੇ ਜੀਵਨ ਵਿੱਚ ਅਡੋਲ ਰਹਿਣਾ ਚਾਹੀਦਾ ਹੈ ਅਤੇ ਹਰੇਕ ਔਕੜ ਦਾ ਡਟ ਕੇ ਮੁਕਾਬਲਾ ਕਰਨਾ ਚਾਹੀਦਾ ਹੈ। ਚੇਅਰਮੈਨ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪੰਜਾਬ ਮੰਡੀ ਬੋਰਡ ਵੱਲੋਂ ਹਮੇਸ਼ਾ ਤੋਂ ਹੀ ਲੋਕ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ, ਜੋ ਕਿ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਇਸ ਦੌਰਾਨ ਠੰਡੇ ਮਿੱਠੇ ਜਲ ਦੇ ਨਾਲ-ਨਾਲ ਸੰਗਤ ਵਿੱਚ ਗੁਰੂ ਜੀ ਦਾ ਪ੍ਰਸਾਦ ਵੀ ਵਰਤਾਇਆ ਗਿਆ। ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਤਨ-ਮਨ-ਧਨ ਨਾਲ ਸੇਵਾ ਨਿਭਾਈ ਗਈ।

## ਗੁਰੂ ਨਾਨਕ ਨਾਮ ਲੇਵਾ ਚੈਰੀਟੇਬਲ ਫਾਊਂਡੇਸ਼ਨ ਨੇ ਮੁਫ਼ਤ ਮੈਡੀਕਲ ਕੈਂਪ ਲਾਇਆ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਗੁਰੂ ਨਾਨਕ ਨਾਮ ਲੇਵਾ ਚੈਰੀਟੇਬਲ ਫਾਊਂਡੇਸ਼ਨ ਵੱਲੋਂ ਹੁਸ਼ਿਆਰਪੁਰ ਦੇ ਮੁਹੱਲਾ ਲਾਭ ਨਗਰ ਵਿਖੇ ਸਥਿਤ ਗੁਰੂ ਨਾਨਕ ਸੇਵਾ ਘਰ ਵਿਖੇ 'ਦਿ ਹੰਸ ਫਾਊਂਡੇਸ਼ਨ' ਦੇ ਸਹਿਯੋਗ ਨਾਲ ਮੁਫ਼ਤ ਮੈਡੀਕਲ ਕੈਂਪ ਲਾਇਆ ਗਿਆ । ਇਸ ਕੈਂਪ ਦਾ ਉਦਘਾਟਨ ਗੁਰੂ ਨਾਨਕ ਨਾਮ ਲੇਵਾ ਚੈਰੀਟੇਬਲ ਫਾਊਂਡੇਸ਼ਨ ਦੇ ਪ੍ਰਧਾਨ ਸੁਰਿੰਦਰ ਸਿੰਘ ਸੂਰ ਯੂਕੇ ਵਾਲਿਆਂ ਨੇ ਕੀਤਾ । ਇਸ ਸਬੰਧੀ ਜਾਣਕਾਰੀ ਦਿੰਦੇ ਗੁਰੂ ਨਾਨਕ ਸੇਵਾ ਘਰ ਦੇ ਪ੍ਰਬੰਧਕ ਰਜਿੰਦਰ ਕੌਰ ਨੇ ਦੱਸਿਆ ਕਿ ਗੁਰੂ ਨਾਨਕ ਸੇਵਾ ਘਰ ਦੇ ਵਿੱਚ ਕਰੀਬ 2 ਦਰਜਨ ਤੋਂ ਵੀ ਵਧੇਰੇ ਬਜ਼ੁਰਗ ਮਰਦ ਅਤੇ ਔਰਤਾਂ ਰਹਿ ਰਹੇ ਹਨ ਜਿਨ੍ਹਾਂ ਦੀ ਦੇਖਭਾਲ ਤੇ ਸਾਂਭ ਸੰਭਾਲ ਗੁਰੂ ਨਾਨਕ ਨਾਮ ਲੇਵਾ ਚੈਰੀਟੇਬਲ ਫਾਊਂਡੇਸ਼ਨ ਦੇ ਪ੍ਰਧਾਨ ਸੁਰਿੰਦਰ ਸਿੰਘ ਸੂਰ ਯੂਕੇ ਵਾਲਿਆਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੀਤੀ ਜਾਂਦੀ ਹੈ । ਫਾਊਂਡੇਸ਼ਨ ਵੱਲੋਂ ਘਰ ਵਿੱਚ ਰਹਿ ਰਹੇ ਬਜ਼ੁਰਗਾਂ ਅਤੇ ਹੋਰ ਸੰਗਤ ਵਾਸਤੇ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ ਜਿਸ ਵਿੱਚ 60 ਤੋਂ ਜਿਆਦਾ ਮਰੀਜ਼ਾਂ ਦੇ ਮੈਡੀਕਲ ਟੈਸਟ ਮੁਫ਼ਤ ਕੀਤੇ ਗਏ ਅਤੇ ਸਾਰੇ ਮਰੀਜ਼ਾਂ ਨੂੰ ਲੋੜ ਅਨੁਸਾਰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ । ਮੈਡੀਕਲ ਟੀਮ ਵਿੱਚ ਓਮ ਰਾਮ ਪ੍ਰੋਜੈਕਟ ਕੋਆਰਡੀਨੇਟਰ, ਡਾਕਟਰ ਪ੍ਰੀਤਿਕਾ ਸਿੰਘ ਮੈਡੀਕਲ ਅਫਸਰ, ਹਰਜੀਤ ਸਿੰਘ ਸੋਸ਼ਲ ਪ੍ਰੋਟੈਕਸ਼ਨ ਅਫਸਰ, ਵਿਨੋਦ ਕੁਮਾਰ ਲੈਬ ਟੈਕਨੀਸ਼ਨ, ਸੁਨੀਲ ਸਿੰਘ ਰਾਵਲ ਫਾਰਮਾਸਿਸਟ, ਹਰਵਿੰਦਰ ਸਿੰਘ ਪਾਇਲਟ, ਦੀਪਕ ਕੁਮਾਰ ਡਰੱਗ ਇੰਚਾਰਜ ਸ਼ਾਮਲ ਸਨ।

## ਪੈਂਡਿੰਗ ਕੇਸਾਂ ਦਾ ਨਿਪਟਾਰਾ ਜਲਦੀ ਯਕੀਨੀ ਬਣਾਇਆ ਜਾਵੇ : ਵਰਮਾ



**ਨਵਾਂਸ਼ਹਿਰ (ਮਨੋਜ ਲਾਡੀ)**–ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ, ਪੀ.ਸੀ.ਐਸ ਵਲੋਂ ਸਰਫੇਸੀ ਐਕਟ 2002 ਅਧੀਨ ਪੈਂਡਿੰਗ ਕੇਸਾਂ ਸਬੰਧੀ ਤਹਿਸੀਲਦਾਰ, ਨਵਾਂਸ਼ਹਿਰ, ਬੰਗਾ, ਬਲਾਚੌਰ ਅਤੇ ਐੱਲ.ਡੀ.ਐੱਮ ਹਰਮੇਸ਼ ਲਾਲ, ਸ਼ਹੀਦ ਭਗਤ ਸਿੰਘ ਨਗਰ ਨਾਲ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਨੋਡਲ ਅਫਸਰ ਮਨਦੀਪ ਸਿੰਘ ਮਾਨ, ਜ਼ਿਲ੍ਹਾ ਮਾਲ ਅਫਸਰ ਵੀ ਹਾਜਰ ਆਏ। ਮੀਟਿੰਗ ਦੌਰਾਨ ਸਬੰਧਤ ਤਹਿਸੀਲਦਾਰਾਂ ਨੂੰ ਹਦਾਇਤ ਕੀਤੀ ਗਈ ਪੈਂਡਿੰਗ ਕੇਸਾਂ ਦੇ ਨਿਪਟਾਰੇ ਸਬੰਧੀ ਸ਼ਡਿਊਲ ਬਣਾ ਕੇ ਐੱਲ.ਡੀ.ਐੱਮ ਨੂੰ ਪਾਬੰਦ ਕੀਤਾ ਗਿਆ ਕਿ ਸਬੰਧਤ ਬੈਂਕਾਂ ਨੂੰ ਮਿਤੀ 21 ਜੂਨ ਨੂੰ 12:00 ਵਜੇ ਤਹਿਸੀਲਦਾਰ ਨਵਾਂਸ਼ਹਿਰ ਅਤੇ ਬਲਾਚੌਰ ਅਤੇ ਤਹਿਸੀਲਦਾਰ, ਬੰਗਾ ਪਾਸ ਮਿਤੀ 25 ਜੂਨ ਨੂੰ ਪੇਸ਼ ਕਰਨ ਦੇ ਪਾਬੰਦ ਹੋਣਗੇ ਤਾਂ ਜ਼ੋ ਪੈਂਡਿੰਗ ਕੇਸਾਂ ਦਾ ਨਿਪਟਾਰਾ ਕੀਤਾ ਜਾ ਸਕੇ। ਵਧੀਕ ਡਿਪਟੀ ਕਮਿਸ਼ਨਰ(ਜ) ਵਲੋਂ ਸਬੰਧਤ ਤਹਿਸੀਲਦਾਰਾਂ ਨੂੰ ਸਖਤ ਹਦਾਇਤ ਕੀਤੀ ਗਈ ਕਿ ਦੋਵਾਂ ਧਿਰਾਂ ਦਾ ਪਹਿਲਾਂ ਸਮਝੌਤਾ ਕਰਵਾਇਆ ਜਾਵੇ ਅਗਰ ਸਮਝੌਤਾ ਨਹੀਂ ਹੁੰਦਾ ਹੈ ਤਾਂ ਪੁਲਸ ਸਹਾਇਤ ਪ੍ਰਾਪਤ ਕਰਕੇ ਕਬਜਾ ਦਿਵਾਇਆ ਜਾਵੇ ਅਤੇ ਹਦਾਇਤ ਕੀਤੀ ਗਈ ਕਿ ਪੈਂਡਿੰਗ ਕੇਸਾਂ ਦਾ ਮਿਤੀ 10 ਜੁਲਾਈ ਤੱਕ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ।

## ਚੱਬੇਵਾਲ ਮੇਰੀ ਕਰਮਭੂਮੀ ਤੇ ਇਸ ਦੇ ਵਿਕਾਸ 'ਚ ਕੋਈ ਕਸਰ ਨਹੀਂ ਛੱਡਾਂਗਾ : ਡਾ. ਚੱਬੇਵਾਲ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ )**-ਹਲਕਾ ਚੱਬੇਵਾਲ ਮੇਰੇ ਰਾਜਨੀਤਿਕ ਜੀਵਨ ਦੀ ਜਨਮ ਭੂਮੀ ਤੇ ਮੇਰੀ ਕਰਮਭੂਮੀ ਹੈ ਜਿਸ ਦੇ ਵਿਕਾਸ ਅਤੇ ਬਿਹਤਰੀ ਲਈ ਮੈਂ ਪੂਰੀ ਲਗਨ ਅਤੇ ਤਨ-ਦੇਹੀ ਨਾਲ ਕੰਮ ਕੀਤੇ ਹਨ ਅਤੇ ਆਪਣੇ ਹਲਕਾ ਵਾਸੀਆਂ ਦੇ ਨਾਲ ਵੀ ਲਗਾਤਾਰ ਰਾਬਤਾ ਕਾਇਮ ਰੱਖਿਆ ਹੈ ਤਾਂ ਜੋ ਉਹਨਾਂ ਦੀਆਂ ਸਮੱਸਿਆਵਾਂ ਨੂੰ ਭਲੀ-ਭਾਂਤ ਜਾਣ ਸਕਾਂ ਅਤੇ ਉਹਨਾਂ ਨੂੰ ਹੱਲ ਕਰਣ ਲਈ ਹਰ ਬਣਦਾ ਉਪਰਾਲਾ ਕਰਦਾ ਰਿਹਾ ਹਾਂ । ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਨੇ ਚੱਬੇਵਾਲ ਵਾਸੀਆਂ ਨੂੰ ਸੰਬੋਧਿਤ ਕਰਦਿਆਂ ਮਨਾਲੀ ਰਿਜ਼ੋਰਟ ਵਿਖੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਚੱਬੇਵਾਲ ਦੀ ਜਨਤਾ ਵੱਲੋ ਦਿਵਾਈ ਗਈ ਸੁਨਾਮੀ ਜਿੱਤ ਲਈ ਚੱਬੇਵਾਲ ਵਾਸੀਆਂ ਲਈ ਆਯੋਜਿਤ ਕੀਤੇ ਗਏ ਧੰਨਵਾਦ ਸਮਾਰੋਹ ਵਿਚ ਸ਼ਿਰਕਤ ਕੀਤੀ । ਇਸ ਮੌਕੇ ਤੇ ਡਾ. ਰਾਜ ਕੁਮਾਰ ਨੇ ਦੱਸਿਆ ਕਿ ਲੋਕ ਸਭਾ ਚੋਣਾਂ ਵਿੱਚ ਮਿਲੀ ਇਸ ਜਿੱਤ ਵਿੱਚ ਜਿੱਥੇ ਸਮੂਹ ਹੁਸ਼ਿਆਰਪੁਰ ਦੀ ਜਨਤਾ ਵੱਲੋਂ ਉਹਨਾਂ ਨੂੰ ਭਰਪੂਰ ਪਿਆਰ ਮਿਲਿਆ ਹੈ, ਉਥੇ ਹੀ ਇਸ ਜਿੱਤ ਦਾ ਅਸਲੀ ਸਿਹਰਾ ਚੱਬੇਵਾਲ ਦੀ ਜਨਤਾ ਦੇ ਸਿਰ ਜਾਂਦਾ ਹੈ ਜਿਨਾਂ ਨੇ ਇਕੱਲੇ ਹੀ 26 ਹਜ਼ਾਰ ਤੋਂ ਵੱਧ ਵੋਟਾਂ ਨਾਲ ਡਾ. ਰਾਜ ਨੂੰ ਜੇਤੂ ਬਣਾਇਆ ਹੈ।ਤਰਕ ਸੰਗਤ ਹੈ ਕਿ ਚੱਬੇਵਾਲ ਵਿੱਚ ਡਾ. ਰਾਜ ਕੁਮਾਰ ਦੀ ਜਿੱਤ ਇੰਨੀ ਵੱਡੀ ਸੀ ਕਿ ਕਾਂਗਰਸ, ਸ਼੍ਰੋਮਣੀ ਅਕਾਲੀ ਦੱਲ ਅਤੇ ਭਾਜਪਾ ਦੇ ਤਿੰਨੋਂ ਉਮੀਦਵਾਰਾਂ ਨੂੰ ਮਿਲਾ ਕੇ ਕੁਲ ਮਿਲੀਆਂ ਵੋਟਾਂ ਕੱਲੇ ਡਾ. ਰਾਜ ਕੁਮਾਰ ਨੂੰ ਮਿਲੀਆਂ ਵੋਟਾਂ ਨਾਲੋਂ ਘੱਟ ਸਨ ਅਤੇ ਅਜਿਹਾ ਫ਼ਤਵਾ ਦੇ ਕੇ ਚੱਬੇਵਾਲ ਦੀ ਜਨਤਾ ਨੇ ਬੀਤੇ 7 ਸਾਲਾਂ ਵਿੱਚ ਡਾ. ਰਾਜ ਕੁਮਾਰ ਵੱਲੋਂ ਕਰਵਾਏ ਗਏ ਹਲਕੇ ਦੇ ਵਿਕਾਸ ਅਤੇ ਹੋਰਨਾਂ ਉਪਰਾਲਿਆਂ ਉੱਤੇ ਆਪਣੇ ਵਿਸ਼ਵਾਸ਼ ਅਤੇ ਪਿਆਰ ਦੀ ਮੋਹਰ ਲਾਈ ਹੈ।ਇਸ ਮੌਕੇ 'ਤੇ ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਦੇ ਅਵਾਸ ਯੋਜਨਾ ਤਹਿਤ ਛੱਤਾਂ ਲਈ 800 ਤੋਂ ਵੀ ਵੱਧ ਚੈੱਕ ਵੰਡੇ ਗਏ ਅਤੇ ਉਹਨਾਂ ਜਨਤਾ ਨੂੰ ਕਿਹਾ ਕਿ ਮੈ ਆਪਣੇ ਗਰੀਬ ਸਾਥੀਆਂ ਦੇ ਪਰਵਾਰਾਂ ਨੂੰ ਉਹਨਾਂ ਦੇ ਸਿਰ 'ਤੇ ਛੱਤ ਦੇਣ ਦਾ ਜੋ ਵਾਅਦਾ ਕੀਤਾ ਸੀ ਮੈਂ ਉਹ ਇਹਨਾਂ ਚੈੱਕ ਰਾਹੀਂ ਪੂਰਾ ਕਰਦੇ ਹੋਏ ਇਹ ਵਿਸ਼ਵਾਸ਼ ਦਵਾਉਂਦਾ ਹਾਂ ਕਿ ਆਉਣ ਵਾਲੇ ਸਮੇਂ ਵਿੱਚ ਚੱਬੇਵਾਲ ਦੇ ਹਰ ਗਰੀਬ ਪਰਵਾਰ ਦੇ ਸਿਰ 'ਤੇ ਛੱਤ ਹੋਵੇਗੀ।





ਜਲੰਧਰ ਪੱਛਮੀ ਉਪ ਚੋਣ ਵਾਸਤੇ ਰਿਟਰਨਿੰਗ ਅ.ਫ਼ਸਰ ਅਲਕਾ ਕਾਲੀਆ ਭਾਜਪਾ ਦੇ ਉਮੀਦਵਾਰ ਸ਼ੀਤਲ ਅੰਗੁਰਾਲ ਕੋਲੋਂ ਨਾਮਜ਼ਦਗੀ ਪੱਤਰ ਪ੍ਰਾਪਤ ਕਰਦੇ ਹੋਏ । ਉਹਨਾਂ ਦੇ ਨਾਲ , ਸਾਬਕਾ ਪਾਰਲੀਮੈਂਟ ਸ਼ੁਸ਼ੀਲ ਕੁਮਾਰ ਰਿੰਕੂ, ਸਾਬਕਾ ਸੀ.ਪੀ.ਐਸ. ਕੇ.ਡੀ. ਭੰਡਾਰੀ, ਸਾਬਕਾ ਮੰਤਰੀ ਮੋਰਨਜੰਨ ਕਾਲੀਆ,ਜਲੰਧਰ ਜ਼ਿਲ੍ਹਾ ਪ੍ਰਧਾਨ ਸੁਸ਼ੀਲ ਸ਼ਰਮਾਅਤੇ ਹੋਰ ਵਿਖਾਈ ਦੇ ਰਹੇ। ( ਫੋਟੋ ਤੇ ਵੇਰਵਾ : ਸ਼ੈਲੀ ਐਲਬਰਟ ਜਲੰਧਰ)



ਖੋਜਕੀਪੁਰ ਸਲਾਲਾ ਵਿਖੇ ਜਾਹਰਪੀਰ ਜੀ ਦੇ ਦਰਬਾਰ 'ਤੇ ਸਾਲਾਨਾ ਜੋੜ ਮੇਲੇ 'ਤੇ ਸਲਾਲਾ ਨਿਵਾਸੀ ਬਿੱਟੂ ਪਲੰਬਰ ਵਲੋ ਹਰ ਸਾਲ ਦੀ ਤਰ੍ਹਾਂ ਠੰਡੀ ਮਿੱਠੀ ਲੱਸੀ ਤੇ ਕੋਕ ਦੀ ਛਬੀਲ ਲਗਾਈ ਗਈ। ਇਸ ਮੌਕੇ ਬਿੱਟੂ , ਜੱਗਾ ਨੰਗਲ ਫੀਦਾ, ਸੋਡੀ ਰਾਮ ਨੰਗਲ ਫੀਦਾ, ਹਰਜਿੰਦਰ ਸਿੰਘ, ਜਗਦੀਪ ਕੁਮਾਰ, ਬੰਟੀ ਸਲਾਲ ਤੇ ਹੋਰ ਸੇਵਾਦਾਰ ਸੇਵਾ ਕਰਦੇ ਹੋਏ ! (ਫੋਟੋ ਤੇ ਵੇਰਵਾ ਪਰਮਜੀਤ ਸਿੰਘ -ਆਦਮਪੁਰ)

## ਆਂਡੇ , ਮੀਟ ਤੇ ਸ਼ਰਾਬ ਦੀਆਂ ਦੁਕਾਨਾਂ ਬੰਦ ਰੱਖਣ ਦੇ ਹੁਕਮ

**ਜਲੰਧਰ (ਸੁਰਿੰਦਰ ਕੁਮਾਰ)** ਭਗਤ ਕਬੀਰ ਜੀ ਦੇ ਪ੍ਰਕਾਸ਼ ਉਤਸਵ ਸਬੰਧੀ 21 ਜੂਨ ਨੂੰ ਵੱਖ-ਵੱਖ ਜਥੇਬੰਦੀਆਂ ਵਲੋਂ ਸਜਾਈ ਜਾ ਰਹੀ ਸ਼ੋਭਾ ਯਾਤਰਾ ਦੌਰਾਨ ਅਮਨ-ਕਾਨੂੰਨ ਬਹਾਲ ਰੱਖਣ ਅਤੇ ਧਾਰਮਿਕ ਭਾਵਨਾਵਾਂ ਦੇ ਮੱਦੇਨਜ਼ਰ ਵਧੀਕ ਜ਼ਿਲ੍ਹਾ ਮੈਜਿਸਟਰੇਟ ਡਾ.ਅਮਿਤ ਮਹਾਜਨ ਵਲੋਂ ਆਂਡੇ ,ਮੀਟ, ਸ਼ਰਾਬ ਦੀਆਂ ਦੁਕਾਨਾਂ ਬੰਦ ਰੱਖਣ ਦੇ ਹੁਕਮ ਦਿੱਤੇ ਗਏ ਹਨ। ਫੌਜ਼ਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਅਤੇ ਪੰਜਾਬ ਐਕਸਾਈਜ਼ ਐਕਟ 1914 ਦੀ ਧਾਰਾ 54 ਅਤੇ ਪੰਜਾਬ ਲਾਇਸੰਸ ਨਿਯਮਾਂਵਲੀ 1956 ਦੇ ਨਿਯਮ 9 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ, 21 ਜੂਨ ਨੂੰ ਭਗਤ ਕਬੀਰ ਜੀ ਦੇ ਮੰਦਿਰ ਦੇ ਨਜ਼ਦੀਕ ਜਿਥੋਂ ਸ਼ੋਭਾ ਯਾਤਰਾਵਾਂ ਸ਼ੁਰੂ ਹੋਣੀਆਂ ਹਨ ਅਤੇ ਸ਼ੋਭਾ ਯਾਤਰਾ ਦੇ ਲੰਘਦੇ ਸਮੇਂ ਰਸਤੇ ਦੇ ਆਲੇ-ਦੁਆਲੇ ਦੀਆਂ ਮੀਟ, ਆਂਡੇ ਤੇ ਸ਼ਰਾਬ ਦੀਆਂ ਸਾਰੀਆਂ ਦੁਕਾਨਾਂ ਬੰਦ ਰੱਖਣ ਦੇ ਆਦੇਸ਼ ਦਿੱਤੇ ਹਨ। ਇਸ ਤੋਂ ਇਲਾਵਾ 22 ਜੂਨ ਨੂੰ ਭਗਤ ਕਬੀਰ ਜੀ ਦੇ ਮੰਦਿਰ ਦੇ ਆਲੇ-ਦੁਆਲੇ ਅੰਡੇ, ਮੀਟ ਅਤੇ ਸ਼ਰਾਬ ਦੀ ਵਿਕਰੀ 'ਤੇ ਪਾਬੰਦੀ ਲਗਾਈ ਗਈ ਹੈ।

## ਦੁੱਧ, ਦਹੀਂ, ਪਨੀਰ, ਦਾਲਾਂ ਤੇ ਹੋਰ ਪਦਾਰਥਾਂ ਦੀਆਂ ਕੀਮਤਾਂ ਚੜ੍ਹੀਆਂ ਅਸਮਾਨੀ : ਧੀਮਾਨ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਮੰਹਿਗਾਈ ਵਧਾਉਣੀ ਕਦੇ ਵੀ ਲੋਕ ਹਿੱਤ ਵਿਚ ਨਹੀਂ ਤੇ ਲੋਕਾਂ ਦਾ ਸ਼ਰੀਰਕ ਸੋਸ਼ਨ ਦਰਸਾਉਂਦੀ ਹੈ ।

ਇੰਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਧੀਮਾਨ ਨੇ ਕਿਹਾ ਕਿ ਵੋਟਾਂ ਤੋਂ ਤੁਰੰਤ ਬਾਅਦ ਮੰਹਿਗਾਈ ਅਤੇ ਦੇਸ਼ ਹਿੱਤ ਦੇ ਝੂਠੇ ਦਾਅਬੇ ਕਰਨ ਵਾਲੇ ਲੀਡਰ ਅਤੇ ਸਰਕਾਰਾਂ ਕੁਰਸੀ ਮਿਲਦੇ ਸਾਰ ਹੀ ਲੋਕਾਂ ਨੂੰ ਭੁੱਲ ਜਾਂਦੇ ਹਨ ਤੇ ਅਪਣੇ ਅਸਲੀ ਰੂਪ ਵਿਚ ਕੰਮ ਕਰਨਾ ਸ਼ੁਰੂ ਕਰ ਦਿੰਦੇ ਹਨ।ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਦੁੱਧ ਸਪਲਾਈ ਕਰਨ ਵਾਲੀਆਂ ਵੇਰਕਾ,ਅਮੂਲ ਆਦਿ ਕੰਪਨੀਆਂ ਨੇ ਦੁੱਧ ਪੈਕਟਾਂ,ਦਹੀਂ ਅਤੇ ਪਨੀਰ ਅਤੇ ਦੂਸਰੀਆਂ ਕੰਪਨੀਆਂ ਵਲੋਂ ਦਾਲਾਂ ਦੀਆਂ,ਫ਼ਰੂਟ ਅਤੇ ਹੋਰ ਲੋੜੀਂਦੇ ਮਸਾਲਿਆਂ ਦੀਆਂ ਕੀਮਤਾਂ ਵਧਾਉਣ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਹੈਰਾਨੀ ਇਹ ਹੈ ਕਿ ਮੂੰਗੀ ਮਸਰਾਂ ਦੀ ਦਾਲ ਹੀ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਹੋ ਗਈ ਹੈ ਜ਼ੋ ਕਿ ਗਰੀਬ ਲੋਕਾਂ ਲਈ ਇਕ ਕੀਮਤੀ ਅਹਾਰ ਸੀ।ਇਕ ਪਾਸੇ ਡਾਕਟਰ ਸਲਾਹ ਦਿੰਦੇ ਹਨ ਕਿ ਦੁੱਧ,ਦਹੀਂ ਅਤੇ ਪਨੀਰ ਪੌਸ਼ਟਕ ਅਹਾਰ ਹੈ ਤੇ ਬੱਚਿਆਂ ਨੂੰ ਦੇਣਾ ਚਾਹੀਦਾ ਹੈ ਤੇ ਦੂਸਰੇ ਪਾਸੇ ਸਰਕਾਰਾਂ ਮੰਹਿਗਾਈ ਵਧਾ ਕੇ ਅਪਣੇ ਹੀ ਦੇਸ਼ ਅੰਦਰ ਅਪਣੇ ਹੀ ਦੇਸ਼ ਦੇ ਲੋਕਾਂ ਤੋਂ ਬੁਨਿਆਦੀ ਲੋੜਾਂ ਵਾਲੇ ਭੋਜਨ ਪਦਾਰਥ ਦੂਰ ਕਰ ਰਹੀਆਂ ਹਨ।ਫਿਰ ਝੂਠੇ ਨਾਹਰੇ ਤੰਦਰੁਸਤ ਪੰਜਾਬ ਵਰਗੇ ਦਿੱਤੇ ਜਾਂਦੇ ਹਨ।ਇਹ ਖੁਰਾਕ ਪੰਜਾਬ ਦੇ ਲੋਕਾਂ ਦੀ ਮੁਢੱਲੀ ਖੁਰਾਕ ਸੀ ,ਪਰ ਹੁਣ ਦੇਸੀ ਘਿਓ ਤਾਂ ਗਰੀਬ ਦੇ ਦਰਵਾਜਿਆਂ ਦੇ ਬਾਹਰ ਹੀ ਖੜਾ ਰਹਿੰਦਾ ਹੈ।ਧੀਮਾਨ ਨੇ ਦਸਿਆ ਕਿ ਇਕ ਪਾਸੇ ਸਰਕਾਰ ਪਲਾਸਟਿਕ ਦੀ ਵਰਤੋਂ ਨੂੰ ਮਨੁੱਖ ਲਈ ਨੁਕਸਾਨਦੇਹ ਦਸਦੀ ਹੈ ਤੇ ਦੂਸਰੇ ਪਾਸੇ ਸਰਕਾਰਾਂ ਅਤੇ ਸਿਹਤ ਮੰਤਰਾਲੇ ਤੇ ਪ੍ਰਦੂਸ਼ਣ ਕੰਟਰੋਲ ਮੰਤਰਾਲੇ ਮਿਲੀ ਭੁਗਤ ਨਾਲ ਪਲਾਸਟਿਕ ਦੇ ਪੈਕਿਟਾਂ ਵਿਚ ਦੁੱਧ,ਦਹੀਂ,ਲੱਸੀ ਅਤੇ ਪਨੀਰ ਤੇ ਹੋਰ ਦੂਸਰੇ ਭੋਜਨ ਪ੍ਰਦਾਰਥ ਵਿਕਰੀ ਕਰਨ ਦੀ ਖੁੱਲ੍ਹ ਦੇ ਰਹੀਆਂ ਹਨ।ਉਨ੍ਹਾਂ ਦਸਿਆ ਕਿ ਪੈਕਟ ਵਾਲੇ 1 ਕਿਲੋ ਦੁੱਧ ਦੀ ਕੀਮਤ 60 ਤੋਂ 62 ਰੁ: ਹੋ ਗਈ ਤੇ ਪੂਰੀ ਫੈਟ ਵਾਲੇ ਪੈਕਟ ਦੀ ਕੀਮਤ 66 ਤੋਂ ਵੱਧ ਕੇ 68 ਰੁ: ਹੋਈ।ਦਹੀਂ 1 ਕਿਲੋ ਵਾਲੇ ਪੈਕਟ ਦੀ ਕੀਮਤ 70 ਤੋਂ 73 ਰੁ: ਪਹੁੰਚੀ ਤੇ ਪਨੀਰ 200 ਗ੍ਰਾਮ ਦੀ ਕੀਮਤ 80 ਤੋਂ 85 ਰੁ: ਪਹੁੰਚਾ ਦਿੱਤੀ।

ਦੂਸਰੇ ਪਾਸੇ ਸ਼ਰਾਬ ਦੀ ਵਿਕਰੀ ਵਧਾਉਣ ਲਈ ਤੇ ਘਰ ਘਰ ਪਹੁੰਚਾਉਣ ਲਈ ਪੰਜਾਬ ਸਰਕਾਰ ਪਹਿਲਾਂ ਹੀ ਕੀਮਤਾ ਘਟਾ ਚੁੱਕੀ ਹੈ।ਗਰੀਬ ਘਰ ਤਾਂ 1 ਕਿਲੋਂ ਦੁੱਧ ਦੀ ਖ੍ਰੀਦ ਕਰਨ ਦੀ ਵੀ ਹੈਸੀਅਤ ਨਹੀਂ ਰੱਖਦੇ ਤੇ ਪੰਜਾਬ ਸਰਕਾਰ ਉਨ੍ਹਾਂ ਦੇ ਬੱਚਿਆਂ ਦਾ ਸੋਸ਼ਨ ਕਰਨ 'ਤੇ ਉਤਾਰੂ ਹੋ ਰਹੀ ਹੈ।ਧੀਮਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਰਹੀ ਮੰਹਿਗਾਈ ਦੇ ਵਿਰੁੱਧ ਲਾਮਬੰਦ ਹੋਣ ਦੀ ਜਰੂਰਤ ਹੈ ਤਾਂ ਕਿ ਗਰੀਬ ਤੇ ਮੱਧ ਵਰਗ ਦੇ ਬੱਚੇ ਵੀ ਮੂਲ ਸੰਵਿਧਾਨਕ ਅਧਿਕਾਰਾਂ ਦਾ ਅਨੰਦ ਮਾਣ ਸਕਣ।

## ਸੜਕਾਂ 'ਤੇ ਅਵਾਰਾ ਪਸ਼ੂਆਂ ਦੇ ਘੁੰਮਣ ਤੇ ਸ਼ਹਿਰਾਂ/ਕਸਬਿਆਂ/ ਸੜਕਾਂ ਕਿਨਾਰੇ ਚਰਾਉਣ 'ਤੇ ਰੋਕ

**ਨਵਾਂਸ਼ਹਿਰ (ਮਨੋਜ ਲਾਡੀ)**-ਜ਼ਿਲ੍ਹਾ ਮੈਜਿਸਟਰੇਟ ਨਵਜੋਤ ਪਾਲ ਸਿੰਘ ਰੰਧਾਵਾ, ਆਈ.ਏ.ਐਸ., ਸ਼ਹੀਦ ਭਗਤ ਸਿੰਘ ਨਗਰ ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ-2) ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਇੱਕ ਹੁਕਮ ਰਾਹੀਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਸੜਕਾਂ 'ਤੇ ਅਵਾਰਾ ਪਸ਼ੂਆਂ ਨੂੰ ਘੁੰਮਣ ਫਿਰਨ ਅਤੇ ਸ਼ਹਿਰਾਂ/ਕਸਬਿਆਂ/ਸੜਕਾਂ ਕਿਨਾਰੇ ਚਰਾਉਣ 'ਤੇ ਰੋਕ ਲਗਾ ਦਿੱਤੀ ਹੈ।ਉਨ੍ਹਾਂ ਨੇ ਆਪਣੇ ਹੁਕਮ ਵਿੱਚ ਸਪੱਸ਼ਟ ਕੀਤਾ ਹੈ ਕਿ ਗੁਜਰਾਂ/ਵਿਅਕਤੀਆਂ ਵੱਲੋਂ ਭਾਰੀ ਮਾਤਰਾ ਵਿਚ ਗਾਵਾਂ/ਮੱਝਾਂ ਆਦਿ ਲੈ ਕੇ ਉਨ੍ਹਾਂ ਦੇ ਚਾਰੇ ਦੀ ਖਾਤਰ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸ਼ਹਿਰਾਂ/ਕਸਬਿਆਂ ਅਤੇ ਪਿੰਡਾਂ ਵਿੱਚ ਘੁੰਮਦੇ/ਫਿਰਦੇ ਹਨ ਜੋ ਕਿ ਲੋਕਾਂ ਦੀਆਂ ਫਸਲਾਂ ਅਤੇ ਸੜਕ ਕਿਨਾਰੇ ਲਗਾਏ ਗਏ ਬੂਟਿਆਂ ਨੂੰ ਨੁਕਸਾਨ ਪਹੁੰਚਾਉਂਦੇ ਹਨ। ਜਿਸ ਨਾਲ ਕਿਸਾਨਾਂ ਅਤੇ ਦਰਵਾਹਿਆਂ (ਗੁਜਰਾਂ) ਦਾ ਆਪਸ ਵਿਚ ਤਕਰਾਰ ਹੋਣ ਦਾ ਖਦਸਾ ਬਣ ਜਾਂਦਾ ਹੈ। ਇਸ ਤੋਂ ਇਲਾਵਾ ਟਰੈਫਿਕ ਵਿੱਚ ਰੁਕਾਵਟ ਪੈਦਾ ਹੁੰਦੀ ਹੈ ਅਤੇ ਕਈ ਵਾਰ ਐਕਸੀਡੈਂਟ ਹੋਣ ਕਾਰਨ ਵਹੀਕਲ/ਪਸ਼ੂਆਂ ਦਾ ਨੁਕਸਾਨ ਹੋ ਜਾਂਦਾ ਹੈ। ਇਸ ਲਈ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਵਸਨੀਕਾਂ ਦੀਆਂ ਮੁਸ਼ਕਿਲਾਂ, ਸੜਕਾਂ ਤੇ ਅਵਾਰਾ ਪਸ਼ੂਆਂ ਦੇ ਘੁੰਮਣ ਫਿਰਨ/ਚਰਾਉਣ ਅਤੇ ਪਸ਼ੂਆਂ ਵਿਚ ਮੂੰਹ-ਖੁਰ/ਲੰਪੀ ਸਕਿਨ ਦੀ ਬਿਮਾਰੀ ਫੈਲਣ ਤੇ ਰੋਕਣ ਦਾ ਉਪਰਾਲਾ ਕਰਨ ਦੀ ਲੋੜ ਨੂੰ ਮੁੱਖ ਰੱਖਦੇ ਹੋਏ ਉਕਤ ਹੁਕਮ ਜਾਰੀ ਕੀਤਾ ਗਿਆ ਹੈ। ਇਹ ਹੁਕਮ 21 ਅਗਸਤ 2024 ਤੱਕ ਲਾਗੂ ਰਹੇਗਾ।

# ਪ੍ਰਧਾਨ ਮੰਤਰੀ ਦੇ ਤੀਸਰੇ ਕਾਰਜਕਾਲ 'ਚ ਹੋਵੇਗਾ ਦੇਸ਼ ਦਾ ਹਰ ਵਰਗ ਖੁਸ਼ਹਾਲ : ਸੁਰਿੰਦਰ ਜਾਜਾ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ )**-ਦੇਸ਼ ਦੇ ਲੋਕਾਂ ਨੇ ਨਰਿੰਦਰ ਮੋਦੀ ਨੂੰ ਲਗਾਤਾਰ ਤੀਸਰੀ ਵਾਰ ਭਾਰਤ ਦਾ ਪ੍ਰਧਾਨ ਮੰਤਰੀ ਬਣਾਕੇ ਇਹ ਸਾਬਿਤ ਕਰ ਦਿੱਤਾ ਹੈ ਕਿ ਮੋਦੀ ਸਰਕਾਰ ਹੀ ਕੇਵਲ ਸਾਡੇ ਦੇਸ਼ ਦੇ ਹਿੱਤਾਂ ਦੀ ਗੱਲ ਕਰਨ ਦੇ ਨਾਲ ਨਾਲ ਉਹਨਾਂ ਨੂੰ ਪੂਰਾ ਵੀ ਕਰਦੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਐਗਜੈਕਟਿਵ ਮੈਂਬਰ ਪੰਜਾਬ ਤੇ ਭਾਵਾਧਸ ਦੇ ਸੂਬਾ ਕਨਵੀਨਰ ਸੁਰਿੰਦਰ ਜਾਜਾ ਨੇ ਗੱਲਬਾਤ ਦੌਰਾਨ ਸਾਂਝੇ ਕੀਤੇ। ਉਨਾਂ ਇਸ ਮੌਕੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ 'ਚ ਇੱਕ ਵਾਰ ਫਿਰ ਦੇਸ਼ ਵਿੱਚ ਐਨ.ਡੀ.ਏ ਦੀ ਸਰਕਾਰ ਸੱਤਾ ਵਿੱਚ ਆਈ ਹੈ ਅਤੇ ਪਿਛਲੇ 10 ਸਾਲਾਂ ਵਿੱਚ ਕੇਂਦਰ ਸਰਕਾਰ ਵੱਲੋਂ ਭਾਰਤ ਦੇਸ਼ ਨੂੰ ਹਰ ਪਾਸੋਂ ਵਿਕਸਿਤ ਕੀਤਾ ਹੈ। ਇਸ ਮੌਕੇ ਉਹਨਾਂ ਦੱਸਿਆ ਕਿ ਪਿਛਲੇ ਦਿਨੀਂ ਉਹਨਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕਰਕੇ ਉਹਨਾਂ ਦੀ ਸ਼ਖਸ਼ੀਅਤ ਅਤੇ ਖੂਬੀਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਅਤੇ ਉਹਨਾਂ ਦੇ ਅਨੁਸਾਰ ਉਹ ਭਾਰਤ ਦੇਸ਼ ਨੂੰ ਹਰ ਪੱਖੋਂ ਮਜਬੂਤ, ਆਰਥਿਕ ਪੱਖੋਂ ਨੰਬਰ ਇੱਕ ਅਤੇ ਵਿਕਸਿਤ ਦੇਸ਼ ਵਜੋਂ ਦੇਖਣਾ ਚਾਹੁੰਦੇ ਹਨ ਅਤੇ ਇਸੇ ਕਰਕੇ ਹੀ ਉਹ ਅੱਜ ਦੇਸ਼ ਦੇ ਹਰ ਕੋਨੇ ਵਿੱਚ ਵਿਚਰ ਕੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਬੁਨਿਆਦੀ ਸਹੂਲਤਾਂ ਪ੍ਰਤੀ ਚਿੰਤਿਤ ਹਨ ਅਤੇ ਇਹਨਾਂ ਨੂੰ ਹੱਲ ਕਰਨ ਲਈ ਪੂਰੀ ਤਰ੍ਹਾਂ ਵਚਨਬਧ ਵੀ ਹਨ। ਇਸ ਮੌਕੇ ਉਨਾਂ ਹੋਰ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਇਹਨਾਂ ਪੰਜਾਂ ਸਾਲਾਂ ਵਿੱਚ ਰਹਿੰਦੇ ਹੋਏ ਵਿਕਾਸ ਕਾਰਜ ਕਰਕੇ ਸਮੁੱਚੇ ਭਾਰਤ ਨੂੰ ਹਰ ਪੱਖੋਂ ਵਿਕਸਿਤ ਕਰਦੇ ਹੋਏ ਤਰੱਕੀ ਦੀਆਂ ਬੁਲੰਦੀਆਂ 'ਤੇ ਲਿਜਾਇਆ ਜਾਵੇਗਾ।

## ਫੋਟੋਗ੍ਰਾਫਰਸ ਵੈੱਲਫੇਅਰ ਕਲੱਬ ਨੇ ਅਰਵਿੰਦਰ ਸਿੰਘ ਨੂੰ ਕੀਤਾ ਸਨਮਾਨਤ




**ਐਸ.ਏ.ਐਸ. ਨਗਰ, ( ਗੁਰਜੀਤ ਬਿੱਲਾ)** - ਫੋਟੋਗ੍ਰਾਫਰਸ ਵੇਲਫੈਅਰ ਕਲੱਬ, ਪਟਿਆਲਾ ਨੇ ਫੋਟੋਗ੍ਰਾਫਰਸ ਵੇਲਫੈਅਰ ਐਸੋਸਿਏਸ਼ਨ ਆਫ ਪੰਜਾਬ ਦੇ ਸਹਿਯੋਗ ਨਾਲ ਫੋਰਟ ਪਟਿਆਲਾ ਵਿਖੇ ਪਟਿਆਲਾ ਫੋਟੋ ਐਗਜੀਬਿਸ਼ਨ 2024 ਦਾ ਆਯੋਜਨ ਕੀਤਾ। ਇਸ ਦੌਰਾਨ ਪੰਜਾਬ ਸਣੇ ਵੱਖ-ਵੱਖ ਸੂਬਿਆਂ, ਸਰਕਾਰੀ ਵਿਭਾਗਾਂ ਅਤੇ ਹੋਰ ਸੰਸਥਾਵਾਂ ਦੇ ਫੋਟੋਗ੍ਰਾਫਰਸ ਨੇ ਜਿੱਥੇ ਐਗਜੀਬਿਸ਼ਨ ਵਿੱਚ ਭਾਗ ਲਿਆ, ਉੱਥੇ ਹੀ ਆਪਣੀ ਕਲਾ ਦਾ ਵੀ ਪ੍ਰਦਰਸ਼ਨ ਕੀਤਾ। ਇਸ ਮੌਕੇ ਵੱਖ-ਵੱਖ ਕੰਪਨੀਆਂ ਵੱਲੋਂ ਆਧੁਨਿਕ ਤਕਨੀਕ ਦੇ ਕੈਮਰਿਆਂ ਅਤੇ ਕੈਮਰਿਆਂ ਦੇ ਸਮਾਨ ਦੀ ਲਗਾਈ ਵਿਸ਼ੇਸ਼ ਪ੍ਰਦਸ਼ਨੀ ਖਿੱਚ ਦਾ ਮੁੱਖ ਕੇਂਦਰ ਬਣੀ ਰਹੀ। ਇਸ ਦੌਰਾਨ ਫੋਟੋਗ੍ਰਾਫਰਸ ਵੇਲਫੈਅਰ ਕਲੱਬ, ਪਟਿਆਲਾ ਦੇ ਫਾਉਂਡਰ ਦਰਸ਼ਨ ਅਹੁਜਾ ਅਤੇ ਪ੍ਰਧਾਨ ਮੋਹਨ ਸਿੰਘ ਵੱਲੋਂ ਸਨਮਾਨਿਤ ਹੋਣ ਵਾਲੀਆਂ ਸ਼ਖਸੀਅਤਾਂ ਵਿੱਚ ਪੰਜਾਬ ਮੰਡੀ ਬੋਰਡ ਦੇ ਸੀਨੀਅਰ ਫੋਟੋਗ੍ਰਾਫਰ ਅਰਵਿੰਦਰ ਸਿੰਘ ਵੀ ਸ਼ਾਮਿਲ ਹਨ। ਆਪਣੇ ਸਨਮਾਨ ਦੇ ਲਈ ਅਰਵਿੰਦਰ ਸਿੰਘ ਨੇ ਫੋਟੋਗ੍ਰਾਫਰਸ ਵੇਲਫੈਅਰ ਕਲੱਬ ਦਾ ਧੰਨਵਾਦ ਕੀਤਾ।

# ਮੁੱਖ ਮੰਤਰੀ ਤੀਰਥ ਯੋਜਨਾ ਤਹਿਤ ਬੱਸ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਨੇ ਜ਼ਿਲ੍ਹਾ ਜੀਂਦ ਵਿਚ ਮੁੱਖ ਮੰਤਰੀ ਤੀਰਥ ਦਰਸ਼ਨ ਯੋਜਨਾ ਤਹਿਤ ਅਯੋਧਿਆ ਦੇ ਲਈ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਮੁੱਖ ਮੰਤਰੀ ਨੇ ਬੱਸ ਨੂੰ ਰਵਾਨਾ ਕਰਨ ਤੋਂ ਪਹਿਲਾਂ ਬੱਸ ਵਿਚ ਸਵਾਰ ਤੀਰਥ ਯਾਤਰੀਆਂ ਨਾਲ ਗੱਲ ਕੀਤੀ ਅਤੇ ਉਨ੍ਹਾਂ ਦਾ ਹਾਲਚਾਲ ਜਾਣਿਆ। ਉਨ੍ਹਾਂ ਨੇ ਤੀਰਥ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਹਰ ਵਰਗ ਦੇ ਲੋਕਾਂ ਲਈ ਭਲਾਈਕਾਰੀ ਨੀਤੀਆਂ ਲਾਗੂ ਕਰ ਰਹੀ ਹੈ। ਮੁੱਖ ਮੰਤਰੀ ਤੀਰਥ ਦਰਸ਼ਨ ਯੋਜਨਾ ਵੀ ਉਸੀ ਦਾ ਇਕ ਹਿੱਸਾ ਹੈ, ਜਿਸ ਵਿਚ ਸੂਬਾ ਸਰਕਾਰ 60 ਸਾਲ ਤੋਂ ਵੱਧ ਉਮਰ ਦੇ ਬਜੁਰਗਾਂ ਨੂੰ ਫਰੀ ਤੀਰਥ ਯਾਤਰਾ ਕਰਵਾ ਰਹੀ ਹੈ। ਇਸ ਯੋਜਨਾ ਵਿਚ ਉਹ ਪਰਵਾਰ ਸ਼ਾਮਿਲ ਹਨ, ਜਿਨ੍ਹਾਂ ਦੀ ਸਾਲਾਨਾ ਆਮਦਨ ਇਕ ਲੱਖ 80 ਹਜਾਰ ਰੁਪਏ ਤਕ ਜਾਂ ਇਸ ਤੋਂ ਘੱਟ ਹੈ।ਵਰਨਣਯੋਗ ਹੈ ਕਿ ਮੁੱਖ ਮੰਤਰੀ ਤੀਰਥ ਦਰਸ਼ਨ ਯੋਜਨਾ ਰਾਹੀਂ ਸੂਬੇ ਦੇ ਆਰਥਕ ਰੂਪ ਨਾਲ ਕਮਜੋਰ ਲੱਖਾਂ ਸ਼ਰਧਾਲੂ ਫਰੀ ਦੇਸ਼ ਦੇ ਵੱਖ-ਵੱਖ ਪ੍ਰਸਿੱਧ ਤੀਰਥ ਸਥਾਨਾਂ ਦੇ ਦਰਸ਼ਨ ਕਰਣਗੇ। ਇਸ ਯੋਜਨਾ ਨਾਲ ਸ਼ਰਧਾਲੂਆਂ ਦੀ ਆਸਥਾ ਨੂੰ ਵੀ ਸਨਮਾਨ ਮਿਲ ਰਿਹਾ ਹੈ। ਇਸ ਯੋਜਨਾ ਤਹਿਤ ਧਾਰਮਿਕ ਸਥਾਨਾਂ ਦੀ ਯਾਤਰਾ ਕਰਵਾਈ ਜਾ ਰਹੀ ਹੈ। ਯੋਜਨਾ ਦਾ ਲਾਭ ਲੈਣ ਲਈ ਇਛੁੱਕ ਸ਼ਰਧਾਲੂਆਂ ਨੂੰ ਮੁੱਖ ਮੰਤਰੀ ਤੀਰਥ ਦਰਸ਼ਨ ਯੋਜਨਾ ਦੇ ਪੋਰਟਲ 'ਤੇ ਰਜਿਸਟ੍ਰੇਸ਼ਣ ਕਰਵਾਉਣਾ ਜਰੂਰੀ ਹੈ। ਹੁਣ ਤਕ ਅਨੇਕ ਲਾਭਕਾਰ ਇਸ ਯੋਜਨਾ ਦਾ ਲਾਭ ਲੈ ਚੁੱਕੇ ਹਨ। ਇਸ ਦੌਰਾਨ ਸ਼ਰਧਾਲੂਆਂ ਨੂੰ ਸੂਚਨਾ, ਲੋਕ ਸੰਪਰਕ, ਭਾਂਸ਼ਾ ਅਤੇ ਸਭਿਆਚਾਰ ਵਿਭਾਗ ਵੱਲੋਂ ਇਕ-ਇਕ ਕਿੱਟ ਬੈਗ ਵੀ ਉਪਲਬਧ ਕਰਵਾਇਆ ਗਿਆ। ਤੀਰਥ ਯਾਤਰਾ ਦੇ ਲਈ ਬੱਸ ਵਿਚ ਸਵਾਰ ਹੋ ਕੇ ਰਵਾਨਾ ਹੋਏ ਬਜੁਰਗਾਂ ਦੇ ਮੂੰਹ 'ਤੇ ਖੁਸ਼ੀ ਦੇਖਦੇ ਹੀ ਬਣ ਰਹੀ ਸੀ। ਬਜੁਰਗਾਂ ਨੇ ਕਿਹਾ ਕਿ ਇਹ ਸੱਭ ਮੁੱਖ ਮੰਤਰੀ ਅਤੇ ਸੂਬੇ ਦੀ ਭਾਜਪਾ ਸਰਕਾਰ ਦੀ ਵਜ੍ਹਾ ਨਾਲ ਹੀ ਸੰਭਵ ਹੋਇਆ ਹੈ। ਸਰਕਾਰ ਦਾ ਇਹ ਬਹੁਤ ਹੀ ਵਧੀਆ ਕਦਮ ਹੈ। ਸਰਕਾਰ ਦੇ ਇਸ ਕਦਮ ਦੀ ਜਿੰਨ੍ਹੀ ਤਾਰੀਫ ਕੀਤੀ ਜਾਵੇ ਉਨ੍ਹੀ ਘੱਟ ਹੈ। ਸਰਕਾਰ ਦੀ ਵਜ੍ਹਾ ਨਾਲ ਉਨ੍ਹਾਂ ਨੂੰ ਰਾਮਲੱਲਾ ਦੇ ਦਰਸ਼ਨ ਕਰਨ ਦਾ ਸੌਭਾਗ ਮਿਲਿਆ ਹੈ। ਇਸੀ ਤਰ੍ਹਾ ਨਾਲ ਸਫੀਦੋਂ ਨਿਵਾਸੀ ਸੀਯਾਰਾਮ ਨੇ ਕਿਹਾ ਕਿ ਇਹ ਸਰਕਾਰ ਗਰੀਬ ਹਿਤੇਸ਼ੀ ਹੈ। ਜੋ ਗਰੀਬਾਂ ਨੂੰ ਤੀਰਥ ਯਾਤਰਾ ਕਰਵਾ ਰਹੀ ਹੈ। ਜੀਂਦ ਨਿਵਾਸੀ ਅਸ਼ੋਕ ਕੁਮਾਰ ਦੇ ਚਿਹਰੇ 'ਤੇ ਵੀ ਤੀਰਥ ਯਾਤਰਾ 'ਤੇ ਜਾਣ ਦੀ ਖੁਸ਼ੀ ਦੇਖਦੇ ਹੀ ਬਣ ਰਹੀ ਸੀ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੀ ਯੋਜਨਾ ਚੱਲਦੀ ਰਹਿਣੀ ਚਾਹੀਦੀ ਹੈ।

# ਡੇਰਾ ਬਾਬਾ ਬਸਾਉ ਦਾਸ ਈਸਪੁਰ ਵਿਖੇ ਸਾਲਾਨਾ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)** ਨ ਡੇਰਾ 108 ਸੰਤ ਬਾਬਾ ਬਸਾਉ ਦਾਸ ਜੀ ਦੁੱਧਾਧਾਰੀ ਈਸਪੁਰ ਵਿਖੇ ਸਾਲਾਨਾ ਮੇਲਾ ਗੱਦੀ ਨਸ਼ੀਨ ਸੰਤ ਹਰਵਿੰਦਰ ਦਾਸ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਸੰਤ ਹਰਵਿੰਦਰ ਦਾਸ ਜੀ ਨੇ ਕੀਰਤਨ ਅਤੇ ਪ੍ਰਵਚਨਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਉਹਨਾਂ ਪ੍ਰਵਚਨ ਕਰਦਿਆਂ ਕਿਹਾ ਕਿ ਪ੍ਰਮਾਤਮਾ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ। ਆਪਣੇ ਮਾਂ ਬਾਪ ਦੀ ਸੇਵਾ ਕਰੋ। ਉਹਨਾਂ ਕਿਹਾ ਕਿ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਈ ਕਰਵਾਓ। ਵੱਖ ਵੱਖ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ। ਇਸ ਮੌਕੇ ਸੰਤ ਬੀਬੀ ਪ੍ਰਕਾਸ਼ ਕੌਰ, ਕੇਵਲ ਕ੍ਰਿਸ਼ਨ,ਪਰਗਣ ਰਾਮ, ਸੋਹਣ ਲਾਲ ਹਲਵਾਈ, ਸੁਮਨ ਕੁਮਾਰੀ, ਦਵਿੰਦਰ ਕੁਮਾਰ ਪੀ ਏ, ਹਰਨੇਕ ਸਿੰਘ ਨੰਬਰਦਾਰ, ਤਰਸੇਮ ਲਾਲ, ਸਤਿੰਦਰ ਪਾਲ, ਗੁਰਪ੍ਰੀਤ ਸਿੰਘ, ਧਰਮਪਾਲ, ਗਿਆਨ ਚੰਦ, ਨਰੈਣ ਦਾਸ,ਧੰਨਾ ਰਾਮ ਜੰਡਿਆਲੀ ਆਦਿ ਹਾਜ਼ਰ ਸਨ।